ਮੰਗਲਵਾਰ, 26 ਮਈ, 2026
12 ਜੇਠ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 355

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 26 MAY, 2026
ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫੇ : 12


# ਡੇਢ ਹਫਤੇ 'ਚ ਚੌਥੀ ਸਟਰਾਈਕ

**ਨਵੀਂ ਦਿੱਲੀ (ਨ ਜ਼ ਸ)** ਮਹਿੰਗਾਈ ਦੀ ਮਾਰ ਝੱਲ ਰਹੇ ਲੋਕਾਂ ਨੂੰ ਸੋਮਵਾਰ ਸਵੇਰੇ ਇੱਕ ਹੋਰ ਵੱਡਾ ਝਟਕਾ ਲੱਗਿਆ, ਜਦੋਂ ਸਰਕਾਰੀ ਤੇਲ ਕੰਪਨੀਆਂ ਨੇ ਪੈਟਰੋਲ ਦੀ ਕੀਮਤ ਵਿੱਚ 2.61 ਰੁਪਏ ਅਤੇ ਡੀਜ਼ਲ ਦੀ ਕੀਮਤ 'ਚ 2.71 ਰੁਪਏ ਪ੍ਰਤੀ ਲੀਟਰ ਤੱਕ ਦਾ ਭਾਰੀ ਵਾਧਾ ਕਰ ਦਿੱਤਾ। ਪਿਛਲੇ ਦੋ ਹਫਤਿਆਂ ਤੋਂ ਵੀ ਘੱਟ ਸਮੇਂ ਅੰਦਰ ਤੇਲ ਦੀਆਂ ਕੀਮਤਾਂ ਵਿੱਚ ਇਹ ਚੌਥਾ ਵਾਧਾ ਹੈ। ਤੇਲ ਕੰਪਨੀਆਂ ਵੱਲੋਂ ਕੌਮਾਂਤਰੀ ਬਜ਼ਾਰ ਵਿੱਚ ਵਧ ਰਹੀਆਂ ਕੀਮਤਾਂ ਦਾ ਬੋਝ ਸਿੱਧਾ ਉਪਭੋਗਤਾਵਾਂ ਦੀਆਂ ਜੇਬਾਂ 'ਤੇ ਪਾਇਆ ਜਾ ਰਿਹਾ ਹੈ, ਜਿਸ ਕਾਰਨ ਲੋਕਾਂ ਦਾ ਬਜਟ ਪੂਰੀ ਤਰ੍ਹਾਂ ਹਿੱਲ ਗਿਆ ਹੈ। ਲੰਬੇ ਸਮੇਂ ਦੀ ਖੜੋਤ ਤੋਂ ਬਾਅਦ ਲੰਘੀ 15 ਮਈ ਤੋਂ ਸ਼ੁਰੂ ਹੋਇਆ ਕੀਮਤਾਂ ਵਿੱਚ ਵਾਧੇ ਦਾ ਇਹ ਸਿਲਸਿਲਾ ਰੁਕਣ ਦਾ ਨਾਂਅ ਨਹੀਂ ਲੈ ਰਿਹਾ। ਉਦੋਂ ਤੋਂ ਲੈ ਕੇ ਹੁਣ ਤੱਕ, ਮਹਿਜ਼ ਕੁਝ ਦਿਨਾਂ ਦੇ ਅੰਦਰ ਹੀ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਲੱਗਭੱਗ ਸਾਢੇ 7 ਰੁਪਏ ਪ੍ਰਤੀ ਲੀਟਰ ਦਾ ਵਾਧਾ ਹੋ ਚੁੱਕਾ ਹੈ। ਇਸ ਤਾਜ਼ਾ ਵਾਧੇ ਨੇ ਮਹਿੰਗਾਈ ਦੀ ਅੱਗ ਵਿੱਚ ਘਿਓ ਪਾਉਣ ਦਾ ਕੰਮ ਕੀਤਾ ਹੈ, ਜਿਸ ਨਾਲ ਆਉਣ ਵਾਲੇ ਦਿਨਾਂ ਵਿੱਚ ਮਾਲ-ਭਾੜਾ ਅਤੇ ਰੋਜ਼ਾਨਾ ਵਰਤੋਂ ਦੀਆਂ ਹੋਰ ਵਸਤਾਂ ਮਹਿੰਗੀਆਂ ਹੋਣ ਦਾ ਖਦਸ਼ਾ ਪੈਦਾ ਹੋ ਗਿਆ ਹੈ। ਰਾਜਧਾਨੀ ਦਿੱਲੀ ਵਿੱਚ ਪੈਟਰੋਲ ਦੀ ਕੀਮਤ 102.12 ਰੁਪਏ ਤੇ ਡੀਜ਼ਲ ਦੀ 95.20 ਰੁਪਏ ਪ੍ਰਤੀ ਲੀਟਰ ਤੱਕ ਪੁੱਜ ਗਈ ਹੈ। ਮਾਹਰਾਂ ਦਾ ਕਹਿਣਾ ਹੈ ਕਿ ਗਲੋਬਲ ਮਾਰਕੀਟ ਵਿੱਚ ਕੱਚੇ ਤੇਲ (ਕਰੂਡ ਆਇਲ) ਦੀਆਂ ਅਸਮਾਨੀ ਚੜ੍ਹਦੀਆਂ ਕੀਮਤਾਂ ਅਤੇ ਡਾਲਰ ਦੇ ਮੁਕਾਬਲੇ ਰੁਪਏ ਦੀ ਲਗਾਤਾਰ ਡਿੱਗ ਰਹੀ ਸਾਖ ਕਾਰਨ ਤੇਲ ਕੰਪਨੀਆਂ ਦੀ ਦਰਾਮਦ ਲਾਗਤ ਬਹੁਤ ਵਧ ਗਈ ਹੈ, ਜਿਸ ਦਾ ਖਮਿਆਜ਼ਾ ਹੁਣ ਦੇਸ਼ ਦੇ ਆਮ ਨਾਗਰਿਕ ਨੂੰ ਭੁਗਤਣਾ ਪੈ ਰਿਹਾ ਹੈ।

ਕਾਂਗਰਸੀ ਸਾਂਸਦ ਮਨੀਸ਼ ਤਿਵਾੜੀ ਨੇ ਕੰਪਨੀਆਂ ਦੇ ਭਾਰੀ ਮੁਨਾਫੇ ਦੇ ਅੰਕੜੇ ਸਾਂਝੇ ਕਰਦਿਆਂ ਸਵਾਲ ਚੁੱਕਿਆ ਹੈ ਕਿ ਜਦੋਂ ਤੇਲ ਕੰਪਨੀਆਂ ਪਹਿਲਾਂ ਹੀ ਅਰਬਾਂ ਰੁਪਏ ਕਮਾ ਰਹੀਆਂ ਹਨ, ਤਾਂ ਫਿਰ ਆਮ ਲੋਕਾਂ 'ਤੇ ਤੇਲ ਦੀਆਂ ਕੀਮਤਾਂ ਵਧਾ ਕੇ ਬੋਝ ਕਿਉਂ ਪਾਇਆ ਜਾ ਰਿਹਾ ਹੈ।

## ਪ੍ਰਧਾਨ ਮੰਤਰੀ 'ਟੌਫੀਆਂ' ਵੰਡਣੀਆਂ ਬੰਦ ਕਰਕੇ ਦੇਸ਼ ਦਾ ਖਿਆਲ ਕਰਨ : ਚੀਮਾ

**ਚੰਡੀਗੜ੍ਹ. (ਗੁਰਜੀਤ ਬਿੱਲਾ)-** ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਹੈ, "ਬਹੁਤ ਹੋਈ ਮਹਿੰਗਾਈ ਦੀ ਮਾਰ, ਹੁਣ ਤਾਂ ਬੱਸ ਕਰੋ ਮੋਦੀ ਸਾਹਿਬ।"



ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਨੇ ਭਾਜਪਾ ਨੂੰ ਕਿਸਾਨਾਂ, ਆਮ ਲੋਕਾਂ, ਵਪਾਰੀਆਂ ਅਤੇ ਛੋਟੇ ਕਾਰੋਬਾਰੀਆਂ ਵਿਰੋਧੀ ਪਾਰਟੀ ਗਰਦਾਨਦਿਆਂ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਤੇਲ ਦੀਆਂ ਵਧਦੀਆਂ ਕੀਮਤਾਂ ਕਾਰਨ ਆਮ ਲੋਕਾਂ ਨੂੰ ਹੋ ਰਹੀਆਂ ਮੁਸ਼ਕਲਾਂ ਪ੍ਰਤੀ ਪੂਰੀ ਤਰ੍ਹਾਂ ਬੇਫਿਕਰ ਹਨ। ਵਿੱਤ ਮੰਤਰੀ ਨੇ ਕਿਹਾ ਕਿ ਦੇਸ਼ ਵਿਚ "ਮਹਿਜ਼ ਦਸਾਂ ਦਿਨਾਂ (15 ਤੋਂ 25 ਮਈ) ਦੇ ਅੰਦਰ ਪੈਟਰੋਲ ਦੀਆਂ ਕੀਮਤਾਂ ਵਿੱਚ 8.06 ਰੁਪਏ ਅਤੇ ਡੀਜ਼ਲ ਵਿੱਚ 8 ਰੁਪਏ ਪ੍ਰਤੀ ਲੀਟਰ ਦਾ ਵਾਧਾ ਹੋਇਆ ਹੈ। ਪਿਛਲੇ ਇੱਕ ਮਹੀਨੇ ਵਿੱਚ ਗੈਸ ਦੀਆਂ ਕੀਮਤਾਂ 48 ਤੋਂ 75 ਫੀਸਦੀ ਤੱਕ ਵਧੀਆਂ ਹਨ, ਜਦੋਂ ਕਿ ਹਵਾਈ ਜਹਾਜ਼ ਦੇ ਈਂਧਨ ਦੀ ਕੀਮਤ ਵਿੱਚ 25 ਫੀਸਦੀ ਦਾ ਉਛਾਲ ਆਇਆ ਹੈ। ਇਸ ਦਾ ਸਿੱਧਾ ਅਸਰ ਨਾ ਸਿਰਫ ਆਮ ਆਦਮੀ ਦੀ ਜੇਬ 'ਤੇ ਪੈ ਰਿਹਾ ਹੈ, ਸਗੋਂ ਦੇਸ਼ ਦੀ ਸਮੁੱਚੀ ਆਰਥਿਕਤਾ ਵੀ ਪ੍ਰਭਾਵਤ ਹੋ ਰਹੀ ਹੈ। ਚੀਮਾ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਪ੍ਰਧਾਨ ਮੰਤਰੀ 'ਟੌਫੀਆਂ' ਵੰਡਣੀਆਂ ਬੰਦ ਕਰਕੇ ਦੇਸ਼ ਦੇ ਅੰਦਰੂਨੀ ਮੁੱਦਿਆਂ ਅਤੇ ਪਟੜੀ ਤੋਂ ਉਤਰ ਰਹੀ ਦੇਸ਼ ਦੀ ਆਰਥਿਕਤਾ ਨੂੰ ਮੁੜ ਸੁਰਜੀਤ ਕਰਨ ਵੱਲ ਧਿਆਨ ਦੇਣ।

## ਪੰਜਾਬੀ ਲੇਖਕ ਰਿਪੁਦਮਨ ਸਿੰਘ ਰੂਪ ਦਾ ਦੇਹਾਂਤ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**-ਪੰਜਾਬੀ ਲੇਖਕ, ਵਕੀਲ, ਮੁਲਾਜ਼ਮ ਆਗੂ ਤੇ ਸਮਾਜਕ ਕਾਰਕੁਨ ਰਿਪੁਦਮਨ ਸਿੰਘ



ਰੂਪ 91 ਸਾਲ ਦੀ ਉਮਰ ਵਿਚ ਆਪਣੇ ਗ੍ਰਿਹ ਵਿਖੇ ਪਰਵਾਰਕ ਮੈਂਬਰਾਂ ਦੀ ਹਾਜ਼ਰੀ ਵਿੱਚ 25 ਮਈ ਨੂੰ ਸਦੀਵੀ ਵਿਛੋੜਾ ਦੇ ਗਏ। ਉਹਨਾ ਦੀ ਅੰਤਮ ਇੱਛਾ ਅਨੁਸਾਰ ਉਨ੍ਹਾ ਦਾ ਸਰੀਰ 26 ਮਈ ਨੂੰ ਪੀ ਜੀ ਆਈ ਸੈਕਟਰ 12 ਚੰਡੀਗੜ੍ਹ ਨੂੰ ਦਾਨ ਕਰਨ ਲਈ ਉਨ੍ਹਾ ਦੇ ਗ੍ਰਿਹ 2249, ਫੇਜ਼-10 ਤੋਂ ਸਵੇਰ 11.30 ਵਜੇ ਚੱਲਿਆ ਜਾਵੇਗਾ।ਸ੍ਰੀ ਰੂਪ ਸਾਹਿਤ ਦੀਆਂ ਵੱਖ-ਵੱਖ ਵਿਧਾਵਾਂ ਦੀਆਂ ਰਾਣੀ, ਰੁੱਤ, ਲਾਲਗੜ੍ਹ, ਝੱਖੜਾਂ ਵਿਚ ਝੂਲਦਾ ਰੁੱਖ ਅਤੇ ਬੰਨੇ-ਚੰਨੇ ਸਮੇਤ ਦਰਜਨ ਦੇ ਕਰੀਬ ਪੁਸਤਕਾਂ ਲਿਖ ਚੁੱਕੇ ਹਨ। ਸ੍ਰੀ ਰੂਪ ਦੇ ਵੱਡੇ ਭਰਾ ਪੰਜਾਬੀ ਲੇਖਕ ਮਰਹੂਮ ਸੰਤੋਖ ਸਿੰਘ ਧੀਰ ਦਾ ਸਰੀਰ ਵੀ ਪੀ ਜੀ ਆਈ ਖੋਜ ਕਾਰਜਾਂ ਵਾਸਤੇ 2020 ਵਿੱਚ ਦਾਨ ਕੀਤਾ ਗਿਆ ਸੀ।ਰਿਪੁਦਮਨ ਸਿੰਘ ਰੂਪ ਦੇ ਦੋਵੇਂ ਪੁੱਤ ਸੰਜੀਵਨ ਅਤੇ ਰੰਜੀਵਨ, ਪੋਤੀਆਂ ਰਿਤੂਰਾਗ, ਪ੍ਰਿਯਾਰਾਗ ਅਤੇ ਪੋਤੇ ਰਿਸ਼ਮਰਾਗ ਵੀ ਸਾਹਿਤ ਅਤੇ ਕਲਾ ਦੇ ਖੇਤਰ ਵਿਚ ਸਰਗਰਮ ਹਨ।

# ਪੰਜਾਬ 'ਚ ਅੱਜ ਵੋਟਾਂ ਦਾ ਦਿਨ

**ਜਲੰਧਰ (ਸ਼ੈਲੀ ਐਲਬਰਟ)**

ਪੰਜਾਬ ਰਾਜ ਚੋਣ ਕਮਿਸ਼ਨ ਨੇ ਅੱਜ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਲਈ ਆਪਣੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਹਨ। ਕਮਿਸ਼ਨ ਨੇ ਚੋਣ ਪ੍ਰਕਿਰਿਆ ਸ਼ਾਂਤੀਪੂਰਨ, ਨਿਰਪੱਖ ਅਤੇ ਪਾਰਦਰਸ਼ੀ ਬਣਾਉਣ ਲਈ ਵਿਆਪਕ ਪ੍ਰਸ਼ਾਸਕੀ ਅਤੇ ਸੁਰੱਖਿਆ ਪ੍ਰਬੰਧ ਕੀਤੇ ਹਨ। ਵੋਟਿੰਗ ਪ੍ਰਕਿਰਿਆ ਦੀ ਨਿਗਰਾਨੀ ਲਈ ਰਾਜ ਭਰ ਵਿੱਚ 70 ਹਜ਼ਾਰ ਤੋਂ ਵੱਧ ਮੁਲਾਜ਼ਮ ਤਾਇਨਾਤ ਕੀਤੇ ਗਏ ਹਨ। ਇਨ੍ਹਾਂ ਵਿੱਚ 35,500 ਪੁਲਸ ਮੁਲਾਜ਼ਮ ਅਤੇ 35,500 ਪ੍ਰਸ਼ਾਸਨਕ ਮੁਲਾਜ਼ਮ ਸ਼ਾਮਲ ਹਨ।

ਰਾਜ ਚੋਣ ਕਮਿਸ਼ਨ ਅਨੁਸਾਰ, ਪੋਲਿੰਗ ਸਟੇਸ਼ਨਾਂ 'ਤੇ ਸੁਰੱਖਿਆ ਪ੍ਰਬੰਧਾਂ ਪ੍ਰਤੀ ਵਿਸ਼ੇਸ਼ ਚੌਕਸੀ ਵਰਤੀ ਜਾ ਰਹੀ ਹੈ। ਸੰਵੇਦਨਸ਼ੀਲ ਅਤੇ ਅੱਤ-ਸੰਵੇਦਨਸ਼ੀਲ ਬੂਥਾਂ 'ਤੇ ਵਾਧੂ ਪੁਲਸ ਬਲ ਤਾਇਨਾਤ ਕੀਤੇ ਜਾਣਗੇ। ਇਸ ਤੋਂ ਇਲਾਵਾ ਫਲਾਇੰਗ ਸਕੁਐਡ, ਵੀਡੀਓ ਨਿਗਰਾਨ ਟੀਮਾਂ ਅਤੇ ਸਟੈਟਿਕ ਨਿਗਰਾਨੀ ਟੀਮਾਂ ਨੂੰ ਸਰਗਰਮ ਕੀਤਾ ਗਿਆ ਹੈ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਆਦਰਸ਼ ਚੋਣ ਜ਼ਾਬਤੇ ਦੀ ਕਿਸੇ ਵੀ ਉਲੰਘਣਾ ਜਾਂ ਕਿਸੇ ਹੋਰ ਬੇਨੇਮੀਆਂ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾ ਸਕੇ।

ਕਮਿਸ਼ਨ ਨੇ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ ਅਤੇ ਪੁਲਸ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਹਨ ਕਿ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਬਿਜਲੀ, ਪੀਣ ਵਾਲੇ ਪਾਣੀ, ਬੈਠਣ ਦੀਆਂ ਸਹੂਲਤਾਂ ਅਤੇ ਸੁਰੱਖਿਆ ਸਮੇਤ ਵਿਆਪਕ ਪ੍ਰਬੰਧ ਕੀਤੇ ਜਾਣ।

ਕਮਿਸ਼ਨ ਅਨੁਸਾਰ ਨਗਰ ਨਿਗਮ ਚੋਣਾਂ ਲਈ 7,555 ਉਮੀਦਵਾਰ ਮੈਦਾਨ ਵਿੱਚ ਹਨ। ਇਸ ਵਿੱਚ ਆਮ ਆਦਮੀ ਪਾਰਟੀ ਦੇ 1,801, ਕਾਂਗਰਸ ਦੇ 1,550, ਭਾਜਪਾ ਦੇ 1,316, ਸ਼੍ਰੋਮਣੀ ਅਕਾਲੀ ਦਲ ਦੇ 1,251 ਅਤੇ ਬਹੁਜਨ ਸਮਾਜ ਪਾਰਟੀ ਦੇ 96 ਉਮੀਦਵਾਰ ਸ਼ਾਮਲ ਹਨ। ਇਸ ਤੋਂ ਇਲਾਵਾ, 1,528 ਆਜ਼ਾਦ ਉਮੀਦਵਾਰ ਚੋਣ ਮੈਦਾਨ ਵਿੱਚ ਉਤਰੇ ਹਨ, ਜਦੋਂ ਕਿ 13 ਉਮੀਦਵਾਰ ਹੋਰ ਰਾਜਨੀਤਕ ਪਾਰਟੀਆਂ ਨਾਲ ਸੰਬੰਧਤ ਹਨ।



## ਵੋਟਿੰਗ ਬੈਲੇਟ ਪੇਪਰਾਂ ਨਾਲ ਹੀ

**ਨਵੀਂ ਦਿੱਲੀ. (ਨ ਜ਼ ਸ)-** ਸੁਪਰੀਮ ਕੋਰਟ ਨੇ ਵੋਟਾਂ ਤੋਂ ਇੱਕ ਦਿਨ ਪਹਿਲਾਂ ਸੋਮਵਾਰ ਪੰਜਾਬ ਰਾਜ ਚੋਣ ਕਮਿਸ਼ਨ ਦੇ ਨਗਰ ਨਿਗਮ ਤੇ ਨਗਰ ਕੌਂਸਲ ਦੀਆਂ ਚੋਣਾਂ ਬੈਲੇਟ ਪੇਪਰਾਂ ਰਾਹੀਂ ਕਰਾਉਣ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਨੂੰ ਰੱਦ ਕਰ ਦਿੱਤਾ। ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ 22 ਮਈ ਨੂੰ ਪਟੀਸ਼ਨਾਂ 'ਤੇ ਸੁਣਵਾਈ ਦੌਰਾਨ ਨਿਗਮ ਤੇ ਕੌਂਸਲ ਚੋਣਾਂ ਬੈਲੇਟ ਪੇਪਰਾਂ ਨਾਲ ਕਰਾਏ ਜਾਣ ਬਾਰੇ ਫੈਸਲਾ ਕੀਤਾ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਇਸ ਪੜਾਅ 'ਤੇ ਚੋਣ ਪ੍ਰਕਿਰਿਆ ਨੂੰ ਅਸਥਿਰ ਨਹੀਂ ਕੀਤਾ ਜਾ ਸਕਦਾ।

## 4 ਨਗਰ ਕੌਂਸਲਾਂ ਦੀਆਂ ਚੋਣਾਂ 10 ਨੂੰ

**ਚੰਡੀਗੜ੍ਹ (ਗੁਰਜੀਤ ਬਿੱਲਾ)-** ਪੰਜਾਬ ਰਾਜ ਚੋਣ ਕਮਿਸ਼ਨ ਨੇ ਦੀਨਾਨਗਰ, ਗੁਰਦਾਸਪੁਰ, ਕਾਦੀਆਂ ਅਤੇ ਸ਼ਾਮ ਚੁਰਾਸੀ ਨਗਰ ਕੌਂਸਲ ਚੋਣਾਂ ਕਰਾਉਣ ਦਾ ਐਲਾਨ ਕੀਤਾ ਹੈ। ਨਾਮਜ਼ਦਗੀਆਂ 28 ਮਈ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਣਗੀਆਂ। ਨਾਮਜ਼ਦਗੀਆਂ ਦੀ ਆਖਰੀ ਮਿਆਦ 1 ਜੂਨ ਦੁਪਹਿਰ 3 ਵਜੇ ਤੱਕ ਹੋਵੇਗੀ। ਵੋਟਾਂ 10 ਜੂਨ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ। ਵੋਟਾਂ ਦੀ ਗਿਣਤੀ ਵੋਟਾਂ ਪੈਣ ਤੋਂ ਤੁਰੰਤ ਬਾਅਦ ਉਸੇ ਦਿਨ ਹੋਵੇਗੀ।

# ਰਾਸ਼ਟਰਪਤੀ ਵੱਲੋਂ ਪਦਮ ਪੁਰਸਕਾਰ ਪ੍ਰਦਾਨ





**ਨਵੀਂ ਦਿੱਲੀ (ਨ ਜ਼ ਸ)** ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਹਰਮਨਪਿਆਰੇ ਅਦਾਕਾਰ ਧਰਮਿੰਦਰ ਨੂੰ ਸੋਮਵਾਰ ਮਰਨ ਉਪਰੰਤ ਦੇਸ਼ ਦੇ ਦੂਜੇ ਸਭ ਤੋਂ ਵੱਡੇ ਨਾਗਰਿਕ ਸਨਮਾਨ 'ਪਦਮ ਵਿਭੂਸ਼ਣ' ਨਾਲ ਨਿਵਾਜਿਆ। ਇਹ ਵੱਕਾਰੀ ਪੁਰਸਕਾਰ ਉਨ੍ਹਾ ਦੀ ਪਤਨੀ ਹੇਮਾ ਮਾਲਿਨੀ ਨੇ ਰਾਸ਼ਟਰਪਤੀ ਭਵਨ ਵਿੱਚ ਵਿਸ਼ੇਸ਼ ਸਮਾਰੋਹ ਦੌਰਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ ਨੂੰ ਰਾਸ਼ਟਰਪਤੀ ਨੇ ਪਦਮ ਸ੍ਰੀ ਨਾਲ ਸਨਮਾਨਤ ਕੀਤਾ। ਉੱਘੇ ਵਾਇਲਨ ਵਾਦਕ ਐੱਨ ਰਾਜਮ ਨੂੰ ਵੀ 'ਪਦਮ ਵਿਭੂਸ਼ਣ' ਨਾਲ ਸਨਮਾਨਤ ਕੀਤਾ ਗਿਆ। ਮਹਾਰਾਸ਼ਟਰ ਦੇ ਸਾਬਕਾ ਰਾਜਪਾਲ ਭਗਤ ਸਿੰਘ ਕੋਸ਼ਿਆਰੀ ਤੇ ਬੈਂਕਰ ਉਦੈ ਕੋਟਕ ਨੂੰ 'ਪਦਮ ਭੂਸ਼ਣ' ਸਨਮਾਨ ਭੇਟ ਕੀਤਾ ਗਿਆ। ਰਾਸ਼ਟਰਪਤੀ ਨੇ ਵਿਦਵਾਨ ਸ਼ਤਾਵਧਾਨੀ ਆਰ ਗਣੇਸ਼ ਤੇ ਪੇਟ ਦੇ ਰੋਗਾਂ ਦੇ ਮਾਹਰ ਕਾਲੀਪੱਟੀ ਰਾਮਾਸਾਮੀ ਪਲਾਨੀਸਵਾਮੀ ਨੂੰ ਪਦਮ ਭੂਸ਼ਣ ਪੁਰਸਕਾਰ ਦਿੱਤਾ। ਮਸ਼ਹੂਰ ਵਿਗਿਆਪਨ ਗੁਰੂ ਪੀਯੂਸ਼ ਪਾਂਡੇ ਅਤੇ ਸਾਬਕਾ ਸੰਸਦ ਮੈਂਬਰ ਵਿਜੇ ਕੁਮਾਰ ਮਲਹੋਤਰਾ ਨੂੰ ਮਰਨ ਉਪਰੰਤ ਪਦਮ ਭੂਸ਼ਣ ਨਾਲ ਨਿਵਾਜਿਆ। ਕੁੱਲ 131 ਪਦਮ ਪੁਰਸਕਾਰ ਦਿੱਤੇ ਗਏ, ਜਿਨ੍ਹਾਂ ਵਿੱਚ 5 ਪਦਮ ਵਿਭੂਸ਼ਣ, 13 ਪਦਮ ਭੂਸ਼ਣ ਅਤੇ 113 ਪਦਮ ਸ੍ਰੀ ਸ਼ਾਮਲ ਹਨ। ਪੰਜਾਬ ਤੋਂ ਹਾਕੀ ਕੋਚ ਬਲਦੇਵ ਸਿੰਘ, ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ ਅਤੇ ਡੇਰਾ ਸੱਚਖੰਡ ਬੱਲਾਂ ਦੇ ਸੰਤ ਨਿਰੰਜਨ ਦਾਸ ਪਦਮ ਸ੍ਰੀ ਹਾਸਲ ਕਰਨ ਵਾਲਿਆਂ ਵਿੱਚ ਸ਼ਾਮਲ ਸਨ।

## ਵੋਟਰਾਂ ਦੀ 90 ਫੀਸਦੀ ਪ੍ਰੀ-ਮੈਪਿੰਗ ਦਾ ਟੀਚਾ

**ਚੰਡੀਗੜ੍ਹ (ਨ ਜ਼ ਸ)** ਪੰਜਾਬ 'ਚ ਵੋਟਰਾਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਸ਼ੁਰੂ ਹੋਣ ਤੋਂ ਪਹਿਲਾਂ 90 ਫੀਸਦ ਤੱਕ ਪ੍ਰੀ-ਮੈਪਿੰਗ ਕਰਨ ਦਾ ਟੀਚਾ ਮਿੱਥਿਆ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਮੁੱਖ ਚੋਣ ਅਧਿਕਾਰੀ ਪੰਜਾਬ ਅਨੰਦਿਤਾ ਮਿਤਰਾ ਨੇ ਕਿਹਾ ਪ੍ਰੀ-ਮੈਪਿੰਗ ਦੌਰਾਨ 84 ਫੀਸਦੀ ਤੋਂ ਵੱਧ ਵੋਟਰਾਂ ਦੀ ਮੈਪਿੰਗ ਸਫਲਤਾਪੂਰਵਕ ਨੇਪਰੇ ਚੜ੍ਹ ਚੁੱਕੀ ਹੈ। 2003 ਵਿੱਚ ਹੋਈ ਵੋਟਰ ਸੁਧਾਈ ਨੂੰ ਆਧਾਰ ਬਣਾ ਕੇ ਮੌਜੂਦਾ ਵੋਟਰ ਸੂਚੀਆਂ ਨਾਲ ਮਿਲਾਨ ਕੀਤਾ ਜਾ ਰਿਹਾ ਹੈ। ਜੇ ਕਿਸੇ ਵੋਟਰ ਦੀ ਪ੍ਰੀ-ਮੈਪਿੰਗ ਨਹੀਂ ਹੁੰਦੀ ਤਾਂ ਉਸ ਵੋਟਰ ਨੂੰ ਬੀ ਐੱਲ ਓ ਵਲੋਂ ਦਿੱਤੇ ਗਏ ਫਾਰਮ ਨੂੰ ਭਰ ਕੇ ਮੁੜ ਬੀ ਐੱਲ ਓ ਕੋਲ ਜਮ੍ਹਾਂ ਕਰਵਾਉਣਾ ਹੋਵੇਗਾ, ਜਿਸ ਉਪਰੰਤ ਸੰਬੰਧਤ ਵੋਟਰ ਦਾ ਨਾਂਅ ਡਰਾਫਟ ਰੋਲ ਵਿਚ ਜੋੜ ਦਿੱਤਾ ਜਾਵੇਗਾ।

## 'ਐੱਨ ਟੀ ਏ ਨੇ ਸਬਕ ਨਹੀਂ ਸਿੱਖਿਆ'

**ਨਵੀਂ ਦਿੱਲੀ (ਨ ਜ਼ ਸ)-** ਸੁਪਰੀਮ ਕੋਰਟ ਨੇ ਸੋਮਵਾਰ ਕਿਹਾ ਕਿ ਇਹ ਅਫਸੋਸ ਦੀ ਗੱਲ ਹੈ ਕਿ ਨੈਸ਼ਨਲ ਟੈਸਟਿੰਗ ਏਜੰਸੀ (ਐੱਨ ਟੀ ਏ) ਨੇ ਪਿਛਲੇ ਨੀਟ ਪੇਪਰ ਲੀਕ ਤੋਂ ਕੋਈ ਸਬਕ ਨਹੀਂ ਸਿੱਖਿਆ ਹੈ। ਇਸ ਦੇ ਨਾਲ ਹੀ ਕੋਰਟ ਨੇ ਮੈਡੀਕਲ ਦਾਖਲਾ ਪ੍ਰੀਖਿਆ ਕਰਵਾਉਣ ਵਾਲੀ ਇਸ ਟੈਸਟਿੰਗ ਏਜੰਸੀ ਨੂੰ ਬਦਲ ਕੇ ਇੱਕ ਮਜ਼ਬੂਤ ਅਤੇ ਖੁਦਮੁਖਤਿਆਰ ਸੰਸਥਾ ਬਣਾਉਣ ਦੀ ਮੰਗ ਵਾਲੀਆਂ ਪਟੀਸ਼ਨਾਂ 'ਤੇ ਕੇਂਦਰ, ਐੱਨ ਟੀ ਏ ਅਤੇ ਸੀ ਬੀ ਆਈ ਤੋਂ ਜਵਾਬ ਮੰਗਿਆ ਹੈ। ਜਸਟਿਸ ਪੀ ਐੱਸ ਨਰਸਿਮਹਾ ਅਤੇ ਜਸਟਿਸ ਆਲੋਕ ਅਰਾਧੇ ਦੀ ਬੈਂਚ ਨੇ ਨਿਰਦੇਸ਼ ਦਿੱਤਾ ਕਿ ਪਟੀਸ਼ਨਾਂ ਦੀਆਂ ਕਾਪੀਆਂ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਅਤੇ ਹੋਰਨਾਂ ਧਿਰਾਂ ਨੂੰ ਦਿੱਤੀਆਂ ਜਾਣ। ਬੈਂਚ ਨੇ ਐੱਨ ਟੀ ਏ ਨੂੰ 2024 ਵਿੱਚ ਕੋਰਟ ਵੱਲੋਂ ਜਾਰੀ ਨਿਰਦੇਸ਼ਾਂ ਦੀ ਪਾਲਣਾ ਬਾਰੇ ਵੀਰਵਾਰ ਤੱਕ ਹਲਫਨਾਮਾ ਦਾਇਰ ਕਰਨ ਲਈ ਕਿਹਾ ਹੈ। ਕੋਰਟ, ਜਿਸ ਨੇ ਵਕੀਲ ਤਨਵੀ ਦੂਬੇ ਰਾਹੀਂ ਫੈਡਰੇਸ਼ਨ ਆਫ ਆਲ ਇੰਡੀਆ ਮੈਡੀਕਲ ਐਸੋਸੀਏਸ਼ਨ ਵੱਲੋਂ ਦਾਇਰ ਕੀਤੀ ਗਈ ਪਟੀਸ਼ਨ 'ਤੇ ਨੋਟਿਸ ਜਾਰੀ ਕੀਤਾ, ਨੇ ਕਿਹਾ ਕਿ ਉਹ ਇਸੇ ਤਰ੍ਹਾਂ ਦੇ ਸਾਰੇ ਮਾਮਲਿਆਂ ਨੂੰ ਇਕੱਠੇ ਜੋੜ ਕੇ ਸੁਣਵਾਈ ਕਰੇਗੀ।

## ਬਕਰੀਦ ਦੀ ਛੁੱਟੀ ਬਦਲੀ

**ਚੰਡੀਗੜ੍ਹ (ਗੁਰਜੀਤ ਬਿੱਲਾ)-** ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਈਦ-ਉਲ-ਜ਼ੁਹਾ (ਬਕਰੀਦ) ਦੀ ਸਰਕਾਰੀ ਛੁੱਟੀ ਦੇ ਦਿਨ ਵਿੱਚ ਬਦਲਾਅ ਕੀਤਾ ਗਿਆ ਹੈ। ਹੁਣ ਗਜ਼ਟਿਡ ਛੁੱਟੀ 27 ਮਈ ਦੀ ਬਜਾਏ 28 ਮਈ ਨੂੰ ਹੋਵੇਗੀ। ਇਹ ਛੁੱਟੀ ਨੈਗੋਸ਼ੀਏਬਲ ਇੰਸਟਰੂਮੈਂਟ ਐਕਟ-1881 ਦੀ ਧਾਰਾ 25 ਦੇ ਤਹਿਤ ਐਲਾਨੀ ਗਈ ਹੈ। ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ ਨੇ ਇਹ ਫੈਸਲਾ ਕੇਂਦਰ ਸਰਕਾਰ ਵੱਲੋਂ ਬਕਰੀਦ ਦੀ ਛੁੱਟੀ ਬਦਲਣ ਤੋਂ ਬਾਅਦ ਕੀਤਾ ਹੈ। 28 ਮਈ ਨੂੰ ਪੰਜਾਬ ਦੇ ਸਾਰੇ ਸਰਕਾਰੀ ਦਫਤਰ, ਬੋਰਡ ਅਤੇ ਕਾਰਪੋਰੇਸ਼ਨਾਂ, ਸਰਕਾਰੀ ਵਿੱਦਿਅਕ ਅਦਾਰੇ (ਸਕੂਲ, ਕਾਲਜ ਅਤੇ ਯੂਨੀਵਰਸਿਟੀਆਂ) ਪੂਰੀ ਤਰ੍ਹਾਂ ਬੰਦ ਰਹਿਣਗੇ।

## ਬਰਫ ਦੇ ਗੋਲਿਆਂ 'ਤੇ ਸੋਮਰਸ ਤ੍ਰੌਂਕਣਾ ਮਹਿੰਗਾ ਪਿਆ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)** ਪੁਲਸ ਨੇ ਸੈਕਟਰ 9 ਦੀ ਮਾਰਕੀਟ ਵਿੱਚ ਸ਼ਰੇਆਮ ਬਰਫ ਦੇ ਗੋਲਿਆਂ 'ਤੇ ਸ਼ਰਾਬ ਪਾ ਕੇ ਲੰਗਰ ਲਾਉਣ ਵਾਲੇ ਇੱਕ ਸ਼ਰਾਬ ਵਿਕਰੇਤਾ ਨੂੰ ਗ੍ਰਿਫਤਾਰ ਕੀਤਾ ਹੈ। ਸੋਸ਼ਲ ਮੀਡੀਆ 'ਤੇ 'ਸ਼ਰਾਬ ਦੇ ਲੰਗਰ' ਦੀ ਵੀਡੀਓ ਵਾਇਰਲ ਹੋ ਗਈ ਸੀ। ਵੀਡੀਓ ਵਿੱਚ ਠੇਕੇ ਦੇ ਨੁਮਾਇੰਦੇ ਲੋਕਾਂ ਨੂੰ ਬਰਫ ਦੇ ਗੋਲਿਆਂ ਉੱਪਰ ਇੱਕ ਖਾਸ ਬ੍ਰਾਂਡ ਦੀ ਸ਼ਰਾਬ ਪਾ ਕੇ ਵਰਤਾਉਂਦੇ ਹੋਏ ਦਿਖਾਈ ਦਿੱਤੇ। ਇਹ 'ਸ਼ਰਾਬ ਦਾ ਲੰਗਰ' 'ਲਿਕਰ ਵਰਲਡ' ਨਾਂਅ ਦੇ ਠੇਕੇ ਦੇ ਬਿਲਕੁਲ ਬਾਹਰ ਲਗਾਇਆ ਗਿਆ ਸੀ। ਇਹ ਇਲਾਕਾ ਸ਼ਹਿਰ ਦੇ ਪੌਸ਼ ਇਲਾਕਿਆਂ ਵਿੱਚੋਂ ਇੱਕ ਹੈ, ਜਿੱਥੇ ਹਰ ਸਮੇਂ ਸ਼ਹਿਰ ਦੇ ਉੱਚ ਵਰਗ ਦੇ ਲੋਕਾਂ ਦੀ ਮੌਜੂਦਗੀ ਰਹਿੰਦੀ ਹੈ। ਪੁਲਸ ਨੇ ਠੇਕੇ ਦੇ ਮਾਲਕਾਂ ਖਿਲਾਫ ਪੰਜਾਬ ਐਕਸਾਈਜ਼ ਐਕਟ ਤਹਿਤ ਐੱਫ ਆਈ ਆਰ ਦਰਜ ਕੀਤੀ ਹੈ। ਰਿਕਾਰਡ ਮੁਤਾਬਕ ਇਹ ਠੇਕਾ ਸਕੇਤੜੀ ਪਿੰਡ ਦੇ ਰਾਜੇਸ਼ ਸਚਦੇਵਾ ਦਾ ਹੈ, ਜਿਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਮੌਕੇ 'ਤੇ ਕੀਤੀ ਪੜਤਾਲ ਤੋਂ ਪਤਾ ਲੱਗਾ ਹੈ ਕਿ ਬਰਫ ਦੇ ਗੋਲਿਆਂ 'ਤੇ ਸਮਿਰਨੌਫ ਫਲੇਵਰਡ ਵੋਡਕਾ ਛਿੜਕੀ ਗਈ ਸੀ। ਪੁਲਸ ਰਿਕਾਰਡ ਇਹ ਵੀ ਦਰਸਾਉਂਦਾ ਹੈ ਕਿ ਵਿਕਰੇਤਾ ਇਸ ਕਥਿਤ ਪ੍ਰਮੋਸ਼ਨਲ ਗਤੀਵਿਧੀ ਵਿੱਚ ਇੱਕ ਨਿੱਜੀ ਕੰਪਨੀ ਨਾਲ ਸ਼ਾਮਲ ਸੀ।



## ਮਾਨ ਖਿਲਾਫ ਸੁਣਵਾਈ ਤੋਂ ਨਾਂਹ

**ਨਵੀਂ ਦਿੱਲੀ (ਨ ਜ਼ ਸ)-** ਸੁਪਰੀਮ ਕੋਰਟ ਨੇ ਸੋਮਵਾਰ ਇੱਕ ਐੱਨ ਜੀ ਓ ਦੀ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਕਥਿਤ ਬਿਆਨ ਨੂੰ ਉਜਾਗਰ ਕੀਤਾ ਗਿਆ ਸੀ ਕਿ ਅਦਾਲਤ ਨੇ ਅਵਾਰਾ ਕੁੱਤਿਆਂ ਨੂੰ ਖਤਮ ਕਰਨ ਲਈ 'ਖੁੱਲ੍ਹੀ ਛੁੱਟੀ' ਦੇ ਦਿੱਤੀ ਹੈ। ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੀ ਬੈਂਚ ਨੇ ਐਡਵੋਕੇਟ ਅਨਿਲ ਕੁਮਾਰ ਮਿਸ਼ਰਾ ਨੂੰ ਕਿਹਾ, "ਸਿਰਫ ਇਸ ਲਈ ਕਿ ਇੱਕ ਮੁੱਖ ਮੰਤਰੀ ਬਿਆਨ ਦਿੰਦਾ ਹੈ, ਕੀ ਇਸ ਦਾ ਮਤਲਬ ਇਹ ਹੈ ਕਿ ਸਾਨੂੰ ਆਪਣਾ ਹੁਕਮ ਬਦਲਣਾ ਪਵੇਗਾ...।" ਇਹ ਗੱਲ ਉਨ੍ਹਾਂ ਨੇ ਉਦੋਂ ਕਹੀ ਜਦੋਂ ਵਕੀਲ ਨੇ ਐੱਨ ਜੀ ਓ 'ਐਨੀਮਲਜ਼ ਆਰ ਪੀਪਲ ਟੂ' ਦੀ ਤਰਫੋਂ ਜ਼ਰੂਰੀ ਸੁਣਵਾਈ ਲਈ ਮਾਮਲੇ ਦਾ ਜ਼ਿਕਰ ਕੀਤਾ। ਬੈਂਚ ਨੇ ਪਟੀਸ਼ਨਕਰਤਾ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਜਾਣ ਲਈ ਕਿਹਾ। ਬੈਂਚ ਨੇ ਮਿਸ਼ਰਾ ਨੂੰ ਕਿਹਾ, "ਹੁਕਮਾਂ ਦੀ ਸਖਤੀ ਨਾਲ ਪਾਲਣਾ ਹਾਈ ਕੋਰਟਾਂ ਵੱਲੋਂ ਕੀਤੀ ਜਾਣੀ ਹੈ। ਅਸੀਂ ਤੁਹਾਨੂੰ ਦੱਸਿਆ ਸੀ ਕਿ ਮਾਮਲਾ ਹਾਈ ਕੋਰਟ ਨੂੰ ਸੌਂਪਿਆ ਗਿਆ ਹੈ। ਜਾਓ ਅਤੇ ਹਾਈ ਕੋਰਟ ਨੂੰ ਬੇਨਤੀ ਕਰੋ।"

## ਗੁਰਦੀਪ ਸਿੰਘ ਸੰਘਵਾਲ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ





**ਕਿਸ਼ਨਗੜ੍ਹ (ਸੁਖਜੀਤ ਕੁਮਾਰ)**-ਕਾਂਗਰਸੀ ਆਗੂ, ਸਾਬਕਾ ਸਰਪੰਚ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਦੀਪ ਸਿੰਘ ਸੰਘਵਾਲ ਜੋ ਬੀਤੇ ਦਿਨੀ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖਦਿਆਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸਾਹਿਬ ਜੋਗੀ ਪੀਰ ਪਿੰਡ ਸੰਘਵਾਲ ਵਿਖੇ ਕਰਵਾਇਆ ਗਿਆ। ਇਸ ਮੌਕੇ ਤੇ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਅਰਦਾਸ ਉਪਰੰਤ ਭਾਈ ਜੁਝਾਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਕੀਰਤਨੀ ਜੱਥੇ ਵੱਲੋਂ ਵੈਰਾਗਮਈ ਰਸਭਿੰਨਾ ਕੀਰਤਨ ਕਰਦੇ ਹੋਏ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਉਪਰੰਤ ਵੱਖ-ਵੱਖ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਮਰਨ ਜੇ ਸੱਚ ਤੇ ਜ਼ਿੰਦਗੀ ਝੂਠ ਹੋ ਗਈ,
ਰਿਹਾ ਨਾ ਜੀਵਨ ਦਾ ਕੋਈ ਵਸਾਹ ਬੇਲੀ।
ਅੱਖੀਆਂ ਸਾਹਮਣੇ ਹਾਦਸਾ ਵਰਤਦਾ ਤਾਂ,
ਬਣਦਾ ਨਾ ਮੌਕੇ ਦਾ ਕੋਈ ਗਵਾਹ ਬੇਲੀ।
ਜ਼ਖਮੀ ਤੜਫਦਾ, ਲੋਕ ਨਾ ਹੱਥ ਲਾਉਂਦੇ,
ਬਚਾਅ ਲਈ ਦੇਣਗੇ ਬੜੀ ਸਲਾਹ ਬੇਲੀ।
ਦੋਸ਼ੀ ਪੈਸਾ ਜੇ ਖਰਚੇ ਕਈ ਨਾਲ ਤੁਰਦੇ,
ਕੋਈ ਨਾ ਪੀੜਤ ਦਾ ਖੈਰ-ਖਵਾਹ ਬੇਲੀ।
ਜਿਨ੍ਹਾਂ ਨੇ ਨੇਕ ਨਹੀਂ ਕਦੇ ਹੈ ਕੰਮ ਕੀਤਾ,
ਦੇਂਦੇ ਈ ਨੇਕੀ ਦਾ ਬੜਾ ਉਪਦੇਸ਼ ਬੇਲੀ।
ਹੌਸਲਾ ਰੱਖੋ ਜੀ, ਪੀੜਤ ਨੂੰ ਕਹੀ ਜਾਂਦੇ,
ਆਪ 'ਤੇ ਬਣੀ ਤਾਂ ਜਾਂਦੀ ਨਾ ਪੇਸ਼ ਬੇਲੀ।

-ਤੀਸ ਮਾਰ ਖਾਂ

## ਚੀਫ ਜਸਟਿਸ ਵੱਲੋਂ ਵਕੀਲਾਂ ਨੂੰ ਬਹੁਤੇ ਜਜ਼ਬਾਤੀ ਨਾ ਹੋਣ ਦੀ ਅਪੀਲ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)** ਵਾਇਰਲ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਅੰਦੋਲਨ ਨਾਲ ਜੁੜੀਆਂ ਪਟੀਸ਼ਨਾਂ 'ਤੇ ਤੁਰੰਤ ਸੁਣਵਾਈ ਤੋਂ ਇਨਕਾਰ ਕਰਦਿਆਂ ਸੁਪਰੀਮ ਕੋਰਟ ਦੇ ਚੀਫ ਜਸਟਿਸ ਸੂਰੀਆ ਕਾਂਤ ਨੇ ਸੋਮਵਾਰ ਵਕੀਲਾਂ ਨੂੰ ਬਹੁਤੇ ਜਜ਼ਬਾਤੀ ਨਾ ਹੋਣ ਦੀ ਅਪੀਲ ਕੀਤੀ।

ਚੀਫ ਜਸਟਿਸ ਸੂਰੀਆ ਕਾਂਤ ਵੱਲੋਂ ਪਿਛਲੇ ਦਿਨੀਂ ਕੁਝ ਬੇਰੁਜ਼ਗਾਰ ਨੌਜਵਾਨਾਂ ਦੀ ਤੁਲਨਾ ਕਾਕਰੋਚਾਂ ਨਾਲ ਕਰਨ ਤੋਂ ਬਾਅਦ ਵਿਵਾਦ ਛਿੜ ਗਿਆ ਸੀ। ਚੀਫ ਜਸਟਿਸ ਦੀ ਅਗਵਾਈ ਵਾਲੀ ਬੈਂਚ, ਜਿਸ ਵਿੱਚ ਜਸਟਿਸ ਜੋਇਮਲਿਆ ਬਾਗਚੀ ਅਤੇ ਜਸਟਿਸ ਵੀ ਐੱਮ ਪੰਚੋਲੀ ਵੀ ਸਨ, ਨੇ ਕਿਹਾ ਕਿ ਇਸ ਮਾਮਲੇ ਵਿੱਚ ਸੁਣਵਾਈ ਦੀ ਅਜਿਹੀ ਕੋਈ ਗੰਭੀਰ ਲੋੜ ਨਹੀਂ ਅਤੇ ਪਟੀਸ਼ਨਾਂ ਦੀ ਸਹੀ ਸਮੇਂ 'ਤੇ ਜਾਂਚ ਕੀਤੀ ਜਾਵੇਗੀ। ਚੀਫ ਜਸਟਿਸ ਦੀ ਟਿੱਪਣੀ ਵਕੀਲਾਂ ਵੱਲੋਂ ਦਾਇਰ ਜਨਹਿੱਤ ਪਟੀਸ਼ਨਾਂ ਦੇ ਜ਼ਿਕਰ ਤੋਂ ਬਾਅਦ ਆਈ। ਇੱਕ ਪਟੀਸ਼ਨ ਅਦਾਲਤੀ ਟਿੱਪਣੀਆਂ ਦੀ ਕਥਿਤ ਵਪਾਰਕ ਵਰਤੋਂ ਵਿਰੁੱਧ ਕਾਰਵਾਈ ਦੀ ਮੰਗ ਕਰਦੀ ਹੈ ਅਤੇ ਦੂਜੀ ਵਿਅੰਗਮਈ ਕਾਕਰੋਚ ਜਨਤਾ ਪਾਰਟੀ ਮੁਹਿੰਮ ਨਾਲ ਜੁੜੀਆਂ ਗਤੀਵਿਧੀਆਂ ਦੀ ਸੀ ਬੀ ਆਈ ਜਾਂਚ ਦੀ ਮੰਗ ਕਰਦੀ ਹੈ।

ਜਦੋਂ ਵਕੀਲ ਐੱਨ ਕੇ ਗੋਸਵਾਮੀ ਨੇ ਦਲੀਲ ਦਿੱਤੀ ਕਿ ਆਨਲਾਈਨ ਅੰਦੋਲਨ ਨਿਆਂ ਪਾਲਿਕਾ ਦੇ ਅਕਸ ਨੂੰ ਖਰਾਬ ਕਰ ਰਿਹਾ ਹੈ, ਤਾਂ ਚੀਫ ਜਸਟਿਸ ਨੇ ਟਿੱਪਣੀ ਕੀਤੀ, 'ਇਸ ਨੂੰ ਏਨੇ ਭਾਵਨਾਤਮਕ ਤੌਰ 'ਤੇ ਨਾ ਲਓ।' ਵਕੀਲ ਰਾਜਾ ਚੌਧਰੀ ਵੱਲੋਂ ਦਾਇਰ ਪਟੀਸ਼ਨ ਕਥਿਤ ਜਾਲ੍ਹੀ ਵਕੀਲਾਂ ਅਤੇ ਜਾਲ੍ਹੀ ਕਾਨੂੰਨ ਡਿਗਰੀਆਂ ਦੀ ਸੀ ਬੀ ਆਈ ਜਾਂਚ ਦੀ ਮੰਗ ਕਰਦੀ ਹੈ। ਇਸ ਵਿੱਚ

• ਬਾਕੀ ਸਫਾ 2 'ਤੇ


## ਨਿਰਵਿਘਨ ਬੈਂਕਿੰਗ ਸੇਵਾਵਾਂ ਲਈ
## ਆਪਣੇ KYC ਨੂੰ ਅੱਪ ਟੂ ਡੇਟ ਰੱਖੋ



**ਜੇਕਰ ਤੁਹਾਡੇ KYC ਵੇਰਵੇ ਨਹੀਂ ਬਦਲੇ ਹਨ, ਤਾਂ**
ਮੁੜ KYC ਲਈ ਇੱਕ ਸਵੈ-ਘੋਸ਼ਣਾ, ਪੱਤਰ/ਔਨਲਾਈਨ ਬੈਂਕਿੰਗ/ਮੋਬਾਈਲ ਬੈਂਕਿੰਗ/ਏ.ਟੀ.ਐਮ/ਬੈਂਕ ਨਾਲ ਰਜਿਸਟਰਡ ਆਪਣੇ ਮੋਬਾਈਲ ਨੰਬਰ/ਈਮੇਲ ਜਾਂ ਬਿਜ਼ਨਸ ਕੋਰਸਪੌਂਡੈਂਟ (BCs) ਰਾਹੀਂ ਜਮ੍ਹਾਂ ਕਰੋ।

**ਜੇਕਰ ਤੁਹਾਡੇ KYC ਵੇਰਵੇ ਬਦਲ ਗਏ ਹਨ, ਤਾਂ**
ਅੱਪਡੇਟ ਕੀਤੇ ਵੇਰਵਿਆਂ ਵਾਲੇ ਕਿਸੇ ਵੀ ਇੱਕ ਦਸਤਾਵੇਜ਼ ਦੀ ਕਾਪੀ ਪ੍ਰਦਾਨ ਕਰੋ: ਆਧਾਰ/ਵੋਟਰ ਆਈਡੀ ਕਾਰਡ/NREGA ਜੌਬ ਕਾਰਡ/ਡਰਾਈਵਿੰਗ ਲਾਇਸੈਂਸ/ਪਾਸਪੋਰਟ/ਰਾਸ਼ਟਰੀ ਆਬਾਦੀ ਰਜਿਸਟਰ ਦੁਆਰਾ ਜਾਰੀ ਕੀਤਾ ਗਿਆ ਪੱਤਰ।

**ਤੁਸੀਂ ਆਪਣੀ ਨਜ਼ਦੀਕੀ ਬੈਂਕ ਸ਼ਾਖਾ ਵਿੱਚ ਜਾ ਕੇ ਵੀ ਆਪਣਾ KYC ਅਪਡੇਟ ਕਰ ਸਕਦੇ ਹੋ।**




ਵਧੇਰੇ ਜਾਣਕਾਰੀ ਲਈ, https://rbikehtahai.rbi.org.in/KYC ਤੇ ਜਾਓ
ਅਧਿਕਾਰਤ ਵਟਸਐਪ ਨੰਬਰ 99990 41935 / 99309 91935

ਜਨ-ਹਿਤ ਵਿੱਚ ਜਾਰੀਕਰਤਾ
ਭਾਰਤੀ ਰਿਜ਼ਰਵ ਬੈਂਕ
RESERVE BANK OF INDIA
www.rbi.org.in

# ਖੰਡੇਬਾਦ ਦੇ ਸੈਂਕੜੇ ਟਕਸਾਲੀ ਕਾਂਗਰਸੀ ਪਰਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ

**ਲਹਿਰਾਗਾਗਾ (ਪਵਨ ਸ਼ਰਮਾ)**- ਬੇਸ਼ੱਕ ਵਿਧਾਨ ਸਭਾ ਚੋਣਾਂ ਵਿੱਚ ਕਰੀਬ 9 ਮਹੀਨੇ ਦਾ ਸਮਾਂ ਬਾਕੀ ਹੈ।ਬਾਵਜੂਦ ਇਸ ਦੇ ਹਲਕਾ ਲਹਿਰਾਗਾਗਾ ਅੰਦਰ ਜਿੱਥੇ ਵਿਰੋਧੀ ਪਾਰਟੀਆਂ ਦੇ ਆਗੂਆਂ ਵੱਲੋਂ ਸਿਆਸੀ ਜ਼ਮੀਨ ਤਲਾਸ਼ੀ ਜਾ ਰਹੀ ਹੈ, ਉੱਥੇ ਹੀ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਹਲਕੇ

**● 'ਆਪ' 'ਚ ਸ਼ਾਮਲ ਹੋਣ ਵਾਲਿਆਂ ਦਾ ਪੂਰਾ ਮਾਣ ਸਨਮਾਨ ਕੀਤਾ ਜਾਵੇਗਾ : ਗੋਇਲ**

ਦੇ ਸਰਵਪੱਖੀ ਵਿਕਾਸ ਤੇ ਖੁਸ਼ਹਾਲੀ ਲਈ ਕੀਤੇ ਗਏ ਅਤੇ ਕੀਤੇ ਜਾ ਰਹੇ ਕੰਮ ਲੋਕਾਂ ਦੇ ਸਿਰ ਚੜ੍ਹ ਕੇ ਬੋਲ ਰਹੇ ਹਨ, ਜਿਸ ਦੇ ਚਲਦੇ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਲੋਕ ਵੱਖ-ਵੱਖ ਪਾਰਟੀਆਂ ਛੱਡ ਕੇ 'ਆਪ' ਵਿੱਚ ਸ਼ਾਮਲ ਹੋ ਰਹੇ ਹਨ।ਬੀਤੇ ਦਿਨੀਂ ਇੱਕ ਨਾਮਵਰ ਆੜ੍ਹਤੀ ਦਾ 'ਆਪ' ਵਿੱਚ ਸ਼ਾਮਲ ਹੋਣਾ ਵਿਰੋਧੀਆਂ ਨੂੰ ਸਕਤੇ ਵਿੱਚ ਪਾ ਗਿਆ, ਉੱਥੇ ਹੀ ਅੱਜ ਪਿੰਡ ਖੰਡੇਬਾਦ ਵਿਖੇ ਸੈਂਕੜੇ ਟਕਸਾਲੀ ਕਾਂਗਰਸੀ ਪਰਵਾਰਾਂ ਨੇ ਮੰਤਰੀ ਗੋਇਲ ਦੇ ਕੰਮਾਂ ਤੋਂ ਪ੍ਰਭਾਵਿਤ ਹੁੰਦਿਆਂ ਕਾਂਗਰਸ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਵੀ ਸ਼ਾਮਲ ਸਨ।ਪਿੰਡ ਖੰਡੇਬਾਦ ਵਿਖੇ ਰੱਖੇ ਗਏ ਇੱਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਮੰਤਰੀ ਗੋਇਲ ਨੇ ਆਪਣੀ ਧਰਮ ਪਤਨੀ ਸ਼੍ਰੀਮਤੀ ਸੀਮਾ ਗੋਇਲ ਤੇ



ਬੇਟੇ ਗੌਰਵ ਗੋਇਲ ਨਾਲ ਸ਼ਿਰਕਤ ਕਰਦਿਆਂ 'ਆਪ' ਵਿੱਚ ਸ਼ਾਮਲ ਹੋਣ ਵਾਲੇ ਪਰਵਾਰਾਂ ਦਾ ਸਨਮਾਨ ਕੀਤਾ, ਪਿੰਡ ਨਿਵਾਸੀਆਂ ਵੱਲੋਂ ਗੋਇਲ ਪਰਵਾਰ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਮੰਤਰੀ ਗੋਇਲ ਨੇ ਕਿਹਾ ਕਿ ਲੋਕਾਂ ਦਾ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣਾ ਸਾਬਿਤ ਕਰਦਾ ਹੈ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਹੋ ਰਹੇ ਵਿਕਾਸ ਕੰਮਾਂ ਤੋਂ ਪੂਰੀ ਤਰ੍ਹਾਂ ਖੁਸ਼ ਤੇ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਪੂਰਾ ਮਾਨ ਸਨਮਾਨ ਕੀਤਾ ਜਾਵੇਗਾ।'ਆਪ' 'ਚ ਸ਼ਾਮਲ ਹੋਣ ਵਾਲੇ ਆਗੂਆਂ ਤੇ ਵਰਕਰਾਂ ਨੇ ਕਿਹਾ ਕਿ ਉਹ ਮੰਤਰੀ ਗੋਇਲ ਤੇ ਸਮੁੱਚੇ ਗੋਇਲ ਪਰਵਾਰ ਵੱਲੋਂ ਕੀਤੇ ਗਏ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਤੇ ਪਿੰਡਾਂ ਦੇ ਵਿਕਾਸ ਲਈ ਉਹ 'ਆਪ' ਪਾਰਟੀ 'ਚ ਸ਼ਾਮਲ ਹੋ ਰਹੇ ਹਨ ਅਤੇ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇ ਨਜ਼ਰ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।ਸਮਾਗਮ ਵਿੱਚ ਮੰਤਰੀ ਗੋਇਲ ਦੇ ਓਐੱਸਡੀ ਰਕੇਸ਼ ਕੁਮਾਰ ਗੁਪਤਾ ਤੋਂ ਇਲਾਵਾ ਯੂਥ ਆਗੂ ਅਜੇ ਕੁਮਾਰ ਠੋਲੀ, ਟਰੱਕ ਯੂਨੀਅਨ ਦੇ ਪ੍ਰਧਾਨ ਸਤਪਾਲ ਸਿੰਘ ਕਾਲਾ, ਬਾਦਲ ਸਿੰਘ, ਸ਼ਿੰਦਰਪਾਲ ਸਿੰਘ, ਅੰਮ੍ਰਿਤਪਾਲ ਕੌਰ ਵਾਈਸ ਚੇਅਰ ਪਰਸਨ ਬਲਾਕ ਸੰਮਤੀ, ਬਾਵਾ ਸਿੰਘ ਢਿੱਲੋਂ, ਮੱਖਣ ਸਿੰਘ, ਪ੍ਰਗਟ ਸਿੰਘ ਸਰਪੰਚ ਫੂਲਦ, ਬਿੰਦਰ ਸਿੰਘ ਸੇਖੂਵਾਸ, ਪਵੀਨ ਕੁਮਾਰ ਟਿੰਕਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਰਪੰਚ, ਪੰਚ ਤੇ ਹੋਰ ਸੈਂਕੜੇ ਆਗੂ ਤੇ ਵਲੰਟੀਅਰ ਹਾਜ਼ਰ ਸਨ।

# ਡਿਵਾਈਡਰ ਨਾਲ ਟਕਰਾਈ ਤੇਜ਼ ਰਫ਼ਤਾਰ ਕਾਰ ਨੂੰ ਲੱਗੀ ਅੱਗ

* ਦੋ ਕਾਰ ਸਵਾਰ ਵਾਲ-ਵਾਲ ਬਚੇ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਮੁੱਖ ਮਾਰਗ 'ਤੇ ਮਹਿਲ ਕਲਾਂ ਵਿਖੇ ਇੱਕ ਤੇਜ਼ ਰਫ਼ਤਾਰ ਡਸਟਰ ਕਾਰ ਬੇਕਾਬੂ ਹੋ ਕੇ ਡਿਵਾਈਡਰ ਨਾਲ ਜਾ ਟਕਰਾਈ ਤੇ ਟੱਕਰ ਇੰਨੀ ਜ਼ਬਰਦਸਤ ਸੀ ਕਿ ਕੁਝ ਹੀ ਮਿੰਟਾਂ ਵਿੱਚ ਕਾਰ ਨੂੰ ਭਿਆਨਕ ਅੱਗ ਲੱਗ ਗਈ।ਮੌਕੇ ਤੋਂ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਅਮਿਤ ਕੁਮਾਰ ਵਾਸੀ ਜਨਕਪੁਰੀ ਲੁਧਿਆਣਾ ਆਪਣੀ ਕਾਰ ਵਿੱਚ ਸਵਾਰ ਹੋ ਕੇ ਆਪਣੇ ਇੱਕ



ਰਿਸ਼ਤੇਦਾਰ ਨੂੰ ਛੱਡਣ ਲਈ ਬਰਨਾਲਾ ਵੱਲ ਜਾ ਰਿਹਾ ਸੀ ਕਿ ਬੀਤੀ ਸ਼ਾਮ 8 ਵਜੇ ਦੇ ਕਰੀਬ ਜਦੋਂ ਉਨ੍ਹਾਂ ਦੀ ਗੱਡੀ ਮਹਿਲ ਕਲਾਂ ਨੇੜੇ ਪੁੱਜੀ ਤਾਂ ਸਾਹਮਣੇ ਤੋਂ ਆ ਰਹੇ ਇੱਕ ਹੋਰ ਵਾਹਨ ਦੀਆਂ ਤੇਜ਼ ਲਾਈਟਾਂ ਅੱਖਾਂ ਵਿੱਚ ਪੈਣ ਕਾਰਨ ਅਮਿਤ ਕੁਮਾਰ ਨੂੰ ਸੜਕ ਵਿਚਕਾਰ ਬਣਿਆ ਡਿਵਾਈਡਰ ਦਿਖਾਈ ਨਹੀਂ ਦਿੱਤਾ, ਜਿਸ ਕਾਰਨ ਤੇਜ਼ ਰਫ਼ਤਾਰ ਕਾਰ ਸਿੱਧੀ ਡਿਵਾਈਡਰ ਦੇ ਉੱਪਰ ਚੜ੍ਹ ਗਈ।ਕੁਝ ਦੂਰੀ ਤੱਕ ਹੇਠਾਂ ਤੋਂ ਡਿਵਾਈਡਰ ਨਾਲ ਘਿਸੜਦੀ ਚਲੀ ਗਈ। ਹਾਦਸਾ ਵਾਪਰਦੇ ਸਾਰ ਹੀ ਕਾਰ ਸਵਾਰ ਦੋਵੇਂ ਵਿਅਕਤੀ ਬਿਨਾਂ ਸਮਾਂ ਗਵਾਏ ਤੁਰੰਤ ਗੱਡੀ ਵਿੱਚੋਂ ਬਾਹਰ ਨਿਕਲ ਆਏ, ਜਿਸ ਕਾਰਨ ਉਨ੍ਹਾਂ ਦੀ ਜਾਨ ਵਾਲ-ਵਾਲ ਬਚ ਗਈ, ਪਰ ਉਨ੍ਹਾਂ ਦੇ ਬਾਹਰ ਨਿਕਲਦਿਆਂ ਹੀ ਅਗਲੇ ਕੁਝ ਹੀ ਪਲਾਂ ਵਿੱਚ ਕਾਰ ਦੇ ਇੰਜਣ ਨੂੰ ਭਿਆਨਕ ਅੱਗ ਲੱਗ ਗਈ। ਦੇਖਦਿਆਂ ਦੇਖਦਿਆਂ ਹੀ ਅੱਗ ਨੇ ਇੰਨਾ ਰੂਪ ਧਾਰਨ ਕਰ ਲਿਆ ਤੇ ਕਾਰ ਬੁਰੀ ਤਰ੍ਹਾਂ ਸੜ ਕੇ ਸੁਆਹ ਹੋ ਗਈ।ਘਟਨਾ ਦੀ ਸੂਚਨਾ ਮਿਲਦੇ ਸਾਰ ਹੀ ਮਹਿਲ ਕਲਾਂ ਪੁਲਸ ਥਾਣੇ ਦੇ ਕਰਮਚਾਰੀ ਬਲਕੌਰ ਸਿੰਘ ਪੁਲਸ ਪਾਰਟੀ ਸਮੇਤ ਤੁਰੰਤ ਮੌਕੇ 'ਤੇ ਪਹੁੰਚੇ ਤੇ ਸਥਿਤੀ ਦਾ ਜਾਇਜ਼ਾ ਲੈਂਦਿਆਂ ਫ਼ਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਮੌਕੇ 'ਤੇ ਸੱਦਿਆ।ਅੱਗ ਦੀਆਂ ਉੱਠ ਰਹੀਆਂ ਉੱਚੀਆਂ ਲਾਟਾਂ ਤੇ ਸੁਰੱਖਿਆ ਦੇ ਮੱਦੇਨਜ਼ਰ ਪੁਲਸ ਪ੍ਰਸ਼ਾਸਨ ਨੂੰ ਹਾਈਵੇਅ ਦੇ ਦੋਵੇਂ ਪਾਸੇ ਦੀ ਟ੍ਰੈਫ਼ਿਕ ਨੂੰ ਪੂਰੀ ਤਰ੍ਹਾਂ ਰੋਕਣਾ ਪਿਆ, ਜਿਸ ਕਾਰਨ ਸੜਕ ਦੇ ਦੋਵੇਂ ਪਾਸੇ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ।ਅਖੀਰ ਪੁਲਸ ਮੁਲਾਜ਼ਮਾਂ ਤੇ ਫ਼ਾਇਰ ਬ੍ਰਿਗੇਡ ਦੇ ਕਰਮਚਾਰੀਆਂ ਵੱਲੋਂ ਕੀਤੀ ਭਾਰੀ ਜੱਦੋ-ਜਹਿਦ ਤੇ ਮੁਸ਼ਕਤ ਤੋਂ ਬਾਅਦ ਕਾਰ ਨੂੰ ਲੱਗੀ ਅੱਗ 'ਤੇ ਕਾਬੂ ਪਾਇਆ ਗਿਆ, ਜਿਸ ਤੋਂ ਬਾਅਦ ਹੀ ਆਵਾਜਾਈ ਨੂੰ ਦੁਬਾਰਾ ਬਹਾਲ ਕਰਵਾਇਆ ਜਾ ਸਕਿਆ।

# ਹੋਲੀ ਹਾਰਟ ਸਕੂਲ 'ਚ ਵਿਦਿਆਰਥੀਆਂ ਨੂੰ ਗਰਮੀ ਤੋਂ ਬਚਣ ਦੇ ਦੱਸੇ ਨੁਕਤੇ

**ਅਜੀਤਵਾਲ (ਨਛੱਤਰ ਸੰਧੂ)**- ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਵਿੱਚ ਅਧਿਆਪਕਾਂ ਨੇ ਦੱਸਿਆ ਕਿ ਅੱਜਕੱਲ੍ਹ ਜ਼ਿਆਦਾ ਹੋ ਰਹੀ ਗਰਮੀ ਤੋਂ ਕਿਸ ਤਰ੍ਹਾਂ ਬਚਾਅ ਕੀਤਾ ਜਾ ਸਕਦਾ ਹੈ। ਉਨ੍ਹਾਂ ਬੱਚਿਆਂ ਨੂੰ ਗਰਮੀ ਤੋਂ ਬਚਣ ਲਈ ਵੱਧ ਤੋਂ ਵੱਧ ਤਰਲ ਪਦਾਰਥ ਪੀਣ ਦੀ ਸਲਾਹ ਦਿੱਤੀ।ਉਨ੍ਹਾਂ ਦੱਸਿਆ ਕਿ ਗਰਮ ਹਵਾ ਸਾਡੀ ਪਿਆਸ ਵਧਾਉਣ ਦੇ ਨਾਲ ਨਾਲ ਸਾਡੇ ਸਰੀਰ ਖਾਸ ਕਰਕੇ ਅੱਖਾਂ ਤੇ ਚਮੜੀ



ਨੂੰ ਪੂਰੀ ਤਰ੍ਹਾਂ ਝੁਲਸਾ ਦਿੰਦੀ ਹੈ।ਜ਼ਿਆਦਾਤਰ ਗਰਮੀ ਹੋਣ 'ਤੇ ਸਾਡਾ ਸਰੀਰ ਪਸੀਨੇ ਦੇ ਰੂਪ ਵਿੱਚ ਗਰਮੀ ਬਾਹਰ ਕੱਢਦਾ ਹੈ ਤੇ ਤਾਪਮਾਨ ਨੂੰ ਨਿਰੰਤਰ ਰੱਖਦਾ ਹੈ, ਜਿਸ ਨਾਲ ਸਰੀਰ ਵਿੱਚ ਪਾਣੀ ਦੀ ਕਮੀ ਹੋ ਜਾਂਦੀ ਹੈ।ਇਕ ਨਿਸ਼ਚਿਤ ਸੀਮਾ ਤੋਂ ਬਾਅਦ ਸਾਡੇ ਸਰੀਰ ਦਾ ਇਹ ਸਿਸਟਮ ਕੰਮ ਕਰਨਾ ਬੰਦ ਕਰ ਦਿੰਦਾ ਹੈ ਤੇ ਸਰੀਰ ਬਾਹਰ ਦੇ ਤਾਪਮਾਨ ਦੇ ਸਮਾਨ ਗਰਮ ਹੋ ਜਾਂਦਾ ਹੈ, ਜਿਸ ਨੂੰ ਲੂ ਲੱਗਣਾ ਕਹਿੰਦੇ ਹਨ।ਆਮ ਤੌਰ 'ਤੇ ਲੋਕ ਇਸ ਨੂੰ ਹਲਕੇ ਵਿੱਚ ਲੈਂਦੇ ਹਨ ਤੇ ਮੰਨਦੇ ਹਨ ਕਿ ਉਨ੍ਹਾਂ ਨੂੰ ਲੂ ਲੱਗ ਹੀ ਨਹੀਂ ਸਕਦੀ, ਪ੍ਰੰਤੂ ਲੂ ਲੱਗਣਾ ਬਹੁਤ ਖਤਰਨਾਕ ਬਿਮਾਰੀ ਹੈ।ਬੱਚਿਆਂ ਤੋਂ ਲੈ ਕੇ ਵੱਡਿਆਂ ਤੱਕ ਮੋਟਾਪੇ ਤੋਂ ਪੀੜਤ ਲੋਕ ਦਿਲ ਦੇ ਮਰੀਜ਼, ਸਰੀਰਕ ਰੂਪ ਨਾਲ ਕਮਜ਼ੋਰ ਲੋਕ ਤੇ ਕੁਝ ਵਿਸ਼ੇਸ਼ ਦਵਾਈਆਂ, ਜਿਨ੍ਹਾਂ ਦਾ ਸਰੀਰ ਦੇ ਰਸਾਇਣ ਜਾਂ ਖੂਨ ਦੀਆਂ ਨਾਲੀਆਂ 'ਤੇ ਅਸਰ ਪੈਂਦਾ ਹੈ, ਦਵਾਈਆਂ ਨੂੰ ਖਾਣ ਵਾਲੇ ਲੋਕਾਂ ਨੂੰ ਗਰਮੀ ਲੱਗਣ ਦਾ ਸਭ ਤੋਂ ਵੱਧ ਖਤਰਾ ਹੁੰਦਾ ਹੈ। ਅਧਿਆਪਕਾਂ ਨੇ ਦੱਸਿਆ ਕਿ ਸਾਨੂੰ ਲੂ ਤੇ ਗਰਮੀ ਤੋਂ ਬਚਣ ਲਈ ਵੱਧ ਤੋਂ ਵੱਧ ਤਰਲ ਪਦਾਰਥ ਪੀਣੇ ਚਾਹੀਦੇ ਹਨ, ਜਿਸ ਨਾਲ ਅਸੀਂ ਗਰਮੀ ਤੋਂ ਬਚ ਸਕੀਏ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਤੇ ਸਕੂਲ ਸਟਾਫ ਹਾਜ਼ਰ ਸੀ।

# ਜੈ ਦੁਰਗਾ ਕੰਪਿਊਟਰ ਇੰਸਟੀਚਿਊਟ ਵੱਲੋਂ ਧਾਰਮਿਕ ਸਮਾਰੋਹ



**ਭੀਖੀ (ਧਰਮਵੀਰ ਸ਼ਰਮਾ)**- ਜੈ ਦੁਰਗਾ ਕੰਪਿਊਟਰ ਇੰਸਟੀਟਿਊਟ ਤੇ ਕੋਚਿੰਗ ਸੈਂਟਰ ਭੀਖੀ ਵੱਲੋਂ ਨਵੇਂ ਸੈਸ਼ਨ ਦੀ ਸ਼ੁਰੂਆਤ ਕਰਨ ਅਤੇ ਇੰਸਟੀਚਿਊਟ ਦੀ 8ਵੀਂ ਵਰ੍ਹੇਗੰਢ ਮੌਕੇ ਧਾਰਮਿਕ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦੇ ਸ਼੍ਰੀ ਸੁਖਮਨੀ ਸਾਹਿਬ ਪਾਠ ਦਾ ਭੋਗ ਪਾਇਆ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਸੈਂਟਰ ਦੇ ਹੈੱਡ ਜਗਸੀਰ ਸਿੰਘ ਤੇ ਮੈਨੇਜਿੰਗ ਡਾਇਰੈਕਟਰ ਅਮਨਦੀਪ ਕੌਰ ਨੇ ਦੱਸਿਆ ਕਿ ਇਸ ਸੰਸਥਾ ਪਿਛਲੇ 8 ਸਾਲਾਂ ਤੋਂ ਲਗਾਤਾਰ ਇਲਾਕੇ ਦੇ ਵਿਦਿਆਰਥੀਆਂ ਨੂੰ ਮਿਆਰੀ ਕੋਚਿੰਗ ਦੇਣ ਦੇ ਨਾਲ ਨਾਲ ਕੰਪਿਊਟਰ ਕੋਰਸ ਨਿਪੁੰਨਤਾ ਨਾਲ ਕਰਵਾ ਰਹੀ ਹੈ।ਇਸ ਸੰਸਥਾ ਤੋਂ ਕੋਚਿੰਗ ਹਾਸਿਲ ਕਰਕੇ ਸੈਂਕੜੇ ਵਿਦਿਆਰਥੀ ਸਰਕਾਰੀ ਤੇ ਗੈਰ ਸਰਕਾਰੀ ਅਦਾਰਿਆਂ ਵਿੱਚ ਰੁਤਬੇ ਹਾਸਲ ਕਰਕੇ ਆਪਣੀਆਂ ਸੇਵਾਵਾਂ ਦੇ ਰਹੇ ਹਨ।ਸਮਾਰੋਹ ਦੌਰਾਨ ਲੋਕ ਗਾਇਕਾ ਰੁਪਿੰਦਰ ਰਿੰਪੀ, ਯੂਥ ਅਕਾਲੀ ਦਲ ਦੇ ਕੁਲਸ਼ੇਰ ਸਿੰਘ ਰੂਬਲ, ਸੁਖਵਿੰਦਰ ਸਿੰਘ, ਹਰੀ ਸਿੰਘ, ਬਿੰਦਰ ਸਿੰਘ, ਗੁਰਜੰਟ ਸਿੰਘ, ਹਰਜਿੰਦਰ ਸਿੰਘ ਤੋਂ ਇਲਾਵਾ ਸੰਸਥਾ ਦੇ ਸਮੂਹ ਸਿਖਿਆਰਥੀ ਹਾਜ਼ਰ ਸਨ। ਇਸ ਮੌਕੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ।

# ਨਗਰ ਕੌਂਸਲ ਚੋਣਾਂ 'ਚ ਵੋਟਰਾਂ ਨੂੰ ਕੀਤਾ ਸੁਚੇਤ

**ਜਗਰਾਉਂ (ਨਛੱਤਰ ਸੰਧੂ)**- 26 ਮਈ ਨੂੰ ਪੰਜਾਬ ਭਰ ਦੀਆਂ ਸਥਾਨਕ ਸਰਕਾਰਾਂ ਦੀਆਂ ਚੋਣਾਂ 'ਚ ਲੋਕਾਂ ਨੂੰ ਸਮਾਜਿਕ ਤੇ ਰਾਜਨੀਤਕ ਤੌਰ 'ਤੇ ਸੁਚੇਤ ਕਰਨ ਲਈ ਨਗਰ ਸੁਧਾਰ ਸਭਾ ਵੱਲੋਂ ਜਗਰਾਉਂ ਸ਼ਹਿਰ 'ਚ ਵੋਟਰਾਂ ਨੂੰ ਸੁਚੇਤ ਕਰਨ ਲਈ ਇੱਕ ਹੱਥ-ਪਰਚਾ ਵੱਡੀ ਗਿਣਤੀ 'ਚ ਛਾਪ ਕੇ ਵੰਡਿਆ ਗਿਆ।ਇਸੇ ਤਰ੍ਹਾਂ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਮਾਲਵਾ ਦੇ ਕਈ ਸ਼ਹਿਰਾਂ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਲਈ ਵੀ ਇੱਕ ਹੱਥ-ਪਰਚਾ ਛਾਪ ਕੇ ਵੰਡਿਆ ਗਿਆ।ਇਨ੍ਹਾਂ ਦੋਹਾਂ ਹੱਥ-ਪਰਚਿਆਂ ਰਾਹੀਂ ਲੋਕਾਂ ਨੂੰ ਸੁਚੇਤ ਕਰਨ ਦਾ ਯਤਨ ਕੀਤਾ ਕਿ ਉਹ ਸ਼ਰਾਬ, ਪੈਸੇ ਜਾਂ ਲਾਲਚ ਕਰਕੇ ਵੋਟਾਂ ਨਾ ਪਾਉਣ। ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਉਮੀਦਵਾਰਾਂ ਨੂੰ ਉਨ੍ਹਾਂ ਦੇ ਪਿਛਲੇ ਪੰਜ ਸਾਲਾਂ ਦੀ ਕਾਰਗੁਜ਼ਾਰੀ ਬਾਰੇ ਸਵਾਲ ਕਰਨ ਤੇ ਭਵਿੱਖ 'ਚ ਉਹ ਕੀ ਕਰਨਗੇ ਬਾਰੇ ਜਾਨਣ।ਉਨ੍ਹਾਂ ਕਿਹਾ ਕਿ ਪਿਛਲੇ ਸੱਤਰ ਸਾਲਾਂ 'ਚ ਹਰ ਸ਼ਹਿਰ ਦੀਆਂ ਸੜਕਾਂ ਕਿਓਂ ਟੁੱਟੀਆਂ ਫੁੱਟੀਆਂ ਹਨ, ਸਾਰੇ ਸ਼ਹਿਰ ਕੂੜਾ ਨਗਰੀ ਕਿਓਂ ਬਣ ਗਏ ਹਨ। ਖਾਸਕਰ ਜਗਰਾਉਂ ਸ਼ਹਿਰ ਦੀ ਨਗਰ ਕੌਂਸਲ 'ਚ ਪੰਜ ਸਾਲ ਚੱਲਦੀ ਰਹੀ ਤੇ ਸ਼ਹਿਰ ਦਾ ਬੇੜਾ ਗ਼ਰਕ ਕਰਨ ਵਾਲੀ ਧੜੇਬੰਦੀ ਲਈ ਹਲਕਾ ਵਿਧਾਇਕ ਕਿਵੇਂ ਜ਼ਿੰਮੇਵਾਰ ਨਹੀਂ ਹੈ।ਸਵਾਲ ਉਭਾਰਿਆ ਗਿਆ ਕਿ ਕਮਲ ਚੌਂਕ ਤੇ ਪੁਰਾਣੀ ਦਾਨਾ ਮੰਡੀ 'ਚੋਂ ਬਾਰਸ਼ਾਂ ਦੇ ਪਾਣੀ ਦੇ ਨਿਕਾਸ ਦਾ ਹਾਲੇ ਤੱਕ ਕੋਈ ਪ੍ਰਬੰਧ ਕਿਉਂ ਨਹੀਂ ਹੋ ਸਕਿਆ? ਉਨ੍ਹਾਂ ਸ਼ਹਿਰਾਂ ਵਿੱਚ ਸਟਰੀਟ ਲਾਈਟਾਂ ਦੇ ਮਾੜੇ ਪ੍ਰਬੰਧਾਂ, ਅਵਾਰਾ ਪਸ਼ੂਆਂ ਦੀ ਭਰਮਾਰ, ਸਫਾਈ ਸੇਵਕਾਂ ਦੀ ਗਿਣਤੀ ਵਿੱਚ ਵਾਧਾ ਆਦਿ ਮੰਗਾਂ ਦੀ ਪੂਰਤੀ 'ਚ ਜੇਕਰ ਪਹਿਲੀਆਂ ਚੁਣੀਆਂ ਕੌਂਸਲਾਂ ਫੇਲ੍ਹ ਸਾਬਿਤ ਹੋਈਆਂ ਤਾਂ ਹੁਣ ਫਿਰ ਕੀ ਗਰੰਟੀ ਹੈ ਕਿ ਵਿਕਾਸ ਹੋਵੇਗਾ ਤੇ ਇਨ੍ਹਾਂ ਮੰਗਾਂ ਦੀ ਪੂਰਤੀ ਹੋਵੇਗੀ।ਹੱਥ ਪਰਚਿਆਂ ਰਾਹੀਂ ਮੰਗ ਕੀਤੀ ਗਈ ਕਿ ਹਰ ਚੁਣਿਆਂ ਨੁਮਾਇੰਦਾ ਹਰ ਸਾਲ ਬਾਅਦ ਵਾਰਡ ਦੇ ਵੋਟਰਾਂ ਦਾ ਆਮ ਅਜਲਾਸ ਸੱਦ ਕੇ ਅਪਣੀ ਕਾਰਗੁਜ਼ਾਰੀ ਪੇਸ਼ ਕਰੇ।ਨਗਰ ਕੌਂਸਲਾਂ 'ਚ ਧੜੇਬੰਦੀ ਤੇ ਦਲਬਦਲੀ ਰੋਕਣ ਦਾ ਉਪਰਾਲਾ ਕੀਤਾ ਜਾਵੇ।ਨਗਰ ਸੁਧਾਰ ਸਭਾ ਦੇ ਪ੍ਰਧਾਨ ਅਵਤਾਰ ਸਿੰਘ ਤੇ ਸੱਕਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਆਮ ਲੋਕਾਂ ਨੇ ਇਨ੍ਹਾਂ ਹੱਥ-ਪਰਚਿਆਂ 'ਚ ਕਹੀਆਂ ਗੱਲਾਂ ਨੂੰ ਭਰਪੂਰ ਹੁੰਗਾਰਾ ਦਿੱਤਾ ਹੈ।



# 2027 ਦੀਆਂ ਚੋਣਾਂ 'ਚ ਅਕਾਲੀ ਦਲ ਦੀ ਸਰਕਾਰ ਬਣੇਗੀ : ਅਕਾਲੀ ਆਗੂ

**ਬਾਘਾ ਪੁਰਾਣਾ, (ਮਨੀ ਸਿੰਗਲਾ)** 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸੂਬੇ ਦੀ ਰਾਜਨੀਤੀ ਵਿੱਚ ਚੱਲ ਰਹੀ ਚਰਚਾ ਦਰਮਿਆਨ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਵੱਲੋਂ ਵੱਡਾ ਦਾਅਵਾ ਕੀਤਾ ਗਿਆ ਹੈ।ਪਾਰਟੀ ਦੇ ਸੀਨੀਅਰ ਆਗੂਆਂ ਨੇ ਕਿਹਾ ਹੈ ਕਿ ਇਸ ਵਾਰ ਸੂਬੇ ਅੰਦਰ ਅਕਾਲੀ ਦਲ ਦੀ ਸਰਕਾਰ ਬਣੇਗੀ ਤੇ ਪੰਜਾਬ ਦੇ ਲੋਕ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ। ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਤੇ ਭਰੋਸਾ ਜਤਾਉਂਦੇ ਹੋਏ ਤਰਲੋਚਨ ਸਿੰਘ ਬਰਾੜ ਕਾਲੇਕੇ, ਹਰਜਿੰਦਰ ਸਿੰਘ (ਕੈਨੇਡਾ), ਮਨੀ ਗਿੱਲ (ਕੈਨੇਡਾ) ਤੇ ਲਖਬੀਰ ਸਿੰਘ ਸੰਘਾ ਨੇ ਕਿਹਾ ਕਿ ਸੂਬੇ ਦੇ ਲੋਕ ਮੌਜੂਦਾ ਹਾਲਾਤਾਂ ਤੋਂ ਤੰਗ ਆ ਚੁੱਕੇ ਹਨ ਤੇ ਬਦਲਾਅ ਚਾਹੁੰਦੇ ਹਨ। ਆਗੂਆਂ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਨੇ ਪਹਿਲਾਂ ਵੀ ਤਰੱਕੀ ਦੇ ਕਈ ਮੀਲ ਪੱਥਰ ਹਾਸਲ ਕੀਤੇ ਹਨ ਤੇ ਆਉਣ ਵਾਲੇ ਸਮੇਂ ਵਿਚ ਵੀ ਪਾਰਟੀ ਸੂਬੇ ਨੂੰ ਵਿਕਾਸ ਦੀ ਨਵੀਂ ਦਿਸ਼ਾ ਦੇਵੇਗੀ।ਤਰਲੋਚਨ ਸਿੰਘ ਬਰਾੜ ਕਾਲੇਕੇ, ਹਰਜਿੰਦਰ ਸਿੰਘ (ਕੈਨੇਡਾ), ਦਾ ਦਾਅਵਾ ਹੈ ਕਿ ਲੋਕਾਂ ਵਿੱਚ ਅਕਾਲੀ ਦਲ ਪ੍ਰਤੀ ਰੁਝਾਨ ਵਧ ਰਿਹਾ ਹੈ ਤੇ ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ ਵਰਕਰਾਂ ਵਿੱਚ ਨਵਾਂ ਜੋਸ਼ ਦੇਖਣ ਨੂੰ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਉਹ ਸਰਕਾਰ ਚਾਹੁੰਦੇ ਹਨ, ਜੋ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਕੰਮ ਕਰੇ ਅਤੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰੇ।

ਇਸ ਲਈ ਲੋਕਾਂ ਦੀ ਪਹਿਲੀ ਪਸੰਦ ਸੁਖਬੀਰ ਸਿੰਘ ਬਾਦਲ ਬਣਦੇ ਜਾ ਰਹੇ ਹਨ।ਕਾਲੇ ਕੇ ਨੇ ਇਹ ਵੀ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਪੰਜਾਬੀ ਆਪਣਾ ਫਤਵਾ ਅਕਾਲੀ ਦਲ ਦੇ ਹੱਕ ਵਿੱਚ ਦੇਣਗੇ ਤੇ ਸੂਬੇ ਵਿੱਚ ਮੁੜ ਅਕਾਲੀ ਦਲ ਦੀ ਸਰਕਾਰ ਬਣੇਗੀ।



# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਫਤਿਹਪੁਰ ਨੇ ਤਾਇਕਵਾਂਡੋ ਜੂਨੀਅਰ ਗਰਲਜ਼ ਚੈਂਪੀਅਨਸ਼ਿਪ ਜਿੱਤੀ

**ਸਮਾਣਾ (ਗੁਰਪਿਆਰ ਸਿੰਘ ਬੱਲ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਫਤਿਹਪੁਰ ਦੇ ਪ੍ਰਿੰਸੀਪਲ ਸੁਨੀਤਾ ਰਾਣੀ ਦੀ ਅਗਵਾਈ ਹੇਠ ਤੇ ਵਰਲਡ ਰਿਕਾਰਡ ਹੋਲਡਰ ਤਾਇਕਵਾਂਡੋ ਕੋਚ ਸਤਵਿੰਦਰ ਸਿੰਘ ਤੇ ਇੰਟਰਨੈਸ਼ਨਲ ਕੋਚ ਅਰਮਾਨ ਸਿੰਘ ਦੀ ਦੇਖ ਰੇਖ ਹੇਠ ਬੀਤੇ ਐਤਵਾਰ ਨੂੰ ਅੱਠਵੀਂ ਤਾਇਕਵਾਂਡੋ ਜੂਨੀਅਰ ਗਰਲਜ਼ ਚੈਂਪੀਅਨਸ਼ਿਪ, ਜੋ ਪਟਿਆਲਾ ਤਾਇਕਵਾਂਡੋ ਐਸੋਸੀਏਸ਼ਨ ਵੱਲੋਂ ਮਲਿਨੀਅਮ ਸਕੂਲ ਪਟਿਆਲਾ ਵਿਖੇ ਆਯੋਜਿਤ ਕੀਤੀ ਗਈ, ਵਿੱਚ ਪੂਰੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਬੱਚਿਆਂ ਨੇ ਭਾਗ ਲਿਆ।ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ 29 ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚੋਂ 7 ਗੋਲਡ, 13 ਸਿਲਵਰ, 8 ਬਰਾਊਨਜ਼ ਮੈਡਲ ਹਾਸਲ ਕਰਕੇ ਚੈਂਪੀਅਨਸ਼ਿਪ ਜਿੱਤੀ।ਸਕੂਲ ਵੱਲੋਂ ਇਸ ਮੌਕੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਸੁਨੀਤਾ ਰਾਣੀ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਉਪਲਬਧੀਆਂ ਹੋਰ ਵਿਦਿਆਰਥੀਆਂ ਲਈ ਪ੍ਰੇਰਣਾ ਬਣਦੀਆਂ ਹਨ ਤੇ ਅੱਜ ਦੇ ਸਮੇਂ ਵਿੱਚ ਸਵੈ-ਰੱਖਿਆ ਹਰੇਕ ਵਿਦਿਆਰਥੀ ਨੂੰ ਸਿੱਖਣਾ ਜ਼ਰੂਰੀ ਹੈ।ਸਕੂਲ ਪ੍ਰਧਾਨ ਸ੍. ਪਰਦਮਨ ਸਿੰਘ ਵਿਰਕ, ਜਨਰਲ ਸਕੱਤਰ ਸ੍. ਬਲਵਿੰਦਰ ਸਿੰਘ, ਸੀਨੀਅਰ ਵਾਈਸ-ਪ੍ਰਧਾਨ ਸ੍. ਗੁਲਜਾਰ ਸਿੰਘ, ਖਜ਼ਾਨਚੀ ਸ੍. ਜਸਵੰਤ ਸਿੰਘ, ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ ਸ੍. ਗੁਰਦੇਵ ਸਿੰਘ, ਬਾਬਾ ਸਾਹਿਬ ਸਿੰਘ, ਕੁਲਦੀਪ ਸਿੰਘ ਢਿੱਲੋਂ, ਸਕੂਲ ਪ੍ਰਿੰਸੀਪਲ ਸ੍ਰੀਮਤੀ ਸੁਨੀਤਾ ਰਾਣੀ, ਬਲਬੀਰ ਸਿੰਘ ਧਾਰੀਵਾਲ ਤੇ ਸਮੂਹ ਸਟਾਫ਼ ਨੇ ਇਸ ਮੌਕੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।



# 22 ਨੰਬਰ ਫਾਟਕ 'ਤੇ ਮੀਂਹ ਤੋਂ ਬਿਨਾਂ ਗੰਦੇ ਪਾਣੀ ਦਾ ਆਇਆ ਹੜ੍ਹ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪ੍ਰਸ਼ਾਸਨ ਤੇ ਨਗਰ ਨਿਗਮ ਦੀ ਲਾਪ੍ਰਵਾਹੀ ਕਾਰਨ ਸ਼ਹਿਰ ਦੇ ਪੌਸ਼ ਏਰੀਆ 22 ਨੰਬਰ ਫਾਟਕ ਵਿਖੇ ਪੈਟਰੋਲ ਪੰਪ ਦੇ ਨਜ਼ਦੀਕ ਸੜਕ 'ਤੇ ਬਿਨਾਂ ਮੀਂਹ ਵਰਨ ਤੋਂ ਗੰਦੇ ਪਾਣੀ ਦੇ ਭਰਨ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪ੍ਰੰਤੂ ਪ੍ਰਸ਼ਾਸ਼ਨ ਕੁੰਭ ਕਰਨੀ ਨੀਂਦ ਸੁੱਤਾ ਪਿਆ ਹੈ! ਪ੍ਰਸ਼ਾਸ਼ਨ ਦੀ ਨਲਾਇਕੀ ਅੱਧੀ-ਪਚੱਧੀ ਹੋਵੇ ਤਾਂ ਕੋਈ ਗੱਲ ਨਹੀਂ, ਜਦ ਸਾਰੇ ਹੀ ਨਲਾਇਕ ਇਕੱਠੇ ਹੋ ਜਾਣ ਤਾਂ ਨਲਾਇਕੀਆਂ ਕਿੱਥੇ ਲੁਕਦੀਆਂ। ਬਗੈਰ ਮੀਂਹ ਤੋਂ ਪਟਿਆਲਾ ਦੇ 22 ਨੰ: ਫਾਟਕ 'ਤੇ ਅਜਿਹਾ ਦ੍ਰਿਸ਼ ਨਜ਼ਰ ਆ ਰਿਹਾ ਜਿਵੇਂ ਦੇਰ ਰਾਤ ਮੀਂਹ ਪੈਣ ਤੋਂ ਬਾਅਦ ਸੜਕ ਪਾਣੀ ਨਾਲ ਭਰੀ ਹੋਵੇ, ਪਰ ਜਿੱਥੇ ਪਾਣੀ ਖੜ੍ਹਾ, ਉਸ ਦੇ ਬਿਲਕੁਲ ਸਾਹਮਣੇ ਡੀ.ਸੀ. ਪਟਿਆਲਾ, ਐਸਐਸਪੀ ਪਟਿਆਲਾ ਸਮੇਤ ਕਈ ਅਫ਼ਸਰ ਅਧਿਕਾਰੀ ਏਸ ਸੜਕ ਨੂੰ ਵੇਖ ਕੇ ਆਪਣੀ ਗੱਡੀ ਦਾ ਸ਼ੀਸ਼ਾ ਉਤਾਂਹ ਕਰ ਲੈਂਦੇ, ਜਿਸ ਤੋਂ ਸਪੱਸ਼ਟ ਨਜ਼ਰ ਆਉਂਦਾ ਇਹ ਵੀ ਜ਼ਿੰਮੇਵਾਰੀ ਲੈਣ ਲਈ ਤਿਆਰ ਨਹੀਂ। ਇਹ ਜ਼ਿੰਮੇਵਾਰੀ ਲੈਂਦੇ ਤਾਂ ਫੌਰੀ ਫੋਨ ਨਿਗਮ ਜਾਂ ਸੀਵਰੇਜ ਵਿਭਾਗ ਦੇ ਅਧਿਕਾਰੀਆਂ ਤੱਕ ਗਿਆ ਹੋਣਾ ਸੀ, ਪਰ ਖੈਰ ਸਾਰਿਆਂ ਨੂੰ ਅਫ਼ਸੋਸ ਕਰਕੇ, ਇਸ ਤਸਵੀਰ ਨੂੰ ਵੇਖਣ ਤੋਂ ਬਗੈਰ ਕੋਈ ਚਾਰਾ ਨਹੀਂ ਰਹਿ ਜਾਂਦਾ।



# ਫ਼ਿਰੋਜ਼ਪੁਰ ਮੰਡਲ ਵੱਲੋਂ ਪਲਾਸਟਿਕ ਮੁਕਤੀ ਨੂੰ ਉਤਸ਼ਾਹਤ ਕਰਨ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ

**ਰੇਲਵੇ ਸਟੇਸ਼ਨਾਂ 'ਤੇ ਮੁਸਾਫ਼ਰਾਂ ਨੂੰ ਵਾਤਾਵਰਨ ਸੰਭਾਲ ਲਈ ਕੀਤਾ ਪ੍ਰੇਰਿਤ**

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਫ਼ਿਰੋਜ਼ਪੁਰ ਰੇਲਵੇ ਮੰਡਲ ਵੱਲੋਂ ਵਾਤਾਵਰਨ ਦੀ ਸੰਭਾਲ ਲਈ ਇਕ ਸ਼ਲਾਘਾਯੋਗ ਕਦਮ ਚੁੱਕਦਿਆਂ ਸਿੰਗਲ-ਯੂਜ਼ ਪਲਾਸਟਿਕ ਦੇ ਖਾਤਮੇ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਦੌਰਾਨ ਵੱਖ-ਵੱਖ ਸਟੇਸ਼ਨਾਂ 'ਤੇ ਯਾਤਰੀਆਂ ਤੇ ਵਿਕਰੇਤਾਵਾਂ ਨੂੰ ਪਲਾਸਟਿਕ ਦੀ ਵਰਤੋਂ ਘਟਾਉਣ ਤੇ ਵਾਤਾਵਰਨ ਪੱਖੀ ਬਦਲ ਅਪਣਾਉਣ ਲਈ ਜਾਗਰੂਕ ਕਰਦਿਆਂ ਸਫ਼ਾਈ ਵਿਵਸਥਾ ਦਾ ਨਿਰੀਖਣ ਕੀਤਾ ਗਿਆ। ਫ਼ਿਰੋਜ਼ਪੁਰ ਮੰਡਲ ਦੁਆਰਾ 15 ਮਈ ਤੋਂ 5 ਜੂਨ ਤੱਕ ਚੱਲਣ ਵਾਲੀ 'ਵਿਸ਼ਵ ਵਾਤਾਵਰਨ ਦਿਵਸ' ਮੁਹਿੰਮ ਤਹਿਤ ਕਈ ਜਨ-ਜਾਗਰੂਕਤਾ ਤੇ ਸਫ਼ਾਈ ਗਤੀਵਿਧੀਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ 23 ਤੇ 24 ਮਈ ਨੂੰ 'ਪਲਾਸਟਿਕ ਮੁਕਤੀ' ਨੂੰ ਉਤਸ਼ਾਹਤ ਕਰਨ ਲਈ ਇਕ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੇ ਅਧੀਨ ਮੰਡਲ ਦੇ ਵੱਖ-ਵੱਖ ਰੇਲਵੇ ਸਟੇਸ਼ਨਾਂ 'ਤੇ ਇਕ ਵਾਰ ਵਰਤੋਂ ਵਿੱਚ ਆਉਣ ਵਾਲੇ (ਸਿੰਗਲ ਯੂਜ਼) ਪਲਾਸਟਿਕ ਦੀ ਵਰਤੋਂ ਨੂੰ ਘਟਾਉਣ ਤੇ ਰੇਲ ਮੁਸਾਫ਼ਰਾਂ ਨੂੰ ਵਾਤਾਵਰਨ ਪ੍ਰਤੀ ਸਚੇਤ ਕਰਨ ਲਈ ਕਈ ਤਰ੍ਹਾਂ ਦੇ ਪ੍ਰੋਗਰਾਮ ਉਲੀਕੇ ਗਏ। ਇਸ ਵਿਸ਼ੇਸ਼ ਮੁਹਿੰਮ ਤਹਿਤ ਰੇਲਵੇ ਸਟੇਸ਼ਨਾਂ 'ਤੇ ਲਗਾਈਆਂ ਗਈਆਂ ਪਲਾਸਟਿਕ ਬੋਤਲ ਕਰਸ਼ਿੰਗ (ਪੀਸਣ ਵਾਲੀਆਂ) ਮਸ਼ੀਨਾਂ ਦੀ ਕਾਰਜਪ੍ਰਣਾਲੀ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ, ਤਾਂ ਜੋ ਪਲਾਸਟਿਕ ਦੇ ਕੂੜੇ ਦਾ ਸਹੀ ਤੇ ਸੁਰੱਖਿਅਤ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਸਟੇਸ਼ਨਾਂ 'ਤੇ ਸਥਿਤ ਕੇਟਰਿੰਗ ਸਟਾਲਾਂ 'ਤੇ ਸਿੰਗਲ-ਯੂਜ਼ ਪਲਾਸਟਿਕ ਦੀ ਮੁਕੰਮਲ ਪਾਬੰਦੀ ਦੀ ਪਾਲਣਾ ਕਰਵਾਉਣ ਲਈ ਵਿਸ਼ੇਸ਼ ਨਿਰੀਖਣ ਮੁਹਿੰਮ ਚਲਾਈ ਗਈ। ਸਟਾਲ ਵਿਕਰੇਤਾਵਾਂ ਨੂੰ ਵਾਤਾਵਰਨ ਦੇ ਅਨੁਕੂਲ ਬਦਲਵੇਂ ਸਾਧਨ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਯਾਤਰੀਆਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਸਟੇਸ਼ਨ ਕੰਪਲੈਕਸਾਂ ਵਿੱਚ ਵਿਸ਼ੇਸ਼ ਬੈਨਰ ਲਗਾਏ ਗਏ ਤੇ ਪੈਂਫਲਟ ਵੀ ਵੰਡੇ ਗਏ।



# ਅਵਾਸ ਯੋਜਨਾ ਹੇਠ ਛੱਤਾਂ ਢਾਹ ਕੇ ਫਸੇ ਗ਼ਰੀਬ, ਕਿਸ਼ਤਾਂ ਨਾ ਮਿਲਣ ਕਾਰਨ ਖੁੱਲ੍ਹੇ ਅਸਮਾਨ ਹੇਠ ਜ਼ਿੰਦਗੀ ਗੁਜ਼ਾਰਨ ਲਈ ਮਜਬੂਰ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਪ੍ਰਧਾਨ ਮੰਤਰੀ ਅਵਾਸ ਯੋਜਨ ਦੇ ਤਹਿਤ ਕੱਚੇ ਮਕਾਨਾਂ ਨੂੰ ਪੱਕੇ ਘਰਾਂ ਵਿਚ ਤਬਦੀਲ ਕਰਨ ਲਈ ਸਰਕਾਰ ਵੱਲੋਂ ਦਿੱਤੀ ਜਾ ਰਹੀ ਮਦਦ ਕੁਝ ਇਲਾਕਿਆਂ ਵਿੱਚ ਗ਼ਰੀਬ ਲੋਕਾਂ ਲਈ ਮੁਸੀਬਤ ਬਣਦੀ ਨਜ਼ਰ ਆ ਰਹੀ ਹੈ।ਇਸ ਯੋਜਨਾ ਹੇਠ ਕਈ ਗਰੀਬ ਅਤੇ ਗੁਰਬਤ ਦੇ ਮਾਰੇ ਪਰਵਾਰਾਂ ਨੇ ਆਪਣੇ ਘਰ ਪੱਕੇ ਕਰਨ ਲਈ ਅਰਜ਼ੀਆਂ ਦਿੱਤੀਆਂ ਸਨ, ਜਿਨ੍ਹਾਂ ਵਿੱਚੋਂ ਕੁਝ ਦੇ ਕੇਸ ਮਨਜ਼ੂਰ ਵੀ ਹੋ ਗਏ ਸਨ ਅਤੇ ਉਨ੍ਹਾਂ ਨੂੰ 3-4 ਕਿਸ਼ਤਾਂ ਵਿਚ ਪੈਸੇ ਮਿਲਣੇ ਸਨ। ਪਰ ਹਕੀਕਤ ਇਹ ਹੈ ਕਿ ਕਈ ਲਾਭਪਾਤਰੀਆਂ ਨੂੰ ਅਜੇ ਤੱਕ ਕੋਈ ਵੀ ਰਕਮ ਪ੍ਰਾਪਤ ਨਹੀਂ ਹੋਈ।ਸਬੰਧਤ ਵਿਭਾਗ ਦੇ ਅਧਿਕਾਰੀਆਂ ਦੇ ਕਹਿਣ 'ਤੇ ਕਈ ਲੋਕਾਂ ਨੇ ਆਪਣੇ ਕੱਚੇ ਮਕਾਨਾਂ ਦੀਆਂ ਛੱਤਾਂ ਢਾਹ ਦਿੱਤੀਆਂ, ਪਰ ਹੁਣ ਉਹ ਬਿਨਾਂ ਛੱਤ ਦੇ ਰਹਿਣ ਲਈ ਮਜਬੂਰ ਹਨ।ਕੁਝ ਲੋਕਾਂ ਨੂੰ 50-50 ਹਜ਼ਾਰ ਰੁਪਏ ਦੀ ਪਹਿਲੀ ਕਿਸਤ ਮਿਲੀ ਹੈ, ਪਰ ਇਸ ਨਾਲ ਕੇਵਲ ਨੀਂਹ ਹੀ ਤਿਆਰ ਹੋ ਸਕੀ ਹੈ ਤੇ ਅਗਲੀ ਕਿਸ਼ਤ ਨਾ ਆਉਣ ਕਾਰਨ ਕੰਮ ਅਧੂਰਾ ਪਿਆ ਹੈ। ਕਈ ਅਜਿਹੇ ਪਰਵਾਰ ਵੀ ਹਨ, ਜਿਨ੍ਹਾਂ ਨੇ ਅਧਿਕਾਰੀਆਂ ਦੀ ਸਲਾਹ 'ਤੇ ਨੀਂਹ ਤੱਕ ਖੁਦਵਾ ਲਈ, ਪਰ ਉਨ੍ਹਾਂ ਨੂੰ ਅਜੇ ਤੱਕ ਪਹਿਲੀ ਕਿਸ਼ਤ ਵੀ ਨਹੀਂ ਮਿਲੀ।ਇਸ ਕਾਰਨ ਉਹ ਤਰਪਾਲਾਂ ਹੇਠ ਜਾਂ ਖੁੱਲ੍ਹੇ ਅਸਮਾਨ ਹੇਠ ਰਹਿਣ ਲਈ ਮਜਬੂਰ ਹਨ। ਤਿੱਖੀ ਗਰਮੀ ਤੇ ਲੂੰ ਦੇ ਕਾਰਨ ਬੱਚਿਆਂ ਤੇ ਬਜ਼ੁਰਗਾਂ ਲਈ ਹਾਲਾਤ ਹੋਰ ਵੀ ਮੁਸ਼ਕਲ ਬਣ ਗਏ ਹਨ।ਇਸ ਸਬੰਧੀ ਬਾਘਾ ਪੁਰਾਣਾ ਹਲਕੇ ਤੋਂ ਅਜਾਦ ਉਮੀਦਵਾਰ ਲੜਨ ਦੇ ਚਾਹਵਾਨ ਗੁਰਲਾਬ ਸਿੰਘ ਨੱਥੋਕੇ ਵੱਲੋਂ ਪ੍ਰਭਾਵਤ ਪਰਵਾਰਾਂ ਦੇ ਘਰਾਂ ਦਾ ਦੌਰਾ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।ਉਨ੍ਹਾਂ ਨੇ ਸਰਕਾਰ ਅਤੇ ਸਬੰਧਤ ਵਿਭਾਗ ਦੇ ਰਵੱਈਏ ਦੀ ਨਿੰਦਾ ਕਰਦਿਆਂ ਕਿਹਾ ਕਿ ਜੇਕਰ ਪੈਸੇ ਜਾਰੀ ਨਹੀਂ ਕਰਨੇ ਸਨ ਤਾਂ ਲੋਕਾਂ ਦੇ ਘਰ ਢਹਾਉਣ ਲਈ ਕਿਉਂ ਕਿਹਾ ਗਿਆ।ਉਨ੍ਹਾਂ ਮੰਗ ਕੀਤੀ ਕਿ ਜਿਨ੍ਹਾਂ ਲਾਭਪਾਤਰੀਆਂ ਦੇ ਮਕਾਨਾਂ ਲਈ ਰਕਮ ਮਨਜ਼ੂਰ ਹੋ ਚੁੱਕੀ ਹੈ, ਉਨ੍ਹਾਂ ਨੂੰ ਤੁਰੰਤ ਕਿਸ਼ਤਾਂ ਜਾਰੀ ਕੀਤੀਆਂ ਜਾਣ।ਨਹੀਂ ਤਾਂ ਉਹ ਪੀੜਤ ਲੋਕਾਂ ਨੂੰ ਨਾਲ ਲੈ ਕੇ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।ਇਸ ਮਾਮਲੇ ਨੇ ਸਥਾਨਕ ਲੋਕਾਂ ਵਿੱਚ ਗੁੱਸਾ ਪੈਦਾ ਕਰ ਦਿੱਤਾ ਹੈ।ਲੋਕਾਂ ਦਾ ਕਹਿਣਾ ਹੈ ਕਿ ਜੇਕਰ ਸਮੇਂ 'ਤੇ ਮਦਦ ਨਾ ਮਿਲੇ ਤਾਂ ਅਜਿਹੀਆਂ ਯੋਜਨਾਵਾਂ ਗਰੀਬਾਂ ਲਈ ਸਹਾਰਾ ਨਹੀਂ ਸਗੋਂ ਸਜ਼ਾ ਬਣ ਜਾਂਦੀਆਂ ਹਨ।



# ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਬੱਸ ਸਟੈਂਡ 'ਤੇ ਪਿਆਓ ਸ਼ੁਰੂ

**ਬੁਢਲਾਡਾ (ਅਸ਼ੋਕ ਲਾਕੜਾ)** ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਬਹੁਤ ਗ਼ਰਮੀ ਨੂੰ ਦੇਖਦੇ ਹੋਏ ਬੁਢਲਾਡਾ ਦੇ ਬੱਸ ਸਟੈਂਡ 'ਤੇ ਠੰਡੇ ਪਾਣੀ ਦਾ ਪਿਆਓ ਸ਼ੁਰੂ ਕੀਤਾ ਗਿਆ ਹੈ। ਮਾਸਟਰ ਕੁਲਵੰਤ ਸਿੰਘ ਤੇ ਕੁਲਦੀਪ ਸਿੰਘ ਅਨੇਜਾ ਨੇ ਦੱਸਿਆ ਕਿ ਬੱਸ ਸਟੈਂਡ ਵਿਖੇ ਸਵਾਰੀਆਂ ਠੰਡਾ ਪਾਣੀ ਨਾ ਮਿਲਣ ਕਾਰਨ ਬੇਹਾਲ ਹੋ ਰਹੀਆਂ ਸਨ।ਲੋਕਾਂ ਦੀ ਮਦਦ ਲਈ ਬੱਸ ਸਟੈਂਡ ਤੇ ਪਾਣੀ ਦਾ ਪਿਆਓ ਸ਼ੁਰੂ ਕੀਤਾ ਗਿਆ ਹੈ।ਸਾਰਾ ਦਿਨ ਇੱਕ ਮੁਲਾਜ਼ਮ ਬੈਠੇਗਾ।ਉਸ ਤੋਂ ਬਾਅਦ ਟੈਂਕੀ ਵਿੱਚ ਪਾਣੀ ਪਾ ਕੇ ਰੱਖਿਆ ਜਾਵੇਗਾ।ਸੰਸਥਾ ਆਗੂ ਕੁਲਵਿੰਦਰ ਸਿੰਘ ਈ ਓ ਅਤੇ ਸੁਖਦਰਸ਼ਨ ਸਿੰਘ ਨੇ ਦੱਸਿਆ ਕਿ ਇਸ ਪਿਆਓ ਦੀ ਸ਼ੁਰੂਆਤ ਵਿਸ਼ੇਸ਼ ਤੌਰ 'ਤੇ ਪੁੱਜੇ ਮਾਸਟਰ ਬਲਬੀਰ ਸਿੰਘ ਸਰਾਂ, ਛਿੰਦਰਪਾਲ ਸਿੰਘ ਕੈਂਥ, ਦੇਵੀ ਦਿਆਲ ਗੋਸਵਾਮੀ ਸਵੀਟਸ ਵੱਲੋਂ ਸਮੂਹ ਮੈਂਬਰਾਂ ਦੇ ਸਹਿਯੋਗ ਨਾਲ ਕੀਤੀ ਗਈ।



# ਪ੍ਰੈੱਸ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪ੍ਰੈਸ ਕਲੱਬ ਸਨੌਰ ਵੱਲੋਂ 31 ਮਈ ਨੂੰ ਗੁੱਗਾ ਮਾੜੀ ਮੰਦਰ ਵਿਖੇ ਕਰਾਏ ਜਾ ਰਹੇ ਖੂਨਦਾਨ ਕੈਂਪ, ਮੁਫ਼ਤ ਮੈਡੀਕਲ ਚੈਕਅੱਪ ਕੈਂਪ ਅਤੇ ਅੱਖਾਂ ਦੇ ਜਾਂਚ ਕੈਂਪ ਨੂੰ ਲੈ ਕੇ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ।ਇਸ ਸਮਾਜਿਕ ਉਪਰਾਲੇ ਨੂੰ ਹੋਰ ਵਿਆਪਕ ਬਣਾਉਣ ਲਈ ਕਲੱਬ ਦੇ ਆਗੂਆਂ ਵੱਲੋਂ ਵੱਖ-ਵੱਖ ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਸੱਦੇ ਦਿੱਤੇ ਜਾ ਰਹੇ ਹਨ।ਇਸੇ ਤਹਿਤ ਭਾਰਤੀ ਰਾਸ਼ਟਰਵਾਦੀ ਪਾਰਟੀ ਦੇ ਮੁੱਖੀ ਡਾ. ਨਵਜੋਤ ਕੌਰ ਸਿੱਧੂ ਨੂੰ ਵੀ ਇਸ ਸਮਾਗਮ ਵਿੱਚ ਸ਼ਾਮਲ ਹੋਣ ਲਈ ਵਿਸ਼ੇਸ਼ ਸੱਦਾ ਦਿੱਤਾ ਗਿਆ।ਪ੍ਰੈਸ ਕਲੱਬ ਦੇ ਪ੍ਰਧਾਨ ਸੁਰਜੀਤ ਸਿੰਘ ਗੋਗੀ, ਖ਼ਜ਼ਾਨਚੀ ਗੀਤਵਿੰਦਰ ਸਿੰਘ ਸੋਖਲ, ਜਨਰਲ ਸਕੱਤਰ ਪਰਮਜੀਤ ਸਿੰਘ ਪਟਵਾਰੀ, ਪ੍ਰੈਸ ਸਕੱਤਰ ਬਲਵਿੰਦਰ ਸਿੰਘ ਨੇ ਡਾ. ਨਵਜੋਤ ਕੌਰ ਸਿੱਧੂ ਨੂੰ ਸਮਾਗਮ ਦੇ ਮਕਸਦ ਅਤੇ ਕਲੱਬ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਡਾ. ਨਵਜੋਤ ਕੌਰ ਸਿੱਧੂ ਨੇ ਲੋਕ ਸੇਵਾ ਲਈ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖੂਨਦਾਨ ਅਤੇ ਮੁਫ਼ਤ ਮੈਡੀਕਲ ਕੈਂਪ ਵਰਗੇ ਕਾਰਜ ਸਮਾਜ ਲਈ ਬਹੁਤ ਲਾਭਦਾਇਕ ਹੁੰਦੇ ਹਨ।ਉਨ੍ਹਾਂ ਪ੍ਰੈਸ ਕਲੱਬ ਸਨੌਰ ਦੀ ਨਵੀਂ ਵੈਬਸਾਈਟ ਦੀ ਵੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਡਿਜ਼ੀਟਲ ਮੰਚ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਅਤੇ ਇਲਾਕੇ ਦੀਆਂ ਖਬਰਾਂ ਨੂੰ ਪ੍ਰਸ਼ਾਸਨ ਤੱਕ ਪਹੁੰਚਾਉਣ ਦਾ ਇਹ ਇੱਕ ਸ਼ਲਾਘਾਯੋਗ ਕਦਮ ਹੈ।



# ਲੋਹਗੜ੍ਹ 'ਚ ਸੰਤ ਰਾਮਾਨੰਦ ਦੀ ਬਰਸੀ ਮੌਕੇ ਧਾਰਮਿਕ ਸਮਾਗਮ, ਬੂਟੇ ਵੀ ਲਗਾਏ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਪਿੰਡ ਲੋਹਗੜ੍ਹ ਵਿਖੇ ਸੰਤ ਰਾਮਾਨੰਦ ਦੀ 17ਵੀਂ ਬਰਸੀ ਨੂੰ ਸਮਰਪਤ ਧਾਰਮਿਕ ਸਮਾਗਮ ਗੁਰਦੁਆਰਾ ਗੁਰੂ ਰਵਿਦਾਸ ਜੀ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਏ ਗਏ। ਸੰਗਤਾਂ ਵੱਲੋਂ ਸੱਚਖੰਡ ਵਾਸੀ ਸੰਤ ਰਾਮਾਨੰਦ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਉਪਰੰਤ, ਵਾਤਾਵਰਣ ਦੀ ਸ਼ੁੱਧਤਾ ਅਤੇ ਸੰਭਾਲ ਦਾ ਹੋਕਾ ਦਿੰਦੇ ਹੋਏ ਗੁਰਦੁਆਰਾ ਸਾਹਿਬ ਦੇ ਕੰਪਲੈਕਸ ਦੇ ਆਲੇ-ਦੁਆਲੇ ਵੱਖ-ਵੱਖ ਕਿਸਮਾਂ ਦੇ ਛਾਂਦਾਰ ਅਤੇ ਫਲਦਾਰ ਬੂਟੇ ਲਗਾਏ ਗਏ। ਇਸ ਮੌਕੇ ਸੇਵਾਦਾਰ ਮਹਿੰਦਰ ਸਿੰਘ, ਪ੍ਰਦੀਪ ਸਿੰਘ ਨੇ ਦੱਸਿਆ ਕਿ ਸੰਤ ਰਾਮਾਨੰਦ ਮਹਾਰਾਜ ਨੇ ਹਮੇਸ਼ਾ ਮਨੁੱਖਤਾ ਦੇ ਭਲੇ ਅਤੇ ਸਮਾਜਿਕ ਸੁਧਾਰ ਦੀ ਸੇਧ ਦਿੱਤੀ ਹੈ। ਉਨ੍ਹਾਂ ਦੀ ਇਸੇ ਅਗਾਂਹਵਧੂ ਸੋਚ 'ਤੇ ਪਹਿਰਾ ਦਿੰਦੇ ਹੋਏ ਇਹ ਧਾਰਮਿਕ ਸਮਾਗਮ ਕਰਵਾਇਆ ਗਿਆ ਹੈ।ਵਾਤਾਵਰਣ ਨੂੰ ਬਚਾਉਣ ਲਈ ਬੂਟੇ ਲਗਾਉਣ ਦੀ ਮੁਹਿੰਮ ਵੀ ਵਿੱਢੀ ਗਈ ਹੈ।ਉਨ੍ਹਾਂ ਸੰਗਤ ਨੂੰ ਅਪੀਲ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਪ੍ਰਦੂਸ਼ਣ ਬਹੁਤ ਵੱਡੀ ਸਮੱਸਿਆ ਬਣ ਚੁੱਕਾ ਹੈ, ਇਸ ਲਈ ਸਾਨੂੰ ਸਾਰਿਆਂ ਨੂੰ ਆਪਣੇ ਘਰ, ਖੇਤਾਂ ਵਿੱਚ ਘੱਟੋ-ਘੱਟ ਪੰਜ ਪੰਜ ਬੂਟੇ ਜ਼ਰੂਰ ਲਗਾਉਣੇ ਚਾਹੀਦੇ ਹਨ। ਇਸ ਮੌਕੇ ਸਰਪੰਚ ਹਰਜਿੰਦਰ ਕੌਰ, ਪੰਚ ਬੰਤ ਸਿੰਘ ਦਿਹੜ , ਬਲਜੀਤ ਸਿੰਘ ਬਿੱਲੂ, ਬਿੰਦਰ ਸਿੰਘ ਪਲੰਬਰ, ਗੁਰਪ੍ਰੀਤ ਸਿੰਘ ਗੋਸਾ, ਬਲਜੀਤ ਸਿੰਘ ਦਿਹੜ, ਭੋਲਾ ਸਿੰਘ ਚੁੰਬਰ, ਦਲਜੀਤ ਸਿੰਘ ਲੱਭਾ, ਹਰਦੀਪ ਸਿੰਘ ਦੀਪੀ, ਮਹਿੰਦਰ ਸਿੰਘ, ਰਮਨਦੀਪ ਸਿੰਘ ਰਮਨ, ਡਾ. ਅੰਮ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।



# ਪਰਵਾਰਕ ਵਿਵਾਦ ਦੇ ਚੱਲਦਿਆਂ ਦੋ ਧਿਰਾਂ ਆਹਮਣੋ-ਸਾਹਮਣੇ, ਇੱਕ-ਦੂਜੇ 'ਤੇ ਲੱਗੇ ਦੋਸ਼

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਸ਼ਹਿਰ 'ਚ ਚੱਲ ਰਹੇ ਵਿਵਾਦ ਨੂੰ ਲੈ ਕੇ ਦੋਵੇਂ ਧਿਰਾਂ ਇੱਕ-ਦੂਜੇ ਦੇ ਸਾਹਮਣੇ ਆ ਗਈਆਂ ਹਨ।ਜਦੋਂ ਇਸ ਮਾਮਲੇ ਸਬੰਧੀ ਪਹਿਲੇ ਪੱਖ ਮੰਗਤਰਾਏ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਉਨ੍ਹਾਂ ਨੂੰ ਕੋਰਟ ਵੱਲੋਂ ਸਟੇਅ ਮਿਲਿਆ ਹੋਇਆ ਹੈ ਤੇ ਉਹ ਕਾਨੂੰਨੀ ਤਰੀਕੇ ਨਾਲ ਆਪਣਾ ਪੱਖ ਰੱਖ ਰਹੇ ਹਨ।ਉਧਰ ਦੂਜੇ ਪੱਖ ਜਸਵਿੰਦਰ ਕੁਮਾਰ ਟੀਨੂੰ ਨੇ ਪਹਿਲੇ ਪੱਖ ਦੇ ਦਾਵਿਆਂ ਨੂੰ ਗਲਤ ਕਰਾਰ ਦਿੰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਸ਼ਰੇਆਮ ਕੋਰਟ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੱਚਾਈ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਜਾ ਰਿਹਾ ਹੈ।ਜਸਵਿੰਦਰ ਕੁਮਾਰ ਟੀਨੂੰ ਨੇ ਕਿਹਾ ਮੰਗਤਰਾਏ ਨੇ ਮੈਨੂੰ ਮੇਰੇ ਪਿਊ ਵੱਲੋਂ ਦਿੱਤੀ ਜਾਇਦਾਦ ਇੱਕ ਦੁਕਾਨ ਉੱਪਰ ਚੁਬਾਰੇ ਸੜਕ ਵਾਲੇ ਰਾਹ ਤੇ ਕਬਜ਼ਾ ਕਰਿਆ ਹੋਇਆ ਹੈ ਅਤੇ ਪੜਤਾਲ ਦੀ ਮੰਗ ਕੀਤੀ ਹੈ ਤੇ ਜਸਵਿੰਦਰ ਕੁਮਾਰ ਟੀਨੂੰ ਨੇ ਕਿਹਾ ਕਿ ਮੇਰਾ ਇਸ ਥਾਂ ਵਿੱਚ ਕੋਈ ਲੈਣਾ-ਦੇਣਾ ਨਹੀਂ। ਇਹ ਥਾਂ ਰਜਿੰਦਰ ਸਿੰਘ ਕਾਕਾ ਨੇ ਮੁੱਲ ਖਰੀਦੀ ਹੋਈ ਹੈ, ਪਰ ਮੰਗਤਰਾਏ ਨੇ ਰਾਤ ਨੂੰ ਸਮਾਨ ਰੱਖ ਕੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਹੈ ਤੇ ਅਦਾਲਤ ਨੂੰ ਸ਼ਰੇਆਮ ਗੁੰਮਰਾਹ ਕਰਕੇ ਅਤੇ ਸੱਚਾਈ ਨੂੰ ਤੋੜ ਮਰੋੜ ਕੇ ਪੇਸ਼ ਕੀਤਾ ਜਾ ਰਿਹਾ ਹੈ। ਰਜਿੰਦਰ ਸਿੰਘ ਕਾਕਾ ਦੇ ਪਲਾਂਟ ਤੇ ਮੰਗਤਰਾਏ ਵੱਲੋਂ ਨਜਾਇਜ਼ ਤੌਰ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਹ ਪਲਾਟ ਜਸਵਿੰਦਰ ਕੁਮਾਰ ਟੀਨੂੰ ਨੇ ਕਿਰਾਏ 'ਤੇ ਦਿੱਤਾ ਹੈ। ਜਦੋਂ ਸਵੇਰੇ ਰਜਿੰਦਰ ਸਿੰਘ ਕਾਕਾ ਅਤੇ ਉਨ੍ਹਾਂ ਦਾ ਦਿਹਾੜੀਦਾਰ ਵਿਅਕਤੀ ਪਲਾਟ ਦੀ ਸਫਾਈ ਕਰਨ ਗਏ ਤਾਂ ਮੰਗਤ ਰਾਏ ਅਤੇ ਉਸ ਦੀ ਪਤਨੀ ਅਤੇ ਚਾਰ ਪੰਜ ਵਿਅਕਤੀਆਂ ਵੱਲੋਂ ਉਨ੍ਹਾਂ ਉੱਪਰ ਜਾਨਲੇਵਾ ਹਮਲਾ ਕੀਤਾ ਗਿਆ। ਜਸਵਿੰਦਰ ਕੁਮਾਰ ਟੀਨੂੰ ਨੇ ਆਪਣੇ 'ਤੇ ਲੱਗੇ ਦੋਸ਼ਾਂ ਨੂੰ ਨਕਾਰਿਆ ਹੈ।

# ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਦਿਆਂ ਕੱਚੇ ਤੇ ਠੇਕਾ ਅਧਾਰਤ ਮੁਲਾਜ਼ਮਾਂ ਨੂੰ ਕਰਾਂਗੇ ਰੈਗੂਲਰ : ਚੰਦਨਪ੍ਰੀਤ ਕੌਰ ਅਲਕਾ

**ਮਮਦੋਟ (ਜਸਬੀਰ ਸਿੰਘ ਕੰਬੋਜ)** ਪੰਜਾਬ ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਦਿਆਂ ਹੀ ਕੱਚੇ ਅਤੇ ਠੇਕਾ ਅਧਾਰਿਤ ਸਭ ਕੱਚੇ ਕਰਮਚਾਰੀ ਰੈਗੂਲਰ ਕੀਤੇ ਜਾਣਗੇ। ਇਸ ਗੱਲ ਦਾ ਪ੍ਰਗਟਾਵਾ ਅਧਿਕਾਰ ਸੰਘਰਸ਼ ਪਾਰਟੀ ਦੇ ਹਲਕਾ ਜੀਰਾ ਦੇ ਇੰਚਾਰਜ ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਕੁੱਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨਾਂ ਕਿਹਾ ਕਿ ਮੌਜੂਦਾ ਮਾਨ ਸਰਕਾਰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਨੂੰ ਪੈਨਸ਼ਨ ਅਤੇ ਤਨਖਾਹਾਂ ਸਮੇਂ ਸਿਰ ਦੇਣ ਵਿੱਚ ਅਸਮਰਥ ਰਹੀ ਹੈ ਓਹਨਾ ਕਿਹਾ ਕਿ ਕੇਂਦਰ ਸਰਕਾਰ ਦੇ ਪੈਟਰਨ ਤੇ ਸਮੇਂ ਸਿਰ ਡੀ.ਏ ਜਾਰੀ ਕੀਤਾ ਜਾਇਆ ਕਰੇਗਾ, ਪੁਰਾਣੀ ਪੈਨਸ਼ਨ ਸਕੀਮ ਵੀ ਬਹਾਲ ਕੀਤੀ ਜਾਵੇਗੀ।ਹਲਕਾ ਇੰਚਾਰਜ ਜੀਰਾ ਚੰਦਨਪ੍ਰੀਤ ਅਲਕਾ ਨੇ ਗੱਲ ਨੂੰ ਸਪਸ਼ਟ ਕਰਦਿਆਂ ਕਿਹਾ ਅਸਪਾ ਸਰਕਾਰ ਸਮੇਂ ਵੱਖ ਵੱਖ ਵਿਭਾਗਾਂ ਵਿੱਚ ਭਰਤੀ ਕੀਤੇ ਜਾਣ ਵਾਲੇ ਨਵੇਂ ਮੁਲਾਜ਼ਮਾਂ ਦੀ ਨਿਯੁਕਤੀਆਂ/ ਤੈਨਾਤੀਆਂ ਉਨਾਂ ਦੇ ਪੈਤਰੀ ਜ਼ਿਲਿਆਂ ਵਿੱਚ ਕੀਤੀਆਂ ਜਾਇਆ ਕਰਨਗੀਆਂ ਤਾਂ ਜੁ ਨਵੇਂ ਨਿਯੁਕਤ ਕ੍ਰਮਚਾਰੀਆਂ ਨੂੰ ਕੋਈ ਦਿੱਕਤ ਨਾ ਆਵੇ। ਮਿਸ ਚੰਦਨਪ੍ਰੀਤ ਅਲਕਾ ਨੇ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਬੇਰੁਜ਼ਗਾਰੀ ਤੇ ਗ਼ਰੀਬੀ ਦਾ ਖਾਤਮਾ ਕਰਾਂਗੇ। ਉਨਾਂ ਨੇ ਕਿਹਾ ਕਿ ਆਰਥਿਕ ਤੌਰ ਤੇ ਪੱਛੜੇ ਵਰਗਾਂ ਦੀਆਂ ਗ਼ਰੀਬ ਲੜਕੀਆਂ ਦੇ ਵਿਆਹ ਲਈ ਸ਼ਗਨ ਸਕੀਮ ਤਹਿਤ ਇੱਕ ਲੱਖ ਇਕਵੰਜਾ ਹਜ਼ਾਰ ਰੁਪਏ ਦੀ ਰਾਸ਼ੀ ਵਿਆਹ ਤੋਂ ਇਕ ਮਹੀਨਾ ਪਹਿਲਾਂ ਸਬੰਧਤ ਲੜਕੀ ਦੇ ਪਰਿਵਾਰ ਦੇ ਖਾਤੇ ਵਿੱਚ ਆਨਲਾਈਨ ਜਮ੍ਹਾਂ ਕਰਾ ਦਿੱਤੀ ਜਾਇਆ ਕਰੇਗੀ।ਪੜ੍ਹਾਈ ਦੀ ਘਾਟ ਕਾਰਨ ਆਰਥਿਕ ਤੌਰ 'ਤੇ ਪੱਛੜੀਆਂ ਔਰਤਾਂ ਜੋ ਸਰਕਾਰੀ ਨੌਕਰੀਆਂ ਹਾਸਲ ਨਾ ਕਰ ਸਕੀਆਂ ਤਾਂ ਉਨ੍ਹਾਂ ਨੂੰ 3100/ ਰੁਪਏ ਪ੍ਰਤੀ ਮਹੀਨਾ ਗੁਜ਼ਾਰਾ ਭੱਤਾ ਦਿੱਤਾ ਜਾਵੇਗਾ ਤਾਂ ਜੁ ਉਹ ਆਪਣੇ ਬੱਚਿਆਂ ਦਾ ਪਾਲਣ ਪੋਸ਼ਣ ਸਹੀ ਢੰਗ ਨਾਲ ਕਰ ਸਕਨ।



## ...ਸ.ਫ਼ਾ 1 ਦੇ ਬਾਕੀ

### ਚੀਫ ਜਸਟਿਸ ਵੱਲੋਂ ਵਕੀਲਾਂ...

ਸੁਪਰੀਮ ਕੋਰਟ ਦੀਆਂ ਹਾਲੀਆ ਸੁਣਵਾਈਆਂ ਦੌਰਾਨ ਜ਼ੁਬਾਨੀ ਅਦਾਲਤੀ ਟਿੱਪਣੀਆਂ ਦੀ ਦੁਰਵਰਤੋਂ ਵਿਰੁੱਧ ਵੀ ਕਾਰਵਾਈ ਦੀ ਮੰਗ ਕੀਤੀ ਗਈ ਹੈ। ਇੱਕ ਹੋਰ ਪਟੀਸ਼ਨ ਖਾਸ ਤੌਰ 'ਤੇ ਕਾਕਰੋਚ ਜਨਤਾ ਪਾਰਟੀ ਨੂੰ ਨਿਸ਼ਾਨਾ ਬਣਾਉਂਦੀ ਹੈ, ਜੋ ਕਿ ਇੱਕ ਵਿਅੰਗਮਈ ਇੰਟਰਨੈੱਟ ਲਹਿਰ ਸੋਸ਼ਲ ਮੀਡੀਆ 'ਤੇ ਫਟੀ ਹੈ।

ਇਹ ਵਿਵਾਦ ਚੀਫ ਜਸਟਿਸ ਵੱਲੋਂ ਕਥਿਤ ਜਾਲ੍ਹੀ ਕਾਨੂੰਨ ਡਿਗਰੀਆਂ ਅਤੇ ਸੀਨੀਅਰ ਵਕੀਲ ਅਹੁਦਿਆਂ ਬਾਰੇ ਸੁਣਵਾਈ ਦੌਰਾਨ ਕੀਤੀਆਂ ਗਈਆਂ ਜ਼ੁਬਾਨੀ ਟਿੱਪਣੀਆਂ ਤੋਂ ਪੈਦਾ ਹੋਇਆ ਹੈ। ਚੀਫ ਜਸਟਿਸ ਨੇ ਕਿਹਾ ਸੀ ਕਿ ਕੁਝ ਬੇਰੁਜ਼ਗਾਰ ਨੌਜਵਾਨ ਮੀਡੀਆ, ਸੋਸ਼ਲ ਮੀਡੀਆ ਸਰਗਰਮੀ ਅਤੇ ਆਰ ਟੀ ਆਈ ਮੁਹਿੰਮਾਂ ਰਾਹੀਂ ਸੰਸਥਾਵਾਂ 'ਤੇ ਹਮਲਾ ਕਰਨ ਲਈ ਕਾਕਰੋਚ ਵਰਗੇ ਬਣ ਜਾਂਦੇ ਹਨ। ਇਸ ਦਾ ਤੁਰੰਤ ਆਨਲਾਈਨ ਵਿਰੋਧ ਹੋਇਆ ਅਤੇ ਬਹੁਤ ਸਾਰੇ ਸੋਸ਼ਲ ਮੀਡੀਆ ਉਪਭੋਗਤਾਵਾਂ ਨੇ ਨਿਆਂ ਪਾਲਿਕਾ 'ਤੇ ਬੇਰੁਜ਼ਗਾਰ ਨੌਜਵਾਨਾਂ ਦਾ ਅਪਮਾਨ ਕਰਨ ਦਾ ਦੋਸ਼ ਲਾਇਆ।

### ਗੁਰਦੀਪ ਸਿੰਘ ਸੰਘਵਾਲ ਨੂੰ ਵੱਖ-ਵੱਖ ਆਗੂਆਂ...

ਜਥੇਬੰਦੀਆਂ, ਸਮਾਜਿਕ, ਰਾਜਨੀਤਿਕ ਪਾਰਟੀਆਂ ਦੇ ਆਗੂ ਅਤੇ ਸੰਤ ਮਹਾਂਪੁਰਸ਼ ਜਿਨ੍ਹਾਂ ਵਿੱਚ ਸੰਤ ਨਿਰਮਲ ਦਾਸ ਜੀ ਬਾਬੇ ਜੌੜੇ, ਵਿਧਾਇਕ ਰਾਣਾ ਗੁਰਜੀਤ ਸਿੰਘ, ਵਿਧਾਇਕ ਸੁਖਵਿੰਦਰ ਕੋਟਲੀ, ਸਾਬਕਾ ਮੈਂਬਰ ਪਾਰਲੀਮੈਂਟ ਸੁਸ਼ੀਲ ਕੁਮਾਰ ਰਿੰਕੂ, ਸਾਬਕਾ ਕੈਬਨਿਟ ਮੰਤਰੀ ਮਹਿੰਦਰ ਸਿੰਘ ਕੇਪੀ, ਸੇਵਾ ਮੁਕਤ ਐੱਸ ਐੱਸਪੀ ਰਜਿੰਦਰ ਸਿੰਘ, ਸਾਬਕਾ ਵਿਧਾਇਕ ਚੌਧਰੀ ਸੁਰਿੰਦਰ ਸਿੰਘ, ਸਿੱਖ ਵਿਦਵਾਨ ਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ, ਜਥੇਦਾਰ ਰਣਜੀਤ ਸਿੰਘ ਕਾਹਲੋਂ ਮੈਂਬਰ ਐੱਸ ਜੀ ਪੀ ਸੀ, ਪਰਮਜੀਤ ਸਿੰਘ ਰਾਏਪੁਰ ਮੈਂਬਰ ਐੱਸ ਜੀ ਪੀ ਸੀ, ਸਾਬਕਾ ਸਰਪੰਚ ਮਲਕੀਤ ਸਿੰਘ ਦੌਲਤਪੁਰ, ਸਾਬਕਾ ਚੇਅਰਮੈਨ ਰਜਿੰਦਰਪਾਲ ਸਿੰਘ ਰਾਣਾ ਰੰਧਾਵਾ, ਗੋਰਾ ਗਿੱਲ, ਕਾਂਗਰਸੀ ਆਗੂ ਮੁਕੰਦਰ ਲਾਲ ਆਦਿ ਵੱਲੋਂ ਸ਼ਰਧਾਂਜਲੀਆਂ ਭੇਟ ਕਰਦਿਆਂ ਕਿਹਾ ਕਿ ਜਿਹੜੇ ਇਨਸਾਨ ਸਵ. ਗੁਰਦੀਪ ਸਿੰਘ ਵਾਂਗ ਦੂਸਰਿਆਂ ਦੇ ਦੁੱਖ ਸੁੱਖ ਵਿੱਚ ਕੰਮ ਆਉਂਦੇ ਹਨ ਲੋਕ ਹਮੇਸ਼ਾ ਉਹਨਾਂ ਨੂੰ ਰਹਿੰਦੀ ਦੁਨੀਆਂ ਤੱਕ ਯਾਦ ਰੱਖਦੇ ਹਨ। ਸਮਾਗਮ ਦੇ ਅੰਤ ਵਿੱਚ ਵਿਧਾਇਕ ਸੁਖਵਿੰਦਰ ਕੋਟਲੀ, ਤਰਲੋਕ ਸਿੰਘ ਕਨੇਡਾ, ਦਾਤਾਰ ਸਿੰਘ ਕਨੇਡਾ, ਡਾ. ਜਸਬੀਰ ਕੌਰ ਗਿੱਲ ਨਾਨਕ ਸਿੰਘ ਕੈਨੇਡਾ , ਡਾ. ਗੁਰਬੀਰ ਸਿੰਘ ਗਿੱਲ, ਗੁਰਜੀਤ ਸਿੰਘ ਯੂ ਐੱਸ ਏ ਵੱਲੋਂ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਕਾਂਗਰਸੀ ਆਗੂ ਅਸ਼ਵਨ ਭੱਲਾ, ਬਲਾਕ ਪ੍ਰਧਾਨ ਰਣਦੀਪ ਸਿੰਘ ਰਾਣਾ, ਰਾਜਿੰਦਰ ਸਿੰਘ ਮੰਡ, ਸਾਬਕਾ ਸਰਪੰਚ ਪ੍ਰਦੀਪ ਕੁਮਾਰ ਦੀਪਾ, ਨੰਬਰਦਾਰ ਜਤਿੰਦਰਪਾਲ ਸਿੰਘ ਢਿੱਲੋਂ ਦੁੱਗਰੀ, ਸਾਬਕਾ ਸਰਪੰਚ ਰਾਜੇਸ਼ ਕੁਮਾਰ ਸਰਮਸਤਪੁਰ, ਜਸਪਾਲ ਸਿੰਘ ਢਿੱਲੋਂ ਕਿਸ਼ਨਗੜ੍ਹ, ਸਾਬਕਾ ਚੇਅਰਮੈਨ ਗੁਰਦਿਆਲ ਸਿੰਘ ਨਿੱਝਰ, ਅਮਨਦੀਪ ਸਿੰਘ ਬਿੱਟਾ, ਮਨਦੀਪ ਸਿੰਘ ਮੰਨਾ ਮਝੈਲ, ਮਨਦੀਪ ਸਿੰਘ ਮੰਨਾ ਤਲਵੰਡੀ, ਪ੍ਰੋਫੈਸਰ ਸਵਿਤਾ ਤਿਵਾੜੀ, ਭੈਣ ਸੰਤੋਸ਼ ਕੁਮਾਰੀ, ਹਨੀ ਜੋਸ਼ੀ ਮਲਕੀਤ ਸਿੰਘ ਲਾਲੀ ਨਿਜ਼ਾਮਦੀਨਪੁਰ, ਦਲਵੀਰ ਸਿੰਘ ਮਾਹਲ, ਡਾਇਰੈਕਟਰ ਸਰਦੂਲ ਸਿੰਘ ਬੂਟਾ, ਨੰਬਰਦਾਰ ਜ਼ੋਰਾਵਰ ਸਿੰਘ, ਜਸਕਰਨ ਸਿੰਘ ਸ਼ਾਲੂ, ਡਾ. ਪ੍ਰਗਟ ਸਿੰਘ, ਮਨਿੰਦਰ ਸਿੰਘ ਮੱਪੀ, ਸੁੱਖਾ ਨਿਊਜ਼ੀਲੈਂਡ, ਹਰਮਨਦੀਪ ਸਿੰਘ ਕਿੰਮੀ, ਕਰਮਜੀਤ ਸਿੰਘ ਨੀਟਾ, ਮੈਂਬਰ ਪੰਚਾਇਤ ਜਗਦੀਸ਼ ਸਿੰਘ, ਨੰਬਰਦਾਰ ਇੰਦਰਜੀਤ ਸਿੰਘ ਬਿੱਲੂ, ਇਕਬਾਲ ਸਿੰਘ ਖਾਲਸਾ, ਜਸਵੰਤ ਸਿੰਘ ਬਿੱਲਾ, ਨਾਨਕ ਸਿੰਘ ਕਨੇਡਾ, ਸਤਨਾਮ ਸਿੰਘ ਆਸਟਰੇਲੀਆ, ਜਸਪ੍ਰੀਤ ਸਿੰਘ ਚਾਹਲ, ਪਹਿਲਵਾਨ ਹਰਭਜਨ ਸਿੰਘ, ਸੁਖਜਿੰਦਰ ਸਿੰਘ ਖਾਲਸਾ, ਸਾਬਕਾ ਸਰਪੰਚ ਬਲਵੀਰ ਸਿੰਘ, ਬਲਾਕ ਪ੍ਰਧਾਨ ਪਰਮਿੰਦਰ ਸਿੰਘ ਮੱਲੀ, ਉਂਕਾਰ ਸਿੰਘ ਦੌਲਤਪੁਰ, ਗੁਰਬਖਸ਼ ਸਿੰਘ ਨੌਗੱਜਾ, ਬਲਾਕ ਪ੍ਰਧਾਨ ਅਮਰਜੀਤ ਸਿੰਘ ਕੰਗ, ਗੁਰਮੀਤ ਸਿੰਘ ਨੌਗੱਜਾ, ਕਿਸਾਨ ਆਗੂ ਬਲਵਿੰਦਰ ਸਿੰਘ ਮੱਲੀ ਨੰਗਲ, ਡਾ, ਦੇਵ ਰਾਜ ਹਰਵਿੰਦਰਪਾਲ ਸਿੰਘ ਡੱਲੀ, ਬਾਬਾ ਲਖਵਿੰਦਰ ਸਿੰਘ ਮੁਖੀ ਤਰਨਾ ਦਲ ਚੌਲਾਂਗ, ਬਾਬਾ ਜੈਪਾਲ, ਮੁੱਖ ਗ੍ਰੰਥੀ ਗੁਰਮੀਤ ਸਿੰਘ, ਨੰਬਰਦਾਰ ਹਰਜੀਤ ਸਿੰਘ ਦਾਸੂਪੁਰ, ਗੋਪੀ ਸ਼ਿਵਦਾਸਪੁਰ, ਗੁਰਨਾਮ ਸਿੰਘ ਗਾਮਾ, ਦਿਲਬਾਗ ਸਿੰਘ ਬਾਗੀ, ਰਾਜੇਸ਼ ਕੁਮਾਰ ਚੌਹਾਨ, ਅਵਤਾਰ ਸਿੰਘ ਦਿਓਲ, ਸਾਬਕਾ ਸਰਪੰਚ ਪਰਮਜੀਤ ਕੁਮਾਰ ਕਿਸ਼ਨਗੜ੍ਹ, ਨੰਬਰਦਾਰ ਗੁਰਮਿੰਦਰ ਸਿੰਘ ਕਿਸ਼ਨਪੁਰ, ਸਾਧੂ ਸਿੰਘ ਕੰਗ, ਇੰਸ. ਸੁਖਜੀਤ ਸਿੰਘ ਬੈਂਸ, ਏ ਐੱਸ ਆਈ ਬਲਵੀਰ ਸਿੰਘ ਬੁੱਟਰ, ਸਰਪੰਚ ਹਰਜਿੰਦਰ ਸਿੰਘ ਧੋਗੜੀ, ਸਰਪੰਚ ਮੁਕੇਸ਼ ਚੰਦਰ ਰਾਣੀ ਭੱਟੀ, ਮਨੀ ਬਿਰਲਾ, ਦਵਿੰਦਰ ਸਿੰਘ ਮਿੰਟਾ, ਨਿਰਮਲ ਸਿੰਘ ਕਾਲਾ ਬੱਕਰਾ, ਬਲਵੀਰ ਸਿੰਘ ਸਾਭਾ, ਬਲਵੀਰ ਸਿੰਘ ਸਿੰਘਾਪੁਰੀਆ, ਨੰਬਰਦਾਰ ਰਸਪਾਲ ਸਿੰਘ ਫੁੱਲ, ਸਰਪੰਚ ਗੁਰਬਖਸ਼ ਸਿੰਘ ਸਵਾਮੀ, ਸਾਬਕਾ ਸਰਪੰਚ ਭਾਗ ਰਾਮ ਸੰਘਵਾਲ ਆਦਿ ਵਿਸ਼ੇਸ਼ ਤੌਰ 'ਤੇ ਪਹੁੰਚੇ।

# ਵੋਟਰ ਅੱਜ ਚੁਣਨਗੇ ਆਪਣੇ-ਆਪਣੇ ਵਾਰਡ ਦੇ ਕੌਂਸਲਰ

**ਕੋਟ ਈਸੇ ਖਾਂ (ਅਰੋੜਾ)** ਨਗਰ ਪੰਚਾਇਤ ਦੇ 13 ਵਾਰਡਾਂ ਦੀਆਂ ਚੋਣਾਂ ਅਲੱਗ-ਅਲੱਗ ਬੂਥਾਂ 'ਤੇ ਹੋਣਗੀਆਂ ਅਤੇ ਵੋਟਰ ਆਪਣੀ ਵੋਟ ਦਾ ਇਸਤੇਮਾਲ ਕਰਕੇ ਆਪਣਾ ਨਵਾਂ ਕੌਂਸਲਰ ਚੁਣਨਗੇ।13 ਵਾਰਡਾਂ ਵਿੱਚ ਹਰੇਕ ਪਾਰਟੀ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਪਾਰਟੀ, ਭਾਰਤੀ ਜਨਤਾ ਪਾਰਟੀ ਤੇ ਆਜ਼ਾਦ ਉਮੀਦਵਾਰ ਵੀ ਮੈਦਾਨ ਵਿੱਚ ਉਤਰੇ ਹਨ ਅਤੇ ਸਾਰੇ ਹੀ ਉਮੀਦਵਾਰਾਂ ਵੱਲੋਂ ਆਪਣੇ ਵੋਟਰਾਂ ਤੇ ਸਪੋਰਟਰਾਂ ਨੂੰ ਨਾਲ ਲੈ ਕੇ ਆਪਣੇ ਤਰੀਕਿਆਂ ਨਾਲ ਚੋਣ ਪ੍ਰਚਾਰ ਕੀਤਾ ਗਿਆ, ਜਿਸ ਨੂੰ ਲੈ ਕੇ ਉਮੀਦਵਾਰਾਂ, ਵੋਟਰਾਂ ਤੇ ਸਮਰਥਕਾਂ ਵਿਚ ਕਾਫੀ ਉਤਸ਼ਾਹ ਵੇਖਣ ਨੂੰ ਮਿਲਿਆ।

ਸ਼ਹਿਰ ਅੰਦਰ 13 ਪੋਲਿੰਗ ਬੂਥ ਬਣਾਏ ਗਏ ਹਨ, ਜਿੱਥੇ ਜਾ ਕੇ ਵੋਟਰ ਆਪਣੀ ਵੋਟ ਕਾਸਟ ਕਰਨਗੇ।ਵੋਟਿੰਗ ਪ੍ਰਕਿਰਿਆ ਨੂੰ ਲੈ ਕੇ ਚੋਣ ਅਮਲੇ ਵੱਲੋਂ ਪੂਰੀ ਤਿਆਰੀ ਕੀਤੀ ਗਈ ਹੈ।ਪੁਲਸ ਪ੍ਰਸ਼ਾਸਨ ਵੱਲੋਂ ਵੀ ਇਸ ਦੀ ਪੁਖਤਾ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ।ਵੋਟਾਂ ਦੇ ਨਤੀਜੇ 29 ਮਈ ਨੂੰ ਘੋਸ਼ਿਤ ਕੀਤੇ ਜਾਣਗੇ, ਜਿਸ ਦਾ ਵੀ ਸ਼ਹਿਰ ਵਾਸੀਆਂ ਨੂੰ ਇੰਤਜ਼ਾਰ ਰਹੇਗਾ।ਅਖੀਰ ਉਮੀਦਵਾਰਾਂ ਵੱਲੋਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਵੋਟਰ ਆਪਣਾ ਫ਼ਰਜ਼ ਤੇ ਡਿਊਟੀ ਸਮਝਦੇ ਹੋਏ ਆਪਣੀ ਇੱਕ ਇੱਕ ਵੋਟ ਦਾ ਇਸਤੇਮਾਲ ਬਿਨਾਂ ਕਿਸੇ ਵੀ ਡਰ ਅਤੇ ਲਾਲਚ ਤੋਂ ਬਗ਼ੈਰ ਕਰੇ, ਕਿਉਂਕਿ ਚੋਣਾਂ ਪੰਜ ਸਾਲਾਂ ਬਾਅਦ ਆਉਂਦੀਆਂ ਹਨ ਤੇ ਇੱਕ ਸਹੀ ਫੈਸਲਾ ਵਾਰਡ ਦੇ ਭਵਿੱਖ ਨੂੰ ਬਦਲ ਸਕਦਾ ਹੈ।ਵੋਟ ਹਮੇਸ਼ਾ ਉਸ ਉਮੀਦਵਾਰ ਨੂੰ ਦੇਣੀ ਚਾਹੀਦੀ ਹੈ ਜੋ ਲੋਕਾਂ ਦੇ ਦੁੱਖ-ਸੁੱਖ ਵਿੱਚ ਖੜ੍ਹਾ ਰਹੇ ਅਤੇ ਹਰ ਸਮੇਂ ਵਾਰਡ ਵਾਸੀਆਂ ਦੀ ਸੇਵਾ ਲਈ ਤਿਆਰ ਰਹੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਮੁੱਖ ਮੰਤਰੀ ਪੰਜਾਬ ਵੱਲੋਂ ਫੈਂਸਿੰਗ ਖਿਡਾਰੀ ਵਰਿੰਦਰ ਸਿੰਘ ਜੌਹਲ ਦਾ ਮਹਾਰਾਜਾ ਰਣਜੀਤ ਸਿੰਘ ਐਵਾਰਡ ਨਾਲ ਸਨਮਾਨ

**ਧਾਰੀਵਾਲ, (ਮਨਦੀਪ ਵਿੱਕੀ)**

ਪੰਜਾਬ ਸਰਕਾਰ ਵਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਗੋਲਡ ਮੈਡਲਿਸਟ ਫੈਂਸਿੰਗ ਖਿਡਾਰੀ ਵਰਿੰਦਰ ਸਿੰਘ ਜੌਹਲ ਨੂੰ ਮਹਾਰਾਜਾ ਰਣਜੀਤ ਸਿੰਘ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਪੰਜਾਬ ਸਰਕਾਰ ਵੱਲੋਂ ਖੇਡਾਂ ਦੇ ਖੇਤਰ ਵਿੱਚ ਵੱਕਾਰੀ ਅਤੇ ਸਰਵਉੱਚ ਲਾਈਫ ਟਾਈਮ ਅਚੀਵਮੈਂਟ ਅਵਾਰਡ ਹੈ ਜਿਸ ਵਿੱਚ 5 ਲੱਖ ਰੁਪਏ ਦੀ ਰਾਸ਼ੀ ਵੀ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਵਿਧਾਨ ਸਭਾ ਹਲਕਾ ਕਾਦੀਆਂ (ਜ਼ਿਲ੍ਹਾ ਗੁਰਦਾਸਪੁਰ) ਦੇ ਪਿੰਡ ਡੇਹਰੀਵਾਲ ਦਰੋਗਾ ਵਾਸੀ ਨਿਰਮਲ ਸਿੰਘ ਨੰਬਰਦਾਰ ਦਾ ਹੋਣਹਾਰ ਸਪੁੱਤਰ ਵਰਿੰਦਰ ਸਿੰਘ ਜੌਹਲ ਛੋਟੀ ਉਮਰੇ ਫੈਂਸਿੰਗ ਖੇਡ ਦਾ ਉੱਚਕੋਟੀ ਦਾ ਖਿਡਾਰੀ ਹੋਣ ਸਦਕਾ ਸਾਢੇ ਸਤਾਰਾਂ ਸਾਲ ਦੀ ਉਮਰ ਵਿੱਚ ਇੰਡੀਅਨ ਨੇਵੀ ਵਿੱਚ ਪੈਟੀ ਅਫਸਰ ਭਰਤੀ ਹੋਇਆ ਸੀ, ਜੋ ਇਸ ਸਮੇਂ 30 ਸਾਲ ਦੀ ਉਮਰੇ ਇੰਡੀਅਨ ਨੇਵੀ ਵਿੱਚ ਮਾਸਟਰ ਪੈਟੀ ਅਫਸਰ ਹੈ। ਉਸਨੇ ਫੈਂਸਿੰਗ ਖੇਡ ਵਿੱਚ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਅਨੇਕਾਂ ਸੋਨ ਤਗਮੇਂ ਜਿੱਤੇ ਅਤੇ ਫੈਂਸਿੰਗ ਦਾ ਗੋਲਡ ਮੈਡਲਿਸਟ ਖਿਡਾਰੀ ਹੈ। ਮਹਾਰਾਜਾ ਰਣਜੀਤ ਸਿੰਘ ਐਵਾਰਡ ਪ੍ਰਾਪਤ ਖਿਡਾਰੀ ਵਰਿੰਦਰ ਸਿੰਘ ਜੌਹਲ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਪੰਜਾਬ ਸਰਕਾਰ, ਖੇਡ ਵਿਭਾਗ ਵਲੋਂ ਚੰਡੀਗੜ੍ਹ ਦੇ ਸੈਕਟਰ-35-ਏ ਵਿਖੇ ਮਿਊਂਸਿਪਲ ਭਵਨ ਵਿੱਚ ਆਯੋਜਿਤ ਮਹਾਰਾਜਾ ਰਣਜੀਤ ਸਿੰਘ ਐਵਾਰਡ ਸਨਮਾਨ ਸਮਾਰੋਹ ਦੌਰਾਨ ਉਨ੍ਹਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੁਆਰਾ ਮਹਾਰਾਜਾ ਰਣਜੀਤ ਸਿੰਘ ਐਵਾਰਡ ਦੇ ਕੇ ਸਨਮਾਨਿਤ ਗਿਆ। ਇਹ ਐਵਾਰਡ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਖੇਡਾਂ ਦੇ ਉੱਚਕੋਟੀ ਦੇ ਖਿਡਾਰੀਆਂ ਨੂੰ ਦਿੱਤਾ ਜਾਂਦਾ ਹੈ। ਵਰਿੰਦਰ ਸਿੰਘ ਜੌਹਲ ਨੇ ਕਿਹਾ 30 ਸਾਲ ਦੀ ਉਮਰ ਵਿੱਚ ਪੰਜਾਬ ਰਾਜ ਦਾ ਸਭ ਤੋਂ ਵੱਡਾ ਐਵਾਰਡ ਮਿਲਣਾ ਉਸ ਲਈ ਬੜੇ ਮਾਣ ਵਾਲੀ ਗੱਲ ਹੈ। ਖਿਡਾਰੀ ਵਰਿੰਦਰ ਸਿੰਘ ਜੌਹਲ ਨੂੰ ਮਹਾਰਾਜਾ ਰਣਜੀਤ ਸਿੰਘ ਐਵਾਰਡ ਮਿਲਣ 'ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਪਿੰਡ ਡੇਹਰੀਵਾਲ ਦਰੋਗਾ ਦੇ ਸਰਪੰਚ ਜਗਤਾਰ ਸਿੰਘ, ਮਨਿੰਦਰਪਾਲ ਸਿੰਘ ਘੁੰਮਣ ਆਦਿ ਆਗੂਆਂ ਸਮੇਤ ਪਿੰਡ ਤੇ ਇਲਾਕਾ ਵਾਸੀਆਂ ਨੇ ਖਿਡਾਰੀ ਵਰਿੰਦਰ ਸਿੰਘ ਦੇ ਪਿਤਾ ਨਿਰਮਲ ਸਿੰਘ ਨੰਬਰਦਾਰ ਅਤੇ ਪਰਿਵਾਰਕ ਮੈਂਬਰਾਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ।



# ਕੁੱਟਮਾਰ ਕਰਕੇ ਜ਼ਖ਼ਮੀ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕੁਟਮਾਰ ਕਰਨ ਦੇ ਦੋਸ਼ਾਂ ਹੇਠ ਕੁਝ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਬਰਿੰਦਰ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਗੋਹਤ ਪੋਖਰ ਨੇ ਦੱਸਿਆ ਕਿ 16 ਮਈ ਨੂੰ ਉਹ ਆਪਣੇ ਸਹੁਰੇ ਪਿੰਡ ਬਹਾਦਰ ਤੋਂ ਆਪਣੀ ਗੱਡੀ 'ਤੇ ਸਵਾਰ ਹੋ ਕੇ ਆਪਣੇ ਪਿੰਡ ਗੋਹਤ ਪੋਖਰ ਨੂੰ ਜਾ ਰਿਹਾ ਸੀ ਕਿ ਰਾਤ 7 ਵਜੇ ਦੇ ਕਰੀਬ ਜਦੋਂ ਉਹ ਨਵਾਂ ਪਿੰਡ ਬਹਾਦਰ ਨੇੜੇ ਮੰਦਿਰ ਬਾਬਾ ਢੇਰੂਆਣਾ ਸਾਹਿਬ ਪੁੱਜਾ ਤਾਂ ਰਸਤੇ ਵਿਚ ਇਕ ਸਕੂਟਰੀ ਖੜੀ ਸੀ। ਗੱਡੀ ਨੂੰ ਨਿਕਲਣ ਦਾ ਰਸਤਾ ਨਾ ਹੋਣ ਕਰਕੇ ਪੀੜਤ ਵੱਲੋਂ ਹਾਰਨ ਮਾਰਨ 'ਤੇ ਦੁਕਾਨ ਘੋਤੜਾ ਜਨਰਲ ਸਟੋਰ ਵਿੱਚੋਂ ਕੁਝ ਵਿਅਕਤੀ ਬਾਹਰ ਨਿਕਲੇ ਅਤੇ ਕਿਹਾ ਤੂੰ ਸਾਡੀ ਸਕੂਟਰੀ ਵਿੱਚ ਗੱਡੀ ਮਾਰੀ ਹੈ। ਇਸ ਗੱਲ ਤੋਂ ਕਥਿਤ ਸੁਖਵਿੰਦਰ ਸਿੰਘ ਪੁੱਤਰ ਵਰਸਾ ਸਿੰਘ, ਤਲਵਿੰਦਰ ਕੌਰ ਪਤਨੀ ਸੁਖਵਿੰਦਰ ਸਿੰਘ, ਗੁਰਵਿੰਦਰ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਨਵਾਂ ਪਿੰਡ ਬਹਾਦਰ ਨੇ ਸੱਟਾਂ ਮਾਰ ਕੇ ਮੈਨੂੰ ਜ਼ਖ਼ਮੀ ਕਰ ਦਿੱਤਾ। ਪੁਰਾਣਾ ਸ਼ਾਲਾ ਪੁਲਸ ਨੇ ਪੀੜਤ ਦੇ ਬਿਆਨਾਂ 'ਤੇ ਕੁੱਟਮਾਰ ਕਰਕੇ ਜ਼ਖ਼ਮੀ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਅਧਿਆਪਕਾਂ ਨੂੰ ਗੈਰ-ਵਿੱਦਿਅਕ ਕੰਮਾਂ 'ਚ ਉਲਝਾਉਣਾ ਗੈਰ-ਵਾਜਿਬ : ਜੀ ਟੀ ਯੂ

**ਛੇਹਰਟਾ/ਖਾਸਾ/ਖਡੂਰ ਸਾਹਿਬ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ/ਸਰਬਜੋਤ ਸਿੰਘ ਸੰਧਾ)** : ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਵਿਚ ਪੜ੍ਹਾ ਰਹੇ ਅਧਿਆਪਕਾਂ ਨੂੰ ਵੱਖ-ਵੱਖ ਗੈਰ-ਵਿੱਦਿਅਕ ਕੰਮਾਂ ਮਰਦਮਸ਼ੁਮਾਰੀ, ਬੀਐੱਲਓ ਡਿਊਟੀ, ਹੈੱਲਥ ਕਾਰਡ ਬਣਾਉਣਾ, ਤੀਰਥ ਯਾਤਰਾ ਪ੍ਰੋਗਰਾਮ ਆਦਿ ਕੰਮਾਂ ਵਿਚ ਵੱਖ-ਵੱਖ ਪੱਧਰਾਂ 'ਤੇ ਲਗਾਇਆ ਗਿਆ ਹੈ। ਇਸ ਨਾਲ ਸਕੂਲਾਂ ਦਾ ਬਹੁਤ ਵੱਡੀ ਗਿਣਤੀ ਵਿਚ ਸਟਾਫ ਬੱਚਿਆਂ ਨੂੰ ਪੜ੍ਹਾਉਣ ਦੀ ਬਜਾਏ ਇਨ੍ਹਾਂ ਗੈਰ-ਵਿੱਦਿਅਕ ਕੰਮਾਂ ਵਿਚ ਉਲਝ ਕੇ ਰਹਿ ਗਿਆ ਹੈ। ਅਧਿਆਪਕਾਂ 'ਤੇ ਗੈਰ-ਵਿੱਦਿਅਕ ਕੰਮਾਂ ਦੇ ਬੋਝ ਦੀ ਅੱਤ ਹੈ ਕਿ ਇਕ ਪਾਸੇ ਪ੍ਰਸ਼ਾਸਨ ਮਰਦਮਸ਼ੁਮਾਰੀ ਦਾ ਕੰਮ ਘੱਟ ਹੋਣ ਕਾਰਨ ਤਨਖਾਹ ਰੋਕਣ ਦੀ ਧਮਕੀ ਦੇ ਰਿਹਾ ਹੈ ਤੇ ਦੂਜੇ ਪਾਸੇ ਨਗਰ ਕੌਂਸਲਾਂ ਦੀਆਂ ਚੋਣਾਂ ਵਿਚ ਗੈਰ-ਹਾਜ਼ਰੀ ਕਾਰਨ ਐੱਫਆਈਆਰ ਕਰਾਉਣ ਦੀਆਂ ਚਿੱਠੀਆਂ ਕੱਢ ਰਿਹਾ ਹੈ। ਇਸ ਨਾਲ ਅਧਿਆਪਕਾਂ ਦੀ ਮਾਨਸਿਕ ਸਿਹਤ 'ਤੇ ਬੁਰਾ ਅਸਰ ਪੈਂਦਾ ਹੈ। ਇਸ ਸਬੰਧੀ ਬਿਆਨ ਜਾਰੀ ਕਰਦੇ ਹੋਏ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਅੰਮ੍ਰਿਤਸਰ ਦੇ ਪ੍ਰਧਾਨ ਬਲਜਿੰਦਰ ਵਡਾਲੀ, ਸਕੱਤਰ ਰਾਕੇਸ਼ ਧਵਨ, ਦਿਨੇਸ਼ ਹੁਸ਼ਿਆਰ ਨਗਰ, ਵਰਿੰਦਰ ਕਲੇਰ, ਮਨਪ੍ਰੀਤ ਖ਼ਾਸਾ, ਜਸਬੀਰ ਜਠੌਲ, ਕੁਲਦੀਪ ਸ਼ਰਮਾ, ਧਰਮਿੰਦਰ ਛੀਨਾ, ਸੁਖਚੈਨ ਸਿੰਘ, ਮਨਦੀਪ ਕੌਰ, ਜਗਦੀਪ ਮਧੇਪੁਰ, ਨੀਲਮ ਸ਼ਰਮਾ ਤੇ ਸੂਬਾ ਆਗੂ ਜਿੰਦਰ ਪਾਇਲਟ ਨੇ ਸੂਬਾ ਸਰਕਾਰ ਦੇ ਅਧਿਆਪਕਾਂ ਪ੍ਰਤੀ ਇਸ ਵਤੀਰੇ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਆਗੂਆਂ ਵੱਲੋਂ ਦੱਸਿਆ ਗਿਆ ਕਿ ਸਕੂਲਾਂ ਦੇ ਅਧਿਆਪਕਾਂ ਨੂੰ ਗੈਰ-ਵਿੱਦਿਅਕ ਕੰਮਾਂ ਵਿਚ ਉਲਝਾਉਣ ਤੋਂ ਬਾਅਦ ਸਿੱਖਿਆ ਵਿਭਾਗ ਵੱਲੋਂ ਨਵਾਂ ਪੱਤਰ ਜਾਰੀ ਕਰ ਕੇ ਵੱਖ-ਵੱਖ ਗਤੀਵਿਧੀਆਂ, ਕਿਰਿਆਵਾਂ ਤੇ ਸਕੂਲ ਮੈਨੇਜਮੈਂਟ ਕਮੇਟੀ ਦੀ ਮੀਟਿੰਗਾਂ ਆਦਿ ਕਰਵਾਉਣ ਲਈ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ। ਆਗੂਆਂ ਨੇ ਦੋਸ਼ ਲਗਾਇਆ ਕਿ ਜਦੋਂ ਹੁਣ ਸਕੂਲਾਂ ਵਿਚ ਸਟਾਫ ਦੀ ਬਹੁਤ ਵੱਡੀ ਕਮੀ ਹੈ ਤੇ ਅਧਿਆਪਕ ਗੈਰ-ਵਿੱਦਿਅਕ ਕੰਮਾਂ ਵਿਚ ਉਲਝੇ ਹੋਏ ਹਨ ਤਾਂ ਅਜਿਹੇ ਸਮੇਂ ਅਜਿਹੀਆਂ ਵੱਖ-ਵੱਖ ਗਤੀਵਿਧੀਆਂ ਕਰਵਾਉਣੀਆਂ ਗੈਰ-ਵਾਜਿਬ ਹੈ। ਜਦੋਂ ਕਿ ਵਿਦਿਆਰਥੀਆਂ ਦਾ ਸਿਲੇਬਸ ਤੇ ਪੜ੍ਹਾਈ ਪਹਿਲਾਂ ਹੀ ਸਕੂਲ ਵਿਚ ਸਟਾਫ ਦੀ ਘਾਟ ਕਾਰਨ ਬਹੁਤ ਪ੍ਰਭਾਵਿਤ ਹੋ ਰਹੀ ਹੈ। ਜਥੇਬੰਦੀ ਮੰਗ ਕਰਦੀ ਹੈ ਕਿ ਅਧਿਆਪਕਾਂ ਨੂੰ ਸਿਰਫ਼ ਪੜ੍ਹਾਉਣ ਦਾ ਕੰਮ ਹੀ ਦਿੱਤਾ ਜਾਵੇ ਤੇ ਵੱਖ-ਵੱਖ ਤਰ੍ਹਾਂ ਦੇ ਗੈਰ-ਵਿੱਦਿਅਕ ਕੰਮਾਂ ਵਿਚੋਂ ਅਧਿਆਪਕਾਂ ਦੀਆਂ ਸਾਰੀਆਂ ਡਿਊਟੀਆਂ ਕੱਟੀਆਂ ਜਾਣ, ਤਾਂ ਜੋ ਅਮਲੀ ਰੂਪ ਵਿਚ ਵਿਦਿਆਰਥੀਆਂ ਦੀ ਸਿੱਖਿਆ ਵਿਚ ਗੁਣਾਤਮਕ ਸੁਧਾਰ ਹੋ ਸਕੇ। ਇਸ ਮੌਕੇ ਰਾਜੇਸ਼ ਮਾਹਲ, ਅਮਨ ਕ੍ਰਾਂਤੀ, ਕੁਨਾਲ ਭੱਲਾ, ਸ਼ਾਮ ਲਾਲ, ਮੁਖਤਾਰ ਨਾਰਲੀ, ਗੁਰਵਿੰਦਰ ਰੰਧਾਵਾ ਆਦਿ ਮੌਜੂਦ ਸਨ।



# ਸਾਬਕਾ ਰਾਜ ਸਭਾ ਮੈਂਬਰ ਰਾਜ ਮਹਿੰਦਰ ਸਿੰਘ ਮਜੀਠਾ, ਹੇਮਇੰਦਰ ਸਿੰਘ ਤੇ ਸੁਖਦੀਪ ਸਿੰਘ ਗਿੱਲ ਆਪ 'ਚ ਸ਼ਾਮਲ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਵਿਧਾਨ ਸਭਾ ਹਲਕਾ ਮਜੀਠਾ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵਕਤ ਵੱਡਾ ਝਟਕਾ ਲੱਗਾ ਜਦੋਂ ਸਾਬਕਾ ਸਾਬਕਾ ਵਿਧਾਇਕ ਮਜੀਠਾ, ਸਰਪ੍ਰਸਤ ਚੀਫ ਖਾਲਸਾ ਦੀਵਾਨ ਅਤੇ ਸਾਬਕਾ ਰਾਜ ਸਭਾ ਮੈਂਬਰ ਸ. ਰਾਜ ਮਹਿੰਦਰ ਸਿੰਘ ਮਜੀਠਾ, ਸਾਬਕਾ ਆਰ. ਟੀ. ਆਈ. ਕਮਿਸ਼ਨਰ ਹੇਮਇੰਦਰ ਸਿੰਘ ਹੇਮੀ ਅਤੇ ਮੈਂਬਰ ਚੀਫ ਖਾਲਸਾ ਦੀਵਾਨ ਸੁਖਦੀਪ ਸਿੰਘ ਗਿੱਲ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਯਤਨਾਂ ਸਦਕਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ ਜਿਨ੍ਹਾਂ ਨੂੰ ਜੀ ਆਇਆਂ ਕਹਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਦੇਣ ਦਾ ਵਾਅਦਾ ਕਰਦਿਆਂ ਜੀ ਆਇਆਂ ਆਖਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਸਾਬਕਾ ਵਿਧਾਇਕ ਅਤੇ ਸਾਬਕਾ ਰਾਜ ਸਭਾ ਮੈਂਬਰ ਰਾਜ ਮਹਿੰਦਰ ਸਿੰਘ ਮਜੀਠਾ ਜਿਨ੍ਹਾਂ ਨੂੰ ਸਿਆਸਤ ਦਾ ਬਹੁਤ ਵੱਡਾ ਤਜਰਬਾ ਹੈ, ਵੱਲੋਂ ਸ਼੍ਰੋਮਣੀ ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਸਾਡੀ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਹੈ। ਇਸ ਨਾਲ ਆਮ ਆਦਮੀ ਪਾਰਟੀ ਨੂੰ ਵੱਡਾ ਫਾਇਦਾ ਹੋਇਆ ਹੈ ਅਤੇ ਮਜੀਠੇ ਦੀ ਸਿਆਸਤ ਵਿੱਚ ਨਵੀਆਂ ਚਰਚਾਵਾਂ ਸ਼ੁਰੂ ਹੋ ਗਈਆਂ ਹਨ।



# ਯਾਤਰੀਆਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਹੋਵੇਗਾ : ਅਨਿਲ ਵਿੱਜ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਟਰਾਂਸਪੋਰਟ ਮੰਤਰੀ ਅਨਿਲ ਵਿੱਜ ਨੇ ਕਿਹਾ ਕਿ ਹੁਣ ਰਾਜ ਦੇ ਬੱਸ ਅੱਡਿਆਂ 'ਤੇ ਯਾਤਰੀਆਂ ਦੀ ਆਵਾਜਾਈ, ਸਫਾਈ ਅਤੇ ਸੁਰੱਖਿਆ ਵਿੱਚ ਕਿਸੇ ਵੀ ਕਿਸਮ ਦੀ ਰੁਕਾਵਟ ਸਵੀਕਾਰ ਨਹੀਂ ਕੀਤੀ ਜਾਵੇਗੀ। ਨਾਲ ਹੀ ਬੱਸ ਅੱਡਿਆਂ 'ਤੇ ਨਾਜਾਇਜ਼ ਕਬਜ਼ਿਆਂ, ਵਾਧੂ ਕਾਊਂਟਰਾਂ, ਰੇਹੜੀ-ਫੜ੍ਹੀ ਤੇ ਅਣਅਧਿਕਾਰਤ ਗਤੀਵਿਧੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਸੂਬੇ ਦੇ ਸਾਰੇ ਬੱਸ ਅੱਡਿਆਂ 'ਤੇ ਕਬਜ਼ਿਆਂ ਨੂੰ ਰੋਕਣ ਅਤੇ ਯਾਤਰੀਆਂ ਨੂੰ ਬਿਹਤਰ ਸਹੂਲਤਾਂ ਉਪਲਬਧ ਕਰਾਉਣ ਦੇ ਉਦੇਸ਼ ਨਾਲ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਜ਼ਿਕਰਯੋਗ ਹੈ ਕਿ ਇਹ ਨਿਰਦੇਸ਼ ਪਿਛਲੇ ਦਿਨੀਂ ਟਰਾਂਸਪੋਰਟ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਦਿੱਤੇ ਗਏ ਆਦੇਸ਼ਾਂ ਦੀ ਪਾਲਣਾ ਵਿੱਚ ਟਰਾਂਸਪੋਰਟ ਵਿਭਾਗ ਦੇ ਡਾਇਰੈਕਟਰ ਜਨਰਲ ਵੱਲੋਂ ਹਰਿਆਣਾ ਰੋਡਵੇਜ਼ ਦੇ ਸਾਰੇ ਜਨਰਲ ਮੈਨੇਜਰਾਂ ਨੂੰ ਜਾਰੀ ਕੀਤੇ ਗਏ ਹਨ। ਟਰਾਂਸਪੋਰਟ ਮੰਤਰੀ ਅਨਿਲ ਵਿੱਜ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਬੱਸ ਅੱਡੇ ਆਮ ਲੋਕਾਂ ਦੀ ਸਹੂਲਤ ਲਈ ਹੁੰਦੇ ਹਨ ਤੇ ਉੱਥੇ ਯਾਤਰੀਆਂ ਦੀ ਆਵਾਜਾਈ, ਸਫਾਈ ਅਤੇ ਸੁਰੱਖਿਆ ਵਿੱਚ ਕਿਸੇ ਵੀ ਕਿਸਮ ਦੀ ਰੁਕਾਵਟ ਸਵੀਕਾਰ ਨਹੀਂ ਕੀਤੀ ਜਾਵੇਗੀ ਤੇ ਬੱਸ ਅੱਡਿਆਂ 'ਤੇ ਨਾਜਾਇਜ਼ ਕਬਜ਼ਿਆਂ,ਵਾਧੂ ਕਾਊਂਟਰਾਂ, ਰੇਹੜੀ-ਫੜ੍ਹੀ ਅਤੇ ਅਣਅਧਿਕਾਰਤ ਗਤੀਵਿਧੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਛੇਵੇਂ ਪਾਤਸ਼ਾਹ ਦੀ ਚਰਨਛੋਹ ਪ੍ਰਾਪਤ ਨਗਰ ਸੁਰਸਿੰਘ ਵਿਖੇ ਸ਼ਰਧਾ ਨਾਲ ਮਨਾਇਆ ਸਾਲਾਨਾ ਜੋੜ ਮੇਲਾ

**ਝਬਾਲ, (ਹਰਜਿੰਦਰ ਸਿੰਘ ਸੋਨੀ)**

ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਨਗਰ ਸੁਰਸਿੰਘ ਵਿਖੇ ਪਵਿੱਤਰ ਚਰਨ ਪਾਉਣ ਦੀ ਖੁਸ਼ੀ ਵਿੱਚ ਦੋ ਰੋਜ਼ਾ ਸਾਲਾਨਾ ਜੋੜ ਮੇਲਾ ਸੰਪ੍ਰਦਾਇ ਦਲ ਪੰਥ ਬਾਬਾ ਬਿਧੀ ਚੰਦ ਸਾਹਿਬ ਜੀ ਦੇ 12ਵੇਂ ਮੁਖੀ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਬਿਧੀਚੰਦੀਏ ਸੁਰਸਿੰਘ ਵਾਲਿਆਂ ਦੀ ਅਗਵਾਈ ਹੇਠ ਇਲਾਕੇ ਨਗਰ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਤੇ ਧੂਮ-ਧਾਮ ਨਾਲ ਮਨਾਇਆ ਗਿਆ।ਦਲ ਪੰਥ ਬਾਬਾ ਬਿਧੀ ਚੰਦ ਜੀ ਨਿਹੰਗ ਸਿੰਘ ਛਾਉਣੀ ਹੈੱਡ ਕੁਆਰਟਰ ਸੁਰਸਿੰਘ ਗੁਰਦੁਆਰਾ ਸਾਹਿਬ ਵਿਖੇ 21 ਮਈ ਦਿਨ ਵੀਰਵਾਰ ਨੂੰ ਜੁਗੋ ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਈ।22 ਮਈ ਨੂੰ ਪੰਜ ਪਿਆਰਿਆਂ ਦੀ ਅਗਵਾਈ ਹੇਠ ਫੁੱਲਾਂ ਵਾਲੀ ਪਾਲਕੀ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁਸ਼ੋਭਿਤ ਕਰਕੇ ਨਗਰ ਕੀਰਤਨ ਸਜਾਇਆ ਗਿਆ।ਜਦ ਕਿ 23 ਮਈ ਦਿਨ ਸ਼ਨੀਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣ ਉਪਰੰਤ ਬਾਬਾ ਬਿਧੀ ਚੰਦ ਸਾਹਿਬ ਜੀ ਦੀਵਾਨ ਹਾਲ ਵਿੱਚ ਕਵੀਸ਼ਰ ਦਰਬਾਰ ਸਜਾਇਆ ਗਿਆ ਜਦਕਿ 24 ਮਈ ਦਿਨ ਐਤਵਾਰ ਨੂੰ ਸਜਾਏ ਗਏ ਢਾਡੀ ਦਰਬਾਰ ਮੌਕੇ ਦੀਵਾਨ ਹਾਲ ਹਜ਼ਾਰਾਂ ਦੀ ਗਿਣਤੀ ਵਿੱਚ ਜੁੜ ਬੈਠੀਆਂ ਸੰਗਤਾਂ ਨੂੰ ਪ੍ਰਸਿੱਧ ਰਾਗੀ, ਢਾਡੀ ਜਥਿਆ ਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅਤੇ ਬਾਬਾ ਬਿਧੀ ਚੰਦ ਛੀਨਾ ਜੀ ਦੇ ਜੀਵਨ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਜਦ ਕਿ ਉਚੇਚੇ ਤੌਰ ਤੇ ਪੁੱਜੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਐੱਸਜੀਪੀਸੀ, ਸ੍ਰੀ ਹਰਿਮੰਦਰ ਸਾਹਿਬ ਤੋਂ ਸਿੰਘ ਸਹਿਬਾਨ ਗਿਆਨੀ ਅਮਰਜੀਤ ਸਿੰਘ, ਹੈੱਡ ਗ੍ਰੰਥੀ ਗਿਆਨੀ ਜ਼ੋਰਾ ਸਿੰਘ, ਸੱਚਖੰਡ ਵਾਸੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਦੇ ਸਮੂਹ ਪਰਿਵਾਰਕ ਮੈਂਬਰ, ਮੈਂਬਰ ਐੱਸਜੀਪੀਸੀ ਰਜਿੰਦਰ ਸਿੰਘ ਮਹਿਤਾ, ਸੁਖਦੇਵ ਸਿੰਘ ਭੂਰਾ ਕੋਹਨਾ, ਮਗਵਿੰਦਰ ਸਿੰਘ ਖਾਪੜਖੇੜੀ, ਬਾਬਾ ਮਨਵੀਤਜੀਤ ਸਿੰਘ ਮੁਖੀ ਨਿਰਮਲ ਕੁਟੀਆ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ ਵਾਲੇ, ਬਾਬਾ ਮਨਦੀਪ ਸਿੰਘ ਤੱਲਣ ਵਾਲੇ, ਬਾਬਾ ਊਧਮ ਸਿੰਘ ਲੱਧੇਵਾਲ, ਬਾਬਾ ਜਗਤਾਰ ਸਿੰਘ ਕਾਰ ਸੇਵਾ ਤਰਨਤਾਰਨ, ਬਾਬਾ ਸਵਰਨ ਸਿੰਘ ਅੰਬਾਲਾ, ਬਾਬਾ ਬਲਜੀਤ ਸਿੰਘ, ਬਾਬਾ ਕਰਨਜੀਤ ਸਿੰਘ ਬੇਰ ਸਾਹਿਬ ਸੁਲਤਾਨਪੁਰ, ਬਾਬਾ ਛਿੰਦਾ ਸਿੰਘ ਭਿੱਖੀਵਿੰਡ ਵਾਲੇ, ਬਾਬਾ ਰਜਿੰਦਰਪਾਲ ਸਿੰਘ ਮਾਲੂਵਾਲ, ਬਾਬਾ ਬਾਜ ਸਿੰਘ ਗੱਗੋਬੂਹਾ, ਬਾਬਾ ਸਤਨਾਮ ਸਿੰਘ, ਬਾਬਾ ਸ਼ੁਭ ਕਰਨਜੀਤ ਸਿੰਘ, ਬਾਬਾ ਤਰਲੋਕ ਸਿੰਘ-ਬਾਬਾ ਸੁਖਦੇਵ ਸਿੰਘ ਖਿਆਲੇ ਵਾਲੇ, ਬਾਬਾ ਬਲਵਿੰਦਰ ਸਿੰਘ ਬੇਰ ਸਾਹਿਬ ਬ੍ਰਹਮਪੁਰਾ, ਬਾਬਾ ਹਰਦੇਵ ਸਿੰਘ ਗੁ:ਜੰਡ ਸਾਹਿਬ ਖੱਖ, ਬਾਬਾ ਕਰਨੈਲ ਸਿੰਘ, ਬਾਬਾ ਗੁਰਨਾਮ ਸਿੰਘ ਡਰੋਲੀ ਆਦਿ ਸਮੇਤ ਪੁੱਜੀਆਂ ਧਾਰਮਿਕ ਸਖਸ਼ੀਅਤਾਂ ਨੂੰ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ ਮੁਖੀ ਸੰਪ੍ਰਦਾਇ ਦਲ ਪੰਥ ਬਾਬਾ ਬਿਧੀ ਚੰਦ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਜਦ ਕਿ ਦੋਵੇਂ ਦਿਨ ਕਰਵਾਏ ਅੰਮ੍ਰਿਤ ਸੰਚਾਰ ਦੌਰਾਨ ਅਨੇਕਾਂ ਅੰਮ੍ਰਿਤ ਅਭਿਲਾਖੀਆ ਨੇ ਖੰਡੇ ਬਾਟੇ ਦਾ ਪਾਹੁਲ ਛਕਿਆ ਜਿਨਾ ਨੂੰ ਪੰਜ ਕਕਾਰ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਦੇਗਾ, ਸਰਦਾਈਆ, ਫਰੂਟ ਜੂਸ, ਠੰਡੇ ਮਿੱਠੇ ਜਲ ਦੀਆਂ ਛਬੀਲਾਂ ਤੋਂ ਇਲਾਵਾ ਚਾਹ, ਦੁੱਧ, ਪਕੌੜੇ, ਜਲੇਬੀਆਂ, ਖੀਰ ਆਦਿ ਵੱਖ ਵੱਖ ਪਕਵਾਨਾਂ ਦੇ ਬੇਅੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।ਸ਼ਾਮ 04 ਵਜੇ ਨਾਮਵਰ ਕਬੱਡੀ ਟੀਮਾਂ ਵਿਚਕਾਰ ਸ਼ੋਅ ਮੈਚ ਕਰਵਾਇਆ ਗਿਆ ਤੇ ਜਿੱਤਣ ਵਾਲੀਆਂ ਟੀਮਾਂ ਨੂੰ ਬੇਅੰਤ ਨਗਦ ਇਨਾਮ ਦਿੱਤੇ ਗਏ।ਉਪਰੰਤ ਨਿਸ਼ਾਨ ਧੌਂਸਿਆਂ ਦੀ ਤਾਬਿਆ ਹੇਠ ਗੁਰੂ ਦੀਆਂ ਫੌਜਾਂ ਨਿਹੰਗ ਸਿੰਘਾਂ ਵੱਲੋਂ ਮਹੱਲਾ ਖੇਡਿਆ ਗਿਆ।ਇਸ ਸਮੇਂ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਤੋਂ ਇਲਾਵਾ ਬਾਬਾ ਪ੍ਰੇਮ ਸਿੰਘ, ਬਾਬਾ ਚਰਨਜੀਤ ਸਿੰਘ, ਬਾਬਾ ਸਤਨਾਮ ਸਿੰਘ ਸਮੇਤ ਹੋਰ ਸੇਵਾਦਾਰ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਹਨ।



# ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਦੇ ਮੱਦੇਨਜ਼ਰ ਗੁਰਦਾਸਪੁਰ ਵਿਖੇ ਹੈਲਪ ਡੈਸਕ ਸਥਾਪਿਤ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਸ੍ਰੀ ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਵੱਲੋਂ ਜਾਰੀ ਹੁਕਮਾਂ ਵਿੱਚ ਦੱਸਿਆ ਗਿਆ ਹੈ ਕਿ ਮਾਣਯੋਗ ਮੁੱਖ ਚੋਣ ਅਫਸਰ, ਪੰਜਾਬ ਦੇ ਦਫਤਰ ਦੇ ਪੱਤਰ ਰਾਹੀਂ ਪ੍ਰਾਪਤ ਹੋਈਆਂ ਹਦਾਇਤਾਂ ਅਨੁਸਾਰ ਵੋਟਰ ਸੂਚੀ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਨੂੰ ਮੁੱਖ ਰੱਖਦੇ ਹੋਏ ਚੋਣ ਸੇਵਾਵਾਂ ਤੱਕ ਆਸਾਨ ਪਹੁੰਚ ਦੀ ਸਹੂਲਤ ਦੇਣ ਅਤੇ ਸਾਰੇ ਯੋਗ ਨਾਗਰਿਕਾਂ, ਖਾਸ ਕਰਕੇ ਦਿਵਿਆਂਗ, ਪ੍ਰਵਾਸੀ ਅਤੇ ਬਜ਼ੁਰਗ ਵੋਟਰਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪੱਧਰ 'ਤੇ ਕਮਰਾ ਨੰਬਰ 427 ਬਲਾਕ-ਬੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਹੈਲਪ ਡੈਸਕ ਸਥਾਪਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਹੈਲਪ ਡੈਸਕ ਵਿਚ ਮੁੱਖ ਤੌਰ 'ਤੇ ਵੱਖ-ਵੱਖ ਸੇਵਾਵਾਂ ਪ੍ਰਦਾਨ ਕਰਵਾਈਆਂ ਜਾਣਗੀਆਂ।ਜਿਵੇਂ ਕਿ ਸਮਾਂ-ਸੀਮਾ, ਵੋਟ ਬਣਾਉਣ, ਸੋਧ ਕਰਨ ਜਾਂ ਵੋਟ ਕਟਾਉਣ ਲਈ ਲੋੜੀਂਦੇ ਦਸਤਾਵੇਜ਼ਾਂ ਬਾਰੇ ਜਾਣਕਾਰੀ ਪ੍ਰਦਾਨ ਕਰਵਾਉਣਾ।ਵੋਟਰਾਂ ਨੂੰ ਪਿਛਲੀ ਆਖਰੀ ਵੋਟਰ ਸੂਚੀ ਦੇ ਰਿਕਾਰਡ ਨਾਲ ਖੋਜ/ਲਿੰਕ ਕਰਨ ਵਿੱਚ ਸਹੂਲਤ ਦੇਣਾ, ਵੋਟਰਾਂ ਨੂੰ ਫਾਰਮ ਭਰਨ ਅਤੇ ਜਮ੍ਹਾ ਕਰਨ ਵਿੱਚ ਸਹਾਇਤਾ ਕਰਨਾ (ਆਨਲਾਈਨ/ਆਫਲਾਈਨ), ਪ੍ਰਵਾਸੀ ਵੋਟਰਾਂ ਨੂੰ ਉਨ੍ਹਾਂ ਦੇ ਮੌਜੂਦਾ ਅਤੇ ਪਿਛਲੇ ਵਿਧਾਨ ਸਭਾ ਚੋਣ ਹਲਕਿਆਂ ਦੀ ਪਛਾਣ ਕਰਨ ਵਿੱਚ ਸਹਾਇਤਾ ਕਰਨਾ ਅਤੇ ਉਨ੍ਹਾਂ ਰਜਿਸਟ੍ਰੇਸ਼ਨ ਸਹੀ ਜਗ੍ਹਾ ਤੇ ਯਕੀਨੀ ਬਣਾਉਣਾ, ਨਾਗਰਿਕਾਂ/ਵੋਟਰਾਂ ਨੂੰ ਵੋਟਰ ਹੈਲਪਲਾਈਨ ਨੰਬਰ-1950 ਅਤੇ ਇਸ ਦੀਆਂ ਵਿਸ਼ੇਸ਼ਤਾਵਾਂ ਬਾਰੇ ਸੂਚਿਤ ਕਰਨਾ, ਖਾਸ ਤੌਰ 'ਤੇ ਵੋਟਰਾਂ/ਨਾਗਰਿਕਾਂ ਨੂੰ ਜਾਗਰੂਕ ਕਰਵਾਉਣਾ ਆਦਿ।ਉਨ੍ਹਾਂ ਸਟਾਫ ਨੂੰ ਹਦਾਇਤ ਕੀਤੀ ਕਿ ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।ਕੰਮ ਵਿੱਚ ਕਿਸੇ ਕਿਸਮ ਦੀ ਕੁਤਾਹੀ ਜਾਂ ਅਣਗਹਿਲੀ ਦੀ ਸੂਰਤ ਵਿੱਚ ਚੋਣ ਨਿਯਮਾਂ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।



# 29 ਨੂੰ ਹੋਣ ਵਾਲੀ ਜਲੰਧਰ ਰੈਲੀ ਦੀ ਸਫਲਤਾ ਲਈ ਭਰਵੀਂ ਸ਼ਮੂਲੀਅਤ ਕਰਾਂਗੇ : ਲੇਖ ਰਾਜ ਐਮਾ

**ਪਠਾਨਕੋਟ (ਦਵਿੰਦਰ ਸਿੰਘ)**

ਜ਼ਿਲ੍ਹਾ ਪਠਾਨਕੋਟ ਦੇ ਪਿੰਡ ਐਮਾ ਵਿੱਚ ਪਾਰਟੀ ਯੂਨਿਟ ਦੀ ਮੀਟਿੰਗ ਕਾ ਲੇਖ ਰਾਜ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਤੋਂ ਬਾਅਦ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਾਮਰੇਡ ਲੇਖ ਰਾਜ ਨੇ ਕਿਹਾ ਕਿ ਮੀਟਿੰਗ ਵਿੱਚ 29 ਮਈ ਦੀ ਖੇਤ ਮਜ਼ਦੂਰਾਂ ਅਤੇ ਕਿਸਾਨਾਂ ਦੀ ਜਲੰਧਰ ਰੈਲੀ ਦੀ ਸਫਲਤਾ ਅਤੇ ਤਿਆਰੀ ਬਾਰੇ ਚਰਚਾ ਕੀਤੀ ਗਈ।ਫੈਸਲਾ ਕੀਤਾ ਗਿਆ ਕਿ ਇਲਾਕੇ ਵਿੱਚੋਂ ਵੱਡੀ ਗਿਣਤੀ ਵਿੱਚ ਰੈਲੀ ਅਤੇ ਮੁਜ਼ਾਹਰੇ ਵਿੱਚ ਸ਼ਾਮਲ ਹੋਵਾਂਗੇ।ਅਸੀਂ ਉਸ ਦਿਨ 8 ਵਜੇ ਰੇਲਵੇ ਸਟੇਸ਼ਨ ਚੱਕੀ ਬੈਂਕ ਇਕੱਠੇ ਹੋ ਕੇ ਜਲੰਧਰ ਲਈ ਰਵਾਨਾ ਹੋਵਾਂਗੇ। ਇਸ ਮੀਟਿੰਗ ਵਿੱਚ ਜ਼ਿਲ੍ਹੇ ਵਿੱਚੋਂ ਜ਼ਿਲ੍ਹਾ ਸਕੱਤਰ ਸੁਰਿੰਦਰ ਸਹਿਗਲ ਅਤੇ ਸੂਬਾ ਕਮੇਟੀ ਮੈਂਬਰ ਕਾਮਰੇਡ ਕੇਵਲ ਕਾਲੀਆ ਪਹੁੰਚੇ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਸਹਿਗਲ ਨੇ ਕਿਹਾ ਕਿ 29 ਮਈ ਦੀ ਕਿਸਾਨਾਂ ਮਜ਼ਦੂਰਾਂ ਦੀ ਸੂਬਾਈ ਰੈਲੀ ਇਤਿਹਾਸਿਕ ਹੋਵੇਗੀ।ਇਹ ਰੈਲੀ ਅਤੇ ਮੁਜ਼ਾਹਰਾ ਮਜ਼ਦੂਰ ਤੇ ਕਿਸਾਨ ਵਿਰੋਧੀ ਕਾਲੇ ਕਾਨੂੰਨਾਂ ਦੇ ਵਿਰੋਧ ਵਿੱਚ ਕੀਤਾ ਜਾ ਰਿਹਾ।ਇਹ ਕਾਨੂੰਨ ਮਜ਼ਦੂਰ ਕਿਸਾਨਾਂ ਦੇ ਹਿੱਤਾਂ ਦੇ ਵਿਰੁੱਧ ਹਨ।ਇਨ੍ਹਾਂ ਵਿਰੁੱਧ ਤਿੱਖਾ ਸੰਘਰਸ਼ ਲੜਿਆ ਜਾਵੇਗਾ।ਇਹ ਸੰਘਰਸ਼ ਉਨਾ ਚਿਰ ਜਾਰੀ ਰਹੇਗਾ ਜਦੋਂ ਤੱਕ ਇਹ ਕਾਨੂੰਨ ਰੱਦ ਨਹੀਂ ਹੋ ਜਾਂਦੇ। ਸਰਕਾਰ ਨੂੰ ਇਹ ਕਾਨੂੰਨ ਵਾਪਸ ਲੈਣ ਲਈ ਮਜਬੂਰ ਕਰ ਦੇਵਾਂਗੇ।ਉਨ੍ਹਾਂ ਦੱਸਿਆ ਕਿ ਬਿਜਲੀ ਸੋਧ ਬਿੱਲ ਨਾਲ ਮਜ਼ਦੂਰ ਕਿਸਾਨਾਂ ਨੂੰ ਮਿਲ ਰਹੀਆਂ ਸਹੂਲਤਾਂ ਤੇ ਸਬਸਿਡੀਆਂ ਖਤਮ ਹੋ ਜਾਣਗੀਆਂ।ਬਿਜਲੀ ਬਿੱਲ ਨਾਲ ਬਿਜਲੀ ਉਤਪਾਦਨ ਅਤੇ ਵੰਡ ਦਾ ਨਿੱਜੀਕਰਨ ਕਰ ਦਿੱਤਾ ਜਾਵੇਗਾ ਜੋ ਮੁਲਾਜ਼ਮਾਂ ਅਤੇ ਮਜ਼ਦੂਰਾਂ ਦਾ ਪੱਕਾ ਰੁਜ਼ਗਾਰ ਖੋਹ ਲਵੇਗਾ।ਮਨਰੇਗਾ ਕਨੂੰਨ ਦੀ ਥਾਂ ਲਿਆਂਦਾ ਨਵਾਂ ਬਿੱਲ ਪੇਂਡੂ ਅਤੇ ਸ਼ਹਿਰੀ ਮਜ਼ਦੂਰਾਂ ਦੇ ਰੁਜ਼ਗਾਰ ਦੀ ਗਰੰਟੀ ਖਤਮ ਕਰ ਦੇਵੇਗਾ।ਇਸ ਨਾਲ ਰਾਜਾਂ ਤੇ ਵਿੱਤੀ ਬੋਝ ਪਾ ਦਿੱਤਾ ਹੈ ਜਿਸਨੂੰ ਰਾਜ ਸਰਕਾਰਾਂ ਪੂਰਾ ਨਹੀਂ ਕਰ ਸਕਣਗੀਆਂ ਅਤੇ ਮਨਰੇਗਾ ਦਾ ਅੰਤ ਕਰ ਦਿੱਤਾ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਪੁਰਾਣਾ ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ। ਬੀਜ ਬਿੱਲ ਨਾਲ ਕਾਰਪੋਰੇਟ ਘਰਾਣਿਆਂ ਦਾ ਬੀਜਾਂ ਉਤੇ ਏਕਾਧਿਕਾਰ ਹੋ ਜਾਵੇਗਾ ਜੋ ਕਿਸਾਨ ਦਾ ਬੀਜ 'ਤੇ ਹੱਕ ਖੋਹ ਲਵੇਗਾ।ਲੇਬਰ ਲਾਅ ਦੀ ਥਾ 'ਤੇ ਲਿਆਂਦਾ ਕੋਡ ਬਿੱਲ ਮਜ਼ਦੂਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਹੈ। ਇਸ ਨਾਲ ਕਾਰਪੋਰੇਟ ਘਰਾਣਿਆਂ ਦੇ ਮੁਨਾਫ਼ੇ ਵਧਣਗੇ ਅਤੇ ਮਜ਼ਦੂਰਾਂ ਦੀ ਉਜਰਤ ਘਟ ਜਾਵੇਗੀ।ਉਸ ਨੂੰ ਮਿਲਦੀਆਂ ਸਹੂਲਤਾਂ ਖਤਮ ਹੋ ਜਾਣਗੀਆਂ।ਇਸ ਨਾਲ ਮਜ਼ਦੂਰ ਦੀ ਦਿਹਾੜੀ 8 ਘੰਟੇ ਤੋਂ 12 ਘੰਟੇ ਕਰ ਦਿੱਤੀ ਹੈ। ਉਨ੍ਹਾਂ ਨੇ ਇਲਾਕੇ ਵਿੱਚੋਂ ਲੱਗੇ ਕੋਟੇ ਨਾਲੋਂ ਵੱਧ ਮਜ਼ਦੂਰਾਂ ਤੇ ਕਿਸਾਨਾਂ ਦੀ ਸ਼ਮੂਲੀਅਤ ਕਰਵਾਉਣ ਦੀ ਅਪੀਲ ਕੀਤੀ।ਇਸ ਵੇਲੇ ਉਨ੍ਹਾਂ ਨਾਲ ਅਮਰ ਨਾਥ, ਚਮਨ ਲਾਲ, ਕਰਤਾਰ ਚੰਦ, ਸਾਥੀ ਸੁੱਖਾ ਹਾਜ਼ਰ ਸਨ।



# ਗੁ. ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਿਖੇ ਅੰਮ੍ਰਿਤ ਸੰਚਾਰ ਅੱਜ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਦੇ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਅਗਵਾਈ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਨਾਲ ਅੰਮ੍ਰਿਤ ਸੰਚਾਰ ਅੱਜ 26 ਮਈ ਦਿਨ ਮੰਗਲਵਾਰ ਨੂੰ ਸਵੇਰੇ 9-30 ਵਜੇ ਹੋਵੇਗਾ।ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੇ ਦੱਸਿਆ ਕਿ ਹੋ ਰਹੇ ਅੰਮ੍ਰਿਤ ਸੰਚਾਰ ਸਬੰਧੀ ਸਭ ਤਿਆਰੀਆਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ ਜਿਸ ਵਿੱਚ ਅੰਮ੍ਰਿਤ ਅਭਿਲਾਖੀਆਂ ਨੂੰ ਪੰਜ ਕਕਾਰ ਫਰੀ ਦਿੱਤੇ ਜਾਣਗੇ।ਸੰਤ ਬਾਬਾ ਸੱਜਣ ਸਿੰਘ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਨੂੰ ਅੰਮ੍ਰਿਤ ਛਕ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਅਪੀਲ ਕੀਤੀ ਗਈ।

# ਲੁਕ-ਛਿਪ ਕੇ ਨਸ਼ਾ ਕਰਨ ਵਾਲਾ ਚੜ੍ਹਿਆ ਪੁਲਸ ਅੜਿੱਕੇ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਨਸ਼ਿਆਂ ਖ਼ਿਲਾਫ਼ ਵਿਢੀ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਇਕ ਨਸ਼ਾ ਤਸਕਰ ਨੂੰ ਕਾਬੂ ਕਰਨ ਵਿਚ ਸਫ਼ਲਤਾ ਹਾਸਲ ਕੀਤੀ ਹੈ। ਏ. ਐੱਸ. ਆਈ. ਮਨਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪੁਰਾਣਾ ਸ਼ਾਲਾ ਨੇੜੇ ਦਾਨਾ ਮੰਡੀ ਤੋਂ ਸੇਖਰ ਪੁੱਤਰ ਅਸ਼ਵਨੀ ਕੁਮਾਰ ਵਾਸੀ ਅਵਾਂਖਾ ਥਾਣਾ ਦੀਨਾਨਗਰ ਜੋ ਲੁਕ-ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਕਾਬੂ ਕਰਕੇ ਉਸ ਪਾਸੋਂ ਇਕ ਸਿਲਵਰ ਪੇਪਰ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਕੀਤਾ ਹੈ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਸ਼ੇਖਰ ਖ਼ਿਲਾਫ਼ ਐੱਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਕਾਂਗਰਸ ਦੀਆਂ ਵਧੀਆ ਨੀਤੀਆਂ ਤੋਂ ਪ੍ਰੇਰਿਤ ਪਿੰਡ ਗੋਪਾਲਾ ਦੇ ਦਰਜਨਾਂ ਪਰਿਵਾਰ ਕਾਂਗਰਸ 'ਚ ਸ਼ਾਮਲ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਹਲਕਾ ਖਡੂਰ ਸਾਹਿਬ ਦੇ ਪਿੰਡ ਗੋਪਾਲਾ ਵਿਖੇ ਬਚਿੱਤਰ ਸਿੰਘ ਬਿੱਟੂ ਦੇ ਗ੍ਰਹਿ ਵਿਖੇ ਪਿੰਡ ਦੀ ਕਾਂਗਰਸ ਪਾਰਟੀ ਦੀ ਮਹਿਨਤੀ ਅਤੇ ਵਫਾਦਾਰ ਵਰਕਰਾਂ ਦੀ ਟੀਮ ਜਿਨ੍ਹਾਂ ਵਿਚ ਬਚਿੱਤਰ ਸਿੰਘ ਸਰਪੰਚ, ਅੰਮ੍ਰਿਤ ਪਾਲ ਸਿੰਘ ਮੈਂਬਰ ਪੰਚਾਇਤ, ਗੁਰਵਿੰਦਰ ਸਿੰਘ ਮੈਂਬਰ ਪੰਚਾਇਤ, ਬਲਜੀਤ ਸਿੰਘ, ਬਲਵੰਤ ਸਿੰਘ ਸਰਪੰਚ ਅਤੇ ਪ੍ਰਭਜੀਤ ਸਿੰਘ ਦੀ ਮੇਹਨਤ ਅਤੇ ਪ੍ਰੇਰਨਾ ਸਦਕਾ ਬਹੁਤ ਵੱਡੀ ਤਾਦਾਦ ਵਿਚ ਵੱਖ ਵੱਖ ਸਿਆਸੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਰਮਨਜੀਤ ਸਿੰਘ ਸਿੱਕੀ ਸਾਬਕਾ ਵਿਧਾਇਕ ਦੀ ਮੌਜੂਦਗੀ ਵਿੱਚ ਕਾਂਗਰਸ ਪਾਰਟੀ ਵਿਚ ਸ਼ਮੂਲੀਅਤ ਕੀਤੀ।ਇਨ੍ਹਾਂ ਸ਼ਖ਼ਸੀਅਤਾਂ ਨੂੰ ਸ. ਸਿੱਕੀ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਇਸ ਉਪਰੰਤ ਪਿੰਡ ਦੇ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਵਿਚ ਜਿਹੜਾ ਬਦਲਾਅ ਲਿਆਂਦਾ ਹੈ ਉਸਨੇ ਸਮੁੱਚੇ ਪੰਜਾਬ ਨੂੰ ਬਰਬਾਦੀ ਦੇ ਕੰਢੇ ਤੇ ਲਿਆ ਕੇ ਖੜ੍ਹਾ ਕਰ ਦਿੱਤਾ ਹੈ।ਨਸ਼ਿਆਂ ਨੇ ਪਿੰਡਾਂ ਦੀਆਂ ਨੌਜਵਾਨੀਆਂ ਖਤਮ ਕਰ ਦਿੱਤੀਆਂ ਹਨ।ਲਗਾਤਾਰ ਘਰਾਂ ਵਿੱਚ ਸੱਥਰ ਵਿਛ ਰਹੇ ਹਨ।ਮਾਵਾਂ ਦਾ ਵਿਰਲਾਪ ਵੇਖਿਆ ਨਹੀਂ ਜਾਂਦਾ।ਗੈਂਗਸਟਰਵਾਦ ਦਾ ਖੁਲਮ ਖੁੱਲ੍ਹਾ ਨੰਗਾ ਨਾਚ ਚੱਲ ਰਿਹਾ ਹੈ।ਆਮ ਲੋਕਾਂ ਦਾ ਜੀਣਾ ਦੁੱਭਰ ਹੋ ਗਿਆ ਹੈ।ਜਦੋਂ ਕਿ ਸਰਕਾਰ ਝੂਠੇ ਅੰਕੜਿਆਂ ਰਾਹੀਂ ਲੋਕਾਂ ਨੂੰ ਸਚਾਈ ਤੋਂ ਦੂਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਦਿੱਲੀ ਦੇ ਹਾਰੇ ਅਤੇ ਨਕਾਰੇ ਹੋਏ ਲੀਡਰ ਪੰਜਾਬ ਚਲਾ ਰਹੇ ਹਨ। ਇਥੋਂ ਵੱਡੇ ਪੱਧਰ ਤੇ ਲੁੱਟ ਖਸੁੱਟ ਕਰ ਕੇ ਪੈਸਾ ਦਿੱਲੀ ਲਿਜਾਇਆ ਜਾ ਰਿਹਾ ਹੈ।ਇਸ ਲਈ ਇਸ ਸਰਕਾਰ ਨੂੰ ਚਲਦਾ ਕਰਨ ਲਈ ਪੰਜਾਬ ਤਿਆਰ ਬਰ ਤਿਆਰ ਹੈ।ਉਨ੍ਹਾਂ ਇਸ ਮੌਕੇ ਪਿੰਡ ਦੀ ਕਾਂਗਰਸ ਪਾਰਟੀ ਦੀ ਟੀਮ ਅਤੇ ਪਾਰਟੀ ਵਿੱਚ ਸ਼ਮੂਲੀਅਤ ਕਰਨ ਵਾਲੀਆਂ ਸ਼ਖ਼ਸੀਅਤਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਮੈਂ ਵਿਸ਼ਵਾਸ ਦਿਵਾਉਂਦਾ ਹਾਂ ਕਿ ਕਾਂਗਰਸ ਟੀਮ ਦੇ ਨਾਲ ਨਾਲ ਆਉਣ ਵਾਲੀਆਂ ਸ਼ਖ਼ਸੀਅਤਾਂ ਦੇ ਮਾਨ ਸਨਮਾਨ ਦਾ ਪੂਰਾ ਪੂਰਾ ਧਿਆਨ ਰੱਖਿਆ ਜਾਵੇਗਾ।ਇਸ ਮੌਕੇ ਤੇ ਸ਼ਾਮਿਲ ਹੋਣ ਵਾਲਿਆਂ ਵਿਚ ਸੁਖਵਿੰਦਰ ਸਿੰਘ ਬੁੱਟਰ, ਗੁਰਪ੍ਰੀਤ ਸਿੰਘ, ਜਸਪਾਲ ਸਿੰਘ ਮਿਸਤਰੀ, ਰਾਜਵਿੰਦਰ ਸਿੰਘ ਫੌਜੀ, ਗੁਰਮੁਖ ਸਿੰਘ, ਸਰਬਜੀਤ ਸਿੰਘ, ਸੁਖਵਿੰਦਰ ਸਿੰਘ, ਤਿਰਲੋਕ ਸਿੰਘ, ਬਾਬਾ ਰੌਣਕੀ ਸਿੰਘ, ਬਲਵੀਰ ਸਿੰਘ ਫੌਜੀ, ਗੁਰਬਿੰਦਰ ਸਿੰਘ, ਅਜੈ ਸਿੰਘ, ਗੁਰਮਨ ਸਿੰਘ, ਕਮਲਜੀਤ ਸਿੰਘ, ਬਿਕਰਮਜੀਤ ਸਿੰਘ, ਨਿਸ਼ਾਨ ਸਿੰਘ, ਗੁਰਵਿੰਦਰ ਸਿੰਘ, ਜਸ਼ਨਦੀਪ ਸਿੰਘ, ਗੁਰਭੇਜ ਸਿੰਘ, ਤਰਸੇਮ ਸਿੰਘ, ਹਰਜਿੰਦਰ ਸਿੰਘ, ਬਾਬਾ ਬੁੱਕਣ ਸਿੰਘ, ਲਖਵਿੰਦਰ ਸਿੰਘ ਅਤੇ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।ਇਸ ਮੌਕੇ ਸਿੱਕੀ ਨਾਲ ਪੀ. ਏ. ਰਣਜੀਤ ਸਿੰਘ ਰਾਣਾ, ਬਾਊ ਵਿਜੈ ਪਾਲ ਸਿੰਘ, ਮਨਪ੍ਰੀਤ ਸਿੰਘ ਸਰਪੰਚ ਗੁਲਾਲੀਪੁਰ, ਗੁਰਵਿੰਦਰ ਸਿੰਘ ਭਲਵਾਨ ਆਦਿ ਮੌਜੂਦ ਸਨ।

# ਆਨੰਦ ਕਾਲਜ ਆਫ ਨਰਸਿੰਗ 'ਚ ਲੱਗੀ ਫਸਟ ਏਡ ਸਬੰਧੀ ਜਾਗਰੂਕਤਾ ਵਰਕਸ਼ਾਪ

**ਮਜੀਠਾ (ਸੋਇਮ ਆਨੰਦ)**

ਆਨੰਦ ਕਾਲਜ ਆਫ ਨਰਸਿੰਗ ਦੇ ਪਹਿਲੇ ਸਮੈਸਟਰ ਦੇ ਵਿਦਿਆਰਥੀਆਂ ਵੱਲੋਂ ਕਾਲਜ ਕੈਂਪਸ ਵਿੱਚ ਫਸਟ ਏਡ ਵਿਸ਼ੇ 'ਤੇ ਜਾਗਰੂਕਤਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਐਮਰਜੈਂਸੀ ਸਥਿਤੀਆਂ ਦੌਰਾਨ ਮਰੀਜ਼ ਨੂੰ ਤੁਰੰਤ ਸਹਾਇਤਾ ਪ੍ਰਦਾਨ ਕਰਨ ਸਬੰਧੀ ਜਾਣਕਾਰੀ ਦੇਣਾ ਸੀ।ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੂੰ ਜ਼ਖਮਾਂ ਦੀ ਸੰਭਾਲ, ਖੂਨ ਬਹਿਣ ਤੋਂ ਰੋਕਥਾਮ, ਬੇਹੋਸ਼ ਮਰੀਜ਼ ਦੀ ਸਹਾਇਤਾ ਅਤੇ ਸੀ. ਪੀ. ਆਰ. ਵਰਗੀਆਂ ਜ਼ਰੂਰੀ ਫਸਟ ਏਡ ਤਕਨੀਕਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਮੌਕੇ ਪ੍ਰੈਕਟੀਕਲ ਡੈਮੋ ਰਾਹੀਂ ਵੀ ਵਿਦਿਆਰਥੀਆਂ ਨੂੰ ਐਮਰਜੈਂਸੀ ਸਮੇਂ ਸਹੀ ਤਰੀਕੇ ਨਾਲ ਮਰੀਜ਼ ਦੀ ਦੇਖਭਾਲ ਕਰਨ ਦੇ ਤਰੀਕੇ ਸਿਖਾਏ ਗਏ।ਕਾਲਜ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਇਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਵਾਇਸ ਪ੍ਰਿੰਸੀਪਲ ਰਮਨਦੀਪ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਉਸ਼ਾ ਸਰੀਨ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਵਿਦਿਆਰਥੀਆਂ ਦੇ ਗਿਆਨ ਅਤੇ ਆਤਮਵਿਸ਼ਵਾਸ ਵਿੱਚ ਵਾਧਾ ਕਰਦੀਆਂ ਹਨ।

ਇਸ ਵਰਕਸ਼ਾਪ ਵਿੱਚ ਮੈਡਮ ਪ੍ਰੋਫੈਸਰ ਮਨਵਿੰਦਰ ਕੌਰ, ਸਾਕਸ਼ੀ ਸ਼ਰਮਾ, ਭਾਵਨਾ ਸ਼ਰਮਾ, ਪੂਨਮ, ਹਰਲੀਨ ਕੌਰ, ਪ੍ਰਿਯੰਕਾ, ਸੀਮਾ, ਪੁਨਰ, ਪਰਮੀਤ, ਰਮਨਦੀਪ ਕੌਰ, ਰਮਨ ਸੰਧੂ, ਕੋਮਲ ਢਿੱਲੋਂ, ਨਵਜੋਤ ਕੌਰ, ਸਰਨਦੀਪ ਕੌਰ, ਸਿਮਰਨ ਢਿੱਲੋਂ, ਸੁਖਸਰਨ, ਨਿਧੀ, ਰਿੱਪਨਦੀਪ ਕੌਰ, ਅੰਜਲੀ, ਪੱਲਵੀ, ਅਬਿਦਾਹ, ਸਮਰੀਨ, ਮਨਪ੍ਰੀਤ, ਜਸਲੀਨ, ਭਵਿਆ, ਆਇਮਨ, ਸਿਮਰਨਜੀਤ, ਵੰਸ਼ਿਕਾ, ਬਲਜਿੰਦਰ ਅਤੇ ਪ੍ਰਭਨੂਰ ਨੇ ਵੀ ਵਿਸ਼ੇਸ਼ ਭੂਮਿਕਾ ਨਿਭਾਈ।ਵਰਕਸ਼ਾਪ ਦੇ ਅੰਤ ਵਿੱਚ ਵਿਦਿਆਰਥੀਆਂ ਨੇ ਸਮਾਜ ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਹਮੇਸ਼ਾਂ ਤਤਪਰ ਰਹਿਣ ਦਾ ਸੰਕਲਪ ਵੀ ਲਿਆ।

# ਬੀਸੀ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਲਾਟੀ ਸਾਥੀਆਂ ਨਾਲ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ



**ਚੋਹਲਾ ਸਾਹਿਬ (ਰਮਨ ਚੱਢਾ)**-ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਪੰਜਾਬ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਪ੍ਰਤੀ ਦਿਨ ਰਾਤ ਇੱਕ ਕਰਕੇ ਨਿਭਾਈਆਂ ਜ਼ਿੰਮੇਵਾਰੀਆਂ ਨੂੰ ਵੇਖਦੇ ਹੋਏ ਸਰਪੰਚ ਅਵਤਾਰ ਸਿੰਘ ਬਿੱਲਾ ਸ਼ੇਰੋਂ ਦੀ ਧਰਮਪਤਨੀ ਬੀਬੀ ਰਮਨਦੀਪ ਕੌਰ ਖਹਿਰਾ ਨੂੰ ਹਲਕਾ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲ ਦਲ ਬਾਦਲ ਪਾਰਟੀ ਦਾ ਹਲਕਾ ਇੰਚਾਰਜ ਲਗਾਇਆ ਗਿਆ ਹੈ ਜਿਸ 'ਤੇ ਇਲਾਕੇ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਇਸ ਸਮੇਂ ਜਾਣਕਾਰੀ ਦਿੰਦੇ ਹੋਏ ਬੀਬੀ ਰਮਨਦੀਪ ਕੌਰ ਖਹਿਰਾ ਨੇ ਦੱਸਿਆ ਕਿ ਪੰਜਾਬ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਉਨ੍ਹਾਂ ਨੂੰ ਹਲਕਾ ਖਡੂਰ ਸਾਹਿਬ ਦੀ ਜਿਹੜੀ ਜ਼ਿੰਮੇਵਾਰੀ ਸੌਂਪੀ ਗਈ ਹੈ ਉਹ ਉਸਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾ ਰਹੇ ਹਨ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਉਨ੍ਹਾਂ ਦਾ ਹੱਲ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਉਹ ਬੀਸੀ ਸੈੱਲ ਦੇ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਮਨਜਿੰਦਰ ਸਿੰਘ ਲਾਟੀ ਪੰਜਾਬ ਮੋਟਰਜ਼ ਚੋਹਲਾ ਸਾਹਿਬ ਦੇ ਗ੍ਰਹਿ ਵਿਖੇ ਪਹੁੰਚੇ ਅਤੇ ਪ੍ਰਧਾਨ ਮਨਜਿੰਦਰ ਸਿੰਘ ਲਾਟੀ ਸਮੇਤ ਸੈਂਕੜੇ ਵਰਕਰਾਂ ਨੂੰ ਪਾਰਟੀ ਵਿੱਚ ਸ਼ਮਿਲ ਕਰਦੇ ਹੋਏ ਜੀ ਆਇਆਂ ਨੂੰ ਕਿਹਾ ਗਿਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਹਮੇਸ਼ਾ ਪੰਜਾਬ ਦੇ ਲੋਕਾਂ ਦੇ ਭਲੇ ਲਈ ਕੰਮ ਕੀਤੇ ਹਨ। ਉਨ੍ਹਾਂ ਹਲਕਾ ਖਡੂਰ ਸਾਹਿਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਦਾ ਸਾਥ ਦੇਣ ਤਾਂ ਜੋ ਹਲਕਾ ਖਡੂਰ ਸਾਹਿਬ ਦਾ ਰਹਿੰਦਾ ਵਿਕਾਸ ਜਲਦ ਪੂਰਾ ਕੀਤਾ ਜਾ ਸਕੇ। ਇਸ ਸਮੇਂ ਪ੍ਰਧਾਨ ਮਨਜਿੰਦਰ ਸਿੰਘ ਲਾਟੀ ਨੇ ਬੀਬੀ ਰਮਨਦੀਪ ਕੌਰ ਖਹਿਰਾ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਹਮੇਸ਼ਾ ਦੀ ਤਰ੍ਹਾਂ ਪਾਰਟੀ ਲਈ ਅਣਥੱਕ ਮਿਹਨਤ ਕਰਦੇ ਰਹਿਣਗੇ ਅਤੇ ਇਲਾਕੇ ਦੇ ਲੋਕਾਂ ਦੀ ਸੇਵਾ ਪਹਿਲ ਦੇ ਅਧਾਰ ਤੇ ਕਰਦੇ ਰਹਿਣਗੇ। ਇਸ ਸਮੇਂ ਸੀਨੀਅਰ ਅਕਾਲੀ ਆਗੂ ਦੁਸੰਧਾ ਸਿੰਘ, ਮੈਨੇਜਰ ਅਰਸ਼ਦੀਪ ਸਿੰਘ ਅਰਸ਼ ਚੋਹਲਾ ਸਾਹਿਬ ਆਦਿ ਹਾਜ਼ਰ ਸਨ।

# ਜ਼ਿੰਦਗੀ ਪ੍ਰਤੀ ਸਕਾਰਾਤਮਕ ਸੋਚ ਤੇ ਨਿਰੰਤਰ ਕੋਸ਼ਿਸ਼ ਹੀ ਸਫਲਤਾ ਦੀ ਕੁੰਜੀ ਹੈ : ਸਾਧਵੀ ਰਮਨਦੀਪ ਭਾਰਤੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਆਸ਼ਰਮ ਦੁਆਰਾ ਸਪਤਾਹਿਕ ਸਤਿਸੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਦੌਰਾਨ ਸ਼੍ਰੀ ਆਸ਼ੂਤੋਸ਼ ਮਹਾਰਾਜ ਦੀ ਸ਼ਿਸ਼ਯਾ ਸਾਧਵੀ ਰਮਨਦੀਪ ਭਾਰਤੀ ਨੇ ਕਿਹਾ ਕਿ ਸਾਡੇ ਵਿੱਚੋਂ ਜ਼ਿਆਦਾਤਰ ਲੋਕਾਂ ਨੂੰ ਅਕਸਰ ਆਪਣੀ ਜ਼ਿੰਦਗੀ ਬਹੁਤ ਮੁਸ਼ਕਿਲਾਂ ਭਰੀ ਪ੍ਰਤੀਤ ਹੁੰਦੀ ਹੈ ਪਰੰਤੂ ਜੇਕਰ ਇਸਨੂੰ ਨਜ਼ਦੀਕ ਤੋਂ ਦੇਖੋਗੇ ਤਾਂ ਪਤਾ ਚੱਲੇਗਾ ਕਿ ਸਾਡੇ ਜੀਵਨ ਅੰਦਰ ਅਜਿਹੀਆਂ ਅਣਗਿਣਤ ਚੀਜ਼ਾਂ ਹਨ ਜਿਨ੍ਹਾਂ ਲਈ ਸਾਨੂੰ ਸ਼ੁਕਰਗੁਜ਼ਾਰ ਹੋਣਾ ਚਾਹੀਦਾ ਹੈ।ਆਪ ਦੇ ਜੀਵਨ ਦੀਆਂ ਕੁਝ ਗੱਲਾਂ ਅਜਿਹੀਆਂ ਜ਼ਰੂਰ ਹੋਣਗੀਆਂ ਜੋ ਕਦੇ ਆਪ ਨੂੰ ਖੁਸ਼ੀ ਦਿੰਦੀਆਂ ਸਨ।ਉਨ੍ਹਾਂ ਨੂੰ ਯਾਦ ਕਰਕੇ ਆਪ ਨੂੰ ਵਰਤਮਾਨ ਵਿੱਚ ਵੀ ਵਧੀਆ ਮਹਿਸੂਸ ਹੁੰਦਾ ਹੈ, ਜਿਸਦੇ ਸਿੱਟੇ ਵਜੋਂ ਆਪ ਮੁਸ਼ਕਿਲ ਹਾਲਾਤ ਦਾ ਸਾਹਮਣਾ ਕਰ ਸਕਦੇ ਹੋ। ਪ੍ਰੰਤੂ ਇਨਸਾਨ ਦੀ ਫਿਤਰਤ ਹੈ ਕਿ ਉਹ ਚੰਗੇ ਨੂੰ ਯਾਦ ਨਹੀਂ ਰੱਖਦਾ।ਬੁਰੇ ਨੂੰ ਹਰ ਵੇਲੇ ਯਾਦ ਰੱਖਦਾ ਹੈ।ਅਜਿਹਾ ਕਹਿਣਾ ਅਤਕਥਨੀ ਨਹੀਂ ਹੋਵੇਗੀ ਕਿ ਜਿਸ ਪ੍ਰਕਾਰ ਲੋਕਾਂ ਦਾ ਬੁਰਾਈ ਵੱਲ ਰੁਝਾਨ ਹੁੰਦਾ ਹੈ।ਜੇਕਰ ਇਸੇ ਤਰ੍ਹਾਂ ਦਾ ਦ੍ਰਿੜ ਭਾਵ ਸ਼ੁਭ ਵਿਚਾਰਾਂ ਪ੍ਰਤੀ ਹੋ ਜਾਵੇ ਤਾਂ ਅਸੀਂ ਬਹੁਤ ਸਾਰੇ ਔਗੁਣਾਂ ਤੋਂ ਨਿਜਾਤ ਪ੍ਰਾਪਤ ਕਰ ਸਕਦੇ ਹਾਂ।ਸਿਆਣਿਆਂ ਦਾ ਕਥਨ ਹੈ ਕਿ ਜੀਵਨ ਇੱਕ ਸੰਗਰਾਮ ਹੈ, ਇਸ ਦੇ ਅੰਦਰ ਉਹੀ ਵਿਅਕਤੀ ਜਿੱਤ ਪ੍ਰਾਪਤ ਕਰ ਸਕਦਾ ਹੈ ਜੋ ਜਾਂ ਤਾਂ ਪ੍ਰਸਥਿਤੀਆਂ ਦੇ ਅਨੁਸਾਰ ਖੁਦ ਨੂੰ ਢਾਲ ਲੈਂਦਾ ਹੈ ਜਾਂ ਫਿਰ ਆਪਣੇ ਪੁਰਸ਼ਾਰਥ ਦੇ ਦੁਆਰਾ ਉਨ੍ਹਾਂ ਨੂੰ ਬਦਲ ਦਿੰਦਾ ਹੈ।ਜੇਕਰ ਮਨੁੱਖ ਇਨ੍ਹਾਂ ਦੋਵਾਂ ਜਾਂ ਫਿਰ ਦੋਵਾਂ ਵਿੱਚੋਂ ਕਿਸੇ ਇੱਕ ਨੂੰ ਆਪਣੇ ਜੀਵਨ ਦਾ ਅੰਗ ਬਣਾ ਲੈਂਦਾ ਹੈ ਤਾਂ ਉਹ ਨਿਸ਼ਚਿਤ ਤੌਰ 'ਤੇ ਆਪਣੇ ਜੀਵਨ ਯੁੱਧ ਨੂੰ ਜਿੱਤ ਲੈਂਦਾ ਹੈ।ਜਦੋਂ ਆਪ ਹਰ ਪ੍ਰਸਥਿਤੀ ਵਿੱਚ ਨਿਰੰਤਰ ਕਾਰਜ ਕਰਦੇ ਰਹਿੰਦੇ ਹੋ ਤਾਂ ਇਸ ਦੇ ਦੁਆਰਾ ਆਪ ਦੇ ਅੰਦਰ ਆਤਮ ਵਿਸ਼ਵਾਸ ਅਤੇ ਉਤਸ਼ਾਹ ਦਾ ਵਿਕਾਸ ਹੁੰਦਾ ਹੈ ਕਿਉਂਕਿ ਜੀਵਨ ਅੰਦਰ ਕਿਸੇ ਵੀ ਖੇਤਰ ਵਿੱਚ ਸਫਲ ਹੋਣ ਲਈ ਸਕਾਰਾਤਮਕਤਾ ਦਾ ਹੋਣਾ ਬਹੁਤ ਜ਼ਰੂਰੀ ਹੈ ਜਿਹੋ ਜਿਹੀ ਸਾਡੀ ਸੋਚ ਹੁੰਦੀ ਹੈ ਸਾਡੀ ਜ਼ਿੰਦਗੀ ਵੀ ਉਹੋ ਜਿਹੀ ਬਣ ਜਾਂਦੀ ਹੈ। ਜੇਕਰ ਆਪ ਨੂੰ ਆਪਣੀਆਂ ਕੋਸ਼ਿਸ਼ਾਂ ਵਿੱਚ ਸਫਲਤਾ ਨਹੀਂ ਮਿਲਦੀ ਤਾਂ ਨਿਰਾਸ਼ ਹੋਣ ਦੀ ਲੋੜ ਨਹੀਂ ਬਲਕਿ ਆਪਣੀ ਕੋਸ਼ਿਸ਼ ਜਾਰੀ ਰੱਖਣੀ ਚਾਹੀਦੀ ਹੈ।ਆਪਣਾ ਨਜ਼ਰੀਆ ਅਤੇ ਸੋਚ ਨੂੰ ਵਿਸ਼ਾਲ ਬਣਾ ਕੇ ਰੱਖਣਾ ਚਾਹੀਦਾ ਹੈ।ਇਸ ਗੱਲ ਨੂੰ ਹਮੇਸ਼ਾ ਯਾਦ ਰੱਖੀਏ ਕਿ ਅਸਫਲਤਾ ਦੀਆਂ ਪੌੜੀਆਂ ਹੀ ਸਾਨੂੰ ਸਫਲਤਾ ਦੇ ਸਿਖਰ ਤੱਕ ਲੈ ਕੇ ਜਾਂਦੀਆਂ ਹਨ।ਜਦੋਂ ਇੱਕ ਇਨਸਾਨ ਪੂਰਨ ਸਤਿਗੁਰੂ ਦੁਆਰਾ ਦਰਸਾਏ ਮਾਰਗ ਦੇ ਉਪਰ ਚੱਲਦਾ ਹੈ ਤਾਂ ਉਹ ਸਫਲਤਾ ਦੇ ਸਿਖਰ 'ਤੇ ਜ਼ਰੂਰ ਪਹੁੰਚਦਾ ਹੈ। ਪ੍ਰੋਗਰਾਮ ਦੇ ਦੌਰਾਨ ਸਾਦਵੀ ਨਾਯਨਾ ਭਾਰਤੀ, ਸਾਧਵੀ ਲਖਵਿੰਦਰ ਭਾਰਤੀ ਨੇ ਗੁਰਬਾਣੀ ਸ਼ਬਦ ਭਜਨਾਂ ਦਾ ਗਾਇਨ ਕੀਤਾ।



# ਰਿਆੜਕੀ ਪਬਲਿਕ ਸਕੂਲ ਤੁਗਲਵਾਲਾ 'ਚ ਵਿਦਿਆਰਥੀ ਕੌਂਸਲ ਦੀ ਚੋਣ ਤੇ ਸਹੁੰ-ਚੁੱਕ ਸਮਾਗਮ ਸੰਪੰਨ

**ਧਾਰੀਵਾਲ, (ਮਨਦੀਪ ਵਿੱਕੀ)**

ਜਿੱਥੇ ਬੀਜ ਬੀਜੇ ਜਾਂਦੇ ਨੇ ਸੁਪਨਿਆਂ ਦੇ, ਉੱਥੇ ਹੀ ਉੱਗਦੀ ਹੈ ਅਗਵਾਈ। ਤੁਗਲਵਾਲਾ ਸਥਿਤ ਰਿਆੜਕੀ ਪਬਲਿਕ ਸਕੂਲ ਦੇ ਵਿਹੜੇ ਵਿੱਚ ਇੱਕ ਵਾਰ ਫਿਰ ਅਜਿਹਾ ਹੀ ਨਜ਼ਾਰਾ ਵੇਖਣ ਨੂੰ ਮਿਲਿਆ, ਜਦੋਂ ਵਿਦਿਆਰਥੀ ਕੌਂਸਲ ਦੀ ਚੋਣ ਅਤੇ ਸਹੁੰ-ਚੁੱਕ ਸਮਾਗਮ ਬੜੀ ਧੂਮਧਾਮ ਅਤੇ ਗਰਿਮਾ ਨਾਲ ਸੰਪੰਨ ਹੋਇਆ।ਡਰੱਮ ਦੀ ਤਾਲ 'ਤੇ ਕਦਮ ਮਿਲਾਉਂਦੇ ਨੌਜਵਾਨਾਂ ਦੇ ਚਿਹਰਿਆਂ 'ਤੇ ਜ਼ਿੰਮੇਵਾਰੀ ਦੀ ਭਾਵਨਾ ਸਾਫ਼ ਝਲਕ ਰਹੀ ਸੀ।ਸਮਾਗਮ ਦੀ ਸ਼ੁਰੂਆਤ ਗੁਰਬਾਣੀ ਦੇ ਇਲਾਹੀ ਕੀਰਤਨ ਅਤੇ ਅਰਦਾਸ ਨਾਲ ਹੋਈ— ਜਿਵੇਂ ਹਰ ਸ਼ੁਭ ਕਾਰਜ ਵਾਹਿਗੁਰੂ ਦੇ ਨਾਮ ਤੋਂ ਆਰੰਭ ਹੁੰਦਾ ਹੈ, ਇਸ ਸੰਸਥਾ ਲਈ ਇਹ ਕੋਈ ਰਸਮ ਨਹੀਂ ਸਗੋਂ ਸੁਭਾਅ ਹੈ। ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਆਪਣੇ ਉਦਬੋਧਨ ਵਿੱਚ ਕਿਹਾ ਕਿ ਵਿਦਿਆਰਥੀ ਕੌਮ ਦਾ ਅਨਮੁੱਲਾ ਸਰਮਾਇਆ ਹਨ—ਭਵਿੱਖ ਦੇ ਨੇਤਾ, ਕੱਲ੍ਹ ਦੇ ਸਮਾਜ ਦੀ ਰੀੜ੍ਹ ਅਤੇ ਚੰਗੇ ਕੈਲੀਬਰ, ਕਿਰਦਾਰ ਅਤੇ ਵਿਅਕਤੀਤਵ ਵਾਲਾ ਵਿਦਿਆਰਥੀ ਹੀ ਸਮਾਜ ਦਾ ਸੁਚੱਜਾ ਨਾਗਰਿਕ ਬਣ ਸਕਦਾ ਹੈ, ਇਸ ਲਈ ਇਸ ਸੰਸਥਾ ਵਿੱਚ ਵਿਦਿਆਰਥੀ ਭਾਗੀਦਾਰੀ ਕੋਈ ਉਪਚਾਰਿਕਤਾ ਨਹੀਂ ਸਗੋਂ ਤਰਬੀਅਤ ਦਾ ਅਨਿੱਖੜਵਾਂ ਹਿੱਸਾ ਹੈ।ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਹੋਣਹਾਰ ਵਿਦਿਆਰਥੀਆਂ ਵਿੱਚੋਂ ਜਸਮੀਤ ਸਿੰਘ (ਬਾਰ੍ਹਵੀਂ) ਨੂੰ ਮੁੱਖ ਲੜਕਾ, ਜਗਬੀਰ ਕੌਰ (ਬਾਰ੍ਹਵੀਂ) ਨੂੰ ਮੁੱਖ ਲੜਕੀ, ਕਰਨਬੀਰ ਸਿੰਘ ਨੂੰ ਉਪ ਮੁੱਖ ਲੜਕਾ ਅਤੇ ਚਾਹਤਪ੍ਰੀਤ ਕੌਰ ਨੂੰ ਉਪ ਮੁੱਖ ਲੜਕੀ ਚੁਣਿਆ ਗਿਆ। ਪੰਜਾਬ ਦੀਆਂ ਨਦੀਆਂ ਦੇ ਨਾਵਾਂ 'ਤੇ ਸਜੇ ਚਾਰੇ ਹਾਊਸਾਂ ਦੇ ਕਪਤਾਨ ਵਜੋਂ ਲੜਕਿਆਂ ਵਿੱਚ ਗੁਰਸ਼ਾਂਤ ਸਿੰਘ (ਬਿਆਸ), ਸਹਿਜਪ੍ਰੀਤ ਸਿੰਘ (ਜੇਹਲਮ), ਮਨਜਿੰਦਰ ਸਿੰਘ (ਰਾਵੀ) ਅਤੇ ਰਣਵੀਰ ਸਿੰਘ (ਸਤਲੁਜ) ਅਤੇ ਲੜਕੀਆਂ ਵਿੱਚ ਅਨਮੋਲਪ੍ਰੀਤ ਕੌਰ (ਬਿਆਸ), ਮਨਪ੍ਰੀਤ ਕੌਰ (ਜੇਹਲਮ), ਗੁਰਸਹਿਜਦੀਪ ਕੌਰ (ਰਾਵੀ) ਅਤੇ ਅਸ਼ਮੀਤ ਕੌਰ (ਸਤਲੁਜ) ਦੀ ਨਿਯੁਕਤੀ ਕੀਤੀ ਗਈ, ਜਦੋਂਕਿ ਉਪ ਕਪਤਾਨਾਂ ਵਜੋਂ ਮਨਮੀਤ ਸਿੰਘ, ਇਕਨੂਰਪ੍ਰੀਤ ਸਿੰਘ, ਗੁਰਬੀਰ ਸਿੰਘ, ਦਿਲਪ੍ਰੀਤ ਸਿੰਘ, ਨਵਪ੍ਰੀਤ ਕੌਰ, ਏਕਮਪ੍ਰੀਤ ਕੌਰ, ਇਸ਼ਮੀਤ ਕੌਰ ਅਤੇ ਗਗਨਦੀਪ ਕੌਰ ਚੁਣੇ ਗਏ।ਵਿਦਿਆਰਥੀਆਂ ਦੀ ਸਰਵਪੱਖੀ ਸ਼ਖ਼ਸੀਅਤ ਦੇ ਵਿਕਾਸ ਲਈ ਸੈਲਫ ਐਡਵੋਕੇਸੀ ਕਲੱਬ, ਈਕੋ ਕਲੱਬ, ਸਾਹਿਤਕ ਕਲੱਬ, ਸਪੋਰਟਸ ਕਲੱਬ, ਇੰਗਲਿਸ਼ ਲਿਟਰੇਸੀ ਕਲੱਬ, ਪੰਜਾਬੀ ਲਿਟਰੇਸੀ ਕਲੱਬ, ਹੈਰੀਟੇਜ ਕਲੱਬ, ਡਿਸਿਪਲਿਨ ਕਲੱਬ ਅਤੇ ਆਈਸੀਟੀ ਕਲੱਬ ਦਾ ਗਠਨ ਕਰਦਿਆਂ ਉਨ੍ਹਾਂ ਦੀ ਅਗਵਾਈ ਕ੍ਰਮਵਾਰ ਗੁਣਤਾਸ਼ ਰਿਆੜ, ਗੁਰਵੰਸ਼ਪ੍ਰੀਤ ਸਿੰਘ, ਮਹਿਕਪ੍ਰੀਤ ਕੌਰ, ਸਹਿਜਪ੍ਰੀਤ ਸਿੰਘ, ਅਮਾਨਤਪ੍ਰੀਤ ਕੌਰ, ਅਨਾਹਦ ਸਿੰਘ, ਆਕਾਸ਼ਪ੍ਰੀਤ ਸਿੰਘ ਅਤੇ ਹਰਲੀਨ ਕੌਰ ਵਰਗੇ ਹੋਣਹਾਰ ਵਿਦਿਆਰਥੀਆਂ ਨੂੰ ਸੌਂਪੀ ਗਈ। ਸੰਸਥਾ ਦੀ ਡਾਇਰੈਕਟਰ ਪ੍ਰਿੰਸੀਪਲ ਮਨਪ੍ਰੀਤ ਕੌਰ ਵਿਰਕ ਨੇ ਆਪਣੇ ਹੱਥੀਂ ਵਿਦਿਆਰਥੀਆਂ ਨੂੰ ਬੈਜ ਲਗਾਏ ਅਤੇ ਉਨ੍ਹਾਂ ਨੂੰ ਆਪਣੇ ਫ਼ਰਜ਼ਾਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਪ੍ਰੇਰਨਾ ਦਿੱਤੀ, ਜਦੋਂਕਿ ਪ੍ਰਿੰਸੀਪਲ ਇੰਦਰਜੀਤ ਕੌਰ ਸੈਣੀ ਨੇ ਵੀ ਆਪਣੇ ਅਸਰਦਾਰ ਸੰਬੋਧਨ ਨਾਲ ਨੌਜਵਾਨਾਂ ਦੇ ਦਿਲਾਂ ਵਿੱਚ ਜੋਸ਼ ਭਰਿਆ।ਸਮਾਗਮ ਦੀ ਸਮਾਪਤੀ ਉਸ ਪਵਿੱਤਰ ਪਲ ਨਾਲ ਹੋਈ ਜਦੋਂ ਸਮੂਹ ਚੁਣੇ ਹੋਏ ਵਿਦਿਆਰਥੀਆਂ ਨੇ ਸਹੁੰ ਚੁੱਕਦਿਆਂ ਇਮਾਨਦਾਰੀ, ਤਨਦੇਹੀ ਅਤੇ ਦਿਆਨਤਦਾਰੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦਾ ਪ੍ਰਣ ਲਿਆ। ਇਹ ਸਮੁੱਚਾ ਸਮਾਗਮ ਅਧਿਆਪਕ ਜਤਿੰਦਰ ਕੁਮਾਰ, ਰਾਜਵਿੰਦਰ ਕੌਰ ਅਤੇ ਜੀਨਸ ਦੀ ਕੁਸ਼ਲ ਅਗਵਾਈ ਹੇਠ ਸਫਲਤਾਪੂਰਵਕ ਸੰਪੰਨ ਹੋਇਆ।



ਨਵਾਂ ਜ਼ਮਾਨਾ
ਮੰਗਲਵਾਰ, 26 ਮਈ 2026

# ਨਿਚੋੜਨ ਦੀ ਨੀਤੀ

ਚਾਰ ਕੁ ਦਿਨ ਪਹਿਲਾਂ ਮੀਡੀਆ ਵਿੱਚ ਆਇਆ ਸੀ ਕਿ ਮੋਦੀ ਸਰਕਾਰ ਦੇ ਕੰਟਰੋਲ ਵਾਲੀਆਂ ਤੇਲ ਕੰਪਨੀਆਂ ਇੰਡੀਅਨ ਆਇਲ ਕਾਰਪੋਰੇਸ਼ਨ, ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਤੇ ਭਾਰਤ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਦੇ ਮੁਨਾਫੇ ਵਿੱਚ ਵਾਧਾ ਹੋਇਆ ਹੈ, ਪਰ ਇਸ ਦੇ ਬਾਵਜੂਦ ਸੋਮਵਾਰ ਚੌਥੀ ਵਾਰ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਕਰ ਦਿੱਤਾ ਗਿਆ। ਤਿੰਨ ਵੱਡੀਆਂ ਸਰਕਾਰੀ ਤੇਲ ਕੰਪਨੀਆਂ, ਜੋ ਦੇਸ਼ ਦੇ ਘਰੇਲੂ ਈਂਧਨ ਪ੍ਰਚੂਨ ਬਾਜ਼ਾਰ ਦੇ 90 ਫੀਸਦੀ ਤੋਂ ਵੱਧ ਨੂੰ ਕੰਟਰੋਲ ਕਰਦੀਆਂ ਹਨ, ਦਾ ਜਨਵਰੀ-ਮਾਰਚ 2026 ਦੀ ਤਿਮਾਹੀ (ਵਿੱਤੀ ਸਾਲ 2026 ਦੀ ਚੌਥੀ ਤਿਮਾਹੀ) ਵਿੱਚ ਸਾਂਝਾ ਸ਼ੁੱਧ ਲਾਭ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 40.74 ਫੀਸਦੀ ਵਧ ਕੇ 19,470 ਕਰੋੜ ਰੁਪਏ ਤੱਕ ਪਹੁੰਚ ਗਿਆ ਸੀ। ਅਮਰੀਕਾ ਅਤੇ ਇਜ਼ਰਾਈਲ ਨੇ 28 ਫਰਵਰੀ ਨੂੰ ਈਰਾਨ 'ਤੇ ਹਮਲਾ ਕੀਤਾ। ਇਸ ਤੋਂ ਬਾਅਦ ਈਰਾਨ ਨੇ ਹਾਰਮੁਜ਼ ਜਲਡਮਰੂ ਨੂੰ ਬੰਦ ਕਰ ਦਿੱਤਾ। ਤਿੰਨਾਂ ਕੰਪਨੀਆਂ ਦਾ ਸਾਂਝਾ ਸ਼ੁੱਧ ਮੁਨਾਫਾ 2025-26 ਵਿੱਚ 130 ਫੀਸਦੀ ਵਧ ਕੇ 77,280.65 ਕਰੋੜ ਤੱਕ ਪਹੁੰਚ ਗਿਆ, ਜੋ ਕਿ 2024-25 ਵਿੱਚ 33,601.57 ਕਰੋੜ ਸੀ। ਜੰਗ ਤੋਂ ਬਾਅਦ ਸਰਕਾਰ ਤੇ ਤੇਲ ਕੰਪਨੀਆਂ ਨੇ ਤੁਰੰਤ ਵਿਸ਼ਵ ਬਾਜ਼ਾਰ ਵਿੱਚ ਵਧਦੀਆਂ ਤੇਲ ਕੀਮਤਾਂ ਦਾ ਹਵਾਲਾ ਦਿੱਤਾ। ਹਾਲਾਂਕਿ ਜੰਗਬੰਦੀ ਤੋਂ ਬਾਅਦ ਤੇਲ ਦੀਆਂ ਕੀਮਤਾਂ ਵਿੱਚ ਕੋਈ ਖਾਸ ਵਾਧਾ ਨਹੀਂ ਹੋਇਆ। ਮਾਰਚ 2026 ਵਿੱਚ ਵਿਸ਼ਵਵਿਆਪੀ ਤੇਲ ਸਪਲਾਈ ਵਿੱਚ ਵਿਘਨ ਦੇ ਬਾਵਜੂਦ ਭਾਰਤ ਦੀਆਂ ਸਰਕਾਰੀ ਤੇਲ ਕੰਪਨੀਆਂ ਨੇ ਮੁਨਾਫਾ ਕਮਾਇਆ। ਇਨ੍ਹਾਂ ਅੰਕੜਿਆਂ ਦਾ ਮਤਲਬ ਹੈ ਕਿ ਪਿਛਲੇ ਸਾਲ ਹੋਏ ਮੁਨਾਫੇ ਦੇ ਮੁਕਾਬਲੇ, ਦੇਸ਼ ਦੇ ਲੋਕਾਂ ਤੋਂ ਲੱਗਭੱਗ 130 ਫੀਸਦੀ ਵੱਧ ਪੈਸਾ ਇਕੱਠਾ ਕੀਤਾ ਅਤੇ ਕਮਾਇਆ ਗਿਆ।

ਸੋਮਵਾਰ ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀ ਕੀਮਤ 8 ਫੀਸਦੀ ਡਿਗ ਕੇ 100 ਡਾਲਰ ਪ੍ਰਤੀ ਬੈਰਲ ਤੋਂ ਹੇਠਾਂ 96.83 ਡਾਲਰ 'ਤੇ ਆ ਗਈ। ਫਿਰ ਵੀ ਪੈਟਰੋਲ ਦੀ ਕੀਮਤ 2.61 ਰੁਪਏ ਅਤੇ ਡੀਜ਼ਲ ਦੀ ਕੀਮਤ 2.71 ਰੁਪਏ ਵਧਾ ਦਿੱਤੀ ਗਈ, ਜਿਸ ਨਾਲ ਡੀਜ਼ਲ ਅਤੇ ਪੈਟਰੋਲ ਦੋਵੇਂ 10 ਦਿਨਾਂ ਅਤੇ ਚਾਰ ਕਿਸ਼ਤਾਂ ਵਿੱਚ ਲੱਗਭੱਗ 7.50 ਰੁਪਏ ਪ੍ਰਤੀ ਲੀਟਰ ਮਹਿੰਗੇ ਹੋ ਗਏ। ਹੁਣ ਤੇਲ ਦੀਆਂ ਡਿਗਦੀਆਂ ਕੀਮਤਾਂ ਦੇ ਮੱਦੇਨਜ਼ਰ ਤੇਲ ਕੰਪਨੀਆਂ ਦੇ ਮੁਨਾਫੇ ਦੀ ਕਲਪਨਾ ਕਰੋ। ਇਸ ਦਾ ਮਤਲਬ ਹੈ ਕਿ ਟਰੰਪ ਅਤੇ ਉਸ ਦੇ ਸਾਥੀ ਜੰਗ ਦੀਆਂ ਖਬਰਾਂ ਨਾਲ ਛੇੜਛਾੜ ਕਰਕੇ ਅਰਬਾਂ ਕਮਾ ਰਹੇ ਹਨ। ਭਾਰਤ ਵਿੱਚ ਤੇਲ ਕੰਪਨੀਆਂ ਵੀ ਮੁਨਾਫਾ ਕਮਾ ਰਹੀਆਂ ਹਨ।

ਕੌੜੀ ਸਚਾਈ ਇਹ ਹੈ ਕਿ ਅੱਜ ਵੀ ਡੀਜ਼ਲ 'ਤੇ ਐਕਸਾਈਜ਼ ਡਿਊਟੀ ਯੂ ਪੀ ਏ ਸਰਕਾਰ ਦੇ ਸਮੇਂ ਨਾਲੋਂ 125 ਫੀਸਦੀ ਅਤੇ ਪੈਟਰੋਲ 'ਤੇ 29 ਫੀਸਦੀ ਵੱਧ ਹੈ। ਨਰਿੰਦਰ ਮੋਦੀ ਕੋਲ ਅਜੇ ਵੀ ਈਂਧਨ ਦੀਆਂ ਕੀਮਤਾਂ ਨੂੰ ਕੰਟਰੋਲ ਕਰਨ ਲਈ ਕਾਫੀ ਗੁੰਜਾਇਸ਼ ਹੈ, ਪਰ ਬੋਝ ਲੋਕਾਂ 'ਤੇ ਪਾਇਆ ਜਾ ਰਿਹਾ ਹੈ। ਮੁਨਾਫਾ ਸਰਕਾਰ ਦਾ ਹੈ, ਨੁਕਸਾਨ ਪੂਰੀ ਤਰ੍ਹਾਂ ਤੁਹਾਡਾ ਹੈ।

28 ਫਰਵਰੀ ਨੂੰ ਪੱਛਮੀ ਏਸ਼ੀਆ ਵਿੱਚ ਯੁੱਧ ਸ਼ੁਰੂ ਹੋਣ ਤੋਂ ਪਹਿਲਾਂ, ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀ ਕੀਮਤ ਲੱਗਭੱਗ 72 ਡਾਲਰ ਪ੍ਰਤੀ ਬੈਰਲ ਸੀ ਅਤੇ 9 ਮਾਰਚ ਤੱਕ ਇਹ 66.7 ਫੀਸਦੀ ਵਧ ਕੇ 120 ਡਾਲਰ ਪ੍ਰਤੀ ਬੈਰਲ ਹੋ ਗਈ ਸੀ। ਹਾਲਾਂਕਿ ਮਈ ਵਿੱਚ ਕੀਮਤਾਂ ਥੋੜ੍ਹੀਆਂ ਘਟ ਕੇ ਲੱਗਭੱਗ 105.6 ਪ੍ਰਤੀ ਬੈਰਲ ਹੋ ਗਈਆਂ, ਪਰ ਜਦੋਂ ਕੌਮਾਂਤਰੀ ਕੀਮਤਾਂ ਡਿੱਗਦੀਆਂ ਹਨ, ਭਾਰਤ ਦੀਆਂ ਸਰਕਾਰੀ ਤੇਲ ਕੰਪਨੀਆਂ ਇਸ ਦਾ ਲਾਭ ਲੋਕਾਂ ਨੂੰ ਨਹੀਂ ਦਿੰਦੀਆਂ। ਸਰਕਾਰ ਦਾ ਦਾਅਵਾ ਹੈ ਕਿ ਤੇਲ ਕੰਪਨੀਆਂ ਸਮੂਹਕ ਤੌਰ 'ਤੇ ਪ੍ਰਤੀ ਦਿਨ 500 ਕਰੋੜ ਤੋਂ ਵੱਧ ਦਾ ਭਾਰੀ ਨੁਕਸਾਨ ਝੱਲ ਰਹੀਆਂ ਹਨ। ਇਸ ਲਈ ਤੇਲ ਦੀਆਂ ਕੀਮਤਾਂ ਵਾਰ-ਵਾਰ ਵਧਾਈਆਂ ਜਾ ਰਹੀਆਂ ਹਨ। ਹਾਲਾਂਕਿ, ਸਰਕਾਰ ਇਸ ਸਵਾਲ 'ਤੇ ਚੁੱਪ ਹੈ ਕਿ ਸਸਤੇ ਤੇਲ ਦੇ ਲਾਭ ਭਾਰਤੀ ਲੋਕਾਂ ਤੱਕ ਕਿਉਂ ਨਹੀਂ ਪਹੁੰਚਾਏ ਗਏ।

# ਅਹਿਮ ਮੁੱਦੇ ਮਨਫ਼ੀ ਕਿਉਂ ?

ਸੱਤਾ ਵਿਚ ਆਉਣ ਲਈ ਹਰ ਪਾਰਟੀ ਵੱਲੋਂ ਵੋਟਰਾਂ ਨੂੰ ਭਰਮਾਉਣ ਲਈ ਪੂਰੇ ਯਤਨ ਕੀਤੇ ਜਾ ਰਹੇ ਹਨ । ਹਰ ਤਰ੍ਹਾਂ ਦੇ ਵਾਅਦੇ ਕੀਤੇ ਜਾ ਰਹੇ ਹਨ। ਅਜੇ ਤੱਕ ਕਿਸੇ ਵੀ ਪਾਰਟੀ ਨੇ ਹਰੇ-ਭਰੇ ਵਾਤਾਵਰਨ, ਮਿਲਾਵਟਖੋਰੀ , ਸਾਫ਼-ਸੁਥਰਾ ਪਾਣੀ ,ਪ੍ਰਦੂਸ਼ਣ ਦੀ ਰੋਕਥਾਮ ਲਈ ਕੋਈ ਠੋਸ ਗੱਲ ਨਹੀਂ ਕੀਤੀ ।ਹਾਲ ਹੀ ਵਿੱਚ ਨਸ਼ਰ ਹੋਈ ਇੱਕ ਰਿਪੋਰਟ ਮੁਤਾਬਕ ਪੰਜਾਬ ਦਾ ਪਾਣੀ ਪੀਣ ਯੋਗ ਨਹੀਂ ਰਿਹਾ ।40 ਫੀਸਦੀ ਪਾਣੀ ਖ਼ਰਾਬ ਹੋ ਚੁੱਕਾ ਹੈ।ਪੰਜਾਬ ਦੇ ਕਈ ਜ਼ਿਲ੍ਹੇ ਕੈਂਸਰ ਦੀ ਮਾਰ ਹੇਠ ਹਨ। ਜੇ ਸਮਾਂ ਰਹਿੰਦਿਆਂ ਕੋਈ ਠੋਸ ਨੀਤੀ ਨਾ ਉਲੀਕੀ ਗਈ , ਤਾਂ ਜਲਦੀ ਹੀ ਪੂਰਾ ਪੰਜਾਬ ਕੈਂਸਰ ਨਾਲ ਪ੍ਰਭਾਵਤ ਹੋ ਜਾਵੇਗਾ। ਮਾਲਵਾ ਖੇਤਰ ਅੱਜ ਕੈਂਸਰ ਦੀ ਮਾਰ ਹੇਠ ਹੈ। ਲੋਕਾਂ ਨੂੰ ਪੀਣ ਵਾਲਾ ਸਾਫ਼ ਪਾਣੀ ਨਹੀਂ ਮਿਲ ਰਿਹਾ।

ਅੱਜ ਮਿਲਾਵਟ ਦਾ ਬਹੁਤ ਬੋਲਬਾਲਾ ਹੈ। ਹਰ ਚੀਜ਼ ਮਿਲਾਵਟ ਦਾ ਰੂਪ ਧਾਰਨ ਕਰ ਗਈ ਹੈ। ਬਾਜ਼ਾਰ ਵਿੱਚੋਂ ਕੋਈ ਵੀ ਚੀਜ਼ ਲੈ ਲਓ ਚਾਹੇ ਉਹ ਕੱਪੜਾ, ਐਲਮੀਨੀਅਮ, ਕਾਂਸਾ, ਸਟੀਲ ਕੋਈ ਵੀ ਵਸਤੂ ਹੋਵੇ ਜਾਂ ਖਾਣ-ਪੀਣ ਵਾਲੀ ਵਸਤੂ ਹੋਵੇ, ਹਰ ਚੀਜ਼ ਵਿੱਚ ਮਿਲਾਵਟ ਹੈ।ਆਜ਼ਾਦੀ ਦੇ ਏਨੇ ਵਰ੍ਹਿਆਂ ਬਾਅਦ ਵੀ ਮਿਲਾਵਟ ਨੂੰ ਪੂਰੀ ਤਰ੍ਹਾਂ ਠੱਲ੍ਹ ਨਹੀਂ ਪਈ । ਖਾਣਾ- ਪੀਣਾ ਸਭ ਕੁਝ ਅਸ਼ੁੱਧ ਹੋ ਚੁੱਕਿਆ ਹੈ। ਤਿਉਹਾਰਾਂ ਦੇ ਸੀਜ਼ਨ ਵਿੱਚ ਖੁਰਾਕ ਸਪਲਾਈ ਵਿਭਾਗ ਥੋੜ੍ਹਾ ਜਿਹਾ ਸਖ਼ਤ ਹੁੰਦਾ ਹੈ। ਜਦੋਂ ਤਿਉਹਾਰਾਂ ਦਾ ਸੀਜ਼ਨ ਹੁੰਦਾ ਹੈ ਤਾਂ ਸਿਹਤ ਮੰਤਰਾਲਾ ਕੁਇੰਟਲਾਂ ਦੇ ਹਿਸਾਬ ਨਾਲ ਨਕਲੀ ਖੋਆ, ਮਿਠਾਈਆਂ ਫੜਦਾ ਹੈ ਤੇ ਅਜਿਹੇ ਲੋਕਾਂ ਖਿਲਾਫ ਕਾਰਵਾਈ ਵੀ ਹੁੰਦੀ ਹੈ। ਪਰ ਜਦ ਆਮ ਦਿਨ ਹੁੰਦੇ ਹਨ ਤਾਂ ਸਿਹਤ ਮੰਤਰਾਲਾ ਕੋਈ ਵੀ ਕਾਰਵਾਈ ਨਹੀਂ ਕਰਦਾ ।

ਨਿੱਜੀ ਸਵਾਰਥਾਂ ਖਾਤਰ ਇਨਸਾਨ ਅੱਜ ਕੁਦਰਤ ਨਾਲ ਖਿਲਵਾੜ ਕਰ ਰਿਹਾ ਹੈ। ਜਨ ਸੰਖਿਆ ਨੂੰ ਵਸਾਉਣ ਲਈ ਲਗਾਤਾਰ ਜੰਗਲਾਂ ਦੀ ਕਟਾਈ ਹੋ ਰਹੀ ਹੈ । ਅਕਸਰ ਅਸੀਂ ਦੇਖਦੇ ਹਾਂ ਕਿ ਗਰਮੀਆਂ ਵਿਚ ਤਾਪਮਾਨ 50 ਡਿਗਰੀ ਦੇ ਆਸ-ਪਾਸ ਹੋ ਜਾਂਦਾ ਹੈ। ਸੜਕਾਂ ਦਾ ਲਗਾਤਾਰ ਜਾਲ ਵਿਛ ਰਿਹਾ ਹੈ । ਫ਼ਸਲਾਂ ਦੀ ਕਟਾਈ ਤੋਂ ਬਾਅਦ ਖੇਤਾਂ ਵਿੱਚ ਨਾੜ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ। ਜਿਸ ਕਾਰਨ ਵਾਤਾਵਰਨ ਪ੍ਰਦੂਸ਼ਤ ਹੋ ਜਾਂਦਾ ਹੈ, ਫੈਕਟਰੀਆਂ ਦਾ ਗੰਦਾ ਪਾਣੀ ਦਰਿਆਵਾਂ ਵਿੱਚ ਸੁੱਟਿਆ ਜਾ ਰਿਹਾ ਹੈ, ਜਿਸ ਕਾਰਨ ਜੀਵ-ਜੰਤੂ ਬੁਰੀ ਤਰਾਂ ਪ੍ਰਭਾਵਤ ਹੋਏ ਹਨ ।

ਔਰਤਾਂ ਅੱਜਕੱਲ ਸੁਰੱਖਿਅਤ ਨਹੀਂ ਹਨ ।ਛੇੜਛਾੜ, ਤੇਜ਼ਾਬੀ ਹਮਲੇ ਦਾ ਲਗਾਤਾਰ ਸ਼ਿਕਾਰ ਹੋ ਰਹੀਆਂ ਹਨ । ਜੋ ਮਨੀਪੁਰ ਵਿੱਚ ਹੋਇਆ ਪਿਛਲੇ ਸਾਲ ਉਹ ਭੁਲਾਇਆ ਨਹੀਂ ਜਾ ਸਕਦਾ ਕਿ ਕਿਸ ਤਰ੍ਹਾਂ ਔਰਤ ਨੂੰ ਬਿਨਾਂ ਕੱਪੜਿਆਂ ਤੋਂ ਘੁਮਾਇਆ ਗਿਆ ਸੀ। ਇਨਸਾਨੀਅਤ ਸ਼ਰਮਸਾਰ ਹੋ ਚੁੱਕੀ ਸੀ । ਅਵਾਰਾ ਕੁੱਤੇ, ਅਵਾਰਾ ਪਸ਼ੂਆਂ ਦਾ ਕਹਿਰ ਦਿਨ ਪ੍ਰਤੀ ਦਿਨ ਵਧ ਰਿਹਾ ਹੈ । ਅਵਾਰਾ ਕੁੱਤਿਆਂ ਨੇ ਤਾਂ ਪਤਾ ਨਹੀਂ ਕਿੰਨੀਆਂ ਹੀ ਜਾਨਾਂ ਲੈ ਲਈਆਂ । ਸੜਕ ਦੁਰਘਟਨਾਵਾਂ ਵਿੱਚ ਅਕਸਰ ਅਵਾਰਾ ਪਸ਼ੂ ਵੀ ਲੋਕਾਂ ਲਈ ਮੁਸੀਬਤ ਬਣ ਰਹੇ ਹਨ।ਨੁਮਾਇੰਦਿਆਂ ਨੂੰ ਵਿੱਚ ਅਜਿਹੇ ਮੁੱਦੇ ਬਹੁਤ ਹੀ ਸੰਜੀਦਗੀ ਨਾਲ ਚੁੱਕਣੇ ਚਾਹੀਦੇ ਹਨ।ਨੁਮਾਇੰਦਿਆਂ ਵੱਲੋਂ ਅਜਿਹੇ ਮਸਲਿਆਂ 'ਤੇ ਗੱਲਬਾਤ ਕਰਕੇ ਲੋਕਾਂ ਦਾ ਦਿਲ ਜਿੱਤਣਾ ਚਾਹੀਦਾ ਹੈ।

**ਸੰਜੀਵ ਸਿੰਘ ਸੈਣੀ, ਸੰਪਰਕ: 78889-66168**

# ਮਸਨੂਈ ਬੁੱਧੀ, ਡੱਫਰਪੁਣਾ ਅਤੇ ਜੰਗਾਂ

**ਮੂਲ : ਐਡਵਰਡ ਕਰਟਿਨ**
**ਅਨੁਵਾਦ : ਡਾਕਟਰ ਬਲਜਿੰਦਰ**

'ਅਤੇ ਕੁਝ ਲੋਕ ਹਨ, ਜੋ ਇਹ ਦਾਅਵਾ ਕਰਦੇ ਹਨ ਕਿ ਵਧੇਰੇ ਡਾਟਾ ਹੋਮੋ ਸੇਪੀਅਨਜ਼ ਯਾਨੀ ਕਿ ਅਜੋਕੇ ਮਨੁੱਖ ਨੂੰ ਖਤਮ ਕਰ ਦੇਵੇਗਾ ਅਤੇ ਉਸ ਨੂੰ ਜਾਣਕਾਰੀ ਦੇ ਇਸ ਤਾਕਤਵਰ ਵਹਾਅ ਵਿੱਚ ਇੱਕ ਤਿਣਕੇ ਮਾਫਕ ਬੇਵੱਸ ਹੋਏ ਨਾਲ ਧੂਹ ਕੇ ਵਹਾਅ ਲੈ ਜਾਏਗਾ। ਉਦੋਂ ਅਸੀਂ ਲਗਭਗ ਉਹ ਸਭ ਕੁਝ ਜਾਣਨ ਦੇ ਨੇੜੇ ਹੋਵਾਂਗੇ, ਜੀਹਨੂੰ ਜਾਣਨ ਦੀ ਸਾਨੂੰ ਕੋਈ ਜ਼ਰੂਰਤ ਨਹੀਂ ਹੈ ।' (ਰੌਬਰਟੋ ਕਾਲਾਸੋ, ਦ ਅਨਨੇਮੇਬਲ ਪ੍ਰੈਜ਼ੈਂਟ, 2017)

ਅਜਿਹਾ ਹੋਣਾ ਬਹੁਤ ਦੁੱਭਰ ਗੱਲ ਹੈ ਅਤੇ ਇਹ ਹੋਰ ਵੀ ਦੁੱਭਰ ਹੋਵੇਗਾ, ਜਦੋਂ ਮਸਨੂਈ ਬੁੱਧੀ ਸਾਨੂੰ ਕੁਛ ਨੂੰ ਵੀ ਜਾਣਨ ਦੇ ਬੋਝ ਤੋਂ ਮੁਕਤ ਕਰ ਦੇਵੇਗੀ, ਸਿਵਾਏ ਇਸ ਗੱਲ ਦੇ ਕਿ ਮਸਨੂਈ ਬੁੱਧ ਤੋਂ ਕਿਸੇ ਵੀ ਗੱਲ ਦੇ ਜਵਾਬ ਕਿਵੇਂ ਪੁੱਛਣੇ ਹਨ । ਆਪਣੇ ਲਈ ਸੋਚਣ, ਕਿਤਾਬਾਂ ਨੂੰ ਪੜ੍ਹਨ ਅਤੇ ਬਾਹਰਮੁਖੀ ਕੁਦਰਤੀ ਹਕੀਕਤ ਵਿੱਚ ਵਿਚਰਨ ਦਾ ਬੋਝ ਸਾਡੇ ਸਿਰਾਂ ਤੋਂ ਜਾਂਦਾ ਰਹੇਗਾ । ਮਸਨੂਈ ਬੁੱਧ ਦੇ ਸਿਰੀ, ਅਲੈਕਸਾ ਜਿਹੇ ਹੋਰ ਸਹਾਇਕ ਸੌਖਿਆਂ ਹੀ ਸਾਨੂੰ ਉਸ ਮਸਨੂਈ ਹਕੀਕਤ ਵਾਲੀ ਭੂਲਭੁਲੱਈਆ ਵਾਲੀ ਦੁਨੀਆ ਵਿੱਚ ਲੈ ਵਾੜਨਗੇ, ਜਿੱਥੇ ਆਪਣੇ ਸਾਰੇ ਫਿਕਰਾਂ, ਝੋਰਿਆਂ ਨੂੰ ਚੁਟਕੀ ਮਾਰ ਕੇ ਮਿਟਾਇਆ ਜਾਵੇਗਾ ਅਤੇ ਸਮੇਂ ਦੇ ਕੁਦਰਤੀ ਵਹਾਅ ਦੀ ਥਾਂ ਐਧਰ-ਉੱਧਰ ਭਟਕਦੇ ਫਿਰਦੇ ਇਸ਼ਾਰਿਆਂ ਦੀ ਟੀਂ-ਟੀਂ ਲੈ ਲਵੇਗੀ।

**ਸਭ ਤੋਂ ਅਹਿਮ ਗੱਲ**- ਹਕੀਕਤ ਪ੍ਰਚਾਰ ਦੇ ਓਹਲੇ ਗਾਇਬ ਹੋ ਜਾਵੇਗੀ, ਕਿਉਂਕਿ ਮਸਨੂਈ ਬੁੱਧ ਅਤੇ ਡਿਜੀਟਲ ਦੁਨੀਆ ਨੂੰ ਤਕਨੀਕੀ ਕੰਪਨੀਆਂ ਅਤੇ ਸਰਕਾਰੀ ਖੁਫੀਆ ਏਜੰਸੀਆਂ ਨੇ ਸਿਰਜਿਆ ਹੈ ਅਤੇ ਇਹਨਾਂ ਦੇ ਕਾਬੂ ਹੇਠ ਹੈ, ਜਿਹੜੇ ਕਿ ਕਾਰਪੋਰੇਟ ਮੀਡੀਆ ਦੇ ਨਾਲ ਰਲ ਕੇ ਸਾਡੀਆਂ ਚਕਰੀਆਂ ਘੁਮਾਉਂਦੇ ਹਨ। ਉਹਨਾਂ ਦਾ ਨਿਸ਼ਾਨਾ ਸਾਡੇ ਮਨ ਨੂੰ ਕਾਬੂ ਹੇਠ ਕਰਨਾ ਹੈ, MKUltra ਐੱਮਕੇਅਲਟਰਾ ਦਾ ਖ਼ਤਰਾ ਸਾਡੇ ਸਿਰਾਂ 'ਤੇ ਮੰਡਰਾ ਰਿਹਾ ਹੈ।

ਕਾਲਾਸੋ ਨੇ ਨੌਂ ਸਾਲ ਪਹਿਲਾਂ ਉੱਪਰ ਜੋ ਲਫਜ਼ ਲਿਖੇ ਸਨ ਅਤੇ ਮੈਂ ਆਪਣੇ ਪਿਛਲੇ ਪਹਿਰੇ ਵਿੱਚ ਭਵਿੱਖ ਕਾਲ ਵਿੱਚ ਲਿਖੇ ਸਨ। ਪਰ ਆਓ ਅਸੀਂ ਅੱਜ ਦੇ ਰੂਬਰੂ ਹੋਈਏ ਅਤੇ ਇਹ ਜਾਣੀਏ ਕਿ ਹੁਣ ਉਹ ਭਵਿੱਖ ਆ ਗਿਆ ਹੈ, ਜਿਵੇਂ ਕਿ ਸਾਨੂੰ ਯਾਦ ਆਉਂਦੀ ਹੈ ਜਦੋਂ ਇੰਟਰਨੈੱਟ 1960 ਦੇ ਦਹਾਕੇ ਦੇ ਅਖੀਰ ਵਿੱਚ ਪੈਂਟਾਗਨ ਦੀ ਐਡਵਾਂਸ ਰਿਸਰਚ ਪ੍ਰੋਜੈਕਟ ਏਜੰਸੀ (ARPANET) ਤੋਂ ਉਪਜਿਆ ਸੀ, ਉਦੋਂ ਬਹੁਤ ਸਾਰੇ ਖ਼ਦਸ਼ੇ ਜ਼ਾਹਰ ਕੀਤੇ ਗਏ ਸਨ ਕਿ ਡਿਜੀਟਲ ਕੰਪਿਊਟਰ ਤਕਨੀਕ ਦੇ ਵਿਕਾਸ ਹੋਣ ਨਾਲ ਜਬਰ ਅਤੇ ਨਿਗਰਾਨੀ ਵਧੇਗੀ, ਆਜ਼ਾਦੀ ਨਹੀਂ ਮਿਲੇਗੀ।

'ਹੇ, ਸਿਰੀ, ਮੈਂ ਤੇਰੇ ਤੋਂ ਕਿਸੇ ਚੀਜ਼ ਬਾਬਤ ਸੁਆਲ ਕਿਉਂ ਕਰ ਰਿਹਾ ਹਾਂ ?' ਵਰਗਾ ਸੁਆਲ ਅੱਜ ਕੋਈ ਨਹੀਂ ਪੁੱਛ ਰਿਹਾ ।

**ਸਮਾਰਟ ਫ਼ੋਨਾਂ ਨੂੰ ਸਮਾਰਟ ਕਹਿਣ ਦਾ ਇੱਕ ਕਾਰਨ ਹੈ** : ਉਹ ਹੈ ਕਿ ਇਹ ਫੋਨ ਹਰ ਕਿਸੇ ਨੂੰ ਸਿੱਧਰਾ ਬਣਾਉਣ ਲਈ ਤਿਆਰ ਕੀਤੇ ਗਏ ਹਨ, ਪਰ ਸਿਰਫ਼ ਸਿਧਰੇ ਲੋਕਾਂ ਦੇ ਪੱਲੇ ਇਹ ਗੱਲ ਪੈਣੀ ਨਹੀਂ। ਹਰ ਕਿਸੇ ਕੋਲ ਕੋਈ ਨਾ ਕੋਈ ਕਾਰਨ ਹੈ ਕਿ ਉਹਦੇ ਕੋਲ ਸਮਾਰਟ ਫ਼ੋਨ ਹੋਣਾ ਚਾਹੀਦਾ ਹੈ। ਲੋਕਾਂ ਦੀਆਂ ਖੋਪੜੀਆਂ ਅੰਦਰ ਬੇਫਾਲਤੂ ਦੀ ਜਾਣਕਾਰੀ ਨਾਲ ਤੂੜ ਦਿਓ ਅਤੇ ਫਿਰ ਦੇਖੋ ਕਿ ਉਹ ਕਿਵੇਂ ਊਰੀ ਵਾਂਗ ਘੁੰਮਦੇ ਨੇ। ਹੈਨਰੀ ਥੋਰੋ ਵਰਗੀ ਉਲਟੀ ਖੋਪੜੀ ਨੇ ਇਸ ਗੱਲ ਨੂੰ ਬਹੁਤ ਪਹਿਲਾਂ ਹੀ ਸਮਝ ਲਿਆ ਸੀ, ਜਦੋਂ ਉਸ ਨੇ ਆਪਣੇ ਲੇਖ 'ਲਾਈਫ ਵਿਦਾਊਟ ਪ੍ਰਿੰਸੀਪਲ' (ਅਸੂਲ ਵਿਹੂਣੀ ਜ਼ਿੰਦਗੀ) ਵਿੱਚ ਲਿਖਿਆ ਸੀ: 'ਬੇਕਾਰ ਦੀ ਸਮੱਗਰੀ ਨੂੰ ਰਟਣ ਨਾਲੋਂ ਭੈੜੀ ਵੀ ਕੋਈ ਗੱਲ ਹੋ ਸਕਦੀ ਹੈ, ਇਹ ਗੱਲ ਹਜ਼ਮ ਕਰਨੀ ਔਖੀ ਹੈ ।' ਅੱਜ, ਜਦ ਕੋਈ ਬੰਦਾ ਕੁਝ ਵੀ ਯਾਦ ਹੀ ਨਹੀਂ ਰੱਖ ਸਕਦਾ ਤਾਂ ਫਿਰ ਭੁੱਲਣ ਵਾਲੀ ਕਿਹੜੀ ਗੱਲ ਹੋਈ। ਇਹ ਬੇਕਾਰ ਮਾਦਾ ਦਿਨ ਪੁਰ ਰਾਤ ਮਨਾਂ ਦੀ ਧੁਲਾਈ ਕਰਦਾ ਰਹਿੰਦਾ ਹੈ। ਇਹ ਇੱਥੇ ਹੁੰਦਾ ਵੀ ਹੈ ਅਤੇ ਨਹੀਂ ਵੀ ਅਤੇ ਨਾਲੋ-ਨਾਲ ਵਾਪਰਦਾ ਰਹਿੰਦਾ ਹੈ, ਐਵੇਂ ਮੁੱਚੀ ਦੇ ਮਨ ਅੰਦਰ ਵਲਵਲੇ ਕਫ਼ੂਰ ਬਣ ਅਲੋਪ ਹੁੰਦੇ ਰਹਿੰਦੇ ਹਨ।

ਤਾਂ ਫਿਰ ਕਿਹੜੀ ਚੀਜ਼ ਨੂੰ ਜਾਣੀਏ ? ਇਹ ਅੱਛਾ ਸਵਾਲ ਹੈ।

ਪਰ ਇਹਦੀ ਥਾਂ ਇੱਕ ਪੁਰਾਣਾ ਸਵਾਲ ਖੜ੍ਹਾ ਕਰ ਦਿੱਤਾ ਗਿਆ ਹੈ, ਕਿ ਕਿਹੜੀ ਗੱਲ ਨੂੰ ਅਣਦੇਖਿਆਂ ਕਰਨ ਦੀ ਅਹਿਮੀਅਤ ਹੈ ? ਅੱਜ ਸੈਂਸਰਸ਼ਿਪ ਮੁੱਖ ਤੌਰ 'ਤੇ ਲੋਕਾਂ ਦੀਆਂ ਖੋਪੜੀਆਂ ਅੰਦਰ ਬੇਫਾਲਤੂ ਦੀ ਜਾਣਕਾਰੀ ਤੂੜ ਕੇ ਮੜ੍ਹੀ ਜਾਂਦੀ ਹੈ। ਇਸ ਲਈ ਸਾਡੇ ਲਈ ਇਹ ਜਾਣਨਾ ਲਾਜ਼ਮੀ ਹੈ ਕਿ ਅਸੀਂ ਇਸ ਬੇਤੁਕੇ ਡਾਟਾ ਤੋਂ ਖਹਿੜਾ ਕਿਵੇਂ ਛੁਡਾਈਏ।

ਯਕੀਨਨ ਪਹਿਲਾ ਕਦਮ ਇਹ ਹੈ ਕਿ ਜਿੰਨਾ ਸੰਭਵ ਹੋਵੇ, ਸੋਸ਼ਲ ਮੀਡੀਆ ਨੂੰ ਕਿਨਾਰਾ ਕੀਤਾ ਜਾਵੇ ਅਤੇ ਮਸਨੂਈ ਬੁੱਧ ਤੋਂ ਕਦੇ ਵੀ ਕੋਈ ਸਵਾਲ ਨਾ ਪੁੱਛਿਆ ਜਾਵੇ। ਫਿਰ ਕਾਰਪੋਰੇਟ ਮੀਡੀਆ ਦੀ ਰਿਪੋਰਟਿੰਗ ਅਤੇ ਬੇਤੁਕੇ ਲੇਖਾਂ ਤੋਂ ਬਚਣ ਲਈ ਜਿਸ ਦਾ ਮੰਤਵ ਦਰਸ਼ਕਾਂ ਨੂੰ ਉਸ ਸੁਹਾਵਣੇ ਸੁਪਨਿਆਂ ਵਾਲੇ ਤਬਾਹਕਾਰੀ ਸਫ਼ਰ 'ਤੇ ਲੈ ਜਾਣਾ ਹੈ, ਜਿਸ 'ਤੇ ਚਲਦਿਆਂ ਮਨ ਨੂੰ ਸ਼ਾਂਤੀ ਦਿੰਦੀ ਜਾਪਦੀ ਵਾਧੂ ਦੀ ਭਕਾਈ ਸੁਣਨ ਦੇ ਅਗਲੇ ਹੀ ਪਲ ਇਨਸਾਨਾਂ ਅੰਦਰ ਖੌਫ ਪੈਦਾ ਕਰਨ ਵਾਲੀਆਂ ਸੁਰਖੀਆਂ ਆ ਖੜ੍ਹਦੀਆਂ ਹਨ। ਅਤੇ 'ਸਮਾਰਟ' ਫੋਨਾਂ ਨੂੰ ਵਗਾਹ ਮਾਰੋ, ਕਿਉਂਕਿ ਇਹ ਸਮਾਰਟ ਫੋਨ ਨਿਗਾਹਬਾਨੀ ਅਤੇ ਧਿਆਨ ਭਟਕਾਉਣ ਵਾਲੇ ਯੰਤਰ ਹਨ, ਜਿਹੜੇ ਇਹਨਾਂ ਦੀ ਵਰਤੋਂਕਾਰਾਂ ਅੰਦਰ ਬੇਧਿਆਨੀ ਅਤੇ ਡੱਫਰਪੁਣਾ ਉਪਜਾਉਣ ਦੇ ਲਾਜ਼ਮੀ ਸੰਦ ਹਨ । ਲੈਪਟਾਪ, ਕੰਪਿਊਟਰ ਵੀ ਕੋਈ ਘੱਟ ਮਾਰੂ ਨਹੀਂ ਹਨ, ਪਰ ਘੱਟੋ-ਘੱਟ ਐਨੀ ਕੁ ਤਾਂ ਬੱਚਤ ਹੈ ਕਿ ਹਰ ਕੋਈ ਉਹਨਾਂ ਨੂੰ ਹਰ ਵਕਤ ਆਪਣੀ ਜੇਬ ਅੰਦਰ ਤਾਂ ਨਹੀਂ ਪਾਈ ਰੱਖਦਾ । ਸਮਾਰਟ ਸੈੱਲ ਫੋਨ ਆਪ ਹੀ ਸਿਰਜੇ ਸੈੱਲਾਂ(ਇੱਥੇ ਭਾਵ ਜੇਲ੍ਹ ਵਿਚਲੇ ਸੈੱਲ ਤੋਂ ਹੈ) ਮਾਫਕ ਹਨ, ਜਿਹਨਾਂ ਦੀਆਂ ਚਾਬੀਆਂ ਇਹਨਾਂ ਸੈੱਲਾਂ ਦੇ ਮਾਲਕਾਂ ਦੀਆਂ ਜੇਬਾਂ ਵਿੱਚ ਨਹੀਂ ਪਾਈਆਂ ਹੋਈਆਂ। ਜਿੰਨੀ ਸਿੱਧ-ਪੱਧਰੀ ਇਹ ਗੱਲ ਲੱਗਦੀ ਹੈ, ਓਨੀ ਸਿੱਧ ਪੱਧਰੀ ਇਹ ਹੈ ਨਹੀਂ । ਅਜਿਹੇ ਸੰਦਾਂ ਦੀ ਕਾਮਯਾਬੀ ਦੇ ਪਿੱਛੇ ਲੋਕਾਂ ਦਾ ਅਣਭੋਲਪੁਣਾ ਪਿਆ ਹੈ, ਜਿਹਨਾਂ ਨੂੰ ਉਹਨਾਂ ਦੇ ਜੇਲ੍ਹਰਾਂ ਨੇ ਬੁੱਧੂ ਬਣਾਇਆ ਹੈ । ਫਿਰ ਵੀ ਇਹਨਾਂ ਫੋਨਾਂ ਨੂੰ ਸੁੱਟ ਦੇਣ ਦਾ ਸੁਝਾਅ ਦੇਣਾ ਐਨਾ ਹਾਸੋਹੀਣਾ ਅਤੇ ਨਾਮੁਮਕਿਨ ਜਾਪਦਾ ਹੈ ਕਿ ਇਹ ਉਨ੍ਹਾਂ ਮਾਲਕਾਂ ਦੀ ਉਹਨਾਂ ਲੋਕਾਂ ਉੱਤੇ ਭਾਰੂ ਹੋਈ ਤਾਕਤ ਨੂੰ ਸਾਬਤ ਕਰਦਾ ਹੈ, ਜਿਹੜੇ ਲੋਕ ਇਹਨਾਂ ਫੋਨਾਂ ਤੋਂ ਬਿਨਾਂ ਜਿਓਂਦਿਆਂ ਰਹਿਣ ਨੂੰ ਕਲਪ ਵੀ ਨਹੀਂ ਸਕਦੇ।

ਸੰਯੁਕਤ ਰਾਜ ਅਮਰੀਕਾ ਇੱਕ ਸਾਮਰਾਜਵਾਦੀ ਜੰਗਬਾਜ਼ ਹਕੂਮਤ ਹੈ, ਜਿਸ ਨੂੰ ਕਦੇ ਨਾ ਖ਼ਤਮ ਹੋਣ ਵਾਲੀਆਂ ਜੰਗਾਂ ਲਈ ਸਿਰਜਿਆ ਗਿਆ ਹੈ।

ਕੁੱਲ ਦੁਨੀਆ 'ਤੇ ਇਹ ਆਪਣੀ ਇਕੱਲੇ ਦੀ ਹੀ ਚੌਧਰ ਵਾਲੀ ਸਾਮਰਾਜੀ ਹਕੂਮਤ ਚਲਾਉਣੀ ਚਾਹੁੰਦਾ ਹੈ।

ਰੂਸ ਅਤੇ ਈਰਾਨ ਵਿਰੁੱਧ ਇਸ ਦੀਆਂ ਜੰਗਾਂ ਖਤਮ ਹੋਣ ਵਾਲੀਆਂ ਨਹੀਂ ਹਨ, ਕਿਉਂਕਿ ਇਹ ਚੀਨ ਨੂੰ ਵੀ ਪਛਾੜ ਦੇਣ ਦੀ ਰਣਨੀਤੀ ਵਾਲੀ ਜੰਗੀ ਯੋਜਨਾ ਦਾ ਇੱਕ ਹਿੱਸਾ ਹਨ । ਕੋਈ ਵੀ ਅਜਿਹੀ 'ਸੌਦੇਬਾਜ਼ੀ' ਨਹੀਂ ਕੀਤੀ ਜਾਵੇਗੀ, ਜੀਹਦਾ ਸਿੱਟਾ ਮੁਕੰਮਲ ਜਿੱਤ ਤੋਂ ਹੇਠਾਂ ਰਹਿੰਦਾ ਹੋਵੇ।

ਇਜ਼ਰਾਈਲ ਮੱਧ ਪੂਰਬ ਵਿੱਚ ਕਾਰਜਸ਼ੀਲ ਇੱਕ ਅਮਰੀਕੀ ਫੌਜੀ ਅੱਡਾ ਹੈ। ਅਮਰੀਕਾ ਅਤੇ ਇਜ਼ਰਾਈਲ ਦੇ ਤਾਲਮੇਲ ਵਾਲੀਆਂ ਧਾੜਵੀ ਜੰਗਾਂ ਅਤੇ ਇਜ਼ਰਾਈਲ ਦੇ ਪਸਾਰਵਾਦ ਦਾ ਮੰਤਵ ਇਸ ਖੇਤਰ ਨੂੰ ਆਪਣੇ ਕਬਜ਼ੇ ਹੇਠ ਲਿਆਉਣਾ ਹੈ।

ਇਸ ਦੇ ਉਲਟ ਸਾਰੀਆਂ ਮੁੱਖ ਧਾਰਾਵੀ ਮੀਡੀਆ ਰਿਪੋਰਟਾਂ ਝੂਠ ਦਾ ਪੁਲੰਦਾ ਹਨ, ਜਿਹੜੀਆਂ ਲੋਕਾਂ ਨੂੰ ਇਹ ਸੋਚਣ ਲਾਉਂਦੀਆਂ ਹਨ ਕਿ ਜਦੋਂ ਮਹਿਜ਼ ਜੰਗ ਦੇ ਹੀ ਮਨਸੂਬੇ ਬਣਾਏ ਜਾਂਦੇ ਹਨ ਤਾਂ ਅਮਨ-ਚੈਨ ਹੋ ਸਕਦਾ ਹੁੰਦਾ ਹੈ। ਅਸਥਾਈ ਰੂਪ ਵਿੱਚ ਕੀਤੀਆਂ ਗਈਆਂ ਜੰਗਬੰਦੀਆਂ ਵੀ ਜੰਗੀ ਮਨਸੂਬਾਬੰਦੀ ਦਾ ਹੀ ਹਿੱਸਾ ਹਨ।

ਰਿਪਬਲੀਕਨ ਅਤੇ ਡੈਮੋਕ੍ਰੇਟਿਕ ਅਮਰੀਕਾ ਦੀਆਂ ਦੋਵੇਂ ਮੁੱਖ ਧਾਰਾਵੀ ਪਾਰਟੀਆਂ ਇਸ ਰਣਨੀਤੀ ਦੀ ਹਮਾਇਤ ਕਰਦੀਆਂ ਹਨ, ਜੋ ਇਸ ਮੁਲਕ ਅਮਰੀਕਾ ਦੇ ਮਾਲਕ ਅਤੇ ਇਹਦੇ ਅਰਥਚਾਰੇ ਨੂੰ ਕੰਟਰੋਲ ਕਰਨ ਵਾਲੀਆਂ ਅਦਿੱਖ ਵਿੱਤੀ ਤਾਕਤਾਂ ਦੇ ਹਿੱਤਾਂ ਵਿੱਚ ਲੱਗੀਆਂ ਹੋਈਆਂ ਹਨ। ਭਾਵੇਂਕਿ ਪਾਰਟੀਆਂ ਅਤੇ ਉਹਨਾਂ ਦੇ ਆਗੂਆਂ ਦੀਆਂ ਰਣਨੀਤੀਆਂ ਨੂੰ ਲੈ ਕੇ ਅਸਹਿਮਤੀਆਂ ਹੋ ਸਕਦੀਆਂ ਹਨ, ਪਰ ਉਹ ਅਮਰੀਕਾ ਦੇ ਆਲਮੀ ਦਬਦਬੇ ਨੂੰ ਬਰਕਰਾਰ ਰੱਖਣ ਲਈ ਰੂਸ, ਈਰਾਨ ਅਤੇ ਚੀਨ ਖਿਲਾਫ ਜੰਗ ਜਾਰੀ ਰੱਖਣ ਦੀ ਰਣਨੀਤਕ ਯੋਜਨਾ 'ਤੇ ਇੱਕਮੱਤ ਹਨ।

ਆਪਣੇ ਕਬਜ਼ੇ ਹੇਠ ਕਰਨ ਲਈ ਡਿਜੀਟਲ ਪ੍ਰਚਾਰ ਜੰਗ ਬਹੁਤ ਅਹਿਮੀਅਤ ਰੱਖਦੀ ਹੈ, ਜਿਸ ਤਹਿਤ ਆਮ ਲੋਕਾਂ ਨੂੰ ਉਹਨਾਂ ਖ਼ਿਲਾਫ਼ ਇੱਕ ਬਦਲਵਾਂ ਬਿਰਤਾਂਤ ਸਿਰਜ ਕੇ ਉਹਨਾਂ ਦੀਆਂ ਖੋਪੜੀਆਂ ਨੂੰ ਝੂਠ, ਤੂਫ਼ਾਨ ਅਤੇ ਬੇਫਾਲਤੂ ਦੀ ਬਕਵਾਸ ਨਾਲ ਤੂੜ ਕੇ ਕਾਬੂ ਹੇਠ ਕੀਤਾ ਅਤੇ ਭਰਮਾਇਆ ਜਾਂਦਾ ਹੈ। ਚੋਣਾਂ ਅਜਿਹੀ ਉਮੀਦ ਪ੍ਰਚਾਰ ਦਾ ਇੱਕ ਮੁੱਖ ਅੰਗ ਹਨ। ਇਸ ਦੋਧਾਰੀ ਆਪਾ ਸਹਿਮਤੀ ਦੀ ਪੂਰੀ ਪੁਸ਼ਟੀ ਕਰਨ ਲਈ ਅਮਰੀਕਾ ਵੱਲੋਂ ਛੇੜੀਆਂ ਗਈਆਂ 21ਵੀਂ ਸਦੀ ਦੀਆਂ ਜੰਗਾਂ ਦਾ ਅਧਿਐਨ ਕਰੋ।

ਆਸ ਦੀ ਇਕੋ ਇੱਕ ਛੋਟੀ ਜਿਹੀ ਕਿਰਨ ਅਸਲ ਵਿੱਚ ਰਣਨੀਤਕ ਤੌਰ 'ਤੇ ਜੁੜੀ ਹੋਈ ਜੰਗ ਹੈ, ਜਿਸ ਨਾਲ ਇਹਨਾਂ ਬੇਅੰਤ ਜੰਗਾਂ ਨੂੰ ਠੱਲ੍ਹ ਪਾਈ ਜਾ ਸਕਦੀ ਹੈ, ਉਹ ਹੈ ਅਮਰੀਕਾ ਵਿੱਚ ਇੱਕ ਹਕੀਕੀ ਲੋਕਪੱਖੀ ਅਤੇ ਗਹਿਰਾਈ ਵਾਲੀ ਚੇਤੰਨ ਜੰਗ-ਵਿਰੋਧੀ ਲਹਿਰ ਉੱਠਣੀ ਅਤੇ ਬਹੁ-ਧਰੁਵੀ ਮੁਲਕਾਂ ਨੂੰ ਇਹ ਅਹਿਸਾਸ ਹੋਣਾ ਕਿ ਆਪਣੀਆਂ ਜੰਗਾਂ ਨੂੰ ਰੋਕਣ ਦਾ ਅਮਰੀਕਾ ਦਾ ਕੋਈ ਇਰਾਦਾ ਨਹੀਂ ਹੈ ਅਤੇ ਉਹ ਮੁਲਕ ਅਮਰੀਕਾ ਦੇ ਏਜੰਡੇ ਖਿਲਾਫ ਸਟੀਲ ਮਾਫਕ ਇਕਮੁੱਠ ਹੋ ਜਾਣ।

ਡਿਜੀਟਲ ਬਕਵਾਸ ਅਤੇ ਜਿਹੜੀਆਂ ਬੇਲੋੜੀਆਂ ਗੱਲਾਂ ਨੂੰ ਤੁਸੀਂ ਜਾਣਨਾ ਨਹੀਂ ਚਾਹੁੰਦੇ, ਉਹਨਾਂ ਦੇ ਬਹਿਕਾਵੇ ਵਿੱਚ ਨਾ ਆਓ ਅਤੇ ਨਾ ਹੀ ਸ਼ਾਂਤਚਿੱਤ ਹੋਵੋ। ਉੱਪਰ ਦਰਸਾਈਆਂ ਕੁਝ ਸਿਆਸੀ ਗੱਲਾਂ ਵਰਗੀਆਂ ਲਾਜ਼ਮੀ ਗੱਲਾਂ ਵੱਲ ਧਿਆਨ ਇਕਾਗਰ ਕਰਨਾ ਚਾਹੀਦਾ ਹੈ।

ਹਾਲਾਂਕਿ, ਇਹਨਾਂ ਤੋਂ ਪਰ੍ਹੇ ਅਤੇ ਕਿਸੇ ਅਗੰਮੀ ਸ਼ਕਤੀ ਦੇ ਅਵਤਾਰ ਧਾਰਨ ਵਾਂਗ ਬਹੁਤ ਡੂੰਘਾਈ ਨਾਲ ਉਹ ਗੱਲਾਂ ਹਨ, ਜਿਹਨਾਂ ਨੂੰ ਨਿਵੇਕਲੇ ਰੌਬਰਟੋ ਕੈਲਾਸੋ ਨੇ ਸਾਹਿਤ ਅਤੇ ਦੇਵਤਿਆਂ ਨਾਮੀਂ ਆਪਣੀ ਰਚਨਾ ਅੰਦਰ 'ਪੂਰਨ ਸਾਹਿਤ' ਕਿਹਾ ਹੈ, ਜਿਹੜਾ ਕਿ ਸਿਰਫ ਸਾਹਿਤਕ ਰਚਨਾ ਜ਼ਰੀਏ ਹੀ ਹਾਸਲ ਕੀਤਾ ਜਾਣ ਵਾਲਾ ਗਿਆਨ ਹੈ - 'ਇੱਕ ਸੰਪੂਰਨ ਦੀ ਭਾਲ ਵਿੱਚ ਅਤੇ ਜੀਹਦੇ ਅੰਦਰ ਹਰ ਵਸਤ ਸਮੋਈ ਹੋਈ ਹੋਵੇ ਅਤੇ ਉਸੇ ਸਮੇਂ ਹੀ ਇਹ ਕੁਝ ਸੰਪੂਰਨ ਵੀ ਹੋਵੇ, ਬੰਧੇਜਮੁਕਤ ਵੀ ਹੋਵੇ, ਕਿਸੇ ਵੀ ਫਰਜ਼ ਜਾਂ ਸਮੂਹ ਦੇ ਕਾਰਜ ਤੋਂ ਮੁਕਤ ਵੀ ਹੋਵੇ ਅਤੇ ਜਿਹੜਾ ਸਮਾਜ ਲਈ ਵੀ ਕੋਈ ਕੰਮ ਦਾ ਨਾ ਹੋਵੇ ।' ਇਹ ਅਜਿਹੀ ਲਿਖਤ ਹੈ ਜੀਹਨੂੰ ਪੜ੍ਹਨਾ ਚਾਹੀਦਾ ਹੈ, ਗ੍ਰਹਿਣ ਕਰਨਾ ਚਾਹੀਦਾ ਹੈ, ਜੀਹਦੀ ਪ੍ਰਛਾਈਂ ਮਨ ਅੰਦਰ ਤਰੰਗਾਂ ਛੇੜਦੀ ਹੈ ਅਤੇ ਜਿੱਥੇ ਇੱਕ ਨਵੀਂ ਹਕੀਕਤ ਵਾਲਾ ਕਵਾੜ ਖੁੱਲ੍ਹਦਾ ਹੈ ਅਤੇ ਮਾਨਤਾ ਦੇਣ ਦੀ ਝੁਣਝੁਣੀ ਛੇੜਦੀ ਹੈ, ਜੋ ਮੋਹਤ ਕਰ ਲੈਂਦੀ ਹੈ। ਇਹ ਹੈ ਉਹ ਸਥਾਨ ਜੀਹਨੂੰ ਨੀਤਸ਼ੇ ਨੇ ਹਕੀਕਤ ਦਾ ਸਥਾਨ, ਆਮ ਭਾਸ਼ਣ ਜਾਂ ਸੰਕਲਪਿਕ ਸੋਚ ਤੋਂ ਬਹੁਤ ਪਰੇ 'ਅਲੰਕਾਰਾਂ ਦੀ ਇੱਕ ਮੋਬਾਇਲ ਫੌਜ' ਵਾਲਾ ਸਥਾਨ ਕਿਹਾ ਸੀ। ਮੈਂ ਇਸ ਦਾ ਜ਼ਿਕਰ ਇਸ ਲਈ ਕਰਦਾ ਹਾਂ, ਕਿਉਂਕਿ ਇਹਨੂੰ ਅਮਲ ਵਿੱਚ ਲਿਆਉਣਾ ਬਹੁਤ ਜ਼ਰੂਰੀ ਹੈ, ਇਹ ਇੱਕ ਅਜਿਹੀ ਜਗ੍ਹਾ ਹੈ, ਜਿੱਥੇ ਕਲਾ ਦਿਲ ਅਤੇ ਦਿਮਾਗ ਅੰਦਰ ਅਣਖ ਜਗਾਉਂਦੀ ਹੈ। ਮੇਰੇ ਇਸ ਆਪਾ ਪ੍ਰਗਟਾਵੇ ਨੂੰ ਝਟਕੇਦਾਰ ਹੋਣ ਦਿਓ, ਕਿਉਂਕਿ ਜਦੋਂ ਅਸੀਂ ਇਹਨਾਂ ਥਾਣੀਂ ਗੁਜ਼ਰਦੇ ਹਾਂ ਕਿ ਕੀ ਜਾਨਣ ਦੇ ਯੋਗ ਹੈ ਅਤੇ ਕੀ ਨਹੀਂ ਹੈ । ਇਸ ਨੂੰ ਓਨਾ ਹੀ ਰਹੱਸਮਈ ਲੱਗਣ ਦਿਓ, ਜਿੰਨਾ ਇਹ ਹੋਣਾ ਚਾਹੀਦਾ ਹੈ । ਜੰਗਾਂ ਓਨੀਆਂ ਹੀ ਅਧਿਆਤਮਕ ਹਨ, ਜਿੰਨੀਆਂ ਕਿ ਭੌਤਿਕ, ਇਹ ਅਜਿਹੀ ਹਕੀਕਤ ਹੈ, ਜਿਹਦੇ ਬਾਰੇ ਕੁਝ ਕਲਾਕਾਰਾਂ ਨੂੰ ਹਮੇਸ਼ਾ ਤੋਂ ਹੀ ਪਤਾ ਹੈ । ਅਸੀਂ ਹਮੇਸ਼ਾ ਇਸੇ ਰਾਹ 'ਤੇ ਚੱਲਦੇ ਪਏ ਹਾਂ।

ਮੇਰੇ ਇੱਕ ਦੋਸਤ ਅਤੇ ਸਲਾਹਕਾਰ ਅਤੇ ਜੰਗ ਵਿਰੋਧੀ ਆਤਮਕ ਕਵੀ ਡੈਨੀਅਲ ਬੇਰੀਗਨ ਐਸਜੇ ਦੀ ਕੱਲ੍ਹ ਦੇ ਦਿਨ ਦਸ ਸਾਲ ਪਹਿਲਾਂ ਮੌਤ ਹੋ ਗਈ ਸੀ। ਉਹਦੀ ਆਪਣੀ ਬਾਗੀਆਨਾ ਜ਼ਿੰਦਗੀ ਅਤੇ ਕੌੜੀਆਂ ਹਕੀਕਤਾਂ ਨੂੰ ਆਪਣੇ ਵੱਲੋਂ ਕਠੋਰ ਲਫਜ਼ਾਂ ਨਾਲ ਬਿਆਨ ਕਰਨ ਦਾ ਤਰੀਕਾ ਸਾਨੂੰ ਯਾਦ ਦਿਵਾਉਣ ਦਾ ਇੱਕ ਤਰੀਕਾ ਸੀ । ਕੁਝ ਇਉਂ ਹੈ:

"**ਦੁਨੀਆ ਨੂੰ ਮੇਰਾ ਇੱਕੋ ਸੁਨੇਹਾ ਹੈ**: ਬੇਕਸੂਰ ਲੋਕਾਂ ਨੂੰ ਮਾਰਨ ਦੀ ਸਾਨੂੰ ਕਿਸੇ ਨੇ ਇਜਾਜ਼ਤ ਨਹੀਂ ਦਿੱਤੀ ਹੋਈ । ਇਹਨਾਂ ਕਤਲਾਂ ਵਿੱਚ ਸ਼ਰੀਕ ਹੋਣ ਦੀ ਸਾਨੂੰ ਕੋਈ ਇਜਾਜ਼ਤ ਨਹੀਂ । ਸਾਨੂੰ ਆਪਣੇ ਮੂੰਹ ਸੀਤੇ ਰੱਖਣ ਦੀ ਕੋਈ ਇਜਾਜ਼ਤ ਨਹੀਂ ਹੈ, ਜਦਕਿ ਸਾਡੇ ਨਾਂਅ 'ਤੇ, ਸਾਡੇ ਪੈਸੇ ਨਾਲ, ਗੁਪਤ ਢੰਗ-ਤਰੀਕਿਆਂ ਨਾਲ ਸਮੂਹਕ ਕਤਲੇਆਮ ਰਚਣ ਦੀਆਂ ਤਿਆਰੀਆਂ ਕੀਤੀਆਂ ਜਾਂਦੀਆਂ ਹਨ... ਅਜਿਹੇ ਸਮਿਆਂ ਵਿੱਚ ਮੇਰੇ ਲਈ ਬਣੇ ਰਹਿਣਾ ਬਹੁਤ ਦੁਖਦਾਈ ਹੈ, ਜਿੱਥੇ ਮੇਰੇ ਕੋਲ 'ਕਤਲ ਕਰਨਾ ਬੰਦ ਕਰੋ' ਕਹਿਣ ਤੋਂ ਸਿਵਾਏ ਮਨੁੱਖਾਂ ਨੂੰ ਕਹਿਣ ਲਈ ਕੁਝ ਵੀ ਨਹੀਂ ਹੈ ।ਈਸਾਈ ਧਰਮ ਦੇ ਫਲਸਫੇ ਦੇ ਲਿਹਾਜ਼ ਨਾਲ ਸਾਡੀ ਇਹ ਤ੍ਰਾਸਦੀ ਬਹੁਤ ਪ੍ਰਾਚੀਨ ਸਮਿਆਂ ਤੋਂ ਹੈ। ਅਸੀਂ ਮੁੜ ਕੇ ਓਥੇ ਹੀ ਪਹੁੰਚ ਗਏ ਹਾਂ, ਜਿੱਥੋਂ ਅਸੀਂ ਸ਼ੁਰੂ ਕੀਤਾ ਸੀ। ਤੁਸੀਂ ਨਾ ਮਾਰੋ; ਮਾਰਨ ਦੀ ਸਾਨੂੰ ਕੋਈ ਇਜਾਜ਼ਤ ਨਹੀਂ ਹੈ। ਅੱਜ ਹਰ ਗੱਲ ਇਸ 'ਤੇ ਖੜ੍ਹੀ ਹੈ - ਸੱਭੋ ਕੁਝ ।"

**ਐਡਵਰਡ ਕਰਟਿਨ: ਸਮਾਜ ਸ਼ਾਸਤਰੀ, ਖੋਜਕਰਤਾ, ਕਵੀ, ਨਿਬੰਧਕਾਰ, ਪੱਤਰਕਾਰ, ਨਾਵਲਕਾਰ, ਲੇਖਕ ਆਦਿ ਵਰਗਾਂ ਦੇ ਘੇਰੇ ਤੋਂ ਆਜ਼ਾਦ । ਉਸ ਦੀ ਨਵੀਂ ਕਿਤਾਬ 'ਐਟ ਦ ਲੌਸਟ ਐਂਡ ਫਾਊਂਡ: ਪਰਸਨਲ ਐਂਡ ਪੋਲੀਟੀਕਲ ਡਿਸਪੈਚਸ ਆਫ਼ ਰਜਿਸਟੈਂਸ ਐਂਡ ਹੋਪ' (ਕਲੈਰਿਟੀ ਪ੍ਰੈੱਸ) ਹੈ।**

**ਸਰੋਤ- ਕਾਊਟਰਕਰੈਂਟ** 02/05/2026
**# ਸੰਪਰਕ : 94170-79720**

# ਆਖਰ ਜੇਨ-ਜੀ ਜਾਗ ਪਿਆ...

**ਡਾਕਟਰ ਸੁਖਰਾਜ ਸਿੰਘ ਬਾਜਵਾ**

ਪਿਛਲੇ ਹਫਤੇ ਮੈਂ ਇਕ ਲੇਖ ਲਿਖ ਰਿਹਾ ਸਾਂ ਕੇ ਭਾਰਤ ਦਾ ਜੇਨ - ਜੀ ਸੰਘਰਸ਼ ਤੋਂ ਪਿਛਾਂਹ ਕਿਉਂ ਹਟ ਰਿਹਾ ਹੈ । ਹਾਲੇ ਮੈਂ ਆਪਣਾ ਇਹ ਲੇਖ ਅਖ਼ਬਾਰਾਂ ਨੂੰ ਭੇਜਣ ਬਾਰੇ ਸੋਚ ਹੀ ਰਿਹਾ ਸੀ ਕਿ ਅਚਾਨਕ ਸੁਪਰੀਮ ਕੋਰਟ ਦੇ ਚੀਫ ਜਸਟਿਸ ਵੱਲੋਂ ਦਿੱਤੇ ਇੱਕ ਬਿਆਨ ਕਾਰਨ ਮੈਨੂੰ ਆਪਣਾ ਲੇਖ ਨਾ ਸਿਰਫ ਅਖ਼ਬਾਰਾਂ ਨੂੰ ਭੇਜਣ ਤੋ ਰੋਕਣਾ ਪਿਆ, ਸਗੋ ਮੈਂ ਉਹ ਪੰਨੇ ਹੀ ਪਾੜ ਦਿੱਤੇ, ਜਿਨ੍ਹਾਂ 'ਤੇ ਇਹ ਲੇਖ ਲਿਖਿਆ ਸੀ । ਚੀਫ ਜਸਟਿਸ ਦੇ ਬਿਆਨ ਨੇ ਭਾਰਤ ਦੇ ਨੌਜਵਾਨਾਂ ਦੀ ਰੂਹ ਨੂੰ ਅਜਿਹਾ ਹਲੂਣਾ ਦਿੱਤਾ ਕਿ ਜੋ ਨੌਜਵਾਨ ਸੁੱਤਾ ਪਿਆ ਸੀ, ਆਖਰ ਉਹ ਜਾਗ ਉਠਿਆ । ਭਾਰਤ ਵਿਚ ਭ੍ਰਿਸ਼ਟ ਤੰਤਰ ਨੂੰ ਜੇਕਰ ਕੋਈ ਖਤਮ ਕਰਨ ਦੀ ਤਾਕਤ ਰੱਖਦਾ ਹੈ ਤਾਂ ਉਹ ਹੈ ਸਿਰਫ ਨੌਜਵਾਨ ਵਰਗ ।

ਪਿਛਲੇ ਕੁਝ ਸਮੇਂ ਵਿੱਚ ਜਦ ਵੀ ਦੇਸ਼ ਵਿਚ ਕੋਈ ਵੱਡਾ ਸੰਘਰਸ਼ ਹੋਇਆ ਹੈ ਤਾਂ ਉਸ ਸੰਘਰਸ਼ ਦੀ ਜਿੱਤ ਦਾ ਸੇਹਰਾ ਨੌਜਵਾਨਾਂ ਨੂੰ ਹੀ ਗਿਆ ਹੈ । ਜੇਕਰ ਗੱਲ ਕਰੀਏ 2013/14 ਦੇ ਅੰਨਾ ਅੰਦੋਲਨ ਦੀ ਤਾਂ ਬੇਸ਼ੱਕ ਇਸ ਅੰਦੋਲਨ ਦਾ ਆਗਾਜ਼ ਇਕ ਬਜ਼ੁਰਗ ਵੱਲੋਂ ਕੀਤਾ ਗਿਆ ਸੀ, ਪਰ ਇਹ ਅੰਦੋਲਨ ਕਦੀ ਵੀ ਸਿਰੇ ਨਹੀਂ ਚੜ੍ਹ ਸਕਦਾ ਸੀ, ਜੇਕਰ ਨੌਜਵਾਨ ਇਸ ਅੰਦੋਲਨ ਦਾ ਹਿੱਸਾ ਨਾ ਬਣਦਾ। ਤਿੰਨ ਖੇਤੀ ਦੇ ਕਾਲੇ ਕਾਨੂੰਨਾਂ ਨੂੰ ਵਾਪਸ ਜੇਕਰ ਸਰਕਾਰ ਨੇ ਲਿਆ ਤਾਂ ਉਥੇ ਵੀ ਇਕ ਬਹੁਤ ਵੱਡਾ ਰੋਲ ਨੌਜਵਾਨਾਂ ਦੀ ਤਾਕਤ ਦਾ ਹੀ ਰਿਹਾ । ਨੇਪਾਲ ਦੀ ਉਦਾਹਰਨ ਬਿਨਾਂ ਗਲ ਪੂਰੀ ਨਹੀਂ ਹੁੰਦੀ । ਨੇਪਾਲ ਵਿਚ ਭ੍ਰਿਸ਼ਟ ਵਿਵਸਥਾ ਨੂੰ ਖਤਮ ਕਰਨ ਵਿਚ ਜਿਸ ਤਰ੍ਹਾਂ ਨੌਜਵਾਨ ਪੀੜ੍ਹੀ ਨੇ ਕੰਮ ਕੀਤਾ, ਉਸ ਦੀ ਸ਼ਲਾਘਾ ਸਾਰੇ ਸੰਸਾਰ ਵਿੱਚ ਹੋਈ ਹੈ। ਇਹ ਗੱਲ ਹਮੇਸ਼ਾ ਹੀ ਵੇਖਣ ਵਿੱਚ ਆਈ ਹੈ ਕਿ ਜਦ ਵੀ ਨੌਜਵਾਨ ਪੀੜ੍ਹੀ ਨੇ ਇਕੱਠੇ ਹੋ ਕੇ ਆਪਣੀ ਊਰਜਾ ਨੂੰ ਸਕਾਰਾਤਮਕ ਤਰੀਕੇ ਨਾਲ ਇਸਤੇਮਾਲ ਕੀਤਾ ਹੈ ਤਾਂ ਸੰਸਾਰ ਵਿੱਚ ਵੱਡੇ-ਵੱਡੇ ਬਦਲਾਅ ਆਏ ਹਨ , ਉਹ ਬਦਲਾਅ ਚਾਹੇ ਸ਼ਾਸਨ ਬਦਲਣ ਦੇ ਹੋਣ ਜਾਂ ਫੇਰ ਸਮਾਜ ਵਿੱਚ ਫੈਲ ਰਹੀਆਂ ਕੁਰੀਤੀਆਂ ਨੂੰ ਬਦਲਣ ਦੇ ।

ਪਿਛਲੇ 2 ਦਹਾਕਿਆਂ ਤੋਂ ਇਹ ਗੱਲ ਉੱਠਦੀ ਰਹੀ ਹੈ ਕਿ ਭਾਰਤ ਦੀ ਨੌਜਵਾਨ ਪੀੜ੍ਹੀ ਨੂੰ ਪੂਰੀ ਤਾਕਤ ਨਾਲ ਰਾਜਨੀਤੀ ਵਿੱਚ ਕਦਮ ਰੱਖਣਾ ਚਾਹੀਦਾ ਹੈ, ਕਿਉਂਕਿ ਨੌਜਵਾਨ ਪੀੜ੍ਹੀ ਵਿਚ ਅੱਜ ਵੀ ਦੇਸ਼ ਲਈ ਜਜ਼ਬਾ ਹੈ, ਲੋਕਾਂ ਲਈ ਪਿਆਰ ਹੈ ਤੇ ਸਮਾਜ ਤੇ ਦੇਸ਼ ਨੂੰ ਉੱਚਾ ਚੁੱਕਣ ਦੇ ਸੁਪਨੇ। ਇਹ ਸੁਪਨੇ ਨੌਜਵਾਨ ਪੀੜ੍ਹੀ ਦੇ ਐਕਟਿਵ ਰਾਜਨੀਤੀ ਵਿੱਚ ਆਉਣ ਨਾਲ ਹੀ ਪੂਰੇ ਹੋ ਸਕਦੇ ਹਨ । ਬੇਸ਼ੱਕ ਕਾਕਰੋਚ ਜਨਤਾ ਪਾਰਟੀ ਇਕ ਮਜ਼ਾਕ ਵਿਚ ਹੀ ਬਣਾਈ ਗਈ ਹੋਵੇ, ਪਰ ਇਸ ਦੇ ਪਿੱਛੇ ਨੌਜਵਾਨ ਪੀੜ੍ਹੀ ਦਾ ਜੋ ਰੁਝਾਨ ਵੇਖਣ ਨੂੰ ਮਿਲਿਆ, ਉਸ ਤੋ ਇਹੀ ਲਗਦਾ ਹੈ ਕੇ ਇਸ ਮਜਾਕ ਨੂੰ ਸਚਾਈ ਵਿਚ ਬਦਲਣਾ ਚਾਹੁੰਦੀ ਹੈ ਅੱਜ ਦੀ ਨੌਜਵਾਨ ਪੀੜ੍ਹੀ । ਜਿਸ ਪ੍ਰਸਿੱਧੀ ਨੂੰ ਹਾਸਿਲ ਕਰਨ ਲਈ ਕਈ ਵੱਡੀਆਂ ਰਾਜਨੀਤਿਕ ਪਾਰਟੀਆਂ ਨੂੰ 15 ਤੋਂ 20 ਸਾਲ ਤੱਕ ਲੱਗ ਗਏ, ਉਸ ਤੋ ਵੀ ਵੱਧ ਪ੍ਰਸਿੱਧੀ ਸਿਰਫ 2 ਦਿਨ ਵਿਚ ਹੀ ਹਾਸਲ ਕਰਕੇ ਦਿਖਾ ਦਿੱਤਾ ਕਿ ਜੇਨ-ਜੀ ਬਦਲਾਅ ਚਾਹੁੰਦੀ ਹੈ। ਓਹ ਇਸ ਭ੍ਰਿਸ਼ਟ ਵਿਵਸਥਾ ਤੋਂ ਏਨੀ ਦੁਖੀ ਹੈ ਕੇ ਤੇਲ ਨੂੰ ਤਿੱਲੀ ਵਿਖਾਉਣ ਦੀ ਲੋੜ ਹੈ, ਭਾਂਬੜ ਆਪ ਹੀ ਮੱਚ ਪੈਣੇ ਹਨ । ਜੇਨ-ਜੀ ਸੰਘਰਸ਼ ਲਈ ਤਿਆਰ ਹੈ ਬਸ ਯੋਗ ਅਗਵਾਈ ਦੀ ਲੋੜ ਹੈ । ਇਸ ਬਾਰ ਜੋ ਅੰਦੋਲਨ ਇਸ ਨੌਜਵਾਨ ਪੀੜ੍ਹੀ ਵੱਲੋਂ ਸ਼ੁਰੂ ਕੀਤਾ ਜਾਵੇਗਾ, ਉਸ ਨੂੰ ਸੰਭਾਲਣਾ ਵਰਤਮਾਨ ਸਰਕਾਰਾਂ ਲਈ ਸੌਖਾ ਨਹੀਂ ਹੋਵੇਗਾ । ਬੇਰੋਜ਼ਗਾਰੀ, ਮਹਿੰਗੀ ਸਿੱਖਿਆ, ਨਿਆਂ ਪ੍ਰਣਾਲੀ 'ਤੇ ਵਿਸ਼ਵਾਸ ਦੀ ਘਾਟ , ਲੀਡਰਸ਼ਿਪ ਤੇ ਅਫ਼ਸਰਸ਼ਾਹੀ ਦੀ ਤਾਨਾਸ਼ਾਹੀ ਤੇ ਵਧ ਰਹੇ ਭ੍ਰਿਸ਼ਟਾਚਾਰ ਤੋਂ ਅੱਕਿਆ ਹੋਇਆ ਨੌਜਵਾਨ ਅੰਦੋਲਨ ਦੇ ਰਾਹ 'ਤੇ ਤੁਰ ਪੈਂਦਾ ਹੈ, ਪਰ ਲੋੜ ਹੈ ਅੰਦੋਲਨ ਦੌਰਾਨ ਸੰਜਮ ਵਰਤ ਕੇ ਚੱਲਣ ਦੀ। ਬਹੁਤੀ ਵਾਰ ਕਿਸੇ ਵੀ ਅੰਦੋਲਨ ਨੂੰ ਕੁਚਲਣ ਲਈ ਸਰਕਾਰਾਂ ਹਰ ਤਰ੍ਹਾਂ ਦਾ ਸਾਮ, ਦਾਮ ਦੰਡ, ਭੇਤ ਇਸਤੇਮਾਲ ਕਰਦੀਆਂ ਹਨ । ਅੰਦੋਲਨ ਨੂੰ ਬਦਨਾਮ ਕਰਨ ਲਈ ਅੰਦੋਲਨਕਾਰੀਆਂ ਦਾ ਚਰਿੱਤਰ ਹਨਨ ਕਰਨਾ ਸਭ ਤੋਂ ਪਹਿਲਾ ਕੰਮ ਹੁੰਦਾ ਹੈ । ਇਸ ਲਈ ਅੰਦੋਲਨ ਨੂੰ ਕਾਮਯਾਬ ਕਰਨ ਲਈ ਆਪਣੇ ਆਪ ਨੂੰ ਬਹੁਤ ਸੀਮਤ ਰੱਖ ਕੇ ਚਲਣਾ ਪੈਂਦਾ ਹੈ।

ਜੇਨ-ਜੀ ਲਈ ਕੋਈ ਵੀ ਅੰਦੋਲਨ ਇਸ ਲਈ ਵੀ ਸੌਖਾ ਨਹੀਂ ਹੋਵੇਗਾ, ਕਿਉਂਕਿ ਵਰਤਮਾਨ ਵਿਚ ਪ੍ਰਿੰਟ ਤੇ ਇਲੈਕਟ੍ਰਾਨਿਕ ਮੀਡੀਆ ਸਿਰਫ ਸਰਕਾਰੀ ਪਿੱਠੂ ਬਣ ਕੇ ਕੰਮ ਕਰ ਰਿਹਾ ਹੈ। ਇਸ ਗੱਲ ਦੀ ਉਮੀਦ ਬਹੁਤ ਘਟ ਹੈ ਕੇ ਇਲੈਕਟ੍ਰਾਨਿਕ ਤੇ ਪ੍ਰਿੰਟ ਮੀਡੀਆ ਨੌਜਵਾਨ ਪੀੜ੍ਹੀ ਦਾ ਸਾਥ ਦੇਵੇਗਾ । ਇਹ ਵਿਕਾਊ ਮੀਡੀਆ ਨੌਜਵਾਨਾਂ ਦੀ ਆਵਾਜ਼ ਸਰਕਾਰ ਤੱਕ ਕਦੀ ਵੀ ਨਹੀਂ ਪਹੁੰਚਣ ਦੇਵੇਗਾ। ਸੋਸ਼ਲ ਮੀਡੀਆ ਹੀ ਇਕ ਮਾਤਰ ਸਹਾਰਾ ਬਚਦਾ ਹੈ, ਪਰ ਉਥੇ ਵੀ ਸਰਕਾਰਾਂ ਕੋਲ ਆਪਣੇ ਆਈ ਟੀ ਸੈੱਲ ਹਨ, ਜਿਨ੍ਹਾਂ ਤੇ ਓਹ ਕਰੋੜਾਂ ਖਰਚ ਕਰਦੇ ਹਨ । ਇਸ ਲਈ ਨੌਜਵਾਨ ਪੀੜ੍ਹੀ ਸਾਹਮਣੇ ਔਕੜਾਂ ਵੀ ਬਹੁਤ ਹਨ ਪਰ ਹਰ ਔਕੜ ਨੂੰ ਪਾਰ ਪਾਉਣਾ ਹੀ ਜੇਨ- ਜੀ ਦੀ ਤਾਕਤ ਹੈ। ਹੁਣ ਵਕਤ ਹੀ ਦਸੇਗਾ ਕਿ ਕਾਕਰੋਚ ਜਨਤਾ ਪਾਰਟੀ ਇਕ ਮਜ਼ਾਕ ਬਣ ਕੇ ਰਹਿ ਜਾਂਦੀ ਹੈ ਜਾਂ ਇਹ ਅੰਦੋਲਨ ਦਾ ਰੂਪ ਧਾਰਨ ਕਰਦੀ ਹੈ।

**# ਸੰਪਰਕ : 78886-84597**

# ਪੈਨਸ਼ਨਰਾਂ ਦੇ ਮੈਡੀਕਲ ਬਿੱਲਾਂ ਦੀ ਪ੍ਰਤੀ-ਪੂਰਤੀ ਸਮਾਂਬੱਧ ਕੀਤੀ ਜਾਵੇ

**ਮੇਜਰ ਸਿੰਘ ਨਾਭਾ**

ਸਰਕਾਰੀ ਮੁਲਾਜ਼ਮਾਂ ਨੂੰ ਸਰਵਿਸ ਨਿਯਮਾਂ ਅਨੁਸਾਰ ਬਹੁਤ ਸਾਰੀਆਂ ਦਿੱਤੀਆਂ ਸਹੂਲਤਾਂ 'ਚ ਉਨ੍ਹਾਂ ਅਤੇ ਪਰਵਾਰ ਦੇ ਨਿਰਭਰ ਮੈਂਬਰਾਂ ਦੇ ਇਲਾਜ ਲਈ ਆਏ ਖਰਚ ਦੀ ਨਿਯਮਾਂ ਮੁਤਾਬਕ ਪ੍ਰਤੀ ਪੂਰਤੀ ਵੀ ਕੀਤੀ ਜਾਂਦੀ ਹੈ। ਇਨ੍ਹਾਂ ਮੁਲਜ਼ਮਾਂ ਨੂੰ ਕਿਸੇ ਵੀ ਹਸਪਤਾਲ ਤੋਂ ਇਲਾਜ ਕਰਾਉਣ 'ਤੇ ਆਏ ਖਰਚੇ ਦੀ ਪ੍ਰਤੀ ਪੂਰਤੀ ਕਰਨ ਲਈ ਵਿਵਸਥਾ ਕੀਤੀ ਹੋਈ ਹੈ। ਪ੍ਰਾਈਵੇਟ ਹਸਪਤਾਲਾਂ ਵਿੱਚ ਕਰਵਾਏ ਇਲਾਜ ਦੇ ਖਰਚੇ ਜ਼ਿਆਦਾ ਹੁੰਦੇ ਹਨ, ਜੋ ਪੂਰੇ ਨਹੀਂ ਮਿਲਦੇ, ਇਹ ਗੱਲ ਵੀ ਮਰੀਜ਼ਾਂ ਲਈ ਸਿਰਦਰਦੀ ਬਣਦੀ ਹੈ। ਦੂਸਰਾ ਮੈਡੀਕਲ ਬਿੱਲਾਂ ਦੇ ਪਾਸ ਹੋਣ ਲਈ ਕੋਈ ਸਮਾਂਬੱਧ ਵਿਵਸਥਾ ਨਾ ਹੋਣ ਕਾਰਨ ਬਹੁਤੇ ਮਰੀਜ਼ਾਂ ਦੇ ਬਿੱਲ ਦਫਤਰਾਂ 'ਚ ਰੁਲਦੇ ਫਿਰਦੇ ਰਹਿੰਦੇ ਹਨ। ਲੰਮੇ ਸਮੇਂ ਬਾਅਦ ਇਤਰਾਜ਼ ਲਾ ਕੇ ਵਾਪਸ ਕਰ ਦਿੱਤੇ ਜਾਂਦੇ ਹਨ। ਇਸ ਤਰ੍ਹਾਂ ਕਈ ਕਈ ਸਾਲਾਂ ਤੋਂ ਵੱਧ ਦਾ ਸਮਾਂ ਬਿੱਲ ਪਾਸ ਹੋਣ ਨੂੰ ਲੱਗ ਜਾਂਦਾ ਹੈ। ਸਿਹਤ ਵਿਭਾਗ ਨੇ ਇਹ ਬਿੱਲ ਪਾਸ ਕਰਨੇ ਹੁੰਦੇ ਹਨ। ਇਨ੍ਹਾਂ ਬਿੱਲਾਂ ਨੂੰ ਅਪਲਾਈ ਕਰਨ ਲਈ ਵੱਖ-ਵੱਖ ਜ਼ਿਲ੍ਹਿਆਂ 'ਚ ਵੱਖ ਵੱਖ ਫਾਰਮ ਦੁਕਾਨਾਂ ਵਾਲਿਆਂ ਨੇ ਛਾਪੇ ਹੋਏ ਹਨ, ਜਿਨ੍ਹਾਂ 'ਚ ਕਈ ਅਣਲੋੜੀਂਦੇ ਫਾਰਮ ਵੀ ਛਾਪ ਰੱਖੇ ਹਨ। ਵਿਭਾਗ ਵੱਲੋਂ ਸਮੇਂ-ਸਮੇਂ ਆਪਣੀ ਵੈੱਬਸਾਈਟ 'ਤੇ ਇਹ ਪੂਰੇ ਲੋੜੀਂਦੇ ਦਸਤਾਵੇਜ਼ ਡਾਊਨਲੋਡ ਕਰਨੇ ਚਾਹੀਦੇ ਹਨ, ਤਾਂ ਕਿ ਮਰੀਜ਼ਾਂ ਨੂੰ ਸ਼ੁਰੂਆਤ ਦੀ ਖੱਜਲਖੁਆਰੀ ਤੋਂ ਛੁਟਕਾਰਾ ਮਿਲ ਸਕੇ। ਵੱਖ-ਵੱਖ ਮਹਿਕਮਿਆਂ ਵੱਲੋਂ ਵੀ ਇਨ੍ਹਾਂ ਫਾਰਮਾਂ 'ਚ ਇਕਸਾਰਤਾ ਨਾਲ ਅਪਲਾਈ ਕਰਾਉਣਾ ਚਾਹੀਦਾ ਹੈ, ਤਾਂ ਕਿ ਮਰੀਜ਼ ਆਸਾਨੀ ਨਾਲ ਇਹ ਫਾਰਮ ਆਪ ਹੀ ਭਰ ਸਕੇ, ਨਹੀਂ ਤਾਂ ਬਾਹਰੋਂ ਬਿਲ ਬਣਾਉਣ ਲਈ ਕਈ ਵਾਰੀ ਹਜ਼ਾਰਾਂ ਰੁਪਏ ਵੀ ਦੇਣੇ ਪੈਂਦੇ ਹਨ।

ਹੁਣ ਗੱਲ ਆਉਂਦੀ ਹੈ ਬਿਲਾਂ ਦੇ ਪਾਸ ਹੋਣ ਦੇ ਸਮੇਂ ਦੀ,ਰੈਗੂਲਰ ਮੁਲਾਜ਼ਮ ਤਾਂ ਜਿਨ੍ਹਾਂ ਦੇ ਵੱਡੇ ਖਰਚੇ ਹੁੰਦੇ ਹਨ ਤਨਖਾਹਾਂ ਕਰਕੇ ਲੰਮਾ ਸਮਾਂ ਮੈਡੀਕਲ ਬਿੱਲਾਂ ਦੀ ਪ੍ਰਤੀ ਪੂਰਤੀ ਲਈ ਇੰਤਜ਼ਾਰ ਕਰ ਲੈਂਦੇ ਹਨ, ਪਰ ਪੈਨਸ਼ਨਰ ਜਿਨ੍ਹਾਂ ਦੇ ਇਲਾਜ ਉੱਪਰ ਲੱਖਾਂ ਰੁਪਏ ਖਰਚੇ ਜਾਂਦੇ ਹਨ, ਉਨ੍ਹਾਂ ਲਈ ਔਖਾ ਜ਼ਰੂਰ ਹੈ। ਇਧਰੋਂ ਉਧਰੋਂ ਪੈਸੇ ਫੜ ਕੇ ਇਲਾਜ ਕਰਾਇਆ ਹੁੰਦਾ ਹੈ, ਜਿਸ ਕਰਕੇ ਵਾਅਦੇ ਮੁਤਾਬਕ ਪੈਸੇ ਮੋੜਨੇ ਸੌਖੇ ਨਹੀਂ, ਜਿਸ ਕਰਕੇ ਉਨ੍ਹਾਂ ਨੂੰ ਨਮੋਸ਼ੀ ਦਾ ਸਾਹਮਣਾ ਕਰਨਾ ਪੈਂਦਾ ਹੈ। ਜਦੋਂ ਸਰਕਾਰ ਨੇ ਬਿੱਲ ਪਾਸ ਕਰਨੇ ਹੀ ਹੁੰਦੇ ਹਨ ਤਾਂ ਇਨ੍ਹਾਂ ਦਾ ਨਿਪਟਾਰਾ ਜਲਦੀ ਕਿਉਂ ਨਹੀਂ ਕੀਤਾ ਜਾਂਦਾ, ਹੁਣ ਤਾਂ ਸਾਰੇ ਮਹਿਕਮੇ ਕੰਪਿਊਟਰਾਈਜ਼ਡ ਹੋ ਗਏ ਹਨ। ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਪੱਧਰ ਅਤੇ ਸਟੇਟ ਪੱਧਰ 'ਤੇ ਇਹ ਬਿੱਲ ਉਨ੍ਹਾਂ ਦੀਆਂ ਰਕਮਾਂ ਮੁਤਾਬਕ ਪਾਸ ਕਰਨ ਲਈ ਮੈਡੀਕਲ ਬੋਰਡ ਦੇ ਮੈਂਬਰਾਂ ਦਾ ਗਠਨ ਕੀਤਾ ਹੋਇਆ ਹੈ । ਇੱਕ ਲੱਖ ਤੋਂ ਉੱਪਰ ਮੈਡੀਕਲ ਬਿੱਲ ਹੈੱਲਥ ਡਾਇਰੈਕਟਰ ਦੇ ਦਫਤਰੋਂ ਪਾਸ ਹੁੰਦਾ ਹੈ, ਪਰ ਇੱਕ ਲੱਖ ਤੋਂ ਵੱਧ ਵਾਲੇ ਬਿਲ ਸਿਵਲ ਸਰਜਨ ਦਫਤਰ ਵਲੋਂ ਗਠਿਤ ਬੋਰਡ ਦੀ ਮੀਟਿੰਗ ਵਲੋਂ ਪਾਸ ਕਰਕੇ ਭੇਜਣ ਕਾਰਨ ਦੇਰੀ ਦਾ ਕਾਰਨ ਬਣਦਾ ਹੈ, ਜੋ ਨਹੀਂ ਹੋਣਾ ਚਾਹੀਦਾ, ਸਗੋਂ ਡੀਲਿੰਗ ਕਲਰਕ ਜਾਂ ਸੁਪਰਡੰਟ ਵੱਲੋਂ ਰਕਮ ਵੈਰੀਫਾਈ ਕਰਕੇ ਹੀ ਅੱਗੇ ਭੇਜ ਦੇਣਾ ਚਾਹੀਦਾ ਹੈ, ਜੇ ਮੈਡੀਕਲ ਬੋਰਡ ਨੇ ਚੈੱਕ ਕਰ ਕੇ ਹੀ ਭੇਜਣਾ ਹੈ ਤਾਂ ਡਾਇਰੈਕਟਰ ਸਿਹਤ ਸੇਵਾਵਾਂ ਕੋਲ ਭੇਜਣ ਦੀ ਕੀ ਤੁੱਕ ਰਹਿ ਜਾਂਦੀ ਹੈ । ਇਸ ਤਰ੍ਹਾਂ ਮਹਿਕਮੇ ਦਾ ਕੰਮ ਵਧਦਾ ਹੀ ਹੈ । ਇਸੇ ਕਰਕੇ ਕਈ ਵਾਰ ਜ਼ਿਲ੍ਹੇ 'ਚੋਂ ਬਿਲ ਨੂੰ ਉੱਪਰ ਜਾਣ ਲਈ ਮਹੀਨੇ ਤੋਂ ਵੀ ਵੱਧ ਸਮਾਂ ਲੱਗ ਜਾਂਦਾ ਹੈ । ਉਂਝ ਇਹ ਵੀ ਇੱਕ ਦੇਰੀ ਦਾ ਕਾਰਨ ਜਾਪਦਾ ਹੈ ਕਿ ਮਹਿਕਮੇ ਦਾ ਸਿਸਟਮ ਲੜੀਵਾਰ ਆਏ ਕੇਸਾਂ ਨੂੰ ਲੜੀ 'ਚ ਨਹੀਂ ਰੱਖਦਾ। ਇਸ ਸਬੰਧ 'ਚ ਉੱਚ ਅਧਿਕਾਰੀਆਂ ਨੂੰ ਇਸ ਸਿਸਟਮ ਨੂੰ ਸਮਾਂ-ਬੱਧ ਕਰਨਾ ਚਾਹੀਦਾ ਹੈ, ਜੋ ਕਿ ਪਿਛਲੇ ਦਿਨੀਂ ਮਾਣਯੋਗ ਹਾਈ ਕੋਰਟ ਦੇ ਇੱਕ ਫੈਸਲੇ 'ਚ ਦੋ ਮਹੀਨੇ ਅੰਦਰ ਮੈਡੀਕਲ ਬਿਲਾਂ ਦੀ ਪ੍ਰਤੀ ਪੂਰਤੀ ਕਰਨ ਲਈ ਕਿਹਾ ਹੈ । ਸਿੱਖਿਆ ਵਿਭਾਗ ਨੇ ਆਪਣੇ ਮੁਲਾਜ਼ਮਾਂ ਲਈ ਆਨ ਲਾਈਨ ਸਿਹਤ ਵਿਭਾਗ ਦੇ ਬੋਰਡ ਵੱਲੋਂ ਪਾਸ ਹੋਏ ਬਿੱਲ ਭੇਜਣ ਲਈ ਹੇਠਲੇ ਅਧਿਕਾਰੀਆਂ ਨੂੰ ਪੱਤਰ ਜਾਰੀ ਕੀਤਾ ਹੈ, ਪਰ ਇਹ ਕੰਮ ਵੀ ਢਿੱਲਾ ਹੈ, ਇਸ ਨੂੰ ਘੱਟੋ-ਘੱਟ ਸੀਮਤ ਸਮੇਂ 'ਚ ਕਰਨ ਦੀ ਲੋੜ ਹੈ। ਵੈਸੇ ਤਾਂ ਇਹ ਕੰਮ ਜ਼ਿਲ੍ਹਾ ਪੱਧਰ 'ਤੇ ਹੀ ਬਜਟ ਜਾਰੀ ਕਰਨ ਦੀ ਵਿਵਸਥਾ ਹੋਣੀ ਚਾਹੀਦੀ ਹੈ। ਸੰਬੰਧਤ ਡੀ.ਡੀ.ਓ. ਵੱਲੋਂ ਸਿਰਫ ਪਾਸ ਹੋਏ ਬਿਲ ਦੀ ਈਮੇਲ ਤੇ ਭੇਜੀ ਕਾਪੀ ਨੂੰ ਮੁੱਖ ਦਫਤਰ ਵਲੋਂ ਮੰਨ ਲੈਣਾ ਚਾਹੀਦਾ ਹੈ। ਕਰਮਚਾਰੀ ਦੀ ਈਮੇਲ ਤੋਂ ਭੇਜਣ ਲਈ ਪੈਨਸ਼ਨਰਾਂ ਨੂੰ ਦਿੱਕਤ ਆਉਂਦੀ ਹੈ, ਜੋ ਦਸਤਾਵੇਜ਼ ਅਪਲੋਡ ਕਰਨ ਲਈ ਮੰਗੇ ਜਾਂਦੇ ਹਨ, ਉਹ ਜਿਆਦਾ ਹੋਣ ਕਾਰਨ ਪੈਨਸ਼ਨਰਾਂ ਲਈ ਆਪਣੀ ਆਈ ਡੀ ਤੋਂ ਅਪਲੋਡ ਕਰਨੇ ਸੌਖੇ ਨਹੀਂ, ਕਿਉਂ ਕਿ ਇਹ ਸੀਮਤ ਐੱਮ ਬੀ 'ਚ ਫਾਈਲ ਬਣਾ ਕੇ ਭੇਜਣੀ ਹੁੰਦੀ ਹੈ।

ਬਹੁਤ ਸਾਰੇ ਪੈਨਸ਼ਨਰ ਮਰੀਜ਼ ਤਾਂ ਬਿੱਲਾਂ ਦੇ ਪੈਸੇ ਉਡੀਕਦੇ ਇਸ ਜਹਾਨ ਤੋਂ ਵੀ ਚਲੇ ਜਾਂਦੇ ਹਨ। ਵਡੇਰੀਆਂ ਉਮਰਾਂ ਕਰਕੇ ਬਿਮਾਰੀਆਂ ਉਂਝ ਵੀ ਜ਼ਿਆਦਾ ਪਕੜ ਕਰ ਜਾਂਦੀਆਂ ਹਨ, ਜਿਸ ਕਰਕੇ ਪੈਨਸ਼ਨਰ ਖਰਚਿਆਂ ਦੀ ਚਿੰਤਾ ਕਰਕੇ ਕਈ ਵਾਰੀ ਐਵੇਂ ਹੀ ਦਿਲ ਨੂੰ ਲਾ ਕੇ ਨਵੀਂਆਂ ਬਿਮਾਰੀਆਂ ਤੋਂ ਗ੍ਰਸਤ ਹੋ ਕੇ ਹੋਰ ਵੀ ਪਹਿਲਾਂ ਹੀ ਇਸ ਦੁਨੀਆ ਨੂੰ ਅਲਵਿਦਾ ਕਹਿ ਜਾਂਦੇ ਹਨ। ਇਸ ਲਈ ਘੱਟੋ-ਘੱਟ ਪੈਨਸ਼ਨਰਾਂ ਦੇ ਇਲਾਜ ਦੇ ਖਰਚੇ ਨੂੰ ਨਾਲ ਦੀ ਨਾਲ ਦੇਣ ਦਾ ਪ੍ਰਬੰਧ ਕਰਨਾ ਚਾਹੀਦਾ ਹੈ, ਤਾਂ ਜੋ ਉਹ ਆਪਣੀ ਜ਼ਿੰਦਗੀ ਨੂੰ ਵਧੀਆ ਤਰੀਕੇ ਨਾਲ ਮਾਣ ਸਕਣ। ਬਹੁਤ ਸਾਰੇ ਪ੍ਰਾਈਵੇਟ ਅਦਾਰੇ ਆਪਣੇ ਮੁਲਾਜ਼ਮਾਂ ਦਾ ਸਾਰਾ ਇਲਾਜ਼ ਫਰੀ ਕਰਾਉਂਦੇ ਹਨ, ਡੀਫੈਂਸ ਕਰਮਚਾਰੀਆਂ ਲਈ ਨਿਸਚਤ ਕੀਤੇ ਪ੍ਰਾਈਵੇਟ ਹਸਪਤਾਲਾਂ 'ਚ ਉਨ੍ਹਾਂ ਦਾ ਪੂਰਾ ਫਰੀ ਇਲਾਜ ਕੀਤਾ ਜਾਂਦਾ ਹੈ । ਨਹੀਂ ਤਾਂ ਇਸ ਤਰ੍ਹਾਂ ਹੀ ਪੰਜਾਬ ਸਰਕਾਰ ਨੂੰ ਕਰਨਾ ਚਾਹੀਦਾ ਹੈ। ਹੋਰ ਨਹੀਂ ਤਾਂ ਘੱਟੋ-ਘੱਟ ਪੈਨਸ਼ਨਰਾਂ ਦੇ ਮੈਡੀਕਲ ਬਿੱਲਾਂ ਨੂੰ ਪਹਿਲ ਦੇ ਆਧਾਰ 'ਤੇ ਬਜਟ ਅਲਾਟ ਕਰਨਾ ਚਾਹੀਦਾ ਹੈ ।

**# ਸੰਪਰਕ : 94635-53962**

# ਪਬਲਿਕ ਨੇ ਹੀ ਖਦੇੜ ਦਿੱਤਾ ਐੱਸ ਐੱਮ ਓ ਖਿਲਾਫ ਲੱਗਣ ਵਾਲਾ ਪ੍ਰਸਤਾਵਿਤ ਧਰਨਾ

- ਧਰਨਾਕਾਰੀਆਂ ਨੇ ਬਠਿੰਡਾ ਜਾ ਕੇ ਸੀਐੱਮਓ ਨੂੰ ਦਿੱਤਾ ਮੰਗ ਪੱਤਰ
- ਮੋਹਤਬਰਾਂ ਕਿਹਾ; ਐੱਸ ਐੱਮ ਓ ਦੇ ਭਲੇ ਚਿਹਰੇ ਨੂੰ ਧੁਆਂਖਣ ਲਈ ਲਾਇਆ ਜਾ ਰਿਹਾ ਸੀ ਧਰਨਾ



**ਤਲਵੰਡੀ ਸਾਬੋ (ਜਗਦੀਪ ਗਿੱਲ)**- ਕੀ ਤਲਵੰਡੀ ਸਾਬੋ ਦੇ ਸਿਵਲ ਹਸਪਤਾਲ ਵਿੱਚ ਕੁਝ ਮੁਲਾਜ਼ਮਾਂ ਜਾਂ ਉਨ੍ਹਾਂ ਦੀ ਕਿਸੇ ਜਥੇਬੰਦੀ ਵੱਲੋਂ ਲਾਏ ਜਾਣ ਵਾਲੇ ਪ੍ਰਸਤਾਵਿਤ ਧਰਨੇ ਪਿੱਛੇ ਐੱਸ ਐੱਮ ਓ ਦੇ ਸਾਫ ਗੋਈ ਵਾਲੇ ਚਿਹਰੇ ਨੂੰ ਧੁਆਂਖਣ ਦੀ ਕੋਈ ਸਾਜ਼ਿਸ਼ ਹੈ, ਇੱਥੋਂ ਦੇ ਸੁਚੇਤ ਲੋਕਾਂ ਵਿੱਚ ਇਹ ਸਵਾਲ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।ਇਹ ਪਹਿਲੀ ਵਾਰ ਵੇਖਣ ਵਿੱਚ ਆਇਆ ਹੈ ਕਿ ਐੱਸ ਐੱਮ ਓ ਖਿਲਾਫ ਧਰਨਾ ਮਾਰਨ ਆਏ ਲੋਕਾਂ ਨੂੰ ਪੁਲਸ ਦੀ ਥਾਂ ਸਥਾਨਕ ਐੱਸਐੱਮਓ ਦੇ ਹੱਕ ਵਿੱਚ ਉੱਥੇ ਇਕੱਠੀ ਹੋਈ ਪਬਲਿਕ ਨੇ ਹੀ ਉਥੇ ਵਿਛਾਈਆਂ ਜਾ ਰਹੀਆਂ ਦਰੀਆਂ ਚੁੱਕ ਕੇ ਖਿਸਕ ਜਾਣ ਲਈ ਮਜਬੂਰ ਕਰ ਦਿੱਤਾ ਹੋਵੇ। ਮਾਜਰਾ ਕੁਝ ਇਸ ਤਰ੍ਹਾਂ ਦੱਸਿਆ ਜਾ ਰਿਹਾ ਹੈ ਕਿ ਪਿਛਲੇ ਦਿਨੀਂ ਐੱਸਐੱਮਓ ਤਲਵੰਡੀ ਸਾਬੋ ਜਦੋਂ ਕਈ ਦਿਨਾਂ ਬਾਅਦ ਵੱਖ ਵੱਖ ਵਾਰਡਾਂ ਦਾ ਚੱਕਰ ਲਾ ਰਹੇ ਸਨ ਤਾਂ ਪ੍ਰਬੰਧਕੀ ਕੰਮਾਂ ਵਿੱਚ ਦਿਸੀਆਂ ਕੁਝ ਊਣਤਾਈਆਂ ਬਾਰੇ ਐੱਸਐੱਮਓ ਨੇ ਸਬੰਧਤ ਮੁਲਾਜ਼ਮਾਂ ਨੂੰ ਸਖਤੀ ਨਾਲ਼ ਚੇਤਾ ਕਰਵਾ ਦਿੱਤਾ।ਬਸ ਫਿਰ ਕੀ ਸੀ ਕੁਝ ਪੱਕੇ ਤੇ ਕੁਝ ਕੱਚੇ ਉਨ੍ਹਾਂ ਮੁਲਾਜ਼ਮਾਂ ਨੇ ਧਰਨਾ ਲਾ ਕੇ ਐੱਸਐੱਮਓ ਖਿਲਾਫ ਗੁਭ-ਗੁਭਾਟ ਕੱਢਣ ਦੀ ਠਾਣ ਲਈ।ਇਸ ਕੰਮ ਲਈ ਉਕਤ ਮੁਲਾਜ਼ਮਾਂ ਨੇ ਇੱਥੋਂ ਦੇ ਕੁਝ ਉਨ੍ਹਾਂ ਪ੍ਰਾਈਵੇਟ ਲੋਕਾਂ ਨੂੰ ਵੀ ਨਾਲ਼ ਰਲਾ ਲਿਆ, ਜਿਹੜੇ ਲੋਕਾਂ ਤੋਂ ਕੋਈ ਭਲੇ ਦਾ ਕੰਮ ਹੋਵੇ ਜਾਂ ਨਾ ਹੋਵੇ, ਪ੍ਰੰਤੂ ਪ੍ਰਸ਼ਾਸਨ ਜਾਂ ਕਿਸੇ ਅਧਿਕਾਰੀ ਖਿਲਾਫ ਲਾਏ ਜਾਣ ਵਾਲੇ ਧਰਨੇ ਦਾ ਮੌਕਾ ਉਹ ਕਦੇ ਖੁੰਝਣ ਹੀ ਨਹੀਂ ਦਿੰਦੇ। ਧਰਨਾ ਲਾਉਣ ਲਈ ਉਥੇ ਝੰਡੀਆਂ ਤੇ ਹੋਰ ਸਾਜ਼ੋ ਸਾਮਾਨ ਲੈ ਕੇ ਆਏ ਕੁਝ ਲੋਕਾਂ ਨੂੰ ਜਦੋਂ ਵਾਰ ਵਾਰ ਇਹ ਸਵਾਲ ਪੁੱਛਿਆ ਗਿਆ ਕਿ ਆਖਰ ਉਨ੍ਹਾਂ ਦੀ ਸਮੱਸਿਆ ਕੀ ਹੈ, ਜਿਸ ਨੂੰ ਲੈ ਕੇ ਉਨ੍ਹਾਂ ਨੂੰ ਧਰਨਾ ਲਾਉਣਾ ਪੈ ਰਿਹਾ ਹੈ, ਤਾਂ ਉਨ੍ਹਾਂ ਦੱਸਿਆ ਕਿ ਅਸੀਂ ਪਿਛਲੇ ਦਿਨੀਂ ਜਦੋਂ ਇੱਕ ਵਫਦ ਦੇ ਰੂਪ ਵਿੱਚ ਐੱਸਐੱਮਓ ਨੂੰ ਮਿਲੇ ਤਾਂ ਐੱਸਐੱਮਓ ਨੇ ਸਾਡੇ ਵਫਦ ਨਾਲ ਹਲੀਮੀ ਨਾਲ ਪੇਸ਼ ਆਉਣ ਦੀ ਥਾਂ ਕੁਰੱਖਤ ਰਵੱਈਆ ਅਪਣਾਇਆ ਤੇ ਸਾਨੂੰ ਅੱਪ-ਸ਼ਬਦ ਬੋਲੇ ਗਏ।ਉਧਰ ਪੱਤਰਕਾਰਾਂ ਦੀ ਹਾਜ਼ਰੀ ਵਿੱਚ ਜਦੋਂ ਪਬਲਿਕ ਦੇ ਨੁਮਾਇੰਦਿਆਂ ਨੇ ਉਕਤ ਧਰਨਾਕਾਰੀਆਂ ਨੂੰ ਕਿਹਾ ਕਿ ਆਪਾਂ ਐੱਸਐੱਮਓ ਦਫਤਰ ਦੇ ਕੈਮਰੇ ਖੰਗਾਲ ਲੈਂਦੇ ਹਾਂ, ਜੇਕਰ ਐੱਸਐੱਮਓ ਦਾ ਤੁਹਾਨੂੰ ਮਿਲਣ ਦੇ ਵਕਤ ਰਵੱਈਆ ਠੀਕ ਨਾ ਨਿਕਲਿਆ ਤਾਂ ਐੱਸਐੱਮਓ ਸਜ਼ਾ ਦਾ ਭਾਗੀਦਾਰ ਹੋਵੇਗਾ।ਉਸ ਤੋਂ ਪਹਿਲਾਂ ਕਿ ਇਸ ਤਰ੍ਹਾਂ ਦੀ ਕਿਸੇ ਪਰਖ ਪੜਤਾਲ ਵਿੱਚ ਦੁੱਧ ਤੋਂ ਨੀਰ ਨਤਾਰਿਆ ਜਾਂਦਾ, ਉਕਤ ਧਰਨਾਕਾਰੀ ਆਪਣੇ ਝੰਡੇ, ਦਰੀਆਂ ਤੇ ਹੋਰ ਸਾਜ਼ੋ ਸਾਮਾਨ ਚੁੱਕ ਕੇ ਸਿਵਲ ਹਸਪਤਾਲ ਤਲਵੰਡੀ ਸਾਬੋ ਤੋਂ ਬਠਿੰਡਾ ਨੂੰ ਰਵਾਨਾ ਹੋ ਗਏ। ਬਠਿੰਡਾ ਤੋਂ ਪੁੱਜ ਰਹੀਆਂ ਖ਼ਬਰਾਂ ਅਨੁਸਾਰ ਪਤਾ ਲੱਗਾ ਹੈ ਕਿ ਉਕਤ ਧਰਨਾਕਾਰੀਆਂ ਨੇ ਸੀਐੱਮਓ ਬਠਿੰਡਾ ਨੂੰ ਇੱਕ ਮੈਮੋਰੰਡਮ ਦਿੰਦਿਆਂ ਮੰਗ ਕੀਤੀ ਕਿ ਐੱਸ ਐੱਚ ਓ ਤਲਵੰਡੀ ਸਾਬੋ ਨੂੰ ਸਸਪੈਂਡ ਕਰਕੇ ਅਗਲੇਰੀ ਕਾਰਵਾਈ ਕੀਤੀ ਜਾਵੇ।ਦੂਸਰੀ ਮੰਗ ਵਿੱਚ ਕਿਹਾ ਗਿਆ ਕਿ ਐੱਸਐੱਮਓ ਤਲਵੰਡੀ ਸਾਬੋ ਨੂੰ ਸਸਪੈਂਡ ਕਰਕੇ ਉਨ੍ਹਾਂ ਨੂੰ ਹੈੱਡ ਕੁਆਰਟਰ ਚੰਡੀਗੜ੍ਹ ਤਬਦੀਲ ਕੀਤਾ ਜਾਵੇ।ਧਰਨਾਕਾਰੀਆਂ ਵੱਲੋਂ ਸਾਥੀ ਮੁਲਾਜ਼ਮਾਂ ਤੇ ਭਰਾਤਰੀ ਜਥੇਬੰਦੀਆਂ ਨੂੰ ਸੱਦਾ ਦਿੱਤਾ ਗਿਆ ਹੈ ਕਿ 28 ਮਈ 2026 ਤੋਂ ਉਕਤ ਮੰਗਾਂ ਨੂੰ ਲੈ ਕੇ ਸੀਐੱਮਓ ਦਫਤਰ ਬਠਿੰਡਾ ਅੱਗੇ ਕੰਮ ਬੰਦ ਕਰਕੇ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ।

# ਇਲਾਕੇ ਦੇ ਗੰਨਾ ਕਾਸ਼ਤਕਾਰਾਂ ਵੱਲੋਂ ਖੰਡ ਮਿੱਲ ਮੁੜ ਚਲਾਉਣ ਦੀ ਮੰਗ

## ਸੰਘਰਸ਼ ਦੀ ਰੂਪਰੇਖਾ ਉਲੀਕਣ ਲਈ ਪਹਿਲੀ ਨੂੰ ਸੱਦੀ ਮੀਟਿੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਧੂਰੀ ਤੇ ਇਸ ਦੇ ਆਸ-ਪਾਸ ਦੇ ਇਲਾਕੇ ਦੇ ਗੰਨਾ ਕਾਸ਼ਤਕਾਰਾਂ ਦੀ ਇੱਕ ਅਹਿਮ ਤੇ ਹੰਗਾਮੀ ਮੀਟਿੰਗ ਸਥਾਨਕ ਰਾਮ ਬਾਗ ਧੂਰੀ ਵਿਖੇ ਗੰਨਾ ਸਲਾਹਕਾਰ ਸੰਘਰਸ਼ ਕਮੇਟੀ ਦੇ ਸਾਬਕਾ ਪ੍ਰਧਾਨ ਹਰਿੰਦਰ ਸਿੰਘ ਕਹੇਰੂ ਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਦੀ ਸਾਂਝੀ ਅਗਵਾਈ ਹੇਠ ਹੋਈ। ਇਸ ਇਕੱਤਰਤਾ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਪਹੁੰਚੇ ਗੰਨਾ ਉਤਪਾਦਕਾਂ ਤੇ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਹਾਜ਼ਰ ਕਿਸਾਨਾਂ ਨੇ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਖ਼ਿਲਾਫ਼ ਜੰਮ ਕੇ ਭੜਾਸ ਕੱਢੀ ਤੇ ਬੰਦ ਪਈ ਮਿੱਲ ਨੂੰ ਤੁਰੰਤ ਪ੍ਰਭਾਵ ਨਾਲ ਮੁੜ ਚਾਲੂ ਕਰਨ ਦੀ ਜ਼ੋਰਦਾਰ ਮੰਗ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਤੇ ਖਾਸ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਰਵੱਈਏ 'ਤੇ ਤਿੱਖੇ ਸਵਾਲ ਖੜ੍ਹੇ ਕੀਤੇ।ਬੁਲਾਰਿਆਂ ਨੇ ਕਿਹਾ ਕਿ ਇਹ ਬੇਹੱਦ ਮੰਦਭਾਗੀ ਗੱਲ ਹੈ ਕਿ ਮੌਜੂਦਾ ਮੁੱਖ ਮੰਤਰੀ ਦੇ ਆਪਣੇ ਕਾਰਜਕਾਲ ਤੇ ਉਨ੍ਹਾਂ ਦੇ ਆਪਣੇ ਹਲਕੇ ਅਧੀਨ ਆਉਂਦੀ ਇਹ ਇਤਿਹਾਸਕ ਖੰਡ ਮਿੱਲ ਪੂਰੀ ਤਰ੍ਹਾਂ ਬੰਦ ਹੋ ਚੁੱਕੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਮੁੱਖ ਮੰਤਰੀ ਨੇ ਅੱਜ ਤੱਕ ਇਸ ਮਿੱਲ ਨੂੰ ਬਚਾਉਣ ਜਾਂ ਕਿਸਾਨਾਂ ਦੇ ਹੱਕ ਵਿੱਚ ਦੋ ਸ਼ਬਦ ਬੋਲਣੇ ਵੀ ਮੁਨਾਸਿਬ ਨਹੀਂ ਸਮਝੇ, ਜਿਸ ਕਾਰਨ ਇਲਾਕੇ ਦੇ ਹਜ਼ਾਰਾਂ ਕਿਸਾਨ ਪਰਿਵਾਰਾਂ ਦਾ ਭਵਿੱਖ ਦਾਅ 'ਤੇ ਲੱਗ ਗਿਆ ਹੈ। ਮੀਟਿੰਗ ਦੇ ਅਖੀਰ ਵਿੱਚ ਕਿਸਾਨ ਜਥੇਬੰਦੀਆਂ ਤੇ ਗੰਨਾ ਕਾਸ਼ਤਕਾਰਾਂ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਜੇਕਰ ਸਰਕਾਰ ਨੇ ਹੁਣ ਵੀ ਕੋਈ ਠੋਸ ਕਦਮ ਨਾ ਚੁੱਕਿਆ ਤਾਂ ਇੱਕ ਤਿੱਖਾ ਤੇ ਆਰ-ਪਾਰ ਦਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਸੰਘਰਸ਼ ਦੀ ਅਗਲੀ ਰੂਪਰੇਖਾ ਤਿਆਰ ਕਰਨ, ਵੱਖ-ਵੱਖ ਪਿੰਡਾਂ ਵਿੱਚ ਲਾਮਬੰਦੀ ਕਰਨ ਤੇ ਤਿੱਖੇ ਐਕਸ਼ਨ ਉਲੀਕਣ ਲਈ ਆਉਂਦੀ 1 ਜੂਨ ਨੂੰ ਅਗਲੀ ਮੀਟਿੰਗ ਰਾਮ ਬਾਗ ਧੂਰੀ ਵਿਖੇ ਸਵੇਰੇ 9 ਵਜੇ ਸੱਦੀ ਗਈ ਹੈ।ਇਸ ਮੌਕੇ ਕੁਲਦੀਪ ਸਿੰਘ ਬੱਬਨਪੁਰ, ਕੇਵਲ ਸਿੰਘ ਈਸੀ, ਜਗਤਾਰ ਸਿੰਘ ਤਾਰੀ ਬੱਬਨਪੁਰ, ਰਣਜੋਧ ਸਿੰਘ, ਅਵਤਾਰ ਸਿੰਘ ਰਾਣੂ ਕਹੇਰੂ, ਕੁਲਦੀਪ ਸਿੰਘ ਭੋਜੋਵਾਲੀ, ਦਲਜੀਤ ਸਿੰਘ ਕਹੇਰੂ, ਲੱਖਾ ਸ਼ਾਹੀ ਕਹੇਰੂ, ਬਲਦੇਵ ਸਿੰਘ ਭੋਜੋਵਾਲੀ, ਮਾਲਵਿੰਦਰ ਸਿੰਘ ਭੋਜੋਵਾਲੀ, ਸਤਵੰਤ ਸਿੰਘ ਭੱਦਲਵੱਡ ਆਦਿ ਹਾਜ਼ਰ ਸਨ।

# ਅੰਤਰਰਾਸ਼ਟਰੀ ਨਸ਼ਾ ਤਸਕਰੀ ਖਿਲਾਫ ਪੁਲਸ ਤੇ ਬੀ ਐੱਸ ਐੱਫ ਨੂੰ ਵੱਡੀ ਸਫਲਤਾ

- 10 ਕਿੱਲੋ 950 ਗ੍ਰਾਮ ਹੈਰੋਇਨ ਬਰਾਮਦ, ਅਣਪਛਾਤਿਆਂ ਖਿਲਾਫ ਕੇਸ ਦਰਜ




**ਜਲਾਲਾਬਾਦ (ਜੀਤ ਕੁਮਾਰ)**- ਅੰਤਰਰਾਸ਼ਟਰੀ ਨਸ਼ਾ ਤਸਕਰੀ ਖਿਲਾਫ ਪੰਜਾਬ ਪੁਲਸ ਤੇ ਬੀ.ਐੱਸ.ਐੱਫ. ਨੇ ਵੱਡੀ ਸਫਲਤਾ ਪ੍ਰਾਪਤ ਕਰਦੇ ਹੋਏ ਥਾਣਾ ਸਦਰ ਜਲਾਲਾਬਾਦ ਅਧੀਨ ਆਉਂਦੇ ਪਿੰਡ ਪ੍ਰਭਾਤ ਸਿੰਘ ਵਾਲਾ ਦੇ ਅੰਤਰਰਾਸ਼ਟਰੀ ਸਰਹੱਦ ਨਾਲ ਲੱਗਦੇ ਖੇਤਾਂ ਵਿੱਚ ਪੰਜਾਬ ਪੁਲਸ ਤੇ ਬੀਐੱਸਐੱਫ ਨੇ ਸਾਂਝੇ ਸਰਚ ਆਪ੍ਰੇਸ਼ਨ ਦੌਰਾਨ 20 ਪੈਕਟ ਹੈਰੋਇਨ (ਕੁੱਲ 10 ਕਿੱਲੋ 950 ਗ੍ਰਾਮ) ਬਰਾਮਦ ਕੀਤੀ ਗਈ। ਇਸ ਸਬੰਧੀ ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ।

ਜ਼ਿਲ੍ਹਾ ਪੁਲਸ ਮੁਖੀ ਗਗਨ ਅਜੀਤ ਸਿੰਘ ਵੱਲੋਂ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਡੀ.ਐੱਸ.ਪੀ. ਗੁਰਸੇਵਕ ਸਿੰਘ ਤੇ ਥਾਣਾ ਸਦਰ ਜਲਾਲਾਬਾਦ ਦੇ ਪੁਲਸ ਨੇ ਉਸ ਵੇਲੇ ਵੱਡੀ ਸਫਲਤਾ ਪ੍ਰਾਪਤ ਕੀਤੀ, ਜਦੋਂ ਥਾਣਾ ਮੁਖੀ ਜੁਗਰਾਜ ਸਿੰਘ ਸਮੇਤ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਥਾਣਾ ਸਦਰ ਏਰੀਏ ਵਿੱਚ ਮੌਜੂਦ ਸੀ। ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਬੱਸ ਅੱਡਾ ਬੱਘੇ ਕੇ ਮੋੜ ਕੋਲ ਪੁੱਜੀ ਤਾਂ ਏ. ਸੀ. ਮੁਕੇਸ਼ ਕੁਮਾਰ ਕੰਪਨੀ ਕਮਾਂਡਰ ਚੌਕੀ ਬੀ.ਐੱਸ.ਐੱਫ. ਗੱਟੀ ਬੀਸੋ ਕੇ ਨੇ ਟੈਲੀਫੋਨ ਰਾਹੀਂ ਜਾਣੂ ਕਰਵਾਇਆ ਕਿ ਭਾਰਤ-ਪਾਕਿਸਤਾਨ ਨੂੰ ਵੰਡਦੀ ਕੰਡਿਆਲੀ ਤਾਰ ਤੋਂ ਪਾਰ ਖੇਤੀ ਕਰਨ ਗਏ ਹਰਪਾਲ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਪਿੰਡ ਚੱਕ ਪੰਨੀ ਵਾਲਾ ਉਰਫ ਭੋਡੀਪੁਰ ਦੇ ਨਾਲ ਗਏ ਗਾਰਡ ਨੇ ਦੱਸਿਆ ਕਿ ਉਸ ਦੇ ਖੇਤ ਦੇ ਨਾਲ ਲੱਗਦੇ ਮਾਹਵੀਰ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਪ੍ਰਭਾਤ ਸਿੰਘ ਵਾਲਾ ਦੇ ਖੇਤ ਵਿੱਚ ਕੋਈ ਸ਼ੱਕੀ ਗੱਟਾ ਪਿਆ ਹੋਇਆ ਹੈ, ਜਿਸ 'ਤੇ ਪੁਲਸ ਪਾਰਟੀ ਤੇ ਬੀ.ਐੱਸ.ਐੱਫ. ਨੇ ਸਰਚ ਕਰਨ 'ਤੇ ਹੈਰੋਇਨ ਬਰਾਮਦ ਹੋਈ, ਇਹ ਹੈਰੋਇਨ 10 ਕਿੱਲੋ 950 ਗ੍ਰਾਮ ਸੀ। ਐਸ.ਐਸ.ਪੀ. ਨੇ ਕਿਹਾ ਕਿ ਫਾਜ਼ਿਲਕਾ ਪੁਲਸ ਤੇ ਬੀ.ਐੱਸ.ਐੱਫ ਵੱਲੋਂ ਨਸ਼ਾ ਤਸਕਰਾਂ ਖਿਲਾਫ ਲਗਾਤਾਰ ਸਖ਼ਤ ਕਾਰਵਾਈ ਜਾਰੀ ਹੈ। ਸਰਹੱਦ ਪਾਰ ਤੋਂ ਨਸ਼ਾ ਮੰਗਾਉਣ ਵਾਲੇ ਤਸਕਰ ਦੀ ਭਾਲ ਜਾਰੀ ਹੈ ਅਤੇ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਖਿਲਾਫ ਸਖਤੀ ਨਾਲ ਨਿਪਟਿਆ ਜਾਵੇਗਾ।

ਇਸ ਸਬੰਧੀ ਜਾਂਚ ਅਧਿਕਾਰੀ ਤੇ ਥਾਣਾ ਸਦਰ ਜਲਾਲਾਬਾਦ ਦੇ ਐੱਸ.ਐੱਚ.ਓ. ਜੁਗਰਾਜ ਸਿੰਘ ਨੇ ਦੱਸਿਆ ਕਿ ਪੁਲਸ ਨੇ ਹੈਰੋਇਨ ਆਪਣੇ ਕਬਜ਼ੇ ਵਿੱਚ ਲੈ ਕੇ ਥਾਣਾ ਸਦਰ ਜਲਾਲਾਬਾਦ ਵਿਖੇ ਅਣਪਛਾਤੇ ਵਿਅਕਤੀਆਂ ਵਿਰੁੱਧ ਕੇਸ ਦਰਜ ਕਰਕੇ ਅਗਲੀ ਸ਼ੁਰੂ ਕਰ ਦਿੱਤੀ ਹੈ।

# ਸੀ ਪੀ ਆਈ ਵੱਲੋਂ ਜ਼ਿਲ੍ਹਾ ਪੱਧਰੀ ਕਨਵੈਨਸ਼ਨ 31 ਨੂੰ




**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਜ਼ਿਲ੍ਹਾ ਫਰੀਦਕੋਟ ਵੱਲੋਂ ਪੰਜਾਬ ਤੇ ਦੇਸ਼ ਦੇ ਭਖਦੇ ਮੁੱਦਿਆਂ ਨੂੰ ਲੈ ਕੇ ਜ਼ਿਲ੍ਹਾ ਪੱਧਰੀ ਕਨਵੈਨਸ਼ਨ 31 ਮਈ ਐਤਵਾਰ ਨੂੰ ਸਵੇਰ 10:30 ਵਜੇ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਭਵਨ ਫਰੀਦਕੋਟ ਵਿਖੇ ਕੀਤੀ ਜਾ ਰਹੀ ਹੈ।ਇਸ ਕਨਵੈਨਸ਼ਨ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਸਥਾਨਕ ਭਵਨ ਵਿਖੇ ਪਾਰਟੀ ਦੇ ਜ਼ਿਲ੍ਹਾ ਕਾਰਜਕਾਰੀ ਸਕੱਤਰ ਕਾਮਰੇਡ ਪ੍ਰੇਮ ਚਾਵਲਾ ਦੀ ਪ੍ਰਧਾਨਗੀ ਹੇਠ ਇੱਕ ਅਹਿਮ ਮੀਟਿੰਗ ਸੱਦੀ ਗਈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਪ੍ਰੇਮ ਚਾਵਲਾ ਨੇ ਦੱਸਿਆ ਕਿ ਇਸ ਕਨਵੈਨਸ਼ਨ ਦੌਰਾਨ ਮੌਜੂਦਾ ਸਮੇਂ ਦੇ ਸਭ ਤੋਂ ਭਖਦੇ ਮੁੱਦਿਆਂ 'ਤੇ ਮੁੱਦਿਆਂ 'ਤੇ ਪਾਰਟੀ ਦੀ ਨੀਤੀ ਤੇ ਅਗਲੇ ਸੰਘਰਸ਼ਾਂ ਦੀ ਰੂਪ-ਰੇਖਾ ਸਾਂਝੀ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਤੇ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਅਰਸ਼ੀ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਕਨਵੈਨਸ਼ਨ ਨੂੰ ਸੰਬੋਧਨ ਕਰਨਗੇ।ਮੀਟਿੰਗ ਦੌਰਾਨ ਹਾਜ਼ਰ ਵੱਖ-ਵੱਖ ਆਗੂਆਂ ਕਾਮਰੇਡ ਗੁਰਚਰਨ ਸਿੰਘ ਮਾਨ, ਸੁਖਜਿੰਦਰ ਸਿੰਘ ਤੂੰਬੜਭੰਨ, ਵੀਰ ਸਿੰਘ ਕੰਮੇਆਣਾ, ਗੋਰਾ ਪਿਪਲੀ, ਹਰਪਾਲ ਸਿੰਘ ਮਚਾਕੀ, ਇੰਦਰਜੀਤ ਸਿੰਘ ਗਿੱਲ, ਬਲਕਾਰ ਸਿੰਘ ਸਹੋਤਾ, ਚਰਨਜੀਤ ਸਿੰਘ ਚਮੇਲੀ, ਗੁਰਨਾਮ ਸਿੰਘ ਮਾਨੀ ਸਿੰਘ ਵਾਲਾ, ਜਗਤਾਰ ਸਿੰਘ (ਸਾਬਕਾ ਸਰਪੰਚ), ਸੁਖਮੰਦਰ ਸਿੰਘ ਢੁੱਡੀ, ਨੱਥਾ ਸਿੰਘ ਅਰਾਈਆਂ ਵਾਲਾ ਕਲਾਂ ਤੇ ਸੁੰਦਰ ਸਿੰਘ ਭਾਣਾ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਦੀਆਂ ਸਾਰੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਹੈ।ਆਗੂਆਂ ਨੇ ਸਮੂਹ ਇਨਸਾਫ਼ਪਸੰਦ ਲੋਕਾਂ ਨੂੰ ਇਸ ਕਨਵੈਨਸ਼ਨ ਵਿੱਚ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ ਹੈ।

# ਗੁਰੂ ਘਰ ਦਾ ਗੇਟ ਬਣਾਉਣ ਸਮੇਂ ਕਰੰਟ ਲੱਗਣ ਨਾਲ ਮਜ਼ਦੂਰ ਦੀ ਮੌਤ, ਮਿਸਤਰੀ ਗੰਭੀਰ ਜ਼ਖ਼ਮੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਨੇੜਲੇ ਪਿੰਡ ਇਰਾਕ ਵਿਖੇ ਗੁਰਦੁਆਰਾ ਸਾਹਿਬ ਦੇ ਗੇਟ ਨਿਰਮਾਣ ਮੌਕੇ ਇੱਕ ਦੁਖਦਾਈ ਹਾਦਸਾ ਵਾਪਰ ਗਿਆ, ਜਿਸ ਵਿੱਚ ਕੰਮ ਕਰਦੇ ਮਜ਼ਦੂਰ ਧਰਮਿੰਦਰ (43) ਵਾਸੀ ਰਾਣਵਾਂ ਦੀ ਮੌਤ ਹੋ ਗਈ, ਜਦਕਿ ਨਾਲ ਹੀ ਕੰਮ ਕਰਦੇ ਮਿਸਤਰੀ ਸਰਬਜੀਤ ਸਿੰਘ ਵਾਸੀ ਤੱਖਰਾਂ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇਰਾਕ ਵਿਖੇ ਇੱਕ ਗੁਰੂ ਘਰ ਦੇ ਬਾਹਰ ਗੇਟ ਦਾ ਨਿਰਮਾਣ ਕੀਤਾ ਜਾ ਰਿਹਾ ਸੀ, ਜਿਸ ਲਈ ਮਜ਼ਦੂਰ ਤੇ ਮਿਸਤਰੀ ਕਾਫ਼ੀ ਦਿਨਾਂ ਤੋਂ ਕੰਮ ਕਰਨ ਲੱਗੇ ਹੋਏ ਸਨ। ਕੱਲ੍ਹ ਜਦੋਂ ਮਿਸਤਰੀ ਤੇ ਮਜ਼ਦੂਰ ਗੇਟ ਨਿਰਮਾਣ ਦਾ ਕੰਮ ਕਰ ਰਹੇ ਸਨ ਤਾਂ ਅਚਾਨਕ ਨੇੜੇ ਲੰਘਦੀਆਂ ਬਿਜਲੀ ਤਾਰਾਂ ਉਨ੍ਹਾਂ ਨੂੰ ਛੂਹ ਗਈਆਂ, ਜਿਸ ਕਾਰਨ ਮਜ਼ਦੂਰ ਧਰਮਿੰਦਰ ਤੇ ਮਿਸਤਰੀ ਸਰਬਜੀਤ ਸਿੰਘ ਜ਼ਖ਼ਮੀ ਹੋ ਗਏ। ਦੋਵਾਂ ਨੂੰ ਜਦੋਂ ਹਸਪਤਾਲ ਲਿਆਂਦਾ ਗਿਆ ਤਾਂ ਉੱਥੇ ਡਾਕਟਰਾਂ ਨੇ ਧਰਮਿੰਦਰ ਨੂੰ ਮ੍ਰਿਤਕ ਕਰਾਰ ਦੇ ਦਿੱਤਾ, ਜਦਕਿ ਸਰਬਜੀਤ ਸਿੰਘ ਹਸਪਤਾਲ ਵਿੱਚ ਇਲਾਜ ਅਧੀਨ ਹੈ। ਧਰਮਿੰਦਰ ਬਹੁਤ ਗਰੀਬ ਪਰਿਵਾਰ ਨਾਲ ਸਬੰਧ ਰੱਖਦਾ ਹੈ, ਜੋ ਆਪਣੇ ਪਿੱਛੇ ਪਤਨੀ ਤੋਂ ਇਲਾਵਾ 2 ਬੱਚੇ ਛੱਡ ਗਿਆ।

ਇਸ ਦੁਖਦਾਈ ਘਟਨਾ ਨਾਲ ਪਿੰਡ ਰਾਣਵਾਂ ਵਿਖੇ ਸੋਗ ਦੀ ਲਹਿਰ ਪਾਈ ਜਾ ਰਹੀ ਹੈ ਤੇ ਨਮ ਅੱਖਾਂ ਨਾਲ ਧਰਮਿੰਦਰ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਪਿੰਡ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਗਰੀਬ ਪਰਿਵਾਰ ਦੀ ਵੱਧ ਤੋਂ ਵੱਧ ਆਰਥਿਕ ਸਹਾਇਤਾ ਕੀਤੀ ਜਾਵੇ।

# ਮਨਰੇਗਾ ਕਰਮਚਾਰੀਆਂ ਵੱਲੋਂ ਸੇਵਾਵਾਂ ਪੱਕੀਆਂ ਨਾ ਕਰਨ ਦੇ ਰੋਸ ਵਜੋਂ ਧਰਨਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਪਿਛਲੇ ਲਗਭਗ 18 ਸਾਲਾਂ ਤੋਂ ਕੰਟਰੈਕਟ ਅਧਾਰਤ ਸੇਵਾਵਾਂ ਨਿਭਾਅ ਰਹੇ ਨਰੇਗਾ ਮੁਲਾਜ਼ਮਾਂ ਵੱਲੋਂ ਅੱਜ ਸੁਨਾਮ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ।ਧਰਨੇ ਵਿੱਚ ਜ਼ਿਲ੍ਹਾ ਭਰ ਤੋਂ ਵੱਡੀ ਗਿਣਤੀ ਵਿੱਚ ਨਰੇਗਾ ਮੁਲਾਜ਼ਮਾਂ ਨੇ ਪੂਰੇ ਜੋਸ਼ ਨਾਲ ਹਿੱਸਾ ਲਿਆ।ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੰਜੀਵ ਕਾਕੜਾ ਤੇ ਸੂਬਾ ਕਮੇਟੀ ਆਗੂ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਨਰੇਗਾ ਮੁਲਾਜ਼ਮਾਂ ਨੂੰ ਪਿਛਲੇ 6-7 ਮਹੀਨਿਆਂ ਤੋਂ ਤਨਖਾਹਾਂ ਨਹੀਂ ਮਿਲੀਆਂ, ਜਿਸ ਕਾਰਨ ਮੁਲਾਜ਼ਮਾਂ ਦਾ ਬੁਰਾ ਹਾਲ ਹੈ। ਚੋਣਾਂ ਤੋਂ ਪਹਿਲਾਂ ਤੇ ਸਰਕਾਰ ਬਣਨ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਨਰੇਗਾ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਹੁਣ ਠੇਕੇਦਾਰੀ ਸਿਸਟਮ ਬਿਲਕੁਲ ਬੰਦ ਕਰਕੇ ਪੰਚਾਇਤ ਵਿਭਾਗ ਵਿੱਚ ਨਰੇਗਾ ਮੁਲਾਜ਼ਮਾਂ ਨੂੰ ਪੱਕੀਆਂ ਅਸਾਮੀਆਂ 'ਤੇ ਮਰਜ਼ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਣਾਈ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਬਣਾਈ ਪਾਲਿਸੀ ਵੀ ਨਰੇਗਾ ਮੁਲਾਜ਼ਮਾਂ ਦਾ ਕੁੱਝ ਸੰਵਾਰ ਨਹੀਂ ਸਕੀ।ਵਿਭਾਗ ਵੱਲੋਂ ਨਰੇਗਾ ਮੁਲਾਜ਼ਮਾਂ ਡਾਟਾ ਪੋਰਟਲ ਰਾਹੀਂ ਇਕੱਠਾ ਕਰਕੇ ਪ੍ਰਸੋਨਲ ਤੇ ਵਿੱਤ ਵਿਭਾਗ ਦੀਆਂ ਪ੍ਰਵਾਨਗੀਆਂ ਲੈਣ ਦੇ ਬਾਵਜੂਦ ਨਰੇਗਾ ਮੁਲਾਜ਼ਮਾਂ ਨੂੰ ਆਰਡਰ ਨਹੀਂ ਦਿੱਤੇ ਗਏ।ਇੱਕ ਪਾਸੇ ਮੁੱਖ ਮੰਤਰੀ 63000 ਨੌਕਰੀਆਂ ਦੇਣ ਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਦਾਅਵਾ ਕਰ ਰਹੇ ਹਨ, ਦੂਜੇ ਪਾਸੇ 18 ਸਾਲਾਂ ਤੋਂ ਨੌਕਰੀ ਕਰ ਰਹੇ ਨਰੇਗਾ ਮੁਲਾਜ਼ਮਾਂ ਨੂੰ ਪੱਕੇ ਕਰਨਾ ਤਾਂ ਦੂਰ ਪੰਜ-ਪੰਜ ਮਹੀਨੇ ਦੀ ਤਨਖ਼ਾਹ ਵੀ ਨਹੀਂ ਦਿੱਤੀ ਜਾ ਰਹੀ।ਇਸ ਦੇ ਰੋਸ ਵਜੋਂ ਸੂਬਾ ਕਮੇਟੀ ਦੇ ਸੱਦੇ ਅਨੁਸਾਰ ਸਮੁੱਚੇ ਪੰਜਾਬ ਅੰਦਰ ਅੱਜ ਰੋਸ ਮਾਰਚ ਕਰ ਕੇ ਕੈਬਨਿਟ ਮੰਤਰੀਆਂ ਦੇ ਘਰਾਂ ਦਾ ਘਿਰਾਓ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ, ਜਿਸ ਦੌਰਾਨ ਆਪ ਦੇ ਪੰਜਾਬ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਯੂਨੀਅਨ ਦੇ ਆਗੂਆਂ ਨਾਲ ਮੀਟਿੰਗ ਕੀਤੀ ਗਈ ਤੇ ਪੰਚਾਇਤ ਮੰਤਰੀ ਨੂੰ ਫੋਨ ਰਾਹੀਂ ਮਨਰੇਗਾ ਕਰਮਚਾਰੀਆਂ ਦੇ ਹਾਲਾਤਾਂ ਤੋਂ ਜਾਣੂ ਕਰਵਾਇਆ ਗਿਆ ਅਤੇ 2 ਜੂਨ ਦੀ ਕੈਬਨਿਟ ਸਬ ਕਮੇਟੀ ਦੀ ਮੀਟਿੰਗ ਦਿੱਤੀ ਗਈ।ਅੱਜ ਦੇ ਧਰਨੇ ਦੌਰਾਨ ਰਣਧੀਰ ਸਿੰਘ, ਜਸਵੀਰ ਸਿੰਘ, ਤਰਸੇਮ ਚੰਦ, ਜਸਵੀਰ ਸਿੰਘ ਲਹਿਰਾ, ਗੁਰਜੀਤ ਸਿੰਘ, ਬਲਜੀਤ ਸਿੰਘ ਗੁਰਮੀਤ ਸਿੰਘ ਅਮਨਦੀਪ ਸਿੰਘ ਆਦਿ ਹਾਜ਼ਰ ਸਨ।

# ਮਜ਼ਦੂਰਾਂ ਵੱਲੋਂ ਡੀ ਸੀ ਦਫਤਰ ਵਿਖੇ ਰੋਸ ਮੁਜ਼ਾਹਰਾ 9 ਨੂੰ



**ਲੁਧਿਆਣਾ (ਰੈਕਟਰ ਕਥੂਰੀਆ)** ਕਾਰਖ਼ਾਨਾ ਮਜ਼ਦੂਰ ਯੂਨੀਅਨ ਤੇ ਟੈਕਸਟਾਈਲ-ਹੌਜ਼ਰੀ ਕਾਮਗਾਰ ਯੂਨੀਅਨ ਦੀ ਸਾਂਝੀ ਮੀਟਿੰਗ ਵਿੱਚ ਮਜ਼ਦੂਰਾਂ ਦੀਆਂ ਹਾਲਤਾਂ ਬਾਰੇ ਵਿਚਾਰ ਕਰਨ ਤੋਂ ਬਾਅਦ ਫੈਸਲਾ ਕੀਤਾ ਗਿਆ ਕਿ ਆਉਣ ਵਾਲੀ 9 ਜੂਨ ਨੂੰ ਮਜ਼ਦੂਰਾਂ ਦੇ ਫੌਰੀ ਮੰਗਾਂ-ਮਸਲੇ ਹੱਲ ਕਰਾਉਣ ਲਈ ਡੀ. ਸੀ. ਦਫ਼ਤਰ ਲੁਧਿਆਣਾ ਵਿਖੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ।

ਇਸ ਸਬੰਧੀ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਾਰਖਾਨਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਲਖਵਿੰਦਰ ਤੇ ਟੈਕਸਟਾਈਲ-ਹੌਜ਼ਰੀ ਕਾਮਗਾਰ ਯੂਨੀਅਨ ਦੇ ਪ੍ਰਧਾਨ ਜਗਦੀਸ਼ ਨੇ ਕਿਹਾ ਕਿ ਇੱਕ ਪਾਸੇ ਸਰਮਾਏਦਾਰ ਜਮਾਤ ਢੇਰਾਂ ਮੁਨਾਫ਼ੇ ਕਮਾ ਰਹੀ ਹੈ, ਦੂਜੇ ਪਾਸੇ ਮਜ਼ਦੂਰ ਜਮਾਤ 12-14 ਘੰਟੇ ਦੀ ਹੱਡ ਭੰਨਵੀਂ ਮਿਹਨਤ ਕਰਕੇ ਵੀ ਨਿਗੂਣੀਆਂ ਤਨਖ਼ਾਹਾਂ 'ਤੇ ਭਿਆਨਕ ਗ਼ਰੀਬੀ-ਬਦਹਾਲੀ 'ਚ ਗੁਜ਼ਾਰਾ ਕਰਨ ਲਈ ਮਜਬੂਰ ਹੈ। ਪੈਟਰੋਲ-ਡੀਜ਼ਲ, ਰਸੋਈ ਗੈਸ ਦੀਆਂ ਵਧਦੀਆਂ ਕੀਮਤਾਂ ਕਾਰਨ ਚਾਰ-ਚੁਫੇਰਿਓਂ ਮਹਿੰਗਾਈ ਵਧਦੀ ਜਾ ਰਹੀ ਹੈ।ਇਸ ਮਹਿੰਗਾਈ ਨੇ ਮਜ਼ਦੂਰਾਂ ਦਾ ਜਿਓਣਾ ਹੋਰ ਵੀ ਔਖਾ ਕਰ ਦਿੱਤਾ ਹੈ।ਜਥੇਬੰਦੀਆਂ ਦੀ ਮੰਗ ਹੈ ਕਿ ਅੱਠ ਘੰਟੇ ਕੰਮ ਦਿਹਾੜੀ ਲਾਗੂ ਕੀਤੀ ਜਾਵੇ, ਮਹੀਨਾਵਾਰ ਘੱਟੋ-ਘੱਟ ਤਨਖ਼ਾਹ 30,000 ਰੁਪਏ ਲਾਗੂ ਹੋਵੇ (ਪੀਸ-ਰੇਟ/ਦਿਹਾੜੀ ਵੀ ਇਸੇ ਮੁਤਾਬਿਕ ਤੈਅ ਹੋਵੇ), ਓਵਰਟਾਈਮ ਦਾ ਦੁੱਗਣਾ ਭੁਗਤਾਨ, ਔਰਤ ਮਜ਼ਦੂਰਾਂ ਨੂੰ ਮਰਦ ਮਜ਼ਦੂਰਾਂ ਬਰਾਬਰ ਤਨਖ਼ਾਹ, ਹਫ਼ਤਾਵਾਰੀ, ਸਰਕਾਰੀ, ਤਿਉਹਾਰ, ਬਿਮਾਰੀ ਆਦਿ ਤਨਖ਼ਾਹ ਸਮੇਤ ਛੁੱਟੀਆਂ ਤੇ ਸਾਰੇ ਕਾਨੂੰਨੀ ਕਿਰਤ ਹੱਕ ਲਾਗੂ ਕੀਤੇ ਜਾਣ, ਮਜ਼ਦੂਰ ਵਿਰੋਧੀ ਚਾਰ ਨਵੇਂ ਕਿਰਤ ਕੋਡ ਰੱਦ ਕੀਤੇ ਜਾਣ, ਲੱਕ ਤੋੜ ਮਹਿੰਗਾਈ ਨੂੰ ਨੱਥ ਪਾਈ ਜਾਵੇ।ਜਥੇਬੰਦੀਆਂ ਨੇ ਮਜ਼ਦੂਰਾਂ ਨੂੰ 9 ਜੂਨ ਦੇ ਰੋਸ ਮੁਜ਼ਾਹਰੇ ਵਿੱਚ ਵੱਡੀ ਤੋਂ ਵੱਡੀ ਗਿਣਤੀ ਵਿੱਚ ਪੁੱਜਣ ਦਾ ਸੱਦਾ ਦਿੱਤਾ ਹੈ।

# ਗੰਦੇ ਪਾਣੀ ਦੇ ਨਿਕਾਸ ਦਾ ਭਰੋਸਾ ਮਿਲਣ ਪਿੱਛੋਂ ਮਜ਼ਦੂਰਾਂ ਵੱਲੋਂ ਧਰਨਾ ਮੁਲਤਵੀ



**ਮੋਗਾ (ਇਕਬਾਲ ਸਿੰਘ ਖਹਿਰਾ)**- ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰਧਾਨ ਜਗਮੋਹਨ ਸਿੰਘ ਕੰਗ ਨੇ ਦੱਸਿਆ ਕਿ ਖੋਸਾ ਕੋਟਲਾ ਵਿਖੇ 40-50 ਪਰਿਵਾਰਾਂ ਦੇ ਨਾਲੀਆਂ ਦੇ ਪਾਣੀ ਦਾ ਕੋਈ ਨਿਕਾਸ ਨਹੀਂ ਸੀ ਹੋ ਰਿਹਾ।ਪੰਚਾਇਤ ਨੇ ਯੋਜਨਾ ਬਣਾਈ ਕਿ ਕਿਉਂ ਨਾ ਸੜਕ ਉੱਚੀ ਕਰ ਦਿੱਤੀ ਜਾਵੇ।ਸੜਕ ਉੱਚੀ ਕਰਨ ਦਾ ਕੰਮ ਸ਼ੁਰੂ ਕੀਤਾ ਗਿਆ, ਪਰ ਸੜਕ ਦੇ ਨਾਲ ਲੱਗਦੇ ਪਰਿਵਾਰਾਂ ਦੇ ਨਾਲੀਆਂ ਦੇ ਪਾਣੀ ਦੇ ਨਿਕਾਸ ਦਾ ਹੱਲ ਨਹੀਂ ਕੀਤਾ ਜਾ ਰਿਹਾ ਸੀ, ਜਿਸ ਕਰਕੇ ਮਜ਼ਦੂਰਾਂ ਨੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰਧਾਨ ਨਾਲ ਰਾਬਤਾ ਕੀਤਾ।ਕਿਸਾਨ ਜਥੇਬੰਦੀ ਮਜ਼ਦੂਰਾਂ ਨਾਲ ਡੱਟ ਕੇ ਖੜ ਗਈ ਤੇ ਬਣ ਰਹੀ ਸੜਕ 'ਤੇ ਧਰਨਾ ਸ਼ੁਰੂ ਹੋ ਗਿਆ।

ਗੰਦੇ ਪਾਣੀ ਦੇ ਨਾਲ ਘਰਾਂ ਦਾ ਨੁਕਸਾਨ ਹੋਣਾ ਸੀ ਤੇ ਸੜਕ ਵੀ ਟੁੱਟ ਜਾਣੀ ਸੀ।ਧਰਨੇ ਦੀ ਗੱਲ ਪ੍ਰਸ਼ਾਸਨ ਤੇ ਇਲਾਕੇ ਦੇ ਐੱਮ.ਐੱਲ.ਏ. ਲਾਡੀ ਢੋਸ ਤੱਕ ਪਹੁੰਚ ਗਈ।ਪ੍ਰਸ਼ਾਸਨ, ਐੱਮ.ਐੱਲ.ਏ. ਤੇ ਯੂਨੀਅਨ ਦੀ ਸਾਂਝੀ ਮੀਟਿੰਗ ਹੋਈ, ਜਿਸ ਵਿੱਚ ਪਾਣੀ ਦਾ ਹੱਲ ਕਰਨ ਦਾ ਭਰੋਸਾ ਦਿਵਾਇਆ।ਸਰਪੰਚ ਗੁਰਸੇਵਕ ਸਿੰਘ ਨੇ ਧਰਨੇ ਵਿੱਚ ਜਾ ਕੇ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਸੜਕ ਦਾ ਕੰਮ ਬਾਅਦ ਵਿੱਚ ਹੋਵੇਗਾ, ਪਹਿਲਾਂ ਤੁਹਾਡੇ ਗੰਦੇ ਪਾਣੀ ਦੇ ਨਿਕਾਸ ਲਈ ਪਾਈਪ ਪਾ ਕੇ, ਟਰੀਟਮੈਂਟ ਪਲਾਂਟ ਰਾਹੀਂ ਪਾਣੀ ਸਾਫ ਕਰਕੇ, ਡਰੇਨ ਦੇ ਵਿੱਚ ਸੁੱਟਿਆ ਜਾਵੇਗਾ।ਇਸ ਭਰੋਸੇ ਪਿੱਛੋਂ ਧਰਨਾ ਮੁਲਤਵੀ ਕਰ ਦਿੱਤਾ। ਫਿਰ ਵੀ ਜੇਕਰ ਮਸਲੇ ਦੇ ਹੱਲ ਵਿੱਚ ਕੋਈ ਰੁਕਾਵਟ ਆਈ ਤਾਂ ਭਾਰਤੀ ਕਿਸਾਨਾਂ ਨੂੰ ਸ਼ਾਂਤੀਕਾਰੀ ਕ੍ਰਾਂਤੀਕਾਰੀ ਈ ਰਿਕਸ਼ਾ ਯੂਨੀਅਨ ਉਨ੍ਹਾਂ ਦੇ ਸੰਘਰਸ਼ ਵਿੱਚ ਸ਼ਾਮਲ ਹੋਣਗੀਆਂ।ਇਸ ਮੌਕੇ ਭਾਰਤੀ ਕਿਸਾਨ ਕ੍ਰਾਂਤੀਕਾਰੀ ਦੇ ਪ੍ਰੈੱਸ ਸਕੱਤਰ ਕਿਰਪਾਲ ਸਿੰਘ ਵਿਰਕ, ਬਲਾਕ ਪ੍ਰਧਾਨ ਗੁਰਜੀਤ ਸਿੰਘ ਜਲਾਲਾਬਾਦ, ਈ ਰਿਕਸ਼ਾ ਯੂਨੀਅਨ ਦੇ ਪ੍ਰਧਾਨ ਸਰਵਣ ਬਰਾੜ, ਸੂਬਾ ਆਗੂ ਜਗਜੀਤ ਸਿੰਘ ਸਮਰਾ ਤੇ ਰਾਣਾ ਸਮਰਾ ਹਾਜ਼ਰ ਸਨ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਨੇ ਸਰਕਾਰ ਦੀ ਫੂਕੀ ਅਰਥੀ




**ਮਾਨਸਾ (ਆਤਮਾ ਸਿੰਘ ਪਮਾਰ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੂਬਾਈ ਸੱਦੇ ਅਨੁਸਾਰ ਜ਼ਿਲ੍ਹਾ ਕਨਵੀਨਰ ਸਿਕੰਦਰ ਸਿੰਘ ਘਰਾਂਗਣਾ, ਬਿੱਕਰ ਸਿੰਘ ਮਾਖਾ, ਅਮਰਜੀਤ ਸਿੰਘ ਸਿੱਧੂ, ਰਾਜ ਕੁਮਾਰ ਰੰਗਾ, ਸੀਤਲ ਸਿੰਘ ਉੱਡਤ, ਜੱਗਾ ਸਿੰਘ ਅਲੀਸ਼ੇਰ ਦੀ ਅਗਵਾਈ 'ਚ ਡਿਪਟੀ ਕਮਿਸ਼ਨਰ ਮਾਨਸਾ ਦੇ ਦਫ਼ਤਰ ਮੂਹਰੇ ਰੋਸ ਪ੍ਰਦਰਸ਼ਨ ਕਰਨ ਉਪਰੰਤ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ।ਇਸ ਮੌਕੇ ਹਿੰਮਤ ਸਿੰਘ ਦੂਲੋਵਾਲ, ਗੁਰਸੇਵਕ ਸਿੰਘ ਭੀਖੀ, ਮੇਜ਼ਰ ਸਿੰਘ ਬਾਜੇਵਾਲਾ, ਹਰਬੰਸ ਸਿੰਘ ਫਰਵਾਹੀ, ਰਾਜ ਕੁਮਾਰ, ਕੇਵਲ ਸਿੰਘ ਮਾਨਸਾ, ਆਤਮਾ ਸਿੰਘ ਪੁਮਾਰ, ਹਰਬੰਸ ਸਿੰਘ ਢਿੱਲੋਂ, ਜਸਵੰਤ ਸਿੰਘ ਕਲਹਿਰੀ, ਜਨਕ ਸਿੰਘ ਫਤਿਹਪੁਰ, ਹਰਬੰਸ ਸਿੰਘ, ਸੁਖਦੇਵ ਸਿੰਘ, ਸਵਿੰਦਰ ਸਿੰਘ, ਜੇ ਈ ਜਗਸੀਰ ਸਿੰਘ ਢਿੱਲੋਂ, ਬੂਟਾ ਸਿੰਘ ਖੀਵਾ, ਬਾਰੂ ਖਾਂ ਤੇ ਅਜੈਬ ਸਿੰਘ ਅਲੀਸ਼ੇਰ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਵੱਖ ਵੱਖ ਵਿਭਾਗਾਂ 'ਚ ਕੰਮ ਕਰਦੇ ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ, ਠੇਕੇਦਾਰੀ ਸਿਸਟਮ ਬੰਦ ਕਰਕੇ ਰੈਗੂਲਰ ਭਰਤੀ ਚਾਲੂ ਕੀਤੀ ਜਾਵੇ, ਇਸੇ ਤਰ੍ਹਾਂ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਕੇ ਬਣਦਾ ਬਕਾਇਆ ਵੀ ਦਿੱਤਾ ਜਾਵੇ, 37 ਪ੍ਰਕਾਰ ਦੇ ਭੱਤੇ ਮੁੜ ਬਹਾਲ ਕੀਤੇ ਜਾਣ।ਇਸ ਤੋਂ ਇਲਾਵਾ 2.59 ਦੇ ਗੁਣਾਂਕ ਨਾਲ ਪੈਨਸ਼ਨ ਦੀ ਸੁਧਾਈ ਕਰਕੇ ਬਾਕਾਇਦਾ ਲਾਗੂ ਕੀਤੀ ਜਾਵੇ।ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ, ਪੁਰਾਣੀ ਪੈਨਸ਼ਨ ਵੀ ਮੁੜ ਲਾਗੂ ਕੀਤੀ ਜਾਵੇ, 1.1.26 ਤੋਂ ਪੰਜਾਬ ਦੇ ਸੱਤਵੇਂ ਪੇ ਕਮਿਸ਼ਨ ਦਾ ਗਠਨ ਕੀਤਾ ਜਾਵੇ ਤੇ ਤਨਖ਼ਾਹਾਂ ਦੀ ਸੁਧਾਈ ਕੀਤੀ ਜਾਵੇ ਅਤੇ ਹੋਰ ਮੰਗਾਂ ਜੋ ਮੰਗ ਪੱਤਰ 'ਚ ਅੰਕਿਤ ਹਨ, ਨੂੰ ਵੀ ਪੂਰਾ ਕੀਤਾ ਜਾਵੇ।ਇਸ ਸਮੇਂ ਆਗੂਆਂ ਨੇ ਕਿਹਾ ਕਿ ਸੂਬਾਈ ਲੀਡਰਸ਼ਿਪ ਵੱਲੋਂ ਜੋ ਸੰਘਰਸ਼ ਉਲੀਕਿਆ ਜਾਵੇਗਾ, ਮਾਨਸਾ ਜ਼ਿਲ੍ਹਾ ਉਸ 'ਚ ਵੱਧ ਚੜ੍ਹ ਕੇ ਹਿੱਸਾ ਪਾਉਣ 'ਚ ਕੋਈ ਕਸਰ ਬਾਕੀ ਨਹੀਂ ਛੱਡੇਗਾ।

# ਹ਼ਫ਼ਤੇ 'ਚ ਚੌਥੀ ਵਾਰ ਤੇਲ ਕੀਮਤਾਂ 'ਚ ਹੋਏ ਵਾਧੇ ਨਾਲ ਟਰਾਂਸਪੋਰਟਰ ਮੰਦਹਾਲੀ ਦੇ ਕਗਾਰ 'ਤੇ : ਸੁਰਜੀਤ ਥਿੰਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬ ਅੰਦਰ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਇਕ ਹਫਤੇ 'ਚ ਚੌਥੀ ਵਾਰ ਹੋਏ ਵਾਧਾ ਆਮ ਲੋਕਾਂ, ਪ੍ਰਾਈਵੇਟ ਬੱਸ-ਟਰੱਕ ਆਪ੍ਰੇਟਰਾਂ ਤੇ ਟਰਾਂਸਪੋਰਟਰਾਂ ਨੇ ਤਿੱਖਾ ਵਿਰੋਧ ਕੀਤਾ।ਲੋਕਾਂ ਦਾ ਕਹਿਣਾ ਹੈ ਕਿ ਪਹਿਲਾਂ ਹੀ ਮਹਿੰਗਾਈ ਨੇ ਲੋਕਾਂ ਦੀ ਕਮਰ ਤੋੜ ਕੇ ਰੱਖ ਦਿੱਤੀ ਹੈ ਤੇ ਹੁਣ ਤੇਲ ਦੀਆਂ ਕੀਮਤਾਂ ਵਧਣ ਨਾਲ ਰੋਜ਼ਾਨਾ ਖਰਚ ਹੋਰ ਵੱਧ ਜਾਵੇਗਾ।

ਟਰੱਕ ਯੂਨੀਅਨ ਦੇਵੀਗੜ੍ਹ ਦੇ ਚੇਅਰਮੈਨ ਸੁਰਜੀਤ ਸਿੰਘ ਥਿੰਦ ਨੇ ਤੇਲ ਦੀਆਂ ਕੀਮਤਾਂ 'ਚ ਹੋਏ ਵਾਧੇ ਦੀ ਸਖਤ ਸ਼ਬਦਾਂ 'ਚ ਨਿੰਦਾ ਕਰਦੇ ਹੋਏ ਕਿਹਾ ਕਿ ਡੀਜ਼ਲ ਮਹਿੰਗਾ ਹੋਣ ਕਾਰਨ ਟਰਾਂਸਪੋਰਟ ਦਾ ਖਰਚ ਵਧੇਗਾ, ਜਿਸ ਦਾ ਸਿੱਧਾ ਅਸਰ ਸਾਮਾਨ ਦੀਆਂ ਕੀਮਤਾਂ ਉੱਤੇ ਪਵੇਗਾ।ਪ੍ਰਾਈਵੇਟ ਬੱਸ ਚਾਲਕਾਂ ਨੇ ਦੱਸਿਆ ਕਿ ਪਹਿਲਾਂ ਹੀ ਘੱਟ ਸਵਾਰੀਆਂ ਤੇ ਵਧਦੇ ਖਰਚਿਆਂ ਕਾਰਨ ਉਹ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ, ਉੱਪਰੋਂ ਡੀਜ਼ਲ ਦੀ ਕੀਮਤ ਵਧਣ ਨਾਲ ਹਾਲਾਤ ਹੋਰ ਖਰਾਬ ਹੋਣਗੇ। ਇਸ ਮੌਕੇ ਚੇਅਰਮੈਨ ਥਿੰਦ ਨੇ ਕਿਹਾ ਕਿ ਤੇਲ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਟਰਾਂਸਪੋਰਟਰਾਂ ਨੂੰ ਮੰਦਹਾਲੀ ਦੀ ਕਗਾਰ 'ਤੇ ਖੜ੍ਹਾ ਕਰ ਦੇਵੇਗਾ। ਉਨ੍ਹਾਂ ਕਿਹਾ ਕਿ ਟਰੱਕ ਆਪ੍ਰੇਟਰੀ ਦਾ ਧੰਦਾ ਪਹਿਲਾਂ ਹੀ ਘਾਟੇ ਵਾਲਾ ਸੌਦਾ ਬਣ ਗਿਆ ਹੈ ਤੇ ਹੁਣ ਤੇਲ ਦੀਆਂ ਕੀਮਤਾਂ ਵਧਣ ਨਾਲ ਇਸ ਕਾਰੋਬਾਰ ਨੂੰ ਭਾਰੀ ਵਿੱਤੀ ਘਾਟਾ ਸਹਿਣ ਕਰਨਾ ਪਏਗਾ। ਇਸ ਮੌਕੇ ਆਮ ਲੋਕਾਂ ਨੇ ਵੀ ਆਪਣੀ ਨਾਰਾਜ਼ਗੀ ਜਤਾਉਂਦੇ ਹੋਏ ਕਿਹਾ ਕਿ ਪੈਟਰੋਲ ਮਹਿੰਗਾ ਹੋਣ ਨਾਲ ਹਰ ਵਰਗ ਪ੍ਰਭਾਵਿਤ ਹੋਵੇਗਾ।ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਕੀਤਾ ਗਿਆ ਵਾਧਾ ਤੁਰੰਤ ਵਾਪਸ ਲਿਆ ਜਾਵੇ ਤਾਂ ਜੋ ਆਮ ਜਨਤਾ ਨੂੰ ਰਾਹਤ ਮਿਲ ਸਕੇ।

# ਡੀ ਏ ਤੇ ਪੁਰਾਣੀ ਪੈਨਸ਼ਨ ਜਾਰੀ ਨਾ ਕਰਨ ਦੇ ਵਿਰੋਧ 'ਚ ਬਿਜਲੀ ਮੁਲਾਜ਼ਮਾਂ ਵੱਲੋਂ ਰੋਸ ਮੁਜ਼ਾਹਰਾ

## ਮੰਗਾਂ ਨਾ ਮੰਨੀਆਂ ਤਾਂ 16 ਤੇ 17 ਜੂਨ ਨੂੰ ਮੁਕੰਮਲ ਹੜਤਾਲ ਕੀਤੀ ਜਾਵੇਗੀ




**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**- ਬਿਜਲੀ ਮੁਲਾਜ਼ਮਾਂ ਟੈਕਨੀਕਲ ਸਰਵਿਸ ਯੂਨੀਅਨ ਦੀ ਅਗਵਾਈ ਹੇਠ ਜਗਰਾਉਂ ਵਿਖੇ ਪੰਜਾਬ ਸਰਕਾਰ ਵਿਰੁੱਧ ਡੀ.ਏ. ਸਮੇਤ ਬਕਾਇਆ ਤੇ ਪੁਰਾਣੀ ਪੈਨਸ਼ਨ ਸਕੀਮ ਜਾਰੀ ਨਾ ਕਰਨ ਦੇ ਵਿਰੋਧ ਵਿੱਚ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਬਿਜਲੀ ਮੁਲਾਜ਼ਮਾਂ ਨੂੰ ਸੰਬੋਧਨ ਕਰਦੇ ਹੋਏ ਟੈਕਨੀਕਲ ਸਰਵਿਸ ਯੂਨੀਅਨ ਦੇ ਜ਼ੋਨ ਪ੍ਰਧਾਨ ਸੁਖਵਿੰਦਰ ਸਿੰਘ ਕਾਕਾ ਤੇ ਡਵੀਜ਼ਨ ਜਗਰਾਉਂ ਦੇ ਪ੍ਰਧਾਨ ਅਵਤਾਰ ਸਿੰਘ ਕਲੇਰ ਨੇ ਮੰਗ ਕਰਦੇ ਹੋਏ ਆਖਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਨੂੰ 18 ਪ੍ਰਤੀਸ਼ਤ ਡੀ.ਏ. ਸਮੇਤ ਬਕਾਇਆ ਤੁਰੰਤ ਜਾਰੀ ਕਰੇ ਤੇ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾ ਉੱਪਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, 17 ਜੁਲਾਈ 2020 ਦੇ ਬਾਅਦ ਭਰਤੀ ਸਾਰੇ ਮੁਲਾਜ਼ਮਾਂ ਉੱਪਰ ਕੇਂਦਰੀ ਤਨਖਾਹ ਸਕੇਲ ਲਾਗੂ ਕਰਨ ਦਾ ਫੈਸਲਾ ਰੱਦ ਕਰਕੇ ਪੰਜਾਬ ਸਰਕਾਰ ਦੇ ਤਨਖਾਹ ਕਮਿਸ਼ਨ ਅਨੁਸਾਰ ਸਕੇਲ ਦਿੱਤੇ ਜਾਣ, ਰੈਸ਼ਨੇਲਾਈਜੇਸ਼ਨ ਦੇ ਨਾਂ 'ਤੇ ਬੰਦ ਕੀਤੇ 37 ਪੱਤੇ ਤੁਰੰਤ ਬਹਾਲ ਕੀਤੇ ਜਾਣ, ਮੁਲਾਜ਼ਮਾਂ ਦਾ ਪੇਂਡੂ ਪੱਤਾ ਤੁਰੰਤ ਜਾਰੀ ਕੀਤਾ ਜਾਵੇ, 01 ਜਨਵਰੀ 2026 ਤੋਂ ਸੱਤਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕਰਕੇ ਤਨਖਾਹ ਜਾਰੀ ਕੀਤੀ ਜਾਵੇ। ਉਹਨਾਂ ਚੇਤਾਵਨੀ ਦਿੰਦੇ ਹੋਏ ਆਖਿਆ ਕਿ ਜੇਕਰ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੀਆਂ ਜਾਇਜ ਮੰਗਾਂ ਮੰਨ ਕੇ ਲਾਗੂ ਨਾ ਕੀਤੀਆਂ ਤਾਂ ਆਉਂਦੇ ਸਮੇਂ ਦੌਰਾਨ ਸੰਘਰਸ਼ ਨੂੰ ਤਿੱਖਾ ਕਰਦੇ ਹੋਏ 01 ਜੂਨ ਤੋਂ ਬਿਜਲੀ ਮੰਤਰੀ, ਸੀ.ਐੱਮ.ਡੀ. ਤੇ ਡਾਇਰੈਕਟਰਜ਼ ਦੇ ਫੀਲਡ ਦੌਰਿਆਂ ਸਮੇਂ ਕਾਲੇ ਝੰਡਿਆਂ ਨਾਲ ਰੋਸ ਵਿਖਾਵੇ ਕੀਤੇ ਜਾਣਗੇ, 07 ਜੂਨ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਸੰਗਰੂਰ ਰਹਾਇਸ਼ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ ਅਤੇ 16 ਤੇ 17 ਜੂਨ ਨੂੰ ਪੰਜਾਬ ਭਰ ਵਿੱਚ ਦੋ ਰੋਜ਼ਾ ਮੁਕੰਮਲ ਹੜਤਾਲ ਕੀਤੀ ਜਾਵੇਗੀ। ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭੁਪਿੰਦਰ ਸਿੰਘ ਸੇਖੋਂ, ਪਰਮਜੀਤ ਸਿੰਘ ਚੀਮਾਂ, ਕੁਲਦੀਪ ਸਿੰਘ ਮਲਕ, ਦਲਜੀਤ ਸਿੰਘ ਜੇਈ, ਸੁਖਚੈਨ ਸਿੰਘ ਜੇਈ, ਮਨਪ੍ਰੀਤ ਸਿੰਘ ਜੇਈ, ਰਾਮ ਚੰਦਰ, ਅੰਮ੍ਰਿਤਪਾਲ ਸਿੰਘ ਸਲੇਮਗੜ੍ਹ, ਲਪਿੰਦਰ ਸਿੰਘ, ਸਿਮਰਨ ਸਿੰਘ, ਹਰਦੀਪ ਸਿੰਘ ਢੋਲਣ, ਕੇਵਲ ਸਿੰਘ ਬੋਦਲਵਾਲਾ, ਮਨਦੀਪ ਸਿੰਘ ਭਦੌੜ, ਮਾਨਵਪ੍ਰੀਤ ਸਿੰਘ, ਅਵਤਾਰ ਸਿੰਘ ਭੀਪਾ, ਮੁਕੇਸ਼ ਕੁਮਾਰ, ਅਮਨਦੀਪ ਸਿੰਘ, ਅਮਰਜੀਤ ਸਿੰਘ, ਬਿੱਟੂ ਸਿੰਘ ਤੇ ਸਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਅਕਾਲ ਅਕੈਡਮੀ ਦੇ ਵਿਦਿਆਰਥੀਆਂ ਦਾ ਜ਼ਿਲ੍ਹਾ ਕੁਰਾਸ਼ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ



**ਚੀਮਾ ਮੰਡੀ (ਰਵਿੰਦਰ ਚੀਮਾ)**- ਕਲਗੀਧਰ ਟਰੱਸਟ ਬੜੂ ਸਾਹਿਬ ਦੁਆਰਾ ਸੰਚਾਲਿਤ ਅਕਾਲ ਅਕੈਡਮੀ ਚੀਮਾ ਸਾਹਿਬ (ਅੰਗਰੇਜ਼ੀ ਮਾਧਿਅਮ) ਦੇ ਵਿਦਿਆਰਥੀਆਂ ਨੇ ਸ੍ਰੀ ਸੂਰਜਕੁੰਡ ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਜ਼ਿਲ੍ਹਾ ਕੁਰਾਸ਼ ਐਸੋਸੀਏਸ਼ਨ ਸੰਗਰੂਰ ਵੱਲੋਂ ਕਰਵਾਈ ਗਈ ਪਹਿਲੀ ਜ਼ਿਲ੍ਹਾ ਕੁਰਾਸ਼ ਚੈਂਪੀਅਨਸ਼ਿਪ 2026-27 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 2 ਸੋਨੇ, 1 ਚਾਂਦੀ ਤੇ 1 ਕਾਂਸੀ ਦਾ ਤਮਗਾ ਜਿੱਤ ਕੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਮੁਕਾਬਲਿਆਂ ਵਿੱਚ ਖੁਸ਼ਦੀਪ ਕੌਰ (ਕਲਾਸ 9ਵੀਂ) ਨੇ 44 ਕਿੱਲੋ ਵਰਗ ਵਿੱਚ ਸੋਨੇ ਦਾ ਤਮਗਾ ਹਾਸਲ ਕੀਤਾ।ਹਰਸਿਰਤ ਕੌਰ (ਕਲਾਸ 6ਵੀਂ) ਨੇ 28 ਕਿਲੋ ਵਰਗ ਵਿੱਚ ਸੋਨੇ ਦਾ ਤਮਗਾ ਜਿੱਤਿਆ, ਜਦਕਿ ਪ੍ਰੀਤਜੋਤ ਕੌਰ (ਕਲਾਸ 5ਵੀਂ) ਨੇ 28 ਕਿਲੋ ਵਰਗ ਵਿੱਚ ਚਾਂਦੀ ਦਾ ਤਮਗਾ ਤੇ ਅਭਿਜੋਤ ਕੌਰ (ਕਲਾਸ 6ਵੀਂ) ਨੇ 24 ਕਿੱਲੋ ਵਰਗ ਵਿੱਚ ਕਾਂਸੀ ਦਾ ਤਮਗਾ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਖੁਸ਼ਦੀਪ ਕੌਰ ਤੇ ਹਰਸਿਰਤ ਕੌਰ ਦੀ ਚੋਣ ਸਟੇਟ ਪੱਧਰੀ ਮੁਕਾਬਲਿਆਂ ਲਈ ਵੀ ਹੋਈ ਹੈ, ਜੋ ਅਕੈਡਮੀ ਲਈ ਮਾਣ ਵਾਲੀ ਗੱਲ ਹੈ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਪ੍ਰਿੰਸੀਪਲ ਨੀਨਾ ਸ਼ਰਮਾ ਨੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਲਗਨ, ਕੋਚਾਂ ਦੀ ਮਿਹਨਤ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।ਸਕੂਲ ਪ੍ਰਬੰਧਕਾਂ ਵੱਲੋਂ ਵੀ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

# ਵਰਲਡ 'ਵਰਸਿਟੀ ਨੇ ਹੀਮੋਫੀਲੀਆ 'ਤੇ ਲੈਕਚਰ ਕਰਵਾਇਆ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਬਾਇਓਟੈਕਨਾਲੋਜੀ ਵਿਭਾਗ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵੱਲੋਂ ਵਰਲਡ ਹੀਮੋਫੀਲੀਆ ਡੇਅ ਦੇ ਮੌਕੇ 'ਤੇ ਹੀਮੋਫੀਲੀਆ ਤੇ ਹੋਰ ਵੰਸ਼ਾਨੁਗਤ ਖੂਨ ਵਗਣ ਵਾਲੀਆਂ ਬਿਮਾਰੀਆਂ ਬਾਰੇ ਜਾਗਰੂਕਤਾ ਫੈਲਾਉਣ ਲਈ ਇੱਕ ਮਾਹਰ ਲੈਕਚਰ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਨੂੰ ਅੰਤਰਰਾਸ਼ਟਰੀ ਕੇਂਦਰੀ ਵਿਸ਼ੇ ਤਸ਼ਖ਼ੀਸ : ਦੇਖਭਾਲ ਵੱਲ ਪਹਿਲਾ ਕਦਮ ਨਾਲ ਜੋੜਿਆ ਗਿਆ, ਜਿਸ ਰਾਹੀਂ ਇਹ ਗੱਲ ਉਜਾਗਰ ਕੀਤੀ ਗਈ ਕਿ ਹੀਮੋਫੀਲੀਆ ਦੇ ਮਰੀਜ਼ਾਂ ਲਈ ਸਮੇਂ ਸਿਰ ਤੇ ਸਹੀ ਤਸ਼ਖ਼ੀਸ ਬਿਹਤਰ ਇਲਾਜ ਤੇ ਸੁਖਮਈ ਜੀਵਨ ਲਈ ਬਹੁਤ ਜ਼ਰੂਰੀ ਹੈ।ਮੁੱਖ ਵਿਆਖਿਆਨ ਡਾ. ਜਸਦੀਪ ਕੌਰ (ਐੱਮ.ਡੀ. ਪੈਥਾਲੋਜੀ) ਵੱਲੋਂ ਦਿੱਤਾ ਗਿਆ।ਡਾ. ਜਸਦੀਪ ਕੌਰ ਪਹਿਲਾਂ ਸਰਕਾਰੀ ਮੈਡੀਕਲ ਕਾਲਜ ਤੇ ਹਸਪਤਾਲ, ਚੰਡੀਗੜ੍ਹ ਵਿੱਚ ਸੇਵਾ ਨਿਭਾ ਚੁੱਕੀਆਂ ਹਨ ਅਤੇ ਇਸ ਵੇਲੇ ਅਦੇਸ਼ ਮੈਡੀਕਲ ਕਾਲਜ ਅੰਬਾਲਾ ਨਾਲ ਸੰਬੰਧਤ ਹਨ।ਆਪਣੇ ਜਾਣਕਾਰੀ ਪੂਰਨ ਤੇ ਪ੍ਰਭਾਵਸ਼ਾਲੀ ਵਿਆਖਿਆਨ ਦੌਰਾਨ ਉਨ੍ਹਾਂ ਨੇ ਹੀਮੋਫੀਲੀਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਇਸ ਵਿੱਚ ਬਿਮਾਰੀ ਦਾ ਆਨੁਵੰਸ਼ਿਕ ਆਧਾਰ, ਇਸ ਦੀਆਂ ਵੱਖ-ਵੱਖ ਕਿਸਮਾਂ, ਲੱਛਣ ਤੇ ਆਧੁਨਿਕ ਤਸ਼ਖ਼ੀਸੀ ਤਕਨੀਕਾਂ ਸ਼ਾਮਲ ਸਨ।ਉਨ੍ਹਾਂ ਲੈਬੋਰਟਰੀ ਟੈਸਟਾਂ, ਸ਼ੁਰੂਆਤੀ ਸਕ੍ਰੀਨਿੰਗ ਤੇ ਇਲਾਜ ਖੇਤਰ ਵਿੱਚ ਹੋ ਰਹੀ ਤਰੱਕੀ ਬਾਰੇ ਵੀ ਚਰਚਾ ਕੀਤੀ, ਜਿਸ ਵਿੱਚ ਫੈਕਟਰ ਰਿਪਲੇਸਮੈਂਟ ਥੈਰੇਪੀ ਤੇ ਰੋਕਥਾਮ ਅਧਾਰਤ ਦੇਖ ਭਾਲ ਵੀ ਸ਼ਾਮਲ ਹੈ।ਡਾ. ਜਸਦੀਪ ਕੌਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਖਾਸ ਕਰਕੇ ਵਿਕਾਸਸ਼ੀਲ ਦੇਸ਼ਾਂ ਵਿੱਚ ਹੀਮੋਫੀਲੀਆ ਦੇ ਬਹੁਤ ਸਾਰੇ ਮਾਮਲੇ ਅਜੇ ਵੀ ਅਣਪਛਾਤੇ ਰਹਿ ਜਾਂਦੇ ਹਨ। ਉਨ੍ਹਾਂ ਵਧੇਰੇ ਜਾਗਰੂਕਤਾ, ਆਸਾਨੀ ਨਾਲ ਉਪਲਬਧ ਤਸ਼ਖ਼ੀਸੀ ਸਹੂਲਤਾਂ ਤੇ ਬਹੁ-ਵਿਭਾਗੀ ਇਲਾਜ ਪ੍ਰਣਾਲੀ ਰਾਹੀਂ ਬਿਮਾਰੀ ਦੀ ਗੰਭੀਰਤਾ ਘਟਾਉਣ ਤੇ ਮਰੀਜ਼ਾਂ ਦੀ ਜੀਵਨ ਗੁਣਵੱਤਾ ਵਿੱਚ ਸੁਧਾਰ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਸਮਾਗਮ ਵਿੱਚ ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਨੇ ਭਰਪੂਰ ਹਿੱਸਾ ਲਿਆ ਅਤੇ ਮਾਹਰ ਤੋਂ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ।ਇੱਕ ਪ੍ਰਸ਼ਨ-ਉੱਤਰ ਸੈਸ਼ਨ ਵੀ ਆਯੋਜਿਤ ਕੀਤਾ ਗਿਆ, ਜਿਸ ਦੌਰਾਨ ਭਾਗੀਦਾਰਾਂ ਨੇ ਡਾ. ਜਸਦੀਪ ਕੌਰ ਨਾਲ ਸਿੱਧੀ ਗੱਲਬਾਤ ਕਰਦਿਆਂ ਆਪਣੀਆਂ ਜਿਗਿਆਸਾਵਾਂ ਦਾ ਨਿਵਾਰਣ ਕੀਤਾ। ਬਾਇਓਟੈਕਨਾਲੋਜੀ ਵਿਭਾਗ ਦੀ ਮੁਖੀ ਡਾ. ਰੁਪਿੰਦਰ ਕੌਰ ਨੇ ਡਾ. ਜਸਦੀਪ ਕੌਰ ਦਾ ਧੰਨਵਾਦ ਕਰਦਿਆਂ ਉਨ੍ਹਾਂ ਦੇ ਵਿਆਖਿਆਨ ਨੂੰ ਬਹੁਤ ਹੀ ਜਾਣਕਾਰੀਪੂਰਨ ਤੇ ਪ੍ਰਭਾਵਸ਼ਾਲੀ ਕਰਾਰ ਦਿੱਤਾ। ਉਨ੍ਹਾਂ ਪ੍ਰੋ. (ਡਾ.) ਪਰਿਤ ਪਾਲ ਸਿੰਘ ਵਾਈਸ ਚਾਂਸਲਰ ਤੇ ਡਾ. ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਦੇ ਲਗਾਤਾਰ ਸਹਿਯੋਗ ਤੇ ਉਤਸ਼ਾਹ ਸਦਕਾ ਇਸ ਪ੍ਰੋਗਰਾਮ ਦਾ ਸਫਲ ਆਯੋਜਨ ਸੰਭਵ ਹੋ ਸਕਿਆ।

# ਪੌੜ ਗੋਤ ਜਠੇਰਿਆਂ ਦੇ ਮੇਲੇ 'ਚ ਗਾਇਕਾ ਸੁਲੇਖਾ ਬੰਗੜ ਨੇ ਰੰਗ ਬੰਨ੍ਹਿਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਸਰਹਿੰਦ ਨਹਿਰ ਕਿਨਾਰੇ ਵਸੇ ਪਿੰਡ ਕੀੜੀ ਅਫ਼ਗਾਨਾ ਵਿਖੇ ਸਾਹਿਬ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਤੇ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦੇ ਪੈਰੋਕਾਰਾਂ ਵੱਲੋਂ ਪੌੜ ਗੋਤ ਦੇ ਜਠੇਰਿਆਂ ਦਾ ਸਾਲਾਨਾ ਮੇਲਾ ਤੇ ਭੰਡਾਰਾ ਚੇਅਰਮੈਨ ਬਿਸ਼ਨ ਦਾਸ ਮਜਾਰੀ ਦੀ ਅਗਵਾਈ ਹੇਠ ਕਰਵਾਇਆ ਗਿਆ।

ਮੇਲੇ ਦੇ ਸ਼ੁਰੂ ਵਿੱਚ ਪ੍ਰਧਾਨ ਬਿਸ਼ਨ ਦਾਸ ਮਜਾਰੀ ਨੇ ਸੰਗਤਾਂ ਨੂੰ 'ਜੀ ਆਇਆਂ' ਨੂੰ ਆਖਦਿਆਂ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਗਏ ਕੰਮਾਂ ਦੀ ਰਿਪੋਰਟ ਪੇਸ਼ ਕਰਦਿਆਂ ਲੋਕਾਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਦਾ ਵੇਰਵਾ ਦਿੱਤਾ। ਮੇਲੇ 'ਚ ਉਚੇਚੇ ਤੌਰ 'ਤੇ ਪੁੱਜੀ ਗਾਇਕਾ ਸੁਲੇਖਾ ਬੰਗੜ ਨੇ 'ਗੁੱਡੀਆਂ ਚੜ੍ਹਾ ਕੇ ਰੱਖੀ ਮਾਲਕਾਂ, ਤੇਰੇ ਚਰਨਾਂ 'ਚ ਇਹੋ ਅਰਦਾਸ ਜੀ', 'ਬਾਬਾ ਸਾਹਿਬ ਜਿਹਾ ਦੁਨੀਆ 'ਤੇ ਕੋਈ ਕਿਰਦਾਰ ਨਹੀਂ, ਯੋਧਾ ਏਹੋ ਜਿਹਾ ਮਾਂ ਜੰਮਦੀ ਹਰ ਵਾਰ ਨਹੀਂ', 'ਬਾਬਾ ਸਾਹਿਬ ਦੀ ਕਿਤਾਬ ਪਈ ਬੋਲਦੀ, ਵਿਹਲ ਮਿਲੇ ਦੇਖੀਂ ਕਿਤੇ ਮੈਨੂੰ ਪੜ੍ਹ ਕੇ' ਸਮੇਤ ਅਨੇਕਾਂ ਗੀਤ ਗਾ ਕੇ ਸੰਗਤਾਂ ਨੂੰ ਨਿਹਾਲ ਕਰ ਦਿੱਤਾ। ਮੇਲੇ 'ਚ ਪੁੱਜੇ ਕਲਾਕਾਰਾਂ ਨੂੰ ਚੇਅਰਮੈਨ ਬਿਸ਼ਨ ਦਾਸ ਮਜਾਰੀ ਪ੍ਰਧਾਨ, ਧਿਆਨ ਸਿੰਘ ਮੋਜੇਵਾਲ ਮਜਾਰਾ, ਮੇਜਰ ਲਾਲ, ਸੰਦੇਸ਼ ਰਾਜ, ਚੇਅਰਮੈਨ ਬਲਾਕ ਸੰਮਤੀ ਧਰਮਪਾਲ ਚੱਕੀ, ਸ਼ਿੰਗਾਰਾ ਰਾਮ ਲੁਧਿਆਣਾ, ਸਰਪੰਚ ਤੇਲੂ ਰਾਮ ਛਿਦੋੜੀ, ਨਿਰਮਲ ਸਿੰਘ ਸੇਵਾਦਾਰ, ਸੁਖਵੀਰ ਸਿੰਘ ਭੋਲਾ, ਡਾਇਰੈਕਟਰ ਗੁਰਮੁਖ ਦੀਪ, ਸਵਰਨ ਸਿੰਘ ਮਾਛੀਵਾੜਾ, ਜਗਜੀਤ ਸਿੰਘ ਰਿੰਕੂ ਨੇ ਸਨਮਾਨਤ ਕੀਤਾ। ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵਰਤਾਏ ਗਏ। ਮੇਲੇ ਦੇ ਅਖੀਰ 'ਚ ਡਾਇਰੈਕਟਰ ਗੁਰਮੁਖ ਦੀਪ ਨੇ ਆਈਆਂ ਸੰਗਤਾਂ ਤੇ ਕਲਾਕਾਰਾਂ ਦਾ ਧੰਨਵਾਦ ਕੀਤਾ।

# ਅਧਿਆਪਕਾਂ ਦੀ ਮਰਦਮਸ਼ੁਮਾਰੀ, ਬੀ ਐੱਲ ਓ ਹੈੱਲਥ ਕਾਰਡ ਬਣਾਉਣ ’ਚ ਡਿਊਟੀਆਂ ਲੱਗਣ ਕਰਕੇ ਸਕੂਲ ਹੋਏ ਵਿਹਲੇ

**ਚੌਕੀਮਾਨ (ਇੰਜੀ ਬਲਬੀਰ ਸਿੰਘ ਮਾਨ)** ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਾ ਰਹੇ ਅਧਿਆਪਕਾਂ ਨੂੰ ਵੱਖ-ਵੱਖ ਗੈਰ ਵਿਦਿਅਕ ਕੰਮਾਂ ਮਰਦਮਸ਼ਮਾਰੀ, ਬੀ.ਐਲ.ਓ ਡਿਊਟੀ, ਹੈਲਥ ਕਾਰਡ ਬਣਾਉਣਾ, ਤੀਰਥ ਯਾਤਰਾ ਪ੍ਰੋਗਰਾਮ ਆਦਿ ਕੰਮਾਂ ਵਿੱਚ ਵੱਖ-ਵੱਖ ਪੱਧਰਾਂ ’ਤੇ ਲਾਇਆ ਗਿਆ ਹੈ, ਜਿਸ ਨਾਲ ਸਕੂਲਾਂ ਦਾ ਬਹੁਤ ਵੱਡੀ ਗਿਣਤੀ ਵਿੱਚ ਸਟਾਫ ਬੱਚਿਆਂ ਨੂੰ ਪੜ੍ਹਾਉਣ ਦੀ ਬਜਾਏ ਇਨ੍ਹਾਂ ਗ਼ੈਰ ਵਿੱਦਿਅਕ ਕੰਮਾਂ ਵਿੱਚ ਉਲਝ ਕੇ ਰਹਿ ਗਿਆ ਹੈ, ਜਿਸ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਉੱਪਰ ਬਹੁਤ ਮਾੜਾ ਅਸਰ ਪੈਂਦਾ ਹੈ। ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਪੁਆਰੀ, ਜਨਰਲ ਸਕੱਤਰ ਜਿੰਦਰ ਪਾਇਲਟ, ਸਰਪ੍ਰਸਤ ਚਰਨ ਸਿੰਘ ਸਰਾਭਾ, ਜਿਲਾ ਲੁਧਿਆਨਾ ਪ੍ਰਧਾਨ ਟਹਿਲ ਸਿੰਘ ਸਰਾਭਾ, ਜਨਰਲ ਸਕੱਤਰ ਪਰਮਿੰਦਰ ਪਾਲ ਸਿੰਘ ਕਾਲੀਆ, ਸੰਜੀਵ ਸ਼ਰਮਾ, ਮਨੀਸ਼ ਸ਼ਰਮਾ ਆਗੂਆਂ ਵੱਲੋਂ ਸਖਤ ਸ਼ਬਦਾਂ ਵਿੱਚ ਨਿਖੇਦੀ ਕੀਤੀ ਗਈ। ਆਗੂਆਂ ਵੱਲੋਂ ਦੱਸਿਆ ਗਿਆ ਕਿ ਸਕੂਲਾਂ ਦੇ ਅਧਿਆਪਕਾਂ ਨੂੰ ਗੈਰ ਵਿਦਿਅਕ ਕੰਮਾਂ ਵਿੱਚ ਉਲਝਾਉਣ ਤੋਂ ਬਾਅਦ ਸਿੱਖਿਆ ਵਿਭਾਗ ਵੱਲੋਂ ਇੱਕ ਨਵਾਂ ਪੱਤਰ ਜਾਰੀ ਕਰਕੇ ਵੱਖ-ਵੱਖ ਗਤੀਵਿਧੀਆਂ, ਕਿਰਿਆਵਾਂ ਤੇ ਸਕੂਲ ਮੈਨੇਜਮੈਂਟ ਕਮੇਟੀ ਦੀ ਮੀਟਿੰਗਾਂ ਆਦ ਕਰਵਾਉਣ ਲਈ ਹਦਾਇਤਾਂ ਜਾਰੀ ਕਰ



ਦਿੱਤੀਆਂ ਹਨ।ਆਗੂਆਂ ਨੇ ਦੋਸ਼ ਲਾਇਆ ਕਿ ਜਦੋਂ ਹੁਣ ਸਕੂਲਾਂ ਵਿੱਚ ਸਟਾਫ ਦੀ ਬਹੁਤ ਵੱਡੀ ਕਮੀ ਹੈ ਤੇ ਅਧਿਆਪਕ ਗੈਰ ਵਿਦਿਅਕ ਕੰਮਾਂ ਵਿੱਚ ਉਲਝੇ ਹੋਏ ਹਨ ਤਾਂ ਅਜਿਹੇ ਸਮੇਂ ਅਜਿਹੀਆਂ ਵੱਖ-ਵੱਖ ਗਤੀਵਿਧੀਆਂ ਕਰਾਉਣੀਆਂ ਗੈਰ ਵਾਜਬ ਹਨ, ਜਦੋਂ ਕਿ ਵਿਦਿਆਰਥੀਆਂ ਦਾ ਸਿਲੇਬਸ ਤੇ ਪੜ੍ਹਾਈ ਪਹਿਲਾਂ ਹੀ ਸਕੂਲ ਵਿੱਚ ਸਟਾਫ ਦੀ ਘਾਟ ਕਾਰਨ ਬਹੁਤ ਪ੍ਰਭਾਵਿਤ ਹੋ ਰਹੀ ਹੈ। ਜਥੇਬੰਦੀ ਮੰਗ ਕਰਦੀ ਹੈ ਕਿ ਅਧਿਆਪਕਾਂ ਨੂੰ ਕੇਵਲ ਪੜ੍ਹ?ਉਣ ਦਾ ਕੰਮ ਹੀ ਦਿੱਤਾ ਜਾਵੇ ਤੇ ਵੱਖ-ਵੱਖ ਤਰ੍ਹਾਂ ਦੇ ਗੈਰ ਵਿਦਿਅਕ ਕੰਮਾਂ ਵਿੱਚੋਂ ਅਧਿਆਪਕਾਂ ਦੀਆਂ ਸਾਰੀਆਂ ਡਿਊਟੀਆਂ ਕੱਟੀਆਂ ਜਾਣ ਤਾਂ ਜੋ ਅਸਲੀ ਰੂਪ ਵਿੱਚ ਵਿਦਿਆਰਥੀਆਂ ਦੀ ਸਿੱਖਿਆ ਵਿੱਚ ਗੁਣਾਂਤਮਕ ਤੇ ਇੱਕ ਸਾਰ ਵਿਕਾਸ ਕਰਕੇ ਸਿੱਖਿਆ ਕ੍ਰਾਂਤੀ ਲਿਆਂਦੀ ਜਾ ਸਕੇ। ਆਗੂਆਂ ਨੇ ਪੰਜਾਬ ਸਰਕਾਰ ਤੋਂ ਇਹ ਵੀ ਮੰਗ ਕੀਤੀ ਕਿ ਪੰਜਾਬ ਦੇ ਪ੍ਰਾਇਮਰੀ ਤੋਂ ਲੈ ਕੇ ਸੈਕੰਡਰੀ ਸਕੂਲਾਂ ਤੱਕ ਅਧਿਆਪਕਾਂ ਦੀਆਂ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰੀਆਂ ਜਾਣ, ਹਰ ਪ੍ਰਾਇਮਰੀ ਸਕੂਲ ਲਈ ਜਮਾਤ ਅਨੁਸਾਰ ਪ੍ਰੀ ਪ੍ਰਾਇਮਰੀ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਸੱਤ ਰੈਗੂਲਰ ਅਧਿਆਪਕ ਦਿੱਤੇ ਜਾਣ, ਸੈਕੰਡਰੀ ਸਿੱਖਿਆ ਵਿੱਚ ਵਿਸ਼ੇ ਵਾਈਜ਼ ਅਧਿਆਪਕਾਂ ਦੀਆਂ ਅਸਾਮੀਆਂ ਦਿੱਤੀਆਂ ਜਾਣ ਤੇ ਭਰੀਆਂ ਜਾਣ, ਵੱਖ-ਵੱਖ ਤਰ੍ਹਾਂ ਦੀਆਂ ਪੈਂਡਿੰਗ ਪਈਆਂ ਪਦ ਉਨਤੀਆਂ ਤੁਰੰਤ ਕੀਤੀਆਂ ਜਾਣ।ਆਗੂਆਂ ਵੱਲੋਂ ਫੈਸਲਾ ਕੀਤਾ ਗਿਆ ਕਿ ਪੁਰਾਣੀ ਪੈਨਸ਼ਨ ਪ੍ਰਾਪਤੀ ਲਈ 28 ਮਈ ਨੂੰ ਜ਼ਿਲ੍ਹਾ ਪੱਧਰ ’ਤੇ ਹੋਣ ਵਾਲੇ ਐਕਸ਼ਨਾਂ ਵਿੱਚ ਜਥੇਬੰਦੀ ਵੱਲੋਂ ਭਰਵਾਂ ਸਮਰਥਨ ਕੀਤਾ ਜਾਵੇਗਾ।

# ਨਾੜ ਨੂੰ ਅੱਗ ਲਗਾਉਣ ਵਾਲੇ ਤਿੰਨ ਕਿਸਾਨਾਂ ਖ਼ਿਲਾਫ਼ ਮਾਮਲਾ ਦਰਜ

**ਬੀ ਐੱਸ ਐੱਫ ਦੀ 400 ਮੀਟਰ ਸੰਚਾਰ ਕੇਬਲ ਸੜ ਕੇ ਹੋਈ ਸੁਆਹ**

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਥਾਣਾ ਮਮਦੋਟ ਅਧੀਨ ਆਉਂਦੇ ਇਲਾਕੇ ਵਿੱਚ ਖੇਤ ’ਚ ਕਣਕ ਦੇ ਨਾੜ ਨੂੰ ਲਗਾਈ ਅੱਗ ਕਾਰਨ ਬੀ ਐੱਸ ਐੱਫ ਦੀ ਸੰਚਾਰ ਲਾਈਨ ਸੜਨ ਦੇ ਦੋਸ਼ ’ਚ ਪੁਲਸ ਨੇ ਤਿੰਨ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਮਾਮਲੇ ਦੀ ਜਾਣਕਾਰੀ ਦਿੰਦਿਆਂ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਬੀ ਐੱਸ ਐੱਫ ਦੀ 155 ਬਟਾਲੀਅਨ ਦੀ ਬੀਓਪੀ ਡੀਟੀ ਮੱਲ ਵੱਲੋਂ ਇਕ ਲਿਖਤੀ ਸ਼ਿਕਾਇਤ ਪੱਤਰ ਮੌਸੂਲ ਹੋਇਆ ਸੀ। ਇਹ ਸ਼ਿਕਾਇਤ ਪੱਤਰ ਬੀ ਐੱਸ ਐੱਫ ਦੇ ਅਧਿਕਾਰੀ ਪੀ. ਕੇ. ਨਾਇਕ ਏ.ਸੀ. ‘ਈ’ ਸੀਓਵਾਈ ਵੱਲੋਂ ਭੇਜਿਆ ਗਿਆ ਸੀ। ਸ਼ਿਕਾਇਤ ਵਿੱਚ ਦੱਸਿਆ ਗਿਆ ਕਿ ਮੁਲਜ਼ਮ ਬਲਜੀਤ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਨਿਹਾਲਾ ਕਿਲਚਾ, ਲਵਜੀਤ ਸਿੰਘ ਪੁੱਤਰ ਅਮਰਜੀਤ ਸਿੰਘ ਤੇ ਸੰਦੀਪ ਸਿੰਘ ਪੁੱਤਰ ਗੁਰਸੇਵਕ ਸਿੰਘ ਦੋਵੇਂ ਵਾਸੀ ਭੰਬਾ ਹਾਜ਼ੀ ਨੇ ਆਪਣੇ ਖੇਤਾਂ ਵਿੱਚ ਕਣਕ ਦੇ ਨਾੜ ਨੂੰ ਅੱਗ ਲਗਾਈ ਹੋਈ ਸੀ। ਇਸ ਅੱਗ ਦੀ ਲਪੇਟ ਵਿੱਚ ਆਉਣ ਕਾਰਨ ਬੀ ਐੱਸ ਐੱਫ ਦੀ ਡੀ ਟੀ ਮੱਲ ਚੌਕੀ ਨੂੰ ਜਾਣ ਵਾਲੀ ਸੰਚਾਰ ਲਾਈਨ ਦੀ ਲਗਭਗ 400 ਮੀਟਰ ਸੀ ਸੀ ਕੇਬਲ ਪੂਰੀ ਤਰ੍ਹਾਂ ਸੜ ਕੇ ਸਵਾਹ ਹੋ ਗਈ। ਜਾਂਚ ਅਧਿਕਾਰੀ ਗੁਰਦੀਪ ਸਿੰਘ ਨੇ ਦੱਸਿਆ ਕਿ ਬੀ ਐੱਸ ਐੱਫ ਅਧਿਕਾਰੀ ਦੇ ਬਿਆਨਾਂ ਤੇ ਲਿਖਤੀ ਸ਼ਿਕਾਇਤ ਦੇ ਆਧਾਰ ’ਤੇ ਤਿੰਨਾਂ ਮੁਲਜ਼ਮਾਂ ਬਲਜੀਤ ਸਿੰਘ, ਲਵਜੀਤ ਸਿੰਘ ਤੇ ਸੰਦੀਪ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਪੁਲਸ ਵੱਲੋਂ ਮਾਮਲੇ ਦੀ ਅਗਲੇਰੀ ਕਾਰਵਾਈ ਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਮੌਜੂਦਾ ਜਨਗਣਨਾ ਦੇ ਪ੍ਰੋਫਾਰਮੇ ’ਚ ਪਛੜੀਆਂ ਸ਼੍ਰੇਣੀਆਂ ਦਾ ਬਣਾਇਆ ਜਾਵੇ ਵਿਸ਼ੇਸ਼ ਕਾਲਮ : ਆਗੂ

**ਮਾਨਸਾ (ਆਤਮਾ ਸਿੰਘ ਪਮਾਰ)** ਬਹੁਜਨ ਮੁਕਤੀ ਮੋਰਚਾ ਦੇ ਸੂਬਾਈ ਪ੍ਰਧਾਨ ਦਲਵਿੰਦਰ ਸਿੰਘ ਤੇ ਓਬੀਸੀ ਫਰੰਟ ਜ਼ਿਲ੍ਹਾ ਮਾਨਸਾ ਦੇ ਸੀਨੀਅਰ ਆਗੂ ਡਾ. ਕੇਵਲ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਮਾਨਸਾ ਨੂੰ ਮਿਲ ਕੇ ਦੋਵਾਂ ਜਥੇਬੰਦੀਆਂ ਦੇ ਇੱਕ ਵਫ਼ਦ ਨੇ ਇੱਕ ਮੰਗ ਪੱਤਰ ਭਾਰਤ ਦੇ ਰਾਸ਼ਟਰਪਤੀ ਦੇ ਨਾਂਅ ਸੌਂਪਿਆ। ਆਗੂਆਂ ਨੇ ਹੈਰਾਨੀ ਪ੍ਰਗਟ ਕੀਤੀ ਕਿ ਮੌਜੂਦਾ ਸਮੇਂ ਚੱਲ ਰਹੀ ਜਨਗਣਨਾ, ਜੋ ਜਾਤੀ ਆਧਾਰਤ ਹੋਣੀ ਹੈ, ਉਸ ’ਚ ਪਛੜੀਆਂ ਸ਼੍ਰੇਣੀਆਂ ਦਾ ਖ਼ਾਨਾ ਹੀ ਨਹੀਂ ਬਣਾਇਆ। ਉਨ੍ਹਾਂ ਕਿਹਾ ਕਿ ਸੌਂਪੇ ਗਏ ਮੰਗ ਪੱਤਰ ’ਚ ਮੰਗ ਕੀਤੀ ਗਈ ਹੈ ਕਿ ਜਨਗਣਨਾ ’ਚ ਓਬੀਸੀ ਦਾ ਵਿਸ਼ੇਸ਼ ਕਾਲਮ ਬਣਾਇਆ ਜਾਵੇ।ਉਨ੍ਹਾਂ ਅਫ਼ਸੋਸ ਜ਼ਾਹਰ ਕੀਤਾ ਕਿ ਮੋਦੀ ਸਰਕਾਰ ਨੇ ਜਨਗਣਨਾ ਜਾਤੀ ਆਧਾਰਤ ਕਰਾਉਣ ਦਾ ਫੈਸਲਾ ਕੀਤਾ ਸੀ, ਪ੍ਰੰਤੂ ਅਜਿਹਾ ਕਰਕੇ ਸਰਕਾਰ ਆਪਣੇ ਵਾਅਦੇ ਤੋਂ ਪਲਟਦੀ ਦਿਖਾਈ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਪਛੜੀਆਂ ਸ਼੍ਰੇਣੀਆਂ ਦਾ ਕਾਲਮ ਨਾ ਬਣਾਇਆ ਤਾਂ ਇਹ ਵਰਗ ਵੱਡਾ ਸੰਘਰਸ਼ ਵਿੱਢਣ ਤੋਂ ਵੀ ਗੁਰੇਜ਼ ਨਹੀਂ ਕਰੇਗਾ। ਆਗੂਆਂ ਨੇ ਕਿਹਾ ਕਿ ਪੂਰੇ ਭਾਰਤ ’ਚ 650 ਜ਼ਿਲ੍ਹਿਆਂ ’ਚ ਇਹ ਮੰਗ ਪੱਤਰ ਦਿੱਤੇ ਜਾ ਰਹੇ ਹਨ, ਕਿਉਂਕਿ ਓਬੀਸੀ ਵਰਗ ਨੂੰ ਮੰਡਲ ਕਮਿਸ਼ਨ ਦੀ ਰਿਪੋਰਟ ਅਨੁਸਾਰ 27% ਰਾਖਵਾਂਕਰਨ ਦਾ ਪ੍ਰਾਵਧਾਨ ਹੈ, ਜਿਸ ਨੂੰ ਲੋਕ ਸਭਾ ਅਤੇ ਰਾਜ ਸਭਾ ’ਚ ਵੀ 27% ਰਾਖਵਾਂਕਰਨ ਨਹੀਂ ਦਿੱਤਾ ਜਾ ਰਿਹਾ ਜੋ ਕਿ ਇਸ ਵਰਗ ਨਾਲ ਸ਼ਰੇਆਮ ਧੱਕਾ ਹੈ।ਇਸ ਸਮੇਂ ਇਹ ਵੀ ਮੰਗ ਕੀਤੀ ਗਈ ਕਿ ਨੀਟ ਦੀ ਪ੍ਰੀਖਿਆ ਦਾ ਜੋ ਪੇਪਰ ਲੀਕ ਹੋਇਆ ਹੈ, ਉਸ ਦੀ ਜ਼ਿੰਮੇਵਾਰ ਸਰਕਾਰ ਹੈ ਤੇ ਦੇਸ਼ ਦੇ ਸਿੱਖਿਆ ਮੰਤਰੀ ਨੂੰ ਤੁਰੰਤ ਅਸਤੀਫਾ ਦੇਣਾ ਚਾਹੀਦਾ ਹੈ, ਕਿਉਂਕਿ ਇਸ ਨਾਲ 22 ਲੱਖ ਬੱਚੇ ਪ੍ਰਭਾਵਤ ਹੋਏ ਹਨ।



# ਠੇਕਾ ਮੁਲਾਜ਼ਮਾਂ ਵੱਲੋਂ ਕੈਬਨਿਟ ਮੰਤਰੀ ਮੁੰਡੀਆ ਦੀ ਕੋਠੀ ਤੇ ਹੈੱਡ ਆਫਿਸ ਦੇ ਘੇਰਾਓ ਦਾ ਐਲਾਨ

**ਜਲਾਲਾਬਾਦ (ਜੀਤ ਕੁਮਾਰ)-** ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਬੀਤੇ ਦਿਨ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ, ਜਿਸ ਦੀ ਕਾਰਵਾਈ ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਵੱਲੋਂ ਚਲਾਈ ਗਈ। ਇਸ ਮੀਟਿੰਗ ਸਬੰਧੀ ਇਥੇ ਪ੍ਰੈੱਸ ਨੋਟ ਜਾਰੀ ਕਰਦਿਆਂ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਤੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਵਰਤਮਾਨ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਪਿਛਲੀਆਂ ਵਿਧਾਨ ਸਭਾ ਚੋਣਾਂ-2022 ਦੌਰਾਨ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਵਿਚ ਪੇਂਡੂ ਜਲ ਸਪਲਾਈ ਸਕੀਮਾਂ ਤੇ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਦਾ ਰੁਜ਼ਗਾਰ ਪੱਕਾ ਕਰਨ ਲਈ ਵਾਅਦਾ ਕੀਤਾ ਗਿਆ ਸੀ, ਪਰ ਤ੍ਰਾਸਦੀ ਇਹ ਹੈ ਕਿ ਪੰਜਾਬ ਸਰਕਾਰ ਨੇ ਸਾਢੇ 4 ਸਾਲਾਂ ਤੋਂ ਸਿਰਫ ਲਾਰਿਆਂ ਵਿੱਚ ਰੱਖਿਆ ਹੋਇਆ ਹੈ, ਕਿਉਂਕਿ ਪੰਜਾਬ ਸਰਕਾਰ ਦੀ ਕੈਬਨਿਟ-ਸਬ-ਕਮੇਟੀ ਦੇ ਚੇਅਰਮੈਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ 19 ਮਈ 2026 ਨੂੰ ਪੰਜਾਬ ਭਵਨ,



ਚੰਡੀਗੜ੍ਹ ਵਿਖੇ ਮੀਟਿੰਗ ਕਰਕੇ ਈ.ਪੀ.ਐੱਫ., ਈ.ਐੱਸ.ਆਈ.ਸੀ. ਸਮੇਤ ਤਮਾਮ ਸਹੂਲਤਾਂ ਦਾ ਪ੍ਰਬੰਧ ਕਰਨ ਵਾਲੀ ਪਾਲਸੀ ਅਧੀਨ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਦਾ ਪੱਕਾ ਰੁਜ਼ਗਾਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਨ ਦਾ ਵਾਅਦਾ ਕੀਤਾ ਗਿਆ ਸੀ, ਪਰ ਕੈਬਨਿਟ-ਸਬ-ਕਮੇਟੀ ਵੱਲੋਂ 18 ਮਈ ਨੂੰ ਇਹ ਮੀਟਿੰਗ ਕੈਂਸਲ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੇ ਸਬ ਕਮੇਟੀ ਵੱਲੋਂ ਠੇਕਾ ਮੁਲਾਜ਼ਮ ਵਿਰੋਧੀ ਅਪਨਾਏ ਜਾ ਰਹੇ ਰਵੱਈਏ ਦੇ ਵਿਰੋਧ ਵਿੱਚ ‘ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ’ ਵੱਲੋਂ ਭਵਿੱਖ ਵਿੱਚ ਤਿੱਖੇ ਸੰਘਰਸ਼ਾਂ ਦਾ ਫੈਸਲਾ ਕੀਤਾ ਗਿਆ, ਜਿਸ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ 28 ਮਈ 2026 ਤੋਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੀ ਕੋਠੀ ਤੇ ਵਿਭਾਗ ਦੇ ਹੈੱਡ ਆਫਿਸ ਪਟਿਆਲਾ ਦਾ ਘੇਰਾਓ ਕਰਕੇ ਵਰਕਰਾਂ ਵੱਲੋਂ ਆਪਣੇ ਪਰਿਵਾਰ-ਬੱਚਿਆਂ ਸਮੇਤ ਲਗਾਤਾਰ ਮੋਰਚਾ ਲਗਾਇਆ ਜਾਵੇਗਾ। ਪੰਜਾਬ ਸਰਕਾਰ ਵੱਲੋਂ ਜੇਕਰ ਫਿਰ ਵੀ ਇਨਲਿਸਟਮੈਂਟ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਕੰਟਰੈਕਟ ਅਧੀਨ ਲੈ ਕੇ ਰੈਗੂਲਰ ਕਰਨ ਸਬੰਧੀ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ ਤਾਂ ਯੂਨੀਅਨ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਵੇਗੀ। ਇਸ ਮੀਟਿੰਗ ਵਿੱਚ ਵੱਖ ਵੱਖ ਜ਼ਿਲ੍ਹਿਆਂ ਤੋਂ ਸੂਬਾ ਆਗੂ, ਜ਼ਿਲ੍ਹਾ ਤੇ ਬ੍ਰਾਂਚ ਆਗੂਆਂ ਨੇ ਸ਼ਿਰਕਤ ਕੀਤੀ। ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਵੱਲੋਂ 28 ਮਈ ਨੂੰ ਹੈੱਡ ਆਫਿਸ ਪਟਿਆਲਾ ਵਿਖੇ ਪੰਜਾਬ ਭਰ ਦੇ ਜਲ ਸਪਲਾਈ ਵਰਕਰਾਂ ਨੂੰ ਆਪਣੇ ਪਰਿਵਾਰਾਂ ਤੇ ਬੱਚਿਆਂ ਸਮੇਤ ਵੱਡੇ ਕਾਫਲਿਆਂ ਦੇ ਰੂਪ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਗਿਆ।

# ਆਉਣ ਵਾਲੀ ਸਰਕਾਰ ਅਕਾਲੀ ਦਲ ਦੀ ਹੀ ਬਣੇਗੀ : ਤਲਵਾੜ, ਪਵਨਦੀਪ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਅਤੇ ਆਗੂਆਂ ਵਿਚ ਚੱਲ ਰਹੀਆਂ ਤਿਆਰੀਆਂ ਦਿਨੋ-ਦਿਨ ਤੇਜ਼ ਹੋ ਰਹੀਆਂ ਹਨ।ਇਸ ਸਬੰਧ ਵਿੱਚ ਤਲਵਾਰ ਬਰਾੜ ਚੰਨੂਵਾਲਾ ਅਤੇ ਪਵਨਦੀਪ ਸਿੰਘ ਬਰਾੜ ਚੰਨੂਵਾਲਾ ਨੇ ਦਾਅਵਾ ਕੀਤਾ ਹੈ ਕਿ ਆਉਣ ਵਾਲੀ ਸਰਕਾਰ ਅਕਾਲੀ ਦਲ ਦੀ ਹੀ ਬਣੇਗੀ ਤੇ ਸੁਖਬੀਰ ਸਿੰਘ ਬਾਦਲ ਮੁੱਖ ਮੰਤਰੀ ਦੇ ਤੌਰ ’ਤੇ ਸੂਬੇ ਦੀ ਕਮਾਨ ਸੰਭਾਲਣਗੇ। ਉਨ੍ਹਾਂ ਕਿਹਾ ਕਿ ਹਲਕਾ ਬਾਘਾ ਪੁਰਾਣਾ ਤੋਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਇਕਜੁਟ ਹੋ ਕੇ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਵਿਧਾਨ ਸਭਾ ਦੀਆਂ ਪੌੜੀਆਂ ਚੜ੍ਹਾ ਕੇ ਅਕਾਲੀ ਦਲ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਹਲਕੇ ਦੇ ਲੋਕ ਇਸ ਵਾਰ ਪਾਰਟੀ ਨੂੰ ਭਾਰੀ ਸਮਰਥਨ ਦੇਣਗੇ।ਤਲਵਾਰ ਬਰਾੜ ਨੇ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਪੁੱਤਰ ਤੇ ਯੂਥ ਆਗੂ ਸੁਖਜੀਤ ਸਿੰਘ ਮਾਹਲਾ ਵੀ ਪਾਰਟੀ ਵਿਚ ਅਹਿਮ ਭੂਮਿਕਾ ਨਿਭਾਅ ਰਹੇ ਹਨ।ਉਨ੍ਹਾਂ ਦੱਸਿਆ ਕਿ



ਸੁਖਜੀਤ ਸਿੰਘ ਮਾਹਲਾ ਦੀ ਪਾਰਟੀ ਪ੍ਰਤੀ ਵਫ਼ਾਦਾਰੀ ਅਤੇ ਲੋਕਾਂ ਨਾਲ ਨਜ਼ਦੀਕੀ ਕਾਬਲ-ਏ-ਤਾਰੀਫ਼ ਹੈ।ਹਲਕੇ ਦੇ ਲੋਕ ਵੀ ਉਨ੍ਹਾਂ ਨੂੰ ਕਾਫ਼ੀ ਪਸੰਦ ਕਰਦੇ ਹਨ ਅਤੇ ਉਨ੍ਹਾਂ ਦੇ ਕੰਮਾਂ ਦੀ ਸ਼ਲਾਘਾ ਕਰਦੇ ਹਨ। ਆਗੂਆਂ ਨੇ ਕਿਹਾ ਕਿ ਪਾਰਟੀ ਵਰਕਰਾਂ ਵਲੋਂ ਪਿੰਡਾਂ ਤੇ ਸ਼ਹਿਰਾਂ ਵਿੱਚ ਜਾ ਕੇ ਲੋਕਾਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ ਅਤੇ ਪਾਰਟੀ ਦੀਆਂ ਨੀਤੀਆਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਅਕਾਲੀ ਦਲ ਦੀਆਂ ਨੀਤੀਆਂ ਹਮੇਸ਼ਾ ਹੀ ਲੋਕ ਹਿਤ ਵਿੱਚ ਰਹੀਆਂ ਹਨ ਅਤੇ ਇਸ ਵਾਰ ਵੀ ਪਾਰਟੀ ਪੰਜਾਬ ਨੂੰ ਤਰੱਕੀ ਦੇ ਰਾਹ ’ਤੇ ਲੈ ਕੇ ਜਾਵੇਗੀ।ਉਨ੍ਹਾਂ ਇਹ ਵੀ ਕਿਹਾ ਕਿ ਸੂਬੇ ਦੇ ਲੋਕ ਮੌਜੂਦਾ ਹਾਲਾਤਾਂ ਤੋਂ ਤੰਗ ਆ ਚੁੱਕੇ ਹਨ ਤੇ ਇੱਕ ਮਜ਼ਬੂਤ ਅਤੇ ਤਜਰਬੇਕਾਰ ਲੀਡਰਸ਼ਿਪ ਚਾਹੁੰਦੇ ਹਨ।

# ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਚੋਣ ਵਾਲੇ ਇਲਾਕੇ ’ਚ ਅੱਜ ਡਰਾਈ ਡੇਅ

**ਮਾਨਸਾ (ਆਤਮਾ ਸਿੰਘ ਪਮਾਰ)** ਜ਼ਿਲ੍ਹੇ ਦੀਆਂ 3 ਨਗਰ ਕੌਂਸਲਾਂ ਮਾਨਸਾ, ਬੁਢਲਾਡਾ, ਬਰੇਟਾ ਤੇ 2 ਨਗਰ ਪੰਚਾਇਤਾਂ ਜੋਗਾ ਤੇ ਬੋਹਾ ਵਿਖੇ 26 ਮਈ ਨੂੰ ਹੋਣ ਵਾਲੀਆਂ ਆਮ ਚੋਣਾਂ ਦੇ ਮੱਦੇਨਜ਼ਰ ਡਰਾਈ ਡੇਅ ਦਾ ਐਲਾਨ ਕੀਤਾ ਗਿਆ ਹੈ।ਇਸ ਸਬੰਧੀ ਸਹਾਇਕ ਕਮਿਸ਼ਨਰ (ਆਬਕਾਰੀ) ਬਠਿੰਡਾ ਰੇਂਜ, ਬਠਿੰਡਾ ਨੇ ਆਬਕਾਰੀ ਕਮਿਸ਼ਨਰ ਵੱਲੋਂ ਜਾਰੀ ਆਦੇਸ਼ਾਂ ਦਾ ਹਵਾਲਾ ਦਿੰਦਿਆਂ ਜ਼ਿਲ੍ਹਾ ਮਾਨਸਾ ਦੇ ਸਮੂਹ ਆਬਕਾਰੀ ਲਾਇਸੰਸੀਆਂ ਨੂੰ ਪੱਤਰ ਜਾਰੀ ਕਰਕੇ ਹਦਾਇਤ ਕੀਤੀ ਗਈ ਹੈ ਕਿ 26 ਮਈ ਨੂੰ ਆਪਣੇ ਗਰੁੱਪ ਦੇ ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣ ਏਰੀਏ ’ਚ ਪੈਂਦੇ ਸ਼ਰਾਬ ਦੇ ਠੇਕੇ ਬੰਦ ਰੱਖੇ ਜਾਣ।

# ਮਿਜ਼ੋਰਮ ਦੇ ਇਤਿਹਾਸ ਤੇ ਭੂਗੋਲ ਬਾਰੇ ਪ੍ਰਾਪਤ ਕੀਤੀ ਜਾਣਕਾਰੀ

**ਜਗਰਾਓਂ (ਅਮਿਤ ਖੰਨਾ)** ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਸੀ.ਬੀ.ਐਸ.ਈ ਵੱਲੋਂ ਚਲਾਏ ਜਾ ਰਹੇ ਭਾਰਤੀ ਭਾਸ਼ਾ ਸਮਰ ਕੈਂਪ ਦੀ ਲੜੀ ਨੂੰ ਅੱਗੇ ਤੋਰਦਿਆਂ ਛੇਵੇਂ ਦਿਨ ਵਿਦਿਆਰਥੀਆਂ ਨੂੰ ਮਿਜ਼ੋਰਮ ਦੀ ਭਾਸ਼ਾ ਤੇ ਸੱਭਿਆਚਾਰ ਨਾਲ ਸੰਬੰਧਤ ਇਤਿਹਾਸ ਤੇ ਭੂਗੋਲ ਬਾਰੇ ਜਾਣਕਾਰੀ ਦਿੱਤੀ ਗਈ।ਇਸ ਦੌਰਾਨ ਬੱਚਿਆਂ ਨੂੰ ਮਿਜ਼ੋਰਮ ਦੀਆਂ ਪ੍ਰਸਿੱਧ ਨਦੀਆਂ, ਪਹਾੜਾਂ, ਇਤਿਹਾਸਕ



ਸਮਾਰਕਾਂ ਤੇ ਹੋਰ ਮਹੱਤਵਪੂਰਨ ਸਥਾਨਾਂ ਦੇ ਨਾਵਾਂ ਨਾਲ ਜਾਣੂ ਕਰਾਇਆ ਗਿਆ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਦੀ ਜਾਣਕਾਰੀ ਵਿੱਚ ਵਾਧਾ ਹੋਇਆ ਤੇ ਉਨ੍ਹਾਂ ਨੂੰ ਦੇਸ਼ ਦੇ ਹੋਰ ਰਾਜਾਂ ਦੇ ਇਤਿਹਾਸ ਤੇ ਭੂਗੋਲ ਬਾਰੇ ਜਾਣਨ ਦਾ ਸੁਨਹਿਰਾ ਮੌਕਾ ਮਿਲਿਆ। ਬੱਚਿਆਂ ਨੇ ਬੜੇ ਹੀ ਉਤਸ਼ਾਹ ਨਾਲ ਇਸ ਗਤੀਵਿਧੀ ਵਿੱਚ ਭਾਗ ਲਿਆ। ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਕਿਹਾ ਕਿ ਇਸ ਸਮਰ ਕੈਂਪ ਦਾ ਮੁੱਖ ਉਦੇਸ਼ ਬੱਚਿਆਂ ਨੂੰ ਆਪਣੇ ਸੱਭਿਆਚਾਰ ਤੋਂ ਇਲਾਵਾ ਕੁਝ ਨਵਾਂ ਤੇ ਵੱਖਰਾ ਸਿੱਖਣ ਦਾ ਮੌਕਾ ਦੇਣਾ ਹੈ।ਉਨ੍ਹਾਂ ਕਿਹਾ ਕਿ ਸੀ.ਬੀ.ਐਸ.ਈ ਵੱਲੋਂ ਚਲਾਈ ਗਈ ਇਹ ਮੁਹਿੰਮ ਬਹੁਤ ਹੀ ਸ਼ਲਾਘਾਯੋਗ ਹੈ।ਇਸ ਸਮੇਂ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਮਨਪ੍ਰੀਤ ਸਿੰਘ ਬਰਾੜ ਨੇ ਵੀ ਸੀ.ਬੀ.ਐਸ.ਈ ਵੱਲੋਂ ਚਲਾਈ ਜਾ ਰਹੀ ਇਸ ਮੁਹਿੰਮ ਦੀ ਭਰਪੂਰ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

# ਨਸ਼ੇ ਦੇ ਮੁੱਦੇ ’ਤੇ ਐਕਸ਼ਨ ਕਮੇਟੀ ਬਣਾਉਣ ਨੂੰ ਲੈ ਕੇ ਇਨਸਾਫ਼ਪਸੰਦ ਲੋਕਾਂ ਨੂੰ ਸੱਦਾ

**ਸੰਗਰੂਰ (ਪ੍ਰਵੀਨ ਸਿੰਘ)** ਪੰਜਾਬ ਦੀ ਕਿੰਨੀ ਗਿਣਤੀ ਨੌਜਵਾਨ ਨਸ਼ੇ ਦੀ ਭੇਟ ਚੜ੍ਹ ਸਿਵਿਆਂ ਦੀ ਰਾਖ ਬਣ ਗਏ।ਜੇਕਰ ਇਨ੍ਹਾਂ ਸਿੱਖਿਆ ਕ੍ਰਾਂਤੀ ਵੱਲ ਪਾ ਕੇ ਕੋਈ ਰੁਜ਼ਗਾਰ ਵੱਲ ਤੋਰਿਆ ਹੁੰਦਾ ਤਾਂ ਕਈ ਭੈਣਾਂ ਦੇ ਵੀਰ ਤੇ ਮਾਂਵਾਂ ਦੇ ਪੁੱਤਰ ਬਚ ਸਕਦੇ ਸੀ, ਪਰ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਘਟੀਆ ਨੀਤੀ ਕਾਰਨ ਬੱਚਿਆਂ ਨੂੰ ਨਸ਼ਿਆਂ ਵੱਲ ਧੱਕਿਆ ਗਿਆ ਤਾਂ ਜੁ ਸਰਕਾਰ ਰੁਜ਼ਗਾਰ ਦੀ ਮੰਗ ਨਾ ਕਰ ਸਕਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸੀਪੀਆਈ (ਐਮ. ਐਲ) ਲਿਬਰੇਸ਼ਨ ਦੇ ਸੂਬਾ ਆਗੂ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਕਾਮਰੇਡ ਗੋਬਿੰਦ ਸਿੰਘ ਛਾਜਲੀ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਫਰੰਟ ਤੇ ਫੇਲ੍ਹ ਸਾਬਤ ਹੋਈ ਹੈ, ਭਾਵੇਂ ਰੁਜ਼ਗਾਰ, ਸਿੱਖਿਆ ਕ੍ਰਾਂਤੀ, ਸਿਹਤ ਸਹੂਲਤਾਂ ਅਤੇ ਸਭ ਤੋਂ ਵੱਡਾ ਮੁੱਦਾ ਨਸ਼ਾ ਹੈ, ਜਿਸ ਬੰਦ ਕਰਨ ਦੀਆਂ ਗਰੰਟੀਆਂ ਕੀਤੀਆਂ ਗਈਆਂ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਛੇੜੀ ਜੋ ਫੇਲ੍ਹ ਸਾਬਤ ਹੋਈ। ਸਰਕਾਰ ਦੇ ਸਾਢੇ ਚਾਰ ਸਾਲ ਵਿੱਚ ਅਨੇਕਾਂ ਨੌਜਵਾਨ ਚਿੱਟੇ ਦੀ ਭੇਟ ਚੜ੍ਹ ਗਏ।ਲਟਾਲਟ ਸਾਡੇ ਬੱਚਿਆਂ ਦੇ ਸਿਵੇ ਜਲ ਰਹੇ ਹਨ।ਮਾਂਵਾਂ ਧੀਆਂ, ਭੈਣਾਂ ਵਿਲਕ ਵਿਲਕ ਰੋ ਰਹੀਆਂ ਹਨ, ਪਰ ਏਥੇ ਦੁੱਖ ਦੀ ਗੱਲ ਹੈ ਕਿ ਸਾਡੇ ਸਮਾਜ ਵਿੱਚ ਰਹਿਣ ਵਾਲੇ ਨਸ਼ਾ ਤਸਕਰ ਪੁਲਸ ਦੀ ਮਿਲੀਭੁਗਤ ਨਾਲ ਨਸ਼ੇ ਵੇਚ ਕੇ ਚੰਗੀਆਂ ਕੋਠੀਆਂ ਕਾਰਾਂ ਵਿੱਚ ਘੁੰਮ ਰਹੇ ਹਨ, ਜਿਨ੍ਹਾਂ ਦੀ ਜ਼ਮਾਨਤ ਜਲਦੀ ਹੋ ਜਾਂਦੀ ਹੈ, ਜੋ ਚਿੰਤਾ ਦਾ ਵਿਸ਼ਾ ਹੈ। ਕਾਮਰੇਡ ਗੋਬਿੰਦ ਛਾਜਲੀ ਨੇ ਮਜ਼ਦੂਰ ਮੁਕਤੀ ਮੋਰਚਾ ਜਥੇਬੰਦੀ ਵੱਲੋਂ ਮੰਗ ਉਠਾਈ ਗਈ ਹੈ ਕਿ ਪਿੰਡਾਂ ਅੰਦਰ ਅਜਿਹੀਆਂ ਐਕਸ਼ਨ ਕਮੇਟੀਆਂ ਬਣਾਈਆਂ ਜਾਣ, ਜੋ ਨਸ਼ੇ ਰੋਕਣ ਲਈ ਕੋਈ ਠੋਸ ਕਦਮ ਚੁੱਕਣ। ਜਥੇਬੰਦੀ ਵੱਲੋਂ ਪਿੰਡ ਛਾਜਲੀ ਤੋਂ ਪਹਿਲ ਕੀਤੀ ਹੈ, ਜਿਸ ਉਨ੍ਹਾਂ ਨੇ ਭਰਾਤਰੀ ਜਥੇਬੰਦੀਆਂ, ਇਨਸਾਫ਼ ਪਸੰਦ ਲੋਕ, ਸਮਾਜ ਸੇਵੀ ਸੰਸਥਾਵਾਂ ਤੇ ਪੀੜਤ ਪਰਿਵਾਰਾਂ ਇਕੱਠੇ ਹੋ ਕੇ ਸਾਂਝੀ ਥਾਂ ’ਤੇ ਮੀਟਿੰਗ ਕੀਤੀ ਜਾਵੇ ਅਤੇ ਉਸ ਬਾਅਦ ਐਕਸ਼ਨ ਕਮੇਟੀ ਦੀ ਚੋਣ ਕੀਤੀ ਜਾਵੇ।



# ਆੜ੍ਹਤੀਆਂ ਨੂੰ 2.50 ਪ੍ਰਤੀਸ਼ਤ ਕਮਿਸ਼ਨ ਦਿੱਤਾ ਜਾਵੇ : ਜਸਵਿੰਦਰ ਰਾਣਾ

**ਆੜ੍ਹਤੀਆ ਐਸੋ. ਪੰਜਾਬ ਦੇ ਵਫਦ ਨੇ ਰਾਜਪਾਲ ਨਾਲ ਕੀਤੀ ਮੁਲਾਕਾਤ**

**ਪਟਿਆਲਾ (ਰਜਿੰਦਰ ਸਿੰਘ ਥਿੰਦ)-** ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਵਫ਼ਦ ਨੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਅਹਿਮ ਮੁਲਾਕਾਤ ਕਰਕੇ ਆੜ੍ਹਤੀਆਂ ਤੇ ਮੰਡੀ ਮਜ਼ਦੂਰਾਂ ਨਾਲ ਸੰਬੰਧਤ ਸਮੱਸਿਆਵਾਂ ਦੇ ਯੋਗ ਹੱਲ ਕਰਨ ਦੀ ਅਪੀਲ ਕੀਤੀ।ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਅਗਵਾਈ ਹੇਠ ਪਹੁੰਚੇ ਵਫਦ ਵੱਲੋਂ ਪੰਜ ਨੁਕਾਤੀ ਮੰਗ-ਪੱਤਰ ਵੀ ਸੌਂਪਿਆ ਗਿਆ।ਸੂਬਾ ਪ੍ਰਧਾਨ ਰਾਣਾ ਨੇ ਦੱਸਿਆ ਕਿ ਇਹ ਮੁਲਾਕਾਤ ਬਹੁਤ ਚੰਗੇ ਮਾਹੌਲ ਵਿੱਚ ਹੋਈ।ਵਫ਼ਦ ਤੇ ਰਾਜਪਾਲ ਵਿਚਕਾਰ ਹੋਈ ਮੀਟਿੰਗ ਦੇ ਸਾਰਥਿਕ ਨਤੀਜੇ ਮਿਲਣ ਦੀ ਉਮੀਦ ਹੈ।ਉਨ੍ਹਾਂ ਕਿਹਾ ਕਿ ਰਾਜਪਾਲ ਸਾਹਮਣੇ ਐਸੋਸੀਏਸ਼ਨ ਵੱਲੋਂ ਸੌਂਪੇ ਮੰਗ ਪੱਤਰ ’ਚ ਸਭ ਤੋਂ ਮੁੱਖ ਮੰਗ ਆੜ੍ਹਤੀਆਂ ਲਈ ਐੱਮ.ਐੱਸ.ਪੀ. ਅਧਾਰਤ 2.5 ਫ਼ੀਸਦੀ ਕਮਿਸ਼ਨ ਦੀ ਬਹਾਲੀ ਦੀ ਰੱਖੀ ਗਈ।ਉਨ੍ਹਾਂ ਦੱਸਿਆ ਕਿ ਇਸ ਵੇਲੇ 50.75 ਪ੍ਰਤੀ ਕੁਇੰਟਲ ਕਮਿਸ਼ਨ ਮਿਲ ਰਿਹਾ ਹੈ, ਜਦਕਿ ਐੱਮ.ਐੱਸ.ਪੀ. ਅਨੁਸਾਰ ਇਹ 64.62



ਬਣਦਾ ਹੈ, ਜਿਸ ਨਾਲ ਹਰ ਕੁਇੰਟਲ ’ਤੇ ਲਗਭਗ 13.87 ਦਾ ਘਾਟਾ ਪੈ ਰਿਹਾ ਹੈ।ਮਹਿੰਗਾਈ ਕਾਰਨ ਬਿਜਲੀ, ਮੁਰੰਮਤ ਤੇ ਕਰਮਚਾਰੀਆਂ ਦੇ ਖਰਚੇ ਵਧਣ ਨਾਲ ਇਹ ਮਸਲਾ ਹੋਰ ਵੀ ਗੰਭੀਰ ਬਣ ਚੁੱਕਿਆ ਹੈ।ਉਨ੍ਹਾਂ ਕਿਹਾ ਕਿ ਦੂਜੇ ਮਹੱਤਵਪੂਰਨ ਮੁੱਦੇ ਵਜੋਂ ਮੰਡੀ ਮਜ਼ਦੂਰਾਂ ਦੀਆਂ ਦਰਾਂ ਵਿੱਚ ਘੱਟੋ-ਘੱਟ 50 ਫ਼ੀਸਦੀ ਵਾਧੇ ਦੀ ਮੰਗ ਕੀਤੀ ਗਈ। ਐਸੋਸੀਏਸ਼ਨ ਦਾ ਕਹਿਣਾ ਹੈ ਕਿ ਲੰਬੇ ਸਮੇਂ ਤੋਂ ਮਜ਼ਦੂਰੀ ਦਰਾਂ ਨਾ ਵਧਣ ਕਾਰਨ ਪ੍ਰਵਾਸੀ ਮਜ਼ਦੂਰ ਪੰਜਾਬ ਦੀਆਂ ਮੰਡੀਆਂ ਵਿੱਚ ਆਉਣ ਤੋਂ ਕਤਰਾਉਂਦੇ ਹਨ, ਜਿਸ ਨਾਲ ਲੇਬਰ ਦੀ ਭਾਰੀ ਕਮੀ ਪੈਦਾ ਹੋ ਗਈ ਹੈ। ਇਸ ਤੋਂ ਇਲਾਵਾ ਮਜ਼ਦੂਰਾਂ ਲਈ ਈ.ਪੀ.ਐੱਫ. ਲਾਗੂ ਕਰਨ ਦੇ ਮਾਮਲੇ ਵੀ ਸਮੱਸਿਆ ਦਰਪੇਸ਼ ਆਉਂਦੀ ਹੈ।ਐਸੋਸੀਏਸ਼ਨ ਨੇ ਦਲੀਲ ਦਿੱਤੀ ਕਿ ਮੰਡੀ ਮਜ਼ਦੂਰ ਜ਼ਿਆਦਾਤਰ ਅਸਥਾਈ ਤੇ ਪ੍ਰਵਾਸੀ ਹੁੰਦੇ ਹਨ, ਜੋ ਨਿਰੰਤਰ ਇਕ ਥਾਂ ਕੰਮ ਨਹੀਂ ਕਰਦੇ, ਇਸ ਲਈ ਉਨ੍ਹਾਂ ’ਤੇ ਈ.ਪੀ.ਐੱਫ. ਲਾਗੂ ਕਰਨਾ ਅਮਲੀ ਤੌਰ ’ਤੇ ਸੰਭਵ ਨਹੀਂ।ਇਸ ਲਈ ਇਸ ਤੋਂ ਛੋਟ ਦਿੱਤੀ ਜਾਣੀ ਚਾਹੀਦੀ ਹੈ। ਰਾਣਾ ਨੇ ਕਿਹਾ ਕਿ ਨਮੀ ਦੇ ਮਾਪਦੰਡਾਂ ਸੰਬੰਧੀ ਵੀ ਇੱਕ ਅਹਿਮ ਮੰਗ ਰੱਖੀ ਗਈ।ਗਰਮੀ ਤੇ ਲਿਫ਼ਟਿੰਗ ਵਿੱਚ ਦੇਰੀ ਕਾਰਨ ਅਨਾਜ ਦੀ ਨਮੀ ਘਟਣ ਨਾਲ ਵਜ਼ਨ ਵਿੱਚ ਕੁਦਰਤੀ ਕਮੀ ਆ ਜਾਂਦੀ ਹੈ, ਪਰ ਖ਼ਰੀਦ ਏਜੰਸੀਆਂ ਇਸ ਘਾਟੇ ਨੂੰ ਸਵੀਕਾਰ ਨਹੀਂ ਕਰਦੀਆਂ।ਇਸ ਤੋਂ ਇਲਾਵਾ ਪੰਜਾਬ ਵਿੱਚ ਭੰਡਾਰਨ ਦੀ ਜਗ੍ਹਾ ਦੀ ਭਾਰੀ ਕਮੀ ਨੂੰ ਵੀ ਗੰਭੀਰ ਚੁਣੌਤੀ ਦੱਸਿਆ ਗਿਆ।ਗੁਦਾਮਾਂ ਵਿੱਚ ਪੁਰਾਣਾ ਸਟਾਕ ਭਰਿਆ ਹੋਣ ਕਾਰਨ ਨਵੀਂ ਫਸਲ ਦੀ ਲਿਫ਼ਟਿੰਗ ਪ੍ਰਭਾਵਿਤ ਹੋ ਰਹੀ ਹੈ, ਜਿਸ ਨਾਲ ਮੰਡੀਆਂ ਵਿੱਚ ਅਨਾਜ ਇਕੱਠਾ ਹੋ ਕੇ ਖ਼ਰਾਬ ਹੋਣ ਦਾ ਖ਼ਤਰਾ ਬਣ ਗਿਆ ਹੈ।ਇਸ ਸਥਿਤੀ ਨੂੰ ਸੰਭਾਲਣ ਲਈ ਅਨਾਜ ਦੀ ਢੁਆਈ ਵਾਸਤੇ ਵੱਧ ਤੋਂ ਵੱਧ ਰੇਲਵੇ ਰੈਕ ਮੁਹੱਈਆ ਕਰਵਾਉਣ ਦੀ ਮੰਗ ਕੀਤੀ ਗਈ। ਪ੍ਰਧਾਨ ਰਾਣਾ ਨੇ ਦੱਸਿਆ ਕਿ ਰਾਜਪਾਲ ਨੇ ਮੰਗ-ਪੱਤਰ ਨੂੰ ਗੰਭੀਰਤਾ ਨਾਲ ਲੈਂਦਿਆਂ ਇਸ ਮਸਲੇ ਨੂੰ ਕੇਂਦਰ ਤੇ ਸੂਬਾ ਸਰਕਾਰ ਨਾਲ ਵਿਚਾਰ ਕੇ ਯੋਗ ਹੱਲ ਦਾ ਭਰੋਸਾ ਦਿੱਤਾ ਹੈ।

# ਮਾਤਾ ਗੁਜਰੀ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



**ਦੇਵੀਗੜ੍ਹ/ਪਟਿਆਲਾ, (ਰਜਿੰਦਰ ਸਿੰਘ ਥਿੰਦ)** ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁਥਮੜਾ ਦੇ ਵਿਦਿਆਰਥੀਆਂ ਨੇ 24 ਮਈ ਨੂੰ ਮਲੇਨੀਅਮ ਸਕੂਲ, ਪਟਿਆਲਾ ਵਿਖੇ ਆਯੋਜਤ ਅੱਠਵੀਂ ਪੰਜਾਬ ਤਾਈਕਵਾਂਡੋ ਕੱਪ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਕੋਚ ਹਰਦੀਪ ਕੁਮਾਰ ਦੀ ਅਗਵਾਈ ਹੇਠ ਸਕੂਲ ਦੀ ਟੀਮ ਨੇ ਇਸ ਮੁਕਾਬਲੇ ਵਿੱਚ ਭਾਗ ਲਿਆ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਲਗਭਗ 20 ਤੋਂ 22 ਸਕੂਲਾਂ ਤੇ ਅਕੈਡਮੀਆਂ ਦੇ ਕਰੀਬ 550 ਖਿਡਾਰੀਆਂ ਨੇ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ। ਮੁਕਾਬਲੇ ਦੌਰਾਨ ਮਾਤਾ ਗੁਜਰੀ ਸਕੂਲ ਦੇ ਖਿਡਾਰੀਆਂ ਨੇ 4 ਸੋਨ ਤਗਮੇ, 7 ਚਾਂਦੀ ਦੇ ਤਗਮੇ ਤੇ 11 ਕਾਂਸੀ ਦੇ ਤਗਮੇ ਜਿੱਤ ਕੇ ਸ਼ਾਨਦਾਰ ਪ੍ਰਾਪਤੀ ਦਰਜ ਕੀਤੀ। ਸਕੂਲ ਦੇ ਡਾਇਰੈਕਟਰ ਸਰਦਾਰ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਸ਼੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ਼੍ਰੀਮਤੀ ਪੂਨਮ ਧੀਮਾਨ ਤੇ ਅਕਾਦਮਿਕ ਡਾਇਰੈਕਟਰ ਸ਼੍ਰੀਮਤੀ ਤੇਜਿੰਦਰ ਕੌਰ ਵਾਲੀਆ ਨੇ ਜੇਤੂ ਵਿਦਿਆਰਥੀਆਂ ਤੇ ਕੋਚ ਹਰਦੀਪ ਕੁਮਾਰ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਕਾਮਯਾਬੀਆਂ ਨਾਲ ਵਿਦਿਆਰਥੀਆਂ ਦਾ ਹੌਸਲਾ ਵਧਦਾ ਹੈ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵੱਡੀਆਂ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਨਾ ਮਿਲਦੀ ਹੈ।

# ਜਮਹੂਰੀ ਅਧਿਕਾਰ ਸਭਾ ਦੀ ਮੀਟਿੰਗ ’ਚ ਉਲੀਕੇ ਅਗਲੇ ਕੰਮ

**ਲੁਧਿਆਣਾ (ਸਤੀਸ਼ ਸਚਦੇਵਾ)-** ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਦੀ ਮੀਟਿੰਗ ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਵਿਖੇ ਜਸਵੰਤ ਜ਼ੀਰਖ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਉੱਘੇ



ਇਨਕਲਾਬੀ ਖੋਜਕਾਰ ਪ੍ਰੋ. ਮਲਵਿੰਦਰਜੀਤ ਵੜੈਚ ਦੇ ਸਦੀਵੀ ਵਿਛੋੜੇ ਦਾ ਗਹਿਰਾ ਦੁੱਖ ਸਾਂਝਾ ਕੀਤਾ ਗਿਆ, ਜੋ ਗਦਰੀਆਂ ਦੇ ਮੁਨਸ਼ੀ ਵਜੋਂ ਵੀ ਜਾਣੇ ਜਾਂਦੇ ਸਨ।ਮੀਟਿੰਗ ਵਿੱਚ ਸੂਬਾ ਪ੍ਰਧਾਨ ਪ੍ਰੋ. ਜਗਮੋਹਨ ਸਿੰਘ ਨੇ ਪ੍ਰੋ ਵੜੈਚ ਦੇ ਸ਼ਰਧਾਂਜਲੀ ਸਮਾਗਮ ਦੀ ਰਿਪੋਰਟ ਸਾਂਝੀ ਕਰਦਿਆਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਅਜਿਹੀਆਂ ਮਾਣਮੱਤੀਆਂ ਤੇ ਸਿਰੜੀ ਸ਼ਖ਼ਸੀਅਤਾਂ ਦੀ ਸਮਾਜ ਨੂੰ ਚੇਤਨ ਕਰਨ ਲਈ ਨਿਭਾਈ ਭੂਮਿਕਾ ਨੂੰ ਸਦੀਵੀ ਸੰਭਾਲਣ ਦੀ ਲੋੜ ਹੈ।ਮੀਟਿੰਗ ਵਿੱਚ ਅਗਲੇ ਦੋ ਸਾਲਾਂ ਲਈ ਮੈਂਬਰਾਂ ਦੀ ਮੈਂਬਰਸ਼ਿੱਪ ਕੀਤੀ ਗਈ ਤੇ ਨਵੇਂ ਮੈਂਬਰਾਂ ਨੂੰ ਨਵੀਂ ਮੈਂਬਰਸ਼ਿੱਪ ਦਿੱਤੀ ਗਈ।ਇਸ ਸੰਸਥਾ ਦੇ ਹੋਰ ਮੈਂਬਰ ਬਣਨ ਦੇ ਚਾਹਵਾਨ ਇਹ ਮੈਂਬਰਸ਼ਿੱਪ 31 ਮਈ ਤੱਕ ਲੈ ਸਕਣਗੇ।ਅਗਲੇ ਕੰਮਾਂ ਦੀ ਵਿਉਂਤਬੰਦੀ ਕਰਦਿਆਂ ਸਭਾ ਦੇ ਮੈਂਬਰਾਂ ਨੂੰ ਇਤਿਹਾਸਕ ਜਮਹੂਰੀ ਤੱਥਾਂ ਨੂੰ ਸਮਝ ਕੇ ਉਨ੍ਹਾਂ ਦੇ ਵਿਗਿਆਨਕ ਸਿੱਟਿਆਂ ਨੂੰ ਮੌਜੂਦਾ ਦੌਰ ਵਿੱਚ ਅੱਗੇ ਵਧਣ ਲਈ ਵਰਤਣ ’ਤੇ ਜ਼ੋਰ ਦਿੱਤਾ ਗਿਆ।ਇਸ ਮੰਤਵ ਲਈ ਲਗਾਤਾਰ ਸਕੂਲਿੰਗ ਜਾਰੀ ਕਰਨ ਦਾ ਕੰਮ ਉਲੀਕਿਆ ਗਿਆ।ਇਸ ਅਨੁਸਾਰ 21 ਜੂਨ ਨੂੰ ਸ਼ਾਮ 5 ਤੋਂ 7 ਵਜੇ ਤੱਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਵਿਖੇ ਪਹਿਲੀ ਸਕੂਲਿੰਗ ਕਰਨਾ ਤਹਿ ਕੀਤਾ ਗਿਆ। ਮੀਟਿੰਗ ਵਿੱਚ ਪ੍ਰਿੰਸੀਪਲ ਅਜਮੇਰ ਦਾਖਾ ਸਕੱਤਰ, ਪਰਮਜੀਤ ਸਿੰਘ ਕੈਸ਼ੀਅਰ, ਮਾ. ਸੁਰਜੀਤ ਸਿੰਘ, ਸਤੀਸ਼ ਸੱਚਦੇਵਾ, ਐਡਵੋਕੇਟ ਹਰਪ੍ਰੀਤ ਜ਼ੀਰਖ, ਡਾ. ਵਿਨੋਦ ਵਸਿਸ਼ਟ, ਮਾ. ਪ੍ਰਮਜੀਤ ਸਿੰਘ ਪਨੇਸਰ, ਬਲਵਿੰਦਰ ਸਿੰਘ, ਤਰਲੋਚਨ ਸਿੰਘ ਰੰਗ ਕਰਮੀ, ਰਾਕੇਸ਼ ਆਜ਼ਾਦ, ਤਜਿੰਦਰ ਕੁਮਾਰ, ਮਿਨਾਖਸ਼ੀ ਉਰਫ ਮੀਨੂ, ਪ੍ਰਤਾਪ ਸਿੰਘ, ਕਰਤਾਰ ਸਿੰਘ ਆਦਿ ਸ਼ਾਮਲ ਸਨ।

# ਅਧਿਕਾਰੀਆਂ ਨੇ ਜਨਗਣਨਾ ਦਾ ਲਿਆ ਜਾਇਜ਼ਾ

**ਸਮਰਾਲਾ, (ਸੁਰਜੀਤ ਸਿੰਘ)** ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੇ ਪਿੰਡਾਂ ਵਿਚ ਚਲਾ ਰਹੀ ਜਨਗਣਨਾ ਪ੍ਰਕਿਰਿਆ ਨੂੰ ਪੁਖਤਾ ਤੇ ਖਾਮੀਆਂ ਰਹਿਤ ਢੰਗ ਨਾਲ ਨੇਪਰੇ ਚੜ੍ਹਨ ਲਈ ਸਰਕਾਰੀ ਕ੍ਰਮਚਾਰੀ ਨਿਰੰਤਰ ਕੰਮ ’ਤੇ




ਲੱਗੇ ਹੋਏ ਹਨ।ਜਨਗਣਨਾ ਅਧਿਕਾਰੀਆਂ ਵੱਲੋਂ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕੀਤੇ ਕੰਮ ਦੀ ਪੜਤਾਲ ਕਰਨ ਲਈ ਅਧਿਕਾਰੀਆਂ ਦਾ ਇੱਕ ਵਫਦ ਆਇਆ, ਜਿਸ ਵਿੱਚ ਭਾਰਤ ਸਰਕਾਰ ਦੇ ਰਜਿਸਟਰਾਰ ਜਨਰਲ ਤੇ ਜਨਗਣਨਾ ਆਯੁਕਤ ਦਫ਼ਤਰ ਮੁੱਖ ਦਫ਼ਤਰ ਤੋਂ ਸੰਯੁਕਤ ਡਾਇਰੈਕਟਰ ਰਮੇਸ਼ ਕੁਮਾਰ, ਜਨਗਣਨਾ ਸੰਚਾਲਨ ਨਿਰਦੇਸ਼ਾਲੇ ਪੰਜਾਬ ਦੀ ਡਿਪਟੀ ਡਾਇਰੈਕਟਰ ਡਾ. ਰੁਚੀ ਗੁਪਤਾ, ਜ਼ਿਲ੍ਹਾ ਕੋਆਰਡੀਨੇਟਰ ਲੁਧਿਆਣਾ ਅਲੋਕ ਕੁਮਾਰ, ਡਿਪਟੀ ਈਐਸਏ ਲੁਧਿਆਣਾ ਪਰਵੀਨ ਕੁਮਾਰੀ, ਜ਼ਿਲ੍ਹਾ ਮਾਸਟਰ ਟ੍ਰੇਨਰ ਜਸਬੀਰ ਸਿੰਘ ਸੰਧੂ ਤੇ ਉਪਮਾ ਕੌਲ ਤੇ ਡੀਸੀ ਦਫ਼ਤਰ ਲੁਧਿਆਣਾ ਦੇ ਗਵਰਨੈਂਸ ਫੈਲੋ ਸ਼ੁਭੰਕਰ ਸ਼ਾਮਲ ਸਨ, ਨੇ ਜਨਗਣਨਾ 2027 ਦੇ ਪਹਿਲੇ ਪੜਾਅ ਸਬੰਧੀ ਸਮਰਾਲਾ ਮਿਊਂਸਪਲ ਕੌਂਸਲ ਦੇ ਵਾਰਡ ਨੰਬਰ 11 ਦਾ ਦੌਰਾ ਕਰਕੇ ਸਮੁੱਚੇ ਕੰਮ ਕਾਜ ਦਾ ਮੁਆਇਨਾ ਕੀਤਾ।ਇਸ ਦੌਰਾਨ ਅਧਿਕਾਰੀਆਂ ਨੇ ਘਰ ਸੂਚੀਕਰਨ ਕਾਰਜ ਤੇ ਹਾਊਸਿੰਗ ਜਨਗਣਨਾ ਨਾਲ ਸੰਬੰਧਤ ਚੱਲ ਰਹੀਆਂ ਮੁੱਢਲੀ ਗਤੀਵਿਧੀਆਂ ਦਾ ਵੀ ਜਾਇਜ਼ਾ ਲਿਆ।ਇਸ ਦੌਰਾਨ ਗਿਣਤੀ ਪ੍ਰਕਿਰਿਆ ਦੀ ਗੁਣਵੱਤਾ ਤੇ ਜਨਗਣਨਾ ਲਈ ਨਿਰਧਾਰਿਤ ਦਿਸ਼ਾ-ਨਿਰਦੇਸ਼ਾਂ ਅਤੇ ਪ੍ਰਕਿਰਿਆਵਾਂ ਦੀ ਸਖ਼ਤੀ ਨਾਲ ਪਾਲਣਾ ਉੱਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਫੀਲਡ ਨਿਗਰਾਨੀ ਦੌਰਾਨ ਉਕਤ ਵਾਰਡ ਅਧੀਨ ਆਉਂਦੇ ਦੋ ਸੁਪਰਵਾਇਜ਼ਰੀ ਸਰਕਲਾਂ ਅਤੇ ਚਾਰ ਐੱਚਐਲਬੀ ਦੀ ਜਾਂਚ ਕੀਤੀ ਗਈ। ਦੌਰੇ ਦੌਰਾਨ ਅਧਿਕਾਰੀਆਂ ਨੇ ਗਿਣਤੀਕਾਰਾਂ, ਸੁਪਰਵਾਇਜ਼ਰਾਂ ਤੇ ਇਹ ਡਿਊਟੀ ਨਿਭਾਅ ਰਹੇ ਹੋਰ ਕ੍ਰਮਚਾਰੀਆਂ ਨਾਲ ਗੱਲਬਾਤ ਕਰਕੇ ਜਨਗਣਨਾ ਕਾਰਜਾਂ ਦੀ ਕਾਰਗੁਜ਼ਾਰੀ ਦਾ ਲੇਖਾ ਜੋਖਾ ਕੀਤਾ ਤੇ ਜ਼ਮੀਨੀ ਪੱਧਰ ’ਤੇ ਹੋ ਰਹੇ ਕੰਮ ਦੌਰਾਨ ਆ ਰਹੀਆਂ ਵਿਹਾਰਕ ਔਂਕੜਾਂ ਬਾਰੇ ਵੀ ਫੀਡਬੈਕ ਪ੍ਰਾਪਤ ਕੀਤਾ।ਟੀਮ ਵੱਲੋਂ ਜਨਗਣਨਾ 2027 ਦੇ ਪਹਿਲੇ ਚਰਨ ਤਹਿਤ ਇਕੱਠੇ ਕੀਤੇ ਜਾ ਰਹੇ ਡਾਟਾ ਦੀ ਸ਼ੁੱਧਤਾ ਤੇ ਪੂਰਨਤਾ ਦੀ ਵੀ ਸਮੀਖਿਆ ਕੀਤੀ ਗਈ।

# ਮੈਲਡੇ ਗੋਤ ਦੇ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਮਨਾਇਆ

**ਮੁੱਲਾਂਪੁਰ ਦਾਖਾ (ਗੁਰਮੇਲ ਮੈਲਡੇ) :** ਮੁੱਲਾਂਪੁਰ-ਹੰਬੜਾ ਰੋਡ ’ਤੇ ਸਥਿਤ ਪਿੰਡ ਕੈਲਪੁਰ ਵਿਖੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮੈਲਡੇ ਗੋਤ ਦੇ ਜਠੇਰਿਆਂ ਦੇ ਅਸਥਾਨ ’ਤੇ ਭਰਵਾਂ ਜੋੜ ਮੇਲਾ ਮਨਾਇਆ ਗਿਆ। ਇਸ ਮੇਲੇ ਵਿੱਚ ਪੰਜਾਬ ਭਰ ਦੇ ਮੈਲਡੇ ਗੋਤ ਦੇ ਪਰਿਵਾਰਾਂ ਨੇ ਸਥਾਨ ’ਤੇ ਨਤਮਸਤਕ ਹੋ ਕੇ ਆਪਣੀਆਂ ਮੰਨਤਾ ਮੰਨੀਆਂ ਤੇ ਪੂਜਾ ਸਮੱਗਰੀ ਭੇਟ ਕਰਕੇ ਖੁਸ਼ੀਆਂ ਪ੍ਰਾਪਤ ਕੀਤੀਆਂ। ਸਵੇਰੇ 6 ਵਜੇ ਤੋਂ ਸ਼ਾਮ ਤੱਕ ਸੰਗਤਾਂ ਦਾ ਆਉਣਾ ਜਾਣਾ ਬਣਿਆ ਰਿਹਾ ਅਤੇ



ਠੰਢਾ ਮਿੱਠਾ ਜਲ ਗੁਰੂ ਕੇ ਲੰਗਰ, ਚਾਹ ਦਾ ਭੰਡਾਰਾ ਲਗਾਤਾਰ ਵਰਤਦਾ ਰਿਹਾ। ਮੈਲਡੇ ਗੋਤ ਦੇ ਸਥਾਨ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਲਖਵੀਰ ਸਿੰਘ ਲਾਡੀ, ਜਸਵੰਤ ਸਿੰਘ ਰਾਣਾ ਖਜ਼ਾਨਚੀ, ਕੇਵਲ ਸਿੰਘ, ਡਾ. ਹਰਜਿੰਦਰ ਸਿੰਘ ਤੇ ਸੇਵਾਦਾਰ ਮਨਪ੍ਰੀਤ ਸਿੰਘ, ਜਸਵੀਰ ਸਿੰਘ, ਪਾਲੀ ਪਰਮਿੰਦਰ ਸਿੰਘ ਮਿਸਤਰੀ ਚਰਨ ਸਿੰਘ, ਅਮਰ ਸਿੰਘ ਫੌਜੀ ਹਰਬੰਸ ਸਿੰਘ, ਅਜਮੇਰ ਸਿੰਘ ਰਾਏ, ਜੋਗਿੰਦਰ ਸਿੰਘ ਜੱਸੀ ਮਿਸਤਰੀ ਜੱਗਾ ਸਿੰਘ, ਲਾਭ ਸਿੰਘ ਮੁਕੰਦ ਸਿੰਘ, ਜਸਵੀਰ ਸਿੰਘ ਬੌਬੀ, ਕੁਲਵਿੰਦਰ ਸਿੰਘ, ਰਣਜੀਤ ਸਿੰਘ, ਹਰਜਿੰਦਰ ਸਿੰਘ ਨੇ ਆਉਣ ਵਾਲੀਆਂ ਸੰਗਤਾਂ ਦੀ ਖੂਬ ਸੇਵਾ ਕਰਕੇ ਖੁਸ਼ੀਆਂ ਪ੍ਰਾਪਤ ਕੀਤੀਆਂ।

# ਸ਼ੀਲਾ ਅਲੀਪੁਰੀਆ ਚੈਰੀਟੇਬਲ ਸੁਸਾਇਟੀ ਨੇ ਲੋੜਵੰਦ ਬੱਚਿਆਂ ਨੂੰ ਹਾਇਰ ਐਜੂਕੇਸ਼ਨ ’ਚ ਸਫਲ ਹੋਣ ਦੀ ਦਿੱਤੀ ਸਿੱਖਿਆ

**ਪਟਿਆਲਾ (ਰਜਿੰਦਰ ਸਿੰਘ ਥਿੰਦ)** ਸਮਾਜ ਸੇਵਾ ਦੇ ਖੇਤਰ ਵਿੱਚ ਆਪਣੀ ਵੱਖਰੀ ਤੇ ਵਿਲਖਣ ਪਹਿਚਾਣ ਬਣਾ ਚੁਕੀ ਸ਼ੀਲਾ ਅਲੀਪੁਰੀਆ

- ਏ ਆਈ ਦੇ ਜ਼ਮਾਨੇ ’ਚ ਬੱਚਿਆਂ ਕੋਲ ਪ੍ਰੋਫੈਸ਼ਨਲ ਸਕਿੱਲ ਹੋਣਾ ਬੇਹੱਦ ਜ਼ਰੂਰੀ : ਅਤੁਲ ਜੈਨ
- ਸੁਸਾਇਟੀ ਨੇ 10 ਲੋੜਵੰਦ ਵਿਦਿਆਰਥੀਆਂ ਨੂੰ ਹਾਇਰ ਐਜੂਕੇਸ਼ਨ ਲਈ ਗੋਦ ਲਿਆ

ਚੈਰੀਟੇਬਲ ਸੁਸਾਇਟੀ ਨੇ ਇਥੇ ਲੋੜਵੰਦ ਅਤੇ ਮਿਹਨਤੀ ਬੱਚਿਆਂ ਨੂੰ ਸੈਮੀਨਾਰ ਕਰਵਾ ਕੇ ਜ਼ਿੰਦਗੀ ਦੇ ਗੁਰ ਦੇਣ ਲਈ ਤੇ ਸਫਲ ਹੋਣ ਦੀ ਸਿੱਖਿਆ ਦਿੱਤੀ ਹੈ।ਇਸ ਮੌਕੇ ਵਿਸ਼ੇਸ਼ ਤੌਰ ’ਤੇ ਬਜਾਜ ਹਾਊਸਿੰਗ ਫਾਈਨਾਂਸ ਲਿਮਟਿਡ ਕਾਰਪੋਰੇਸ਼ਨ ਦੇ ਮੈਨੇਜਿੰਗ ਡਾਇਰੈਕਟਰ ਅਤੁਲ ਜੈਨ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ ਤੇ ਬੱਚਿਆਂ ਨੂੰ ਸਪੱਸ਼ਟ ਆਖਿਆ ਕਿ ਏ ਆਈ ਦੇ ਜ਼ਮਾਨੇ ਵਿੱਚ ਜ਼ਿੰਦਗੀ ਸਫਲ ਕਰਨ ਲਈ ਪ੍ਰੋਫੈਸ਼ਨਲ ਸਕਿੱਲ ਹੋਣਾ ਬੇਹੱਦ ਜ਼ਰੂਰੀ ਹੈ।ਜੇਕਰ ਇਹ ਤੁਹਾਡੇ ਕੋਲ ਨਹੀਂ ਹੋਣਗੇ ਤਾਂ ਤੁਸੀਂ ਦੁਨੀਆ ਤੋਂ ਬਹੁਤ ਪਿੱਛੇ ਰਹਿ ਜਾਵੋਗੇ।ਉਨ੍ਹਾ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਿੱਖਿਆ ਵਧੀਆ ਕਰੈਕਟਰ ਬਣਾਉਂਦੀ ਹੈ



ਤੇ ਇਕ ਸਫਲ ਵਿਅਕਤੀ ਵਿੱਚ ਸਿੱਖਿਆ ਤੇ ਚੰਗਾ ਕਰੈਕਟਰ ਹੋਣੇ ਬਹੁਤ ਜ਼ਰੂਰੀ ਹਨ।ਇਸ ਮੌਕੇ ਸੁਸਾਇਟੀ ਨੇ 10 ਲੋੜਵੰਦ ਵਿਦਿਆਰਥੀਆਂ ਨੂੰ ਹਾਇਰ ਐਜੂਕੇਸ਼ਨ ਲਈ ਗੋਦ ਵੀ ਲਿਆ।ਉਨ੍ਹਾ ਦੱਸਿਆ ਕਿ ਸੁਸਾਇਟੀ ਹੁਣ ਤੱਕ ਲਗਭਗ 35 ਬੱਚਿਆਂ ਨੂੰ ਸੀਏ ਦੀ ਹਾਇਰ ਐਜੂਕੇਸ਼ਨ ਮੁਫਤ ਦੇ ਰਹੀ ਹੈ।ਇਸ ਤੋਂ ਬਿਨਾਂ ਸੁਸਾਇਟੀ ਨੇ ਲੰਘੇ ਸਾਲ ਸਮਾਣਾ ਐਕਸੀਡੈਂਟ ਦੇ ਪੀੜਤ ਬੱਚਿਆਂ ਨੂੰ ਵੀ ਮੁਫਤ ਸਿੱਖਿਆ ਦੇ ਰਹੀ ਹੈ। ਇਸ ਸੈਮੀਨਾਰ ਵਿੱਚ ਵਿਸ਼ੇਸ਼ ਤੌਰ ’ਤੇ ਸਮਾਣਾ ਸਕੂਲ ਦੀ ਪ੍ਰਿੰਸੀਪਲ ਤੇ ਅਧਿਆਪਕਾਂ ਨੇ ਵੀ ਭਾਗ ਲਿਆ ਤੇ ਬੱਚਿਆਂ ਨੂੰ ਸਿੱਖਿਆ ਦੇ ਗੁਰ ਦਿੱਤੇ। ਇਸ ਮੌਕੇ ਸੁਸਾਇਟੀ ਦੇ ਮੁਖ ਸੇਵਾਦਾਰ ਤੇ ਉੱਘੇ ਸਮਾਜ ਸੇਵਕ ਅਜੇ ਅਲੀਪੁਰੀਆ ਨੇ ਬੱਚਿਆਂ ਨੂੰ ਆਖਿਆ ਕਿ ਇਸ ਉਮਰ ਵਿੱਚ ਦਿਮਾਗ ਨੂੰ ਕੰਟਰੋਲ ਕਰਨਾ ਤੇ ਪੜ੍ਹਾਈ ’ਤੇ ਕੇਂਦਰਿਤ ਹੋਣ ਵਾਲੇ ਬੱਚੇ ਹੀ ਆਸਮਾਨ ਦੀਆਂ ਉਚਾਈਆਂ ਨੂੰ ਛੂੰਹਦੇ ਹਨ।ਉਨ੍ਹਾ ਆਖਿਆ ਕਿ ਸੀਏ ਬਣਨ ਲਈ ਚਾਰ-ਪੰਜ ਸਾਲ ਮਿਹਨਤ ਦੀ ਲੋੜ ਹੈ।ਇਸ ਤੋ ਬਾਅਦ ਤੁਸੀਂ ਸਾਰੀ ਜ਼ਿੰਦਗੀ ਸੌਖੀ ਬਣਾਉਗੇ।ਉਨ੍ਹਾ ਆਖਿਆ ਕਿ ਤੁਹਾਨੂੰ ਸਾਰੇ ਬੱਚਿਆਂ ਨੂੰ ਪੰਜਾਬ ਦੇ ਪ੍ਰਸਿੱਧ ਜੀ ਕੇ ਇੰਸਟੀਚਿਊਟ ਵਿੱਚ ਅਸੀਂ ਸਿੱਖਿਆ ਦੇ ਰਹੇ ਹਾਂ, ਜਿਸ ਦੇ ਐੱਮ ਡੀ ਗਿਤੇਸ਼ ਸਿੰਗਲਾ ਖੁਦ ਤੁਹਾਨੂੰ ਬਹੁਤ ਵਧੀਆ ਢੰਗ ਨਾਲ ਸਿੱਖਿਆ ਦਿੰਦੇ ਹਨ ਤਾਂ ਜੋ ਤੁਸੀਂ ਸਫਲ ਹੋਵੋ।

# ਜਗਦੇਵ ਸਿੱਧੂ ਦੇ ਅਚਾਨਕ ਦੇਹਾਂਤ ਕਾਰਨ ਇਲਾਕੇ ’ਚ ਸੋਗ ਦੀ ਲਹਿਰ

**ਭੀਖੀ (ਧਰਮਵੀਰ ਸ਼ਰਮਾ)-** ਮਾਨਸਾ ਕੈਂਚੀਆਂ ਨੇੜੇ ਵਾਪਰੇ ਇੱਕ ਸੜਕੀ ਹਾਦਸੇ ਵਿੱਚ ਇਲਾਕੇ ਦੇ ਉੱਘੇ ਕਾਂਗਰਸੀ ਆਗੂ ਤੇ ਟਰੱਕ ਯੂਨੀਅਨ ਭੀਖੀ ਦੇ ਸਾਬਕਾ ਪ੍ਰਧਾਨ ਜਗਦੇਵ ਸਿੰਘ ਸਿੱਧੂ ਦੇ ਅਚਾਨਕ ਅਕਾਲ ਚਲਾਣੇ ’ਤੇ ਸ਼ਹਿਰ ਦੀਆਂ ਸਮਾਜਿਕ, ਧਾਰਮਿਕ ਤੇ ਰਾਜਨੀਤਕ ਜਥੇਬੰਦੀਆਂ ਵਿੱਚ ਡੂੰਘੇ ਸੋਗ ਦੀ ਲਹਿਰ ਹੈ।ਉਨ੍ਹਾਂ ਰਾਜਨੀਤੀ ਦੇ ਨਾਲ ਨਾਲ ਸਫਲ



ਕਿਸਾਨ, ਕਾਰੋਬਾਰੀ ਤੇ ਸਮਾਜ ਸੇਵੀ ਵਜੋਂ ਲੋਕਾਂ ਦਰਮਿਆਨ ਵਿਚਰ ਕੇ ਹਮੇਸ਼ਾ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਨਿਪਟਾਉਣ ਵਿੱਚ ਆਪਣਾ ਪੂਰਨ ਸਹਿਯੋਗ ਦਿੱਤਾ।ਸ੍ਰ. ਸਿੱਧੂ ਦੀ ਬੇਵਕਤੀ ਮੌਤ ’ਤੇ ਅਫਸੋਸ ਪ੍ਰਗਟ ਕਰਦਿਆਂ ਸੁਖਦੇਵ ਸਿੰਘ ਫਰਵਾਹੀ, ਭਾਜਪਾ ਆਗੂ ਰਜਿੰਦਰ ਰਾਜੀ, ਲਛਮਣ ਸਿੰਘ ਮੂਲੇਵਾਲਾ, ਤਜਿੰਦਰਪਾਲ ਜਿੰਦਲ, ਮੋਹਨਜੀਤ ਸਿੰਘ ਧਲਿਓ, ਡਾ. ਹਰਭਗਵਾਨ ਭੀਖੀ, ਸਰਪੰਚ ਚਰਨਜੀਤ ਸਿੰਘ ਢਿੱਲੋਂ, ਡਾ. ਸੁਖਦਰਸ਼ਨ ਸਿੰਘ ਸੋਨੀ, ਪਰਮਜੀਤ ਸਿੰਘ ਲੈਚੀ ਧਲੇਵਾਂ, ਮਨਜਿੰਦਰ ਸਿੰਘ ਮਨੀ ਗੁੜਥੜੀ, ਕੌਂਸਲਰ ਹਰਪ੍ਰੀਤ ਸਿੰਘ ਚਹਿਲ, ਰਜਿੰਦਰ ਸਿੰਘ ਚਹਿਲ, ਗੁਰਇਕਬਾਲ ਸਿੰਘ ਬਾਲੀ, ਹਰਵਿੰਦਰ ਸਿੰਘ ਧਲੇਵਾਂ, ਕੁਲਸ਼ੇਰ ਸਿੰਘ ਰੂਬਲ, ਸੰਦੀਪ ਮਹਿਤਾ, ਨੀਟਾ ਜੋਸ਼ੀ, ਵਿਨੋਦ ਗਾਂਧੀ, ਪ੍ਰਸ਼ੋਤਮ ਗੋਇਲ ਬਿੱਲੂ, ਧਰਮਵੀਰ ਮਿੰਟਾ, ਹਰਦੀਪ ਸਿੰਘ ਬੂਟਾ, ਲਾਜਪਤ ਰਾਏ ਸ਼ਰਮਾ, ਰਜਨੀਸ਼ ਸ਼ਰਮਾ, ਵਿਵੇਕ ਜੈਨ ਬੱਬੂ, ਕੌਂਸਲਰ ਪ੍ਰੇਮ ਕੁਮਾਰ ਪ੍ਰੇਮਾ, ਨਗਰ ਪੰਚਾਇਤ ਭੀਖੀ ਦੇ ਸਾਬਕਾ ਪ੍ਰਧਾਨ ਵਿਨੋਦ ਕੁਮਾਰ ਸਿੰਗਲਾ, ਐਡਵੋਕੇਟ ਮਨੋਜ ਸਿੰਗਲਾ ਰੌਕੀ ਤੋਂ ਇਲਾਵਾ ਭੀਖੀ ਦੇ ਸਮੂਹ ਪੱਤਰਕਾਰ ਭਾਈਚਾਰੇ ਨੇ ਕਿਹਾ ਕਿ ਜਗਦੇਵ ਸਿੱਧੂ ਇੱਕ ਚੰਗਾ ਇਨਸਾਨ ਹੋਣ ਦੇ ਨਾਲ ਨਾਲ ਹਰ ਇੱਕ ਦੇ ਦੁੱਖ-ਸੁੱਖ ਵਿੱਚ ਖੜਨ ਵਾਲੇ ਵਿਅਕਤੀ ਸਨ।ਉਨ੍ਹਾਂ ਦੇ ਅਕਾਲ ਚਲਾਣੇ ਨਾਲ ਭੀਖੀ ਇਲਾਕੇ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

FEDBANK

## FEDBANK FINANCIAL SERVICES LTD.

Registered Office: Unit No. 1101, 11th Floor, Cignus, Plot No. 71 A, Powai, Paspoli, Mumbai – 400087

**ਅਚੱਲ ਜਾਇਦਾਦਾਂ ਦੀ ਵਿਕਰੀ-ਕਮ-ਨਿਲਾਮੀ ਲਈ ਜਨਤਕ ਸੂਚਨਾ**

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8(6) ਅਤੇ 9(1) ਨਾਲ ਪੜ੍ਹੇ ਜਾਂਦੇ ਸਕਿਉਰਿਟੀਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ-ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ 2002 ਤਹਿਤ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ (ਸਕਿਉਰਡ ਕ੍ਰੈਡਿਟਰ) ਵੱਲੋਂ ਅਚੱਲ ਸਕਿਉਰਡ ਐੱਸਟਸ ਦੀ ਵਿਕਰੀ ਲਈ 30 ਦਿਨਾ ਦਾ ਨੋਟਿਸ। ਨਿਮਨ ਹਸਤਾਖਰੀ ਨੇ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵਜੋਂ ਸਰਫੇਸੀ ਐਕਟ 2002 ਤਹਿਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਲਿਆ ਹੈ।

ਇਸ ਦੁਆਰਾ ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਕੋਲ ਰਹਿਣ/ਚਾਰਜਿਡ ਹੈ, ਜਿਸ ਦਾ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਨੇ ਕਬਜ਼ਾ ਪ੍ਰਾਪਤ ਕਰ ਲਿਆ ਹੈ ਤੇ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਸਕਿਉਰਡ ਕ੍ਰੈਡਿਟਰ ਵੱਲੋਂ ਮੈਸਰਜ਼ ਮੁਲਤਾਨੀ ਆਇਲ ਮਿੱਲ (ਕਰਜ਼ਦਾਰ); ਸ੍ਰੀ ਗਣੇਸ਼ ਮੰਜਾਲ (ਸਹਿ-ਕਰਜ਼ਦਾਰ); ਸ੍ਰੀਮਤੀ ਸੁਮਨ ਮੁੰਜਾਲ (ਸਹਿ-ਕਰਜ਼ਦਾਰ) 12.03.2025 ਨੂੰ ਰੁਪਏ 1, 44, 12, 391.68 (ਇੱਕ ਕਰੋੜ ਚੁਤਾਲੀ ਲੱਖ ਬਾਰਾਂ ਹਜ਼ਾਰ ਤਿੰਨ ਸੌ ਇਕਾਨਵੇਂ ਰੁਪਏ ਅਤੇ ਅਠਾਹਠ ਪੈਸੇ ਕੇਵਲ) ਜੋ ਕਿ ਐੱਫ ਈ ਡੀ ਸੀ ਐੱਚ ਜੀ ਐੱਲ ਏ ਪੀ 0531157 ’ਚ ਰੁਪਏ 1,27,02,867.73/- (ਇੱਕ ਕਰੋੜ ਸਤਾਈ ਲੱਖ ਦੋ ਹਜ਼ਾਰ ਅੱਠ ਸੌ ਸਤਾਹਠ ਰੁਪਏ ਅਤੇ ਤਿਹੱਤਰ ਪੈਸੇ ਕੇਵਲ) ਅਤੇ ਐੱਫ ਈ ਡੀ ਸੀ ਐੱਚ ਜੀ 0 ਬੀ ਐੱਲ 0546753 ’ਚ ਰੁਪਏ 17,09,523.95 (ਸਤਾਰਾਂ ਲੱਖ ਨੌਂ ਹਜ਼ਾਰ ਪੰਜ ਸੌ ਤੇਈ ਰੁਪਏ ਅਤੇ ਪਚਾਨਵੇਂ ਪੈਸੇ ਕੇਵਲ) ਸਮੇਤ ਇਸ ’ਤੇ 13/03/2025 ਤੋਂ ਵਿਆਜ ਅਤੇ ਖਰਚੇ ਦੀ ਵਸੂਲੀ ਲਈ 26/06/2026 ਨੂੰ ਸਵੇਰੇ 10 ਵਜੇ ਤੋਂ 10.30 ਵਜੇ ਤੱਕ “ਜਿਵੇਂ ਹੈ ਜਿੱਥੇ ਹੈ”, “ਜੋ ਵੀ ਹੈ ਜਿਵੇਂ ਹੈ” ਅਤੇ “ਉੱਥੇ ਜੋ ਵੀ ਹੈ” ਦੇ ਅਧਾਰ ’ਤੇ ਵੇਚੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਤਬਾਦਲਾ ਬੈਨਾਮਾ ਨੰ. 2568 ਮਿਤੀ 18.05.2016 ਅਤੇ ਤਬਾਦਲਾ ਬੈਨਾਮਾ 2675 ਮਿਤੀ 20.05.2016 ਅਨੁਸਾਰ ਅਤੇ ਮਾਲੀਆ ਰਿਕਾਰਡ ਅਨੁਸਾਰ (ਇਸ ਤੋਂ ਬਾਅਦ ਜਾਇਦਾਦ ਵਜੋਂ ਜਾਣੀ ਜਾਵੇਗੀ) ਸ੍ਰੀ ਗਣੇਸ਼ ਮੁੰਜਾਲ ਪੁੱਤਰ ਸਵ. ਸ੍ਰੀ ਸਤਪਾਲ ਦੇ ਨਾਂਅ ਜਾਇਦਾਦ ਪਲਾਟ ਨੰ. 79, ਸੈਫਾਬਾਦੀ ਗੇਟ, ਪਟਿਆਲਾ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ, ਖੇਤਰ ਰਕਬਾ 0-5 ਬਿਸਵਾਸੀ ਜੋ ਕਿ 266.66 ਵਰਗ ਗਜ਼, ਖੇਵਟ/ਖਤੌਨੀ ਨੰ., 896/1704 ਤੋਂ 1712, ਖਸਰਾ ਨੰ. 1624 (0-7-15.00), 1624 ਮਿੰਨ (0-6-5.00) 1624 ਮਿੰਨ (0-4-10.00), 1624 ਮਿੰਨ (0-4-15.00), 1624 ਮਿੰਨ (0-5-10.00), 1624 ਮਿੰਨ (0-6-10.00), 1624 ਮਿੰਨ (5-0), 1623 (0-3), 1624 (11-2-15.00), 1624 ਮਿੰਨ (0-3), ਕਿੱਤੇ 10, ਕੁੱਲ ਖੇਤਰ 18 ਬਿਘੇ 4 ਬਿਸਵਾ ’ਚੋਂ 0-5 ਬਿਸਵੇ ਜੋ ਕਿ 266.66 ਵਰਗ ਗਜ਼। ਵਿਚਾਰ ਅਧੀਨ ਜਾਇਦਾਦ ਦੇ ਤਬਾਦਲੇ ਅਨੁਸਾਰ ਹੱਦਾਂ : ਪੂਰਬ : ਸੜਕ, ਬਾਹੀ 32’, ਪੱਛਮ : ਪਲਾਟ ਦਾ ਮਾਲਕ, ਬਾਹੀ 32’, ਉੱਤਰ : ਖਾਲੀ ਪਲਾਟ, ਬਾਹੀ 74’, ਦੱਖਣ : ਪਲਾਟ ਦਾ ਮਾਲਕ ਬਾਹੀ 76’

| | |
|---|---|
| ਰਾਖਵੀਂ ਕੀਮਤ (ਰੁਪਏ ’ਚ) | ਰੁਪਏ 1,80,00,000/- (ਇੱਕ ਕਰੋੜ ਅੱਸੀ ਲੱਖ ਰੁਪਏ ਕੇਵਲ) |
| ਰਕਮ ਬਿਆਨਾ ਜਮ੍ਹਾਂ (ਰੁਪਏ ’ਚ) ‘ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ’ ਦੇ ਪੱਖ ’ਚ ਡੀ ਡੀ/ਪੀ ਓ/ਆਰ ਟੀ ਜੀ ਐੱਸ ਰਾਹੀਂ। | ਰੁਪਏ 18,00,000/- (ਅਠਾਰਾਂ ਲੱਖ ਰੁਪਏ ਕੇਵਲ) |
| ਬੋਲੀ ਵਾਧਾ ਰਕਮ | ਰੁਪਏ 50,000/- (ਪੰਜਾਹ ਹਜ਼ਾਰ ਰੁਪਏ ਕੇਵਲ) |
| ਮੋਹਰਬੰਦ ਪੇਸ਼ਕਸ਼/ਟੈਂਡਰ ਸਮੇਤ ਈ ਐੱਮ ਡੀ ਸਮੇਤ ਬੋਲੀਆਂ ਜਮ੍ਹਾਂ ਕਰਨ ਲਈ ਬੋਲੀ ਵਾਧਾ ਰਕਮ ਦੀ ਅੰਤਮ ਮਿਤੀ, ਸਮਾਂ ਅਤੇ ਸਥਾਨ | ਐੱਸ ਸੀ ਓ 78-79, ਪਹਿਲੀ ਮੰਜ਼ਲ, ਸੈਕਟਰ 8 ਸੀ, ਮੱਧਿਆ ਮਾਰਗ, ਸੈਕਟਰ 26, ਚੰਡੀਗੜ੍ਹ-160009, ਭਾਰਤ ਵਿਖੇ 25 ਜੂਨ 2026 ਨੂੰ ਸ਼ਾਮ 5.00 ਵਜੇ ਤੱਕ |
| ਜਾਇਦਾਦਾਂ ਦਾ ਨਿਰੀਖਣ | 19 ਜੂਨ 2026 ਨੂੰ ਸ਼ਾਮ 5.00 ਵਜੇ ਤੋਂ ਪਹਿਲਾਂ |
| ਸਫਲ ਬੋਲੀਕਾਰ ਦੀ ਪੁਸ਼ਟੀ ਲਈ ਉਚਤਮ ਬੋਲੀ ਨੂੰ ਸਵੀਕਾਰ ਕਰਨ ਲਈ 25% ਦੇ ਭੁਗਤਾਨ ਲਈ ਅੰਤਮ ਮਿਤੀ (ਈ ਐੱਮ ਡੀ ਸਮੇਤ) | ਬੋਲੀ ਦੀ ਪੁਸ਼ਟੀ ਮਿਤੀ ਤੋਂ ਅਗਲੇ ਕੰਮਕਾਜ ਵਾਲੇ ਦਿਨ ਅਦਾਇਗੀ ਹੋਣੀ ਚਾਹੀਦੀ |
| ਉਚਤਮ ਬੋਲੀ ਦੀ 75% ਬਕਾਇਆ ਰਕਮ ਦੀ ਅਦਾਇਗੀ ਦੀ ਅੰਤਮ ਮਿਤੀ | ਬੋਲੀ ਪੁਸ਼ਟੀ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ |

ਵਿਕਰੀ ਦੇ ਨਿਯਮ ਅਤੇ ਸ਼ਰਤਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ (ਫੈਡਫਿਨਾ) ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.fedfina.com ਅਤੇ https://www.fedfina.com/public-notice-for-auction-cum-sale/under Action ਦੇ ਲਿੰਕ ਦਾ ਹਵਾਲਾ ਲਿਆ ਜਾ ਸਕਦਾ ਹੈ। ਕਿਸੇ ਪੁੱਛਗਿੱਛ, ਜਾਣਕਾਰੀ, ਸਹਿਯੋਗ, ਪ੍ਰਕਿਰਿਆ ਅਤੇ ਸਿਖਲਾਈ ਲਈ ਕਿਰਪਾ ਕਰਕੇ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਦੇ ਅਧਿਕਾਰਤ ਅਫਸਰ ਸ੍ਰੀ ਦਕਸ਼ ਕਵਾਤੜਾ -9999499043 ਈ ਮੇਲ ਆਈ ਡੀ daksh.kwatra@fedfina.com ’ਤੇ ਸੰਪਰਕ ਕੀਤਾ ਜਾ ਸਕਦਾ ਹੈ।

ਸਥਾਨ : ਪੰਜਾਬ
ਮਿਤੀ : 26.05.2026

ਸਹੀ/-
ਅਧਿਕਾਰਤ ਅਫਸਰ
ਵਾਸਤੇ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ

# ਸੰਯੁਕਤ ਕਿਸਾਨ ਮੋਰਚੇ ਨੇ ਵਿਧਾਇਕ ਕੁਲਜੀਤ ਰੰਧਾਵਾ ਦਾ ਪੁਤਲਾ ਫੂਕਿਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਲਾਲੜੂ ਦੇ ਦੱਪਰ ਟੋਲ ਪਲਾਜ਼ਾ ਵਿਖੇ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੇ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਦਿਆਂ ਉਨ੍ਹਾਂ ਦਾ ਪੁਤਲਾ ਫੂਕਿਆ ਗਿਆ। ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਬਲਾਕ ਡੇਰਾਬੱਸੀ ਤੇ ਕੁੱਲ ਹਿੰਦ ਕਿਸਾਨ ਸਭਾ ਡੇਰਾਬੱਸੀ ਵੱਲੋਂ ਸੂਬਾ ਮੀਤ ਪ੍ਰਧਾਨ ਸਰਦਾਰ ਮਨਪ੍ਰੀਤ ਸਿੰਘ ਅਮਲਾਲਾ ਅਤੇ ਗੁਰਵਿੰਦਰ ਸਿੰਘ ਚੌਂਦਹੇੜੀ ਦੀ ਸਾਂਝੀ ਅਗਵਾਈ ਹੇਠ ਇਕੱਠੇ ਹੋਏ ਸੈਂਕੜੇ ਕਿਸਾਨਾਂ ਨੇ ਹਲਕਾ ਵਿਧਾਇਕ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਕਿਸਾਨ ਆਗੂਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਐੱਸ ਡੀ ਐੱਮ ਦਫ਼ਤਰ ਡੇਰਾਬੱਸੀ ਨਜ਼ਦੀਕ ਐੱਮ ਸੀ ਉਮੀਦਵਾਰਾਂ ਦੇ ਪੇਪਰ ਭਰਨ ਸਮੇਂ ਇੱਕ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਸਾਨ ਆਗੂਆਂ ਪ੍ਰਤੀ ਅਪਮਾਨਜਨਕ ਸ਼ਬਦਾਵਲੀ ਵਰਤੀ ਸੀ।ਪੁਤਲਾ ਫੂਕਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੂਬਾ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਅਮਲਾਲਾ ਅਤੇ ਬਲਾਕ ਪ੍ਰਧਾਨ ਗੁਰਵਿੰਦਰ ਸਿੰਘ ਚੌਂਦਹੇੜੀ ਨੇ ਕਿਹਾ ਕਿ ਵਿਧਾਇਕ ਰੰਧਾਵਾ ਭੱਦੀ ਸ਼ਬਦਾਵਲੀ ਬੋਲਣ ਦੇ ਆਦੀ ਹੋ ਚੁੱਕੇ ਹਨ। ਦੇਸ਼ ਦੀ ਰੀੜ੍ਹ ਦੀ ਹੱਡੀ ਕਹਾਉਣ ਵਾਲੇ ਅੰਨਦਾਤੇ ਪ੍ਰਤੀ ਅਜਿਹੀ ਬਿਆਨਬਾਜ਼ੀ ਅਤਿ ਨਿੰਦਣਯੋਗ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਭਵਿੱਖ ਵਿੱਚ ਕਿਸਾਨਾਂ ਖ਼ਿਲਾਫ਼ ਅਜਿਹੀ ਭਾਸ਼ਾ ਵਰਤੀ ਗਈ ਤਾਂ ਤਿੱਖਾ ਐਕਸ਼ਨ ਲਿਆ ਜਾਵੇਗਾ, ਜਿਸ ਦਾ ਖ਼ਾਮਿਆਜ਼ਾ ਸਰਕਾਰ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੱਕ ਭੁਗਤਣਾ ਪਵੇਗਾ।ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਤੋਂ ਮੰਗ ਕੀਤੀ ਕਿ ਕਿਸਾਨਾਂ ਦਾ ਅਪਮਾਨ ਕਰਨ ਵਾਲੇ ਹਲਕਾ ਵਿਧਾਇਕ ਖ਼ਿਲਾਫ਼ ਤੁਰੰਤ ਸਖ਼ਤ ਕਾਰਵਾਈ ਕੀਤੀ ਜਾਵੇ।



ਜਥੇਬੰਦੀਆਂ ਨੇ ਐਲਾਨ ਕੀਤਾ ਕਿ ਜੇਕਰ ਵਿਧਾਇਕ ਰੰਧਾਵਾ ਨੇ ਜਨਤਕ ਤੌਰ 'ਤੇ ਲੋਕਾਂ ਦੇ ਸਨਮੁੱਖ ਆ ਕੇ ਆਪਣੀ ਗਲਤੀ ਦੀ ਮੁਆਫ਼ੀ ਨਾ ਮੰਗੀ, ਤਾਂ ਆਉਣ ਵਾਲੀ 28 ਮਈ ਨੂੰ ਡੇਰਾਬੱਸੀ ਬੱਸ ਸਟੈਂਡ 'ਤੇ ਇੱਕ ਵਿਸ਼ਾਲ ਇਕੱਠ ਕਰਕੇ ਵਿਧਾਇਕ ਦਾ ਦੁਬਾਰਾ ਪੁਤਲਾ ਫੂਕਿਆ ਜਾਵੇਗਾ।ਇਸ ਰੋਸ ਪ੍ਰਦਰਸ਼ਨ ਵਿੱਚ ਰਣਜੀਤ ਸਿੰਘ ਰਾਣਾ (ਬਲਾਕ ਪ੍ਰਧਾਨ, ਬੀ ਕੇ ਯੂ ਲੱਖੋਵਾਲ ਡੇਰਾਬੱਸੀ), ਵਿਨੋਦ ਚੁਗ (ਮੀਤ ਪ੍ਰਧਾਨ, ਪੰਜਾਬ ਏਟਕ), ਬਲਜੀਤ ਸਿੰਘ ਭਾਊ, ਜਗਤਾਰ ਸਿੰਘ ਝਰਮੜੀ, ਕੁਲਦੀਪ ਸਿੰਘ ਸਰਸੀਣੀ, ਹਰੀ ਸਿੰਘ ਬੋਹੋੜਾ, ਹਰੀ ਸਿੰਘ ਚਡਿਆਲਾ, ਨਾਨੂ ਸਿੰਘ ਜਨੇਤਪੁਰ, ਗੁਰਪ੍ਰੀਤ ਸਿੰਘ, ਨਿਰਮਲ ਸਿੰਘ, ਅਵਤਾਰ ਸਿੰਘ ਨਾਭਾ ਸਾਹਿਬ, ਜਿੰਦਰ ਸਿੰਘ, ਜਗਦੇਵ ਸਿੰਘ ਤੁਸੀਂਬਲੀ, ਬਲਵੀਰ ਸਿੰਘ ਅਮਲਾਲਾ, ਅਵਤਾਰ ਸਿੰਘ ਜਵਾਹਰਪੁਰ, ਸੁਰਿੰਦਰ ਸਿੰਘ, ਬਲਵਿੰਦਰ ਸਿੰਘ ਜੜੌਤ, ਅਵਤਾਰ ਸਿੰਘ ਦੱਪਰ ਆਗੂ ਕੁੱਲ ਹਿੰਦ ਕਿਸਾਨ ਸਭਾ,ਪਰਵਿੰਦਰ ਸਿੰਘ ਜੌਲਾ ਖੁਰਦ, ਬਖਸ਼ੀਸ਼ ਸਿੰਘ ਭੱਟੀ, ਹਰਪਾਲ ਸਿੰਘ, ਸੁਰਜਨ ਸਿੰਘ ਚੌਂਦਹੇੜੀ, ਮੋਹਨ ਸਿੰਘ ਕਸੌਲੀ, ਬੇਅੰਤ ਸਿੰਘ ਬਸੌਲੀ, ਪਰਮਜੀਤ ਸਿੰਘ ਬਸੌਲੀ, ਭਾਗ ਸਿੰਘ ਖੇੜੀ, ਕੇਹਰ ਸਿੰਘ ਚਡਿਆਲਾ, ਦਰਬਾਰਾ ਸਿੰਘ ਹਸਨਪੁਰ ਅਤੇ ਗੁਰਪਾਲ ਸਿੰਘ ਦੱਪਰ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਪੈਟਰੋਲ ਦੇ ਰੇਟ 'ਚ ਵਾਧਾ ਸਰਕਾਰ ਦੀਆਂ ਗਲਤ ਨੀਤੀਆਂ ਦਾ ਸਿੱਟਾ : ਰਾਣਾ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ ਰਾਮ ਲਾਲ)**

ਪਿਛਲੇ ਦਸ ਦਿਨਾਂ ਵਿੱਚ ਲਗਾਤਾਰ ਡੀਜ਼ਲ ਪੈਟਰੋਲ ਦੇ ਰੇਟਾਂ ਵਿੱਚ ਵਾਧਾ ਕਰਕੇ ਦੇਸ਼ ਦੇ ਲੋਕਾਂ ਤੇ ਲਗਾਤਾਰ ਆਰਥਿਕ ਬੋਝ ਪਾਇਆ ਜਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਨ ਸਿੰਘ ਰਾਣਾ ਸੂਬਾਈ ਆਗੂ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮਚ ਨੇ ਪਿੰਡ ਰੱਤੇਵਾਲ ਵਿਖੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਹਨਾਂ ਕਿਹਾ ਕਿ ਤੇਲ ਰੇਟਾਂ ਵਿੱਚ ਕੀਤੇ ਵਾਧੇ ਦਾ ਹਰ ਚੀਜ਼ ਦੀ ਮਹਿੰਗਾਈ ਤੇ ਅਸਰ ਹੋਣਾ ਸ਼ੁਰੂ ਹੋ ਗਿਆ ਹੈ। ਉਹਨਾਂ ਚਿੰਤਾ ਪ੍ਰਗਟ ਕੀਤੀ ਕੇ ਤੇਲ ਦੇ ਇਸ ਵਾਧੇ ਨੂੰ ਜਾਇਜ਼ ਠਹਿਰਾਉਣ ਲਈ ਕੇਂਦਰੀ ਹਕੂਮਤ ਝੂਠੇ ਅਤੇ ਬੇਬੁਨਿਆਦ ਕਾਰਣ ਦੱਸ ਕੇ ਲੋਕਾਂ ਨੂੰ ਗੁਮਰਾਹ ਕਰ ਰਹੀ ਹੈ। ਜਦ ਕੇ ਇਸ ਵਾਧੇ ਦਾ ਸਹੀ ਅਤੇ ਠੋਸ ਕਾਰਨ ਕੇਂਦਰ ਸਰਕਾਰ ਦੀ ਵਿਦੇਸ਼ ਅਤੇ ਵਪਾਰ ਨੀਤੀ ਦਾ ਫੇਲ ਹੋਣਾ ਹੈ। ਅਮਰੀਕਨ ਸਾਮਰਾਜ ਨਾਲ ਬੇਲੋੜੀ ਨੇੜਤਾ, ਨਿਰਭਰਤਾ ਗੁੱਟ ਨਿਰਲੇਪਤਾ ਦੀ ਨੀਤੀ ਨੂੰ ਛੱਡਣਾ, ਪਿਛਲੇ ਚਾਰ ਸਾਲਾਂ ਤੋਂ ਦੇਸੀ ਅਤੇ ਵਿਦੇਸ਼ੀ ਪੂੰਜੀ ਦਾ ਲਗਾਤਾਰ ਦੇਸ਼ ਤੋਂ ਬਾਹਰ ਜਾਣਾ ਮਹਿੰਗਾਈ ਅਤੇ ਡੀਜ਼ਲ ਪੈਟਰੋਲ ਰਸੋਈ ਗੈਸ ਅਤੇ ਖਾਦਾਂ ਦੀ ਕਮੀ ਲਈ ਮੁੱਖ ਕਾਰਨ ਹਨ। ਉਹਨਾਂ ਕਿਹਾ ਕਿ ਜੇ ਅਜਿਹੇ ਹਾਲਾਤ ਬਣੇ ਰਹੇ ਤਾਂ ਦੇਸ਼ ਵਿੱਚ



ਖੇਤੀ ਦੀ ਪੈਦਾਵਾਰ ਵਿੱਚ ਬੇਹਿਸਾਬ ਕਮੀ ਆਵੇਗੀ ਅਤੇ ਅਨ ਸੰਕਟ ਪੈਦਾ ਹੋ ਜਾਵੇਗਾ। ਉਹਨਾਂ ਮੰਗ ਕੀਤੀ ਕਿ ਤੇਜੀ ਨਾਲ ਵੱਧ ਰਹੀ ਮਹਿੰਗਾਈ ਤੇ ਕਾਬੂ ਪਾਉਣ ਲਈ ਠੋਸ ਬੰਦੋਬਸਤ ਕੀਤੇ ਜਾਣ ਅਤੇ ਡੀਜ਼ਲ , ਪੈਟਰੋਲ, ਰਸੋਈ ਗੈਸ ਅਤੇ ਖੇਤੀ ਲਈ ਖਾਦਾਂ ਦਾ ਆਮ ਲੋਕਾਂ ਨੂੰ ਸਸਤੇ ਭਾਅ ਤੇ ਮਿਲਣਾ ਯਕੀਨੀ ਬਣਾਇਆ ਜਾਵੇ। ਉਨਾਂ ਨਾਲ ਕਰਨੈਲ ਸਿੰਘ ਭੱਲਾ, ਮਨੋਹਰ ਲਾਲ ਰਤਿਆ ਤੇ ਅਜੇ ਕੁਮਾਰ ਰਤਿਆ ਵੀ ਹਾਜ਼ਰ ਸਨ।

# ਚੋਣ ਪ੍ਰਕਿਰਿਆ ਲਈ ਪੋਲਿੰਗ ਪਾਰਟੀਆਂ ਰਵਾਨਾ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਦਿੱਤੇ ਗਏ ਚੋਣ ਪ੍ਰੋਗਰਾਮ ਅਨੁਸਾਰ ਨਗਰ ਕੌਂਸਲ ਟਾਂਡਾ ਦੇ 15 ਵਾਰਡਾਂ ਦੀ ਚੋਣ ਕਰਾਉਣ ਵਾਸਤੇ ਸਕੂਲ ਆਫ ਐਮੀਨੈਂਸ ਟਾਂਡਾ ਤੋਂ ਪੋਲਿੰਗ ਪਾਰਟੀਆਂ ਰਵਾਨਾ ਹੋਈਆਂ।ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕਮ ਜ਼ਿਲ੍ਹਾ ਚੋਣ ਅਫਸਰ ਆਸ਼ਿਕਾ ਜੈਨ ਦੇ ਦਿਸ਼ਾ ਨਿਰਦੇਸ਼ਾਂ ਤੇ ਐੱਸ ਡੀ ਐੱਮ ਕਮ ਚੋਣ ਇੰਚਾਰਜ ਟਾਂਡਾ ਲਵਪ੍ਰੀਤ ਸਿੰਘ ਔਲਖ ਨੇ ਪੋਲਿੰਗ ਪਾਰਟੀਆਂ ਨੂੰ ਰਵਾਨਾ ਕੀਤਾ।ਉਹਨਾਂ ਗੱਲਬਾਤ ਦੌਰਾਨ ਦੱਸਿਆ ਕਿ ਟਾਂਡਾ ਦੇ 15 ਵਾਰਡਾਂ ਲਈ ਸਵੇਰੇ 8 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤੱਕ ਵੈਲਟ ਪੇਪਰ ਰਾਹੀਂ ਵੋਟਾਂ ਪੈਣਗੀਆਂ ਜਿਸ ਤੇ ਸਮੁੱਚੀ ਤਿਆਰੀ ਕੀਤੀ ਗਈ ਹੈ।ਉਹਨਾਂ ਦੱਸਿਆ ਕਿ ਇਸ ਚੋਣ ਪ੍ਰੋਗਰਾਮ ਵਿੱਚ ਟਾਂਡਾ ਸ਼ਹਿਰ ਦੇ ਕਰੀਬ 19,147 ਵੋਟਰ ਬਣਾਏ ਗਏ 22 ਪੋਲਿੰਗ ਬੂਥਾਂ ਤੇ ਆਪਣੇ ਵੋਟ ਪਾਉਣ ਦੇ ਹੱਕ ਦਾ ਇਸਤੇਮਾਲ ਕਰਨਗੇ।ਉਹਨਾਂ ਹੋਰ ਦੱਸਿਆ ਕਿ ਮੌਜੂਦਾ ਸਮੇਂ ਦੌਰਾਨ ਵੱਖ-ਵੱਖ ਸਿਆਸੀ ਪਾਰਟੀਆਂ ਦੇ ਕੁੱਲ 46 ਉਮੀਦਵਾਰ ਆਪਣੀ ਕਿਸਮਤ ਅਜਮਾ ਰਹੇ ਹਨ। ਉਹਨਾਂ ਦੱਸਿਆ ਕਿ ਵੋਟਾਂ ਪੈਣ ਉਪਰੰਤ ਵੈਲਥ ਪੇਪਰ ਵਾਕਸ ਸਕੂਲ ਆਫ ਐਮੀਨੈਂਸ ਟਾਂਡਾ ਵਿੱਚ ਬਣਾਏ ਗਏ ਗਿਣਤੀ ਖੇਤਰ ਵਿੱਚ ਕੇਂਦਰ ਵਿੱਚ ਜਮਾ ਕੀਤੇ ਜਾਣਗੇ ਅਤੇ 29 ਮਈ ਨੂੰ ਵੋਟਾਂ ਦੀ ਗਿਣਤੀ ਹੋਵੇਗੀ ਤੇ ਦੁਪਹਿਰ ਬਾਅਦ ਨਤੀਜੇ ਆਉਣ ਦੀ ਸੰਭਾਵਨਾ ਹੈ।ਇਸ ਮੌਕੇ ਐੱਸ ਡੀ ਐੱਮ ਕਮ ਚੋਣ ਅਫਸਰ ਟਾਂਡਾ ਲਵਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਚੋਣ ਪ੍ਰਕਿਰਿਆ ਦੌਰਾਨ ਗੌਰਮੈਂਟ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਅਹੀਆਪੁਰ, ਬਾਲੀ ਸੋਂਧੀ ਮੈਮੋਰੀਅਲ ਡੀ.ਏ.ਵੀ ਸਕੂਲ ਉੜਮੁੜ, ਸਰਕਾਰੀ ਐਲੀਮੈਂਟਰੀ ਸਕੂਲ ਉੜਮੁੜ ਕੇ, ਬੀ ਡੀ ਪੀ ਓ ਦਫਤਰ ਟਾਂਡਾ, ਡੀ ਏ ਵੀ ਸਕੂਲ ਨੇੜੇ ਬਿਜਲੀ ਕਾ ਟਾਂਡਾ, ਗੌਰਮੈਂਟ ਐਲੀਮੈਂਟਰੀ ਸਕੂਲ ਦਸ਼ਮੇਸ਼ ਨਗਰ ਟਾਂਡਾ ,ਗੌਰਮੈਂਟ ਐਲੀਮੈਂਟਰੀ ਸਕੂਲ ਨਿੰਮ ਵਾਲਾ ਸਕੂਲ, ਗੌਰਮੈਂਟ ਐਲੀਮੈਂਟਰੀ ਸਕੂਲ ਦਾਰਾਪੁਰ, ਗੌਰਮੈਂਟ ਐਲੀਮੈਂਟਰੀ ਸਕੂਲ ਡਾਲਾ ਟਾਂਡਾ, ਗੌਰਮੈਂਟ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਟਾਂਡਾ ਵਿਖੇ ਵੋਟਾਂ ਪਾਈਆਂ ਜਾਣਗੀਆਂ।

# ਬੇਸਹਾਰਾ ਕੁੱਤਿਆਂ ਨੂੰ ਮਾਰਨ ਦੀ ਬਜਾਏ ਇਨ੍ਹਾਂ ਦੀ ਸੰਭਾਲ ਕਰਨ ਦੀ ਲੋੜ : ਅਮਰੀਕ ਸਿੰਘ ਹੈਪੀ




**ਚੰਡੀਗੜ੍ਹ (ਸੁਰਜੀਤ ਸੁਮਨ)**

ਅਸੀਂ ਸਭ ਜਾਣਦੇ ਹਨ ਕਿ ਕੁੱਤਾ ਪਾਲਤੂ ਜਾਨਵਰ ਹੈ। ਇਹ ਮੁੱਢ ਕਦੀਮ ਤੋਂ ਹੀ ਮਨੁੱਖ ਦੇ ਦੋਸਤ ਦੇ ਰੂਪ ਵਿੱਚ ਇੱਕ ਵਫਾਦਾਰ ਵਾਂਗ ਵਿਚਰਿਆ ਹੈ। ਇਹ ਬਿਨਾਂ ਸ਼ਰਤ ਪਿਆਰ ਦਿੰਦੇ ਹਨ ਤੇ ਬਦਲੇ ਵਿੱਚ ਕੁਝ ਨਹੀਂ ਮੰਗਦੇ।ਬੇਸਹਾਰਾ ਕੁੱਤਿਆਂ ਨੂੰ ਮਾਰਨਾ ਕੋਈ ਇਸ ਦਾ ਕੋਈ ਹੱਲ ਨਹੀਂ ਹੈ। ਸਾਨੂੰ ਉਨ੍ਹਾਂ ਦੀ ਦਾ ਇਲਾਜ ਅਤੇ ਰੱਖਿਆ ਕਰਨੀ ਚਾਹੀਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਅਮਰੀਕ ਸਿੰਘ ਹੈਪੀ ਨੇ ਕਰਦਿਆ ਕਿਹਾ ਕਿ ਇਨਸਾਨੀਅਤ ਉਹੀ ਹੈ, ਜਿਹੜੀ ਬੇਜ਼ੁਬਾਨਾਂ ਦੇ ਕੰਮ ਆਵੇ। ਬੇਸਹਾਰਾ ਕੁੱਤਿਆਂ ਨੂੰ ਮਾਰਨ ਦੀ ਬਜਾਏ ਇਨ੍ਹਾਂ ਦੀ ਸੰਭਾਲ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਸਰਕਾਰ ਵੱਲੋਂ ਜਾਰੀ ਕੀਤੇ ਨਿਰਦੇਸ਼ਾਂ ਤੇ ਇਤਰਾਜ਼ ਉਠਾਇਆ ਹੈ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਬੇਸਹਾਰਾ ਕੁੱਤੇ ਅਜਿਹੇ ਹਨ, ਜਿਨ੍ਹਾਂ ਨੂੰ ਆਮ ਲੋਕ ਗੋਦ ਲੈਂਦੇ ਹਨ ਅਤੇ ਉਨ੍ਹਾਂ ਦੀ ਦੇਖਭਾਲ ਤੇ ਸਾਂਭ-ਸੰਭਾਲ ਵੀ ਕਰਦੇ ਹਨ। ਉਹ ਖ਼ਤਰਨਾਕ ਨਹੀਂ ਹੁੰਦੇ, ਹਾਲਾਂਕਿ ਪਿਛਲੇ ਦਿਨੀਂ ਅਜਿਹੇ ਮਾਮਲੇ ਵੀ ਸਾਹਮਣੇ ਆਏ ਹਨ, ਜਿੱਥੇ ਕੁੱਤਿਆਂ ਵੱਲੋਂ ਬੱਚਿਆਂ, ਬੁੱਢਿਆਂ ਅਤੇ ਰਾਹਗੀਰਾਂ ਉੱਤੇ ਹਮਲੇ ਕਰਕੇ ਉਨ੍ਹਾਂ ਨੂੰ ਜ਼ਖ਼ਮੀ ਕਰ ਦਿੱਤਾ ਜਾਂਦਾ ਹੈ। ਉਂਝ ਸਥਾਨਕ ਵਾਸੀ ਗਲੀ ਦੇ ਕੁੱਤਿਆਂ ਦੇ ਸੁਭਾਅ ਤੋਂ ਚੰਗੀ ਤਰ੍ਹਾਂ ਜਾਣੂ ਹੁੰਦੇ ਹਨ। ਉਨ੍ਹਾਂ ਨਿਰਦਈ ਕੁੱਤਿਆਂ ਵੱਲੋਂ ਬੱਚਿਆਂ, ਬਜ਼ੁਰਗਾਂ ਅਤੇ ਹੋਰ ਰਾਹਗੀਰਾਂ ਨੂੰ ਵੱਢੇ ਜਾਣ ਬਾਰੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਨੂੰ ਅਜਿਹੇ ਕੁੱਤਿਆਂ ਦਾ ਇਲਾਜ ਕਰਦੇ ਹੋਏ ਉਨ੍ਹਾਂ ਦੇ ਰਹਿਣ ਲਈ ਸ਼ੈਲਟਰ ਬਣਾਉਣ ਦੇ ਪ੍ਰਬੰਧ ਕਰਨੇ ਚਾਹੀਦੇ ਹਨ। ਬੇਸਹਾਰਾ ਕੁੱਤਿਆਂ ਨੂੰ ਮਾਰ ਮੁਕਾਉਣਾ ਇਸ ਦਾ ਹੱਲ ਨਹੀਂ ਹੈ।

# ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ



**ਬੰਗਾ (ਅਵਤਾਰ ਕਲੇਰ)**

ਪੰਜਾਬਪੈਨਸ਼ਨਰ ਯੂਨੀਅਨ ਦੀ ਮੀਟਿੰਗ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਨਵਾਂਸ਼ਹਿਰ ਵਿਖੇ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਬਲਬੀਰ ਸਿੰਘ ਮਹਿਤਪੁਰੀ ਤੇ ਦਸੁੰਦਾ ਸਿੰਘ ਵੱਲੋਂ ਕੀਤੀ ਗਈ। ਮੀਟਿੰਗ ਵਿੱਚ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਸਰਕਾਰ ਆਪਣੇ ਵਾਅਦੇ ਮੁਤਾਬਕ ਕੱਚੇ ਆਊਟ ਸੋਰਸ ਠੇਕਾ ਆਧਾਰਤ ਅਧੀਨ ਕੰਮ ਕਰਦਿਆਂ ਵਰਕਰਾਂ ਨੂੰ ਰੈਗੂਲਰ ਕਰੇ। ਵੱਖ ਵੱਖ ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਵਿੱਚ ਖਾਲੀ ਪਈਆਂ ਅਸਾਮੀਆਂ ਨੂੰ ਤੁਰੰਤ ਪੂਰੀਆਂ ਤਨਖਾਹਾਂ ਅਤੇ ਭੱਤਿਆਂ ਸਮੇਤ ਭਰਤੀ ਕਰੇ। ਮਾਨਯੋਗ ਹਾਈਕੋਰਟ ਦੇ ਹੁਕਮਾਂ ਮੁਤਾਬਕ ਘੱਟ ਤੋਂ ਘੱਟ ਉਜਰਤ ਵਾਲਾ ਕਾਨੂੰਨ ਲਾਗੂ ਕੀਤਾ ਜਾਵੇ। 2004 ਤੋਂ ਬਾਅਦ ਭਰਤੀ ਕੀਤੇ ਮੁਲਾਜ਼ਮਾਂ ਵਾਸਤੇ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ। ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਲਾਗੂ ਕਰਦੇ ਹੋਏ ਪੈਨਸ਼ਨਾਂ ਦਾ ਦੋ 59 ਦਾ ਗੁਣਾਕ ਲਾਗੂ ਕੀਤਾ ਜਾਵੇ ਅਤੇ ਬੰਦ ਕੀਤੇ ਭੱਤਿਆਂ ਨੂੰ ਤੁਰੰਤ ਬਹਾਲ ਕਰੇ ਪੈਨਸ਼ਨ ਸੇਵਾ ਪੋਰਟਲ ਦੇ ਨਾਂਅ ਤੇ ਜਾਣਕਾਰੀ ਅਪਲੋਡ ਕਰਨ ਦੇ ਨਾਂਅ ਤੇ ਪੈਨਸ਼ਨਰਾਂ ਦੀ ਕੀਤੀ ਜਾ ਰਹੀ ਖੱਜਲ ਖੁਆਰੀਆਂ ਬੰਦ ਕੀਤੀਆਂ ਜਾਣ। ਪੰਜਾਬ ਅੰਦਰ ਕਾਨੂੰਨ ਵਿਵਸਥਾ ਨੂੰ ਠੀਕ ਕੀਤਾ ਜਾਵੇ। ਪੰਜਾਬ ਅੰਦਰ ਠੇਕੇ ਤੇ ਭਰਤੀ ਬੰਦ ਕੀਤੀ ਜਾਵੇ ਅਤੇ ਠੇਕਾ ਆਧਾਰਤ ਕੰਮ ਕਰਦੇ ਕਾਮਿਆਂ ਨੂੰ ਤੁਰੰਤ ਰੈਗੂਲਰ ਕੀਤਾ ਜਾਵੇ। ਪੈਨਸ਼ਨਰਾਂ ਦੇ ਮੈਡੀਕਲ ਬਿੱਲਾਂ ਦਾ ਤੁਰੰਤ ਭੁਗਤਾਨ ਕੀਤਾ ਜਾਵੇ। ਮੀਟਿੰਗ ਵਿੱਚ ਸੁਖਦੇਵ ਸਿੰਘ ਪ੍ਰਧਾਨ ਜਗਤਾਰ ਸਿੰਘ, ਦਸੋਦਾ ਸਿੰਘ, ਬਲਵੀਰ ਸਿੰਘ, ਕਲਿਆਣ ਸਿੰਘ, ਪ੍ਰੇਮ ਸਿੰਘ, ਅਮਰੀਕ ਸਿੰਘ, ਸੁਰਿੰਦਰ ਪਾਲ, ਸੋਹਣ ਸਿੰਘ ਅਤੇ ਹੋਰ ਬਹੁਤ ਸਾਰੇ ਸਾਥੀ ਸ਼ਾਮਲ ਸਨ।

# ਟੈੱਟ ਪਾਸ ਬੇਰੁਜ਼ਗਾਰ ਅਧਿਆਪਕ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**



ਈ ਟੀ ਟੀ ਟੈੱਟ ਪਾਸ ਬੇਰੁਜ਼ਗਾਰ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਈ ਟੀ ਟੀ ਦੀਆਂ ਨਵੀਆਂ ਅਸਾਮੀਆਂ ਦਾ ਇਸ਼ਤਿਹਾਰ ਜਾਰੀ ਕਰਵਾਉਣ ਦੀ ਮੰਗ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਯੂਨੀਅਨ ਦੇ ਸੂਬਾ ਪ੍ਰਧਾਨ ਸੁਨੀਲ ਫਾਜ਼ਿਲਕਾ ਨਾਲ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਈ ਟੀ ਟੀ ਪ੍ਰਾਇਮਰੀ ਦੀਆਂ ਨਵੀਆਂ ਅਸਾਮੀਆਂ ਦੀ ਮੰਗ ਨੂੰ ਲੈ ਕੇ ਪਿੱਛਲੇ ਲਗਭਗ 4 ਸਾਲਾਂ ਤੋਂ ਉਹਨਾਂ ਦੀ ਯੂਨੀਅਨ ਵੱਲੋਂ ਸੰਘਰਸ਼ ਕੀਤਾ ਜਾ ਰਿਹਾ ਹੈ।ਸਰਕਾਰ ਦੀ ਸਿੱਖਿਆ ਕ੍ਰਾਂਤੀ ਅਨੁਸਾਰ ਵੱਡੇ ਪੱਧਰ ਤੇ ਅਧਿਆਪਕਾਂ ਦੀਆਂ ਪਦ ਉੱਨਤੀਆਂ ਵੀ ਹੋਈਆਂ ਹਨ ਬਹੁਤ ਸਾਰੇ ਅਧਿਆਪਕ ਸੇਵਾ ਮੁਕਤ ਵੀ ਹੋਵੇ ਹਨ। ਪ੍ਰੰਤੂ ਉਹਨਾਂ ਸੇਵਾ ਮੁਕਤ ਅਧਿਆਪਕਾਂ ਦੀ ਜਗ੍ਹਾ ਤੇ ਨਵੇਂ ਇਸ਼ਤਿਹਾਰ ਰਾਹੀ ਭਰਤੀ ਨਹੀਂ ਕੀਤੀ ਗਈ।ਵੱਡੇ ਪੱਧਰ ਤੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਸਾਮੀਆਂ ਖਾਲੀ ਪਈਆਂ ਹਨ। ਇਸ ਧਰਨੇ ਵਿੱਚ ਗੌਰਮਿੰਟ ਟੀਚਰ ਯੂਨੀਅਨ ਦੇ ਆਗੂਆਂ ਵੱਲੋਂ ਧਰਨੇ ਦਾ ਸਮਰਥਨ ਕੀਤਾ ਗਿਆ। ਯੂਨੀਅਨ ਆਗੂਆਂ ਵੱਲੋਂ ਮੌਕੇ ਤੇ ਪਹੁੰਚੇ ਪ੍ਰਸ਼ਾਸਨ ਨੂੰ ਆਪਣਾ ਮੰਗ ਪੱਤਰ ਸੌਂਪਿਆ ਅਤੇ ਪ੍ਰਸ਼ਾਸਨ ਵੱਲੋਂ ਯੂਨੀਅਨ ਦੀ ਸਿੱਖਿਆ ਮੰਤਰੀ ਪੰਜਾਬ ਨਾਲ 28 ਮਈ ਦੀ ਮੀਟਿੰਗ ਤਹਿ ਕਰਵਾਈ ਗਈ ਤੇ ਨਾਲ ਹੀ ਉਨ੍ਹਾਂ ਨੇ ਸਿੱਖਿਆ ਮੰਤਰੀ ਪੰਜਾਬ ਨੂੰ ਬੇਨਤੀ ਕੀਤੀ ਕਿ ਜਲਦੀ ਤੋਂ ਜਲਦੀ 18000 ਪੋਸਟਾਂ ਦਾ ਇਸ਼ਤਿਹਾਰ ਜਾਰੀ ਕੀਤਾ ਜਾਵ। ਇਸ ਮੌਕੇ ਯੂਨੀਅਨ ਦੇ ਆਗੂ ਸੁਨੀਲ ਫਾਜ਼ਿਲਕਾ, ਸਲਵਿੰਦਰ ਸਿੰਘ, ਸੰਦੀਪ ਸਿੰਘ, ਰਣਜੀਤ ਸਿੰਘ, ਅੰਕੁਸ਼ ਕੰਬੋਜ਼ ਸਮੇਤ ਵੱਡੀ ਗਿਣਤੀ ਵਿੱਚ ਬੇਰੋਜ਼ਗਾਰ ਅਧਿਆਪਕ ਹਾਜ਼ਰ ਸਨ।

# ਪਾਵਰ ਮੈਨੇਜਮੈਂਟ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖਿਲਾਫ਼ ਧਰਨਾ ਤੇ ਰੋਸ ਰੈਲੀ



**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਜੁਆਇੰਟ ਫੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਮੋਰਿੰਡਾ ਸਬ ਡਵੀਜ਼ਨ ਦੇ ਸਮੂਹ ਬਿਜਲੀ ਕਰਮਚਾਰੀਆਂ ਤੇ ਪੈਨਸ਼ਨਰ ਸਾਥੀਆਂ ਵੱਲੋਂ ਪਾਵਰ ਮੈਨੇਜਮੈਂਟ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਰੋਹ ਭਰਪੂਰ ਧਰਨਾ ਅਤੇ ਰੋਸ ਰੈਲੀ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਕਰਮਚਾਰੀਆਂ ਨੇ ਇਕੱਠੇ ਹੋ ਕੇ ਮੈਨੇਜਮੈਂਟ ਦੀ ਵਾਅਦਾ ਖਿਲਾਫੀ ਅਤੇ ਧੱਕੇਸ਼ਾਹੀ ਵਾਲੇ ਰਵੱਈਏ ਦੀ ਜ਼ੋਰਦਾਰ ਨਿੰਦਾ ਕੀਤੀ।ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਸੁਖਵਿੰਦਰ ਸਿੰਘ ਦੁੱਮਣਾ ਮੈਂਬਰ ਜੁਆਇੰਟ ਫੋਰਮ ਪੰਜਾਬ, ਬਰਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ ਐੱਮ ਐੱਸ ਯੂ, ਸੁਖਜਿੰਦਰ ਸਿੰਘ ਸਰਕਲ ਪ੍ਰਧਾਨ ਰੋਪੜ, ਸਿਮਰਪ੍ਰੀਤ ਸਿੰਘ ਡਿਵੀਜ਼ਨ ਪ੍ਰਧਾਨ ਐਮ ਐਸ ਯੂ, ਭੁਪਿੰਦਰ ਸਿੰਘ ਸਕੱਤਰ ਪੈਨਸ਼ਨਰ ਐਸੋਸੀਏਸ਼ਨ ਖਰੜ ਨੇ ਕਿਹਾ ਕਿ ਪਾਵਰ ਮੈਨੇਜਮੈਂਟ ਲਗਾਤਾਰ ਬਿਜਲੀ ਕਾਮਿਆਂ ਤੇ ਪੈਨਸ਼ਨਰਾਂ ਦੀਆਂ ਵਾਜਿਬ ਮੰਗਾਂ ਨੂੰ ਅਣਡਿੱਠਾ ਕਰ ਰਹੀ ਹੈ। ਮੀਟਿੰਗਾਂ ਵਿੱਚ ਸਹਿਮਤੀਆਂ ਕਰਨ ਦੇ ਬਾਵਜੂਦ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀਂ ਕੀਤੀਆਂ ਜਾ ਰਹੀਆਂ, ਜਿਸ ਕਾਰਨ ਸਮੂਹ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਮੈਨੇਜਮੈਂਟ ਫੀਲਡ ਕਰਮਚਾਰੀਆਂ ਨੂੰ ਬੇਲੋੜਾ ਦਬਾਅ ਪਾ ਕੇ ਹਰਾਸਮੈਂਟ ਕਰ ਰਹੀ ਹੈ ਅਤੇ ਮੋਬਾਈਲ ਫੋਨ ਜਬਰੀ ਥੋਪਣ ਦੀ ਨੀਤੀ ਵੀ ਕਰਮਚਾਰੀਆਂ ਦੀ ਨਿੱਜਤਾ ਉੱਤੇ ਹਮਲਾ ਹੈ। ਇਸ ਤੋਂ ਇਲਾਵਾ ਐਕਸੀਅਨ ਕੁਰਾਲੀ ਵੱਲੋਂ ਮੋਬਾਈਲ ਫੋਨ ਨਾ ਲੈਣ ਤੇ ਬਿਜਲੀ ਕਾਮਿਆਂ ਨੂੰ ਚਾਰਜਸ਼ੀਟ ਕਰਨ ਦਾ ਪੱਤਰ ਜਾਰੀ ਕਰਨ ਤੇ ਨਿਖੇਧੀ ਕੀਤੀ ਗਈ ਤੇ ਚਿਤਾਵਨੀ ਦਿੱਤੀ ਗਈ ਕਿ ਅਜਿਹਾ ਹੋਣ ਤੇ ਤਿੱਖਾ ਸੰਘਰਸ਼ ਕੀਤਾ ਜਾਵੇਗਾ।ਆਗੂਆਂ ਨੇ ਕਿਹਾ ਕਿ ਸਾਂਝੇ ਥੜੇ ਦੀ ਲੀਡਰਸ਼ਿਪ ਵੱਲੋਂ ਚਲਾਇਆ ਜਾ ਰਿਹਾ ਵਰਕ ਟੂ ਰੂਲ ਸੰਘਰਸ਼ ਪੂਰੀ ਮਜ਼ਬੂਤੀ ਨਾਲ ਜਾਰੀ ਰਹੇਗਾ ਅਤੇ 7 ਜੂਨ ਨੂੰ ਸੰਗਰੂਰ ਵਿਖੇ ਹੋਣ ਵਾਲੇ ਵਿਸ਼ਾਲ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੈਨੇਜਮੈਂਟ ਨੇ ਮੰਨੀਆਂ ਹੋਈਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ 16 ਅਤੇ 17 ਜੂਨ ਦੀ ਮੁਕੰਮਲ ਹੜਤਾਲ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ।ਅੰਤ ਵਿੱਚ ਸਮੂਹ ਬਿਜਲੀ ਕਾਮਿਆਂ ਨੇ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਰੋਸ ਰੈਲੀ ਵਿੱਚ ਹਰਮਨਦੀਪ ਕੌਰ, ਮਨਜੀਤ ਕੌਰ, ਸਵਰਨਜੀਤ ਸਿੰਘ, ਗੁਰਨਾਮ ਸਿੰਘ, ਗੁਰਨਿੰਦਰ ਸਿੰਘ, ਸ਼ਿਵਮ, ਜਗਦੀਪ ਸਿੰਘ, ਕਰਮ ਸਿੰਘ, ਜਸਵੀਰ ਸਿੰਘ, ਬਲਜਿੰਦਰ ਸਿੰਘ, ਗੁਰਬਚਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਾਥੀ ਸ਼ਾਮਲ ਹੋਏ।

# ਚੱਬੇਵਾਲ 'ਚ ਸੈਂਕੜੇ ਨੌਜਵਾਨ ਬਸਪਾ 'ਚ ਸ਼ਾਮਲ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਬਹੁਜਨ ਸਮਾਜ ਪਾਰਟੀ ਹਲਕਾ ਚੱਬੇਵਾਲ ਦੇ ਸੰਗਠਨ ਦੇ ਮੈਂਬਰਾਂ ਦੀ ਇਕ ਵਿਸ਼ੇਸ਼ ਮੀਟਿੰਗ ਰਾਜੇਸ਼ ਭੁੰਨੋ ਅਤੇ ਚੰਦਨ ਸਿੰਘ ਦੀ ਯੋਗ ਅਗਵਾਈ ਵਿੱਚ ਹੰਦੋਵਾਲ



ਵਿਖੇ ਹੋਈ। ਇਸ ਮੀਟਿੰਗ ਵਿੱਚ ਮੁੱਖ ਮਹਿਮਾਨ ਵਜੋਂ ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਬਸਪਾ ਹਲਕਾ ਚੱਬੇਵਾਲ ਪੁਹੰਚੇ ਅਤੇ ਉਨ੍ਹਾਂ ਦੇ ਨਾਲ ਰਾਕੇਸ਼ ਕਿਟੀ ਜਿਲਾ ਸਕੱਤਰ ਵਿਸ਼ੇਸ਼ ਤੌਰ ਤੇ ਪੁਹੰਚ। ਇਸ ਮੀਟਿੰਗ ਵਿੱਚ ਸੰਗਠਨ ਨੂੰ ਮਜ਼ਬੂਤ ਕਰਨ ਦੇ ਲਈ ਮੈਂਬਰ ਸਹਿਬਾਨ ਦੇ ਨਾਲ ਵਿਚਾਰ ਚਰਚਾ/ਸਲਾਹ ਕੀਤੀ ਗਈ। ਬਸਪਾ ਹਲਕਾ ਚੱਬੇਵਾਲ ਦੀ ਟੀਮ ਦੇ ਮੈਂਬਰਾਂ ਨੇ ਵਿਚਾਰ ਚਰਚਾ ਕੀਤੀ ਕਿ ਹਲਕੇ ਦੇ ਹਰ ਪਿੰਡ ਦੇ ਸਾਥੀਆਂਨਾਲ ਰਾਬਤਾ ਬਣਾ ਕੇ ਪਿੰਡ ਪਿੰਡ ਮੀਟਿੰਗਾ ਕਰਕੇ ਬਸਪਾ ਦੀ ਪੰਜਾਬ ਸੰਭਾਲੋ ਮੁਹਿਮ ਦੀਆ ਨੀਤੀਆਂ ਨੂੰ ਹਰ ਪਿੰਡ ਤੇ ਹਰ ਘਰ ਤੱਕ ਪੁਹੰਚਾਇਆ ਜਾਵੇਗਾ। ਹਲਕਾ ਚੱਬੇਵਾਲ ਦੇ ਵਿਚ ਲਗਾਤਾਰ ਮੀਟਿੰਗਾਂ ਕਰਕੇ ਸੰਗਠਨ ਨੂੰ ਮਜ਼ਬੂਤ ਕੀਤਾ ਜਾਵੇਗਾ। ਇਸ ਮੌਕੇ ਮੀਟਿੰਗ ਵਿੱਚ ਹਾਜ਼ਰ ਵੱਡੀ ਗਿਣਤੀ ਨੌਜਵਾਨਾਂ ਨੇ ਬਸਪਾ ਦੀ ਪੰਜਾਬ ਸੰਭਾਲੋ ਮੁਹਿਮ ਦੀਆ ਨੀਤੀਆਂ ਤੋਂ ਖੁਸ਼ ਹੋ ਕੇ ਬਸਪਾ ਵਿਚ ਸ਼ਾਮਿਲ ਹੋਣ ਲਈ ਇੱਛਾ ਜ਼ਾਹਿਰ ਕੀਤੀ ਤੇ ਇਸ ਮੌਕੇ ਐਡਵੋਕੇਟ ਪਲਵਿੰਦਰ ਮਾਨਾ ਨੇ ਨੌਜਵਾਨਾਂ ਨੂੰ ਸਨਮਾਨ ਸਹਿਤ ਬਸਪਾ ਦਾ ਸਿਰਪਾਓ ਪਾ ਕੇ ਬਸਪਾ ਵਿਚ ਸ਼ਾਮਿਲ ਕੀਤਾ। ਇਸ ਦੌਰਾਨ ਐਡਵੋਕੇਟ ਪਲਵਿੰਦਰ ਮਾਨਾ ਨੇ ਦਸਿਆ ਕਿ ਹਲਕਾ ਚੱਬੇਵਾਲ ਵਿੱਚ ਸੈਂਕੜੇ ਹੀ ਨੌਜਵਾਨ ਆਪ ਤੇ ਕਾਂਗਰਸ ਤੇ ਹੋਰ ਪਾਰਟੀਆਂ ਨੂੰ ਛੱਡ ਕੇ ਬਸਪਾ ਵਿਚ ਸ਼ਾਮਿਲ ਹੋ ਚੁੱਕੇ ਹਨ। ਇਸ ਮੌਕੇ ਹਾਜ਼ਰ ਸਾਥੀਆ ਵਿਚ ਵਿਕੀ ਬੰਗਾ, ਬਲਵੰਤ ਸਹਿਗਲ, ਰਾਜੇਸ਼ ਭੁੰਨੋ, ਚਰਣਜੀਤ ਬਾਹੋਵਾਲ, ਰੂਪਾ ਬੰਗਾ ਬਸਪਾ ਆਗੂ, ਚੰਦਨ ਸਿੰਘ, ਮੱਖਣ ਸਿੰਘ ਖਾਲਸਾ, ਪਰਵੀਨ ਕੁਮਾਰ, ਜਤਿੰਦਰ ਸਿੰਘ ਰਾਜੂ, ਕੁੰਦਨ ਸਰੰਗਵਾਲ, ਰਾਜਨ, ਸਮੀਰ ਮਾਨਾ, ਅਨਿਕੇਤ, ਸੌਰਵ ਹੀਰ, ਸੁਰਖਾਬ ਸਿੰਘ , ਸਾਗਰ ਅਤੇ ਹੋਰ ਵੀ ਵੱਡੀ ਗਿਣਤੀ ਵਿੱਚ ਨੌਜਵਾਨ ਹਾਜ਼ਰ ਸਨ।

## ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਜਨਮ ਦਿਨ ਮਨਾਇਆ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਮਹਿਜ਼ 19 ਸਾਲ ਦੀ ਉਮਰ 'ਚ ਦੇਸ਼ ਦੀ ਆਜ਼ਾਦੀ ਦੀ ਖ਼ਾਤਰ ਜਾਨ ਕੁਰਬਾਨ ਵਾਲੇ ਮਹਾਨ ਗ਼ਦਰੀ ਯੋਧੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਜਨਮ ਦਿਵਸ ਮੌਕੇ ਯਾਦ ਕਰਦਿਆਂ ਉਨ੍ਹਾਂ ਵਲੋਂ ਨਿੱਕੀ ਉਮਰੇ ਆਜ਼ਾਦੀ ਸੰਗਰਾਮ 'ਚ ਪਾਏ ਮਹਾਨ ਵਡਮੁੱਲੇ ਯੋਗਦਾਨ ਨੂੰ ਸਿਜਦਾ ਕੀਤਾ ਗਿਆ। ਇਸੇ ਸਬੰਧ ਵਿੱਚ ਨੰਗਲ ਖਿਲਾੜੀਆਂ ਵਿਖੇ ਵੀ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ ਤੇ ਸੰਸਾਰ ਤੇ ਆਏ ਮੌਜੂਦਾ ਸੰਕਟ ਭਰੇ ਸਮੇਂ 'ਚ ਦੁਨੀਆਂ ਭਰ ਦੇ ਮਨੁੱਖਤਾ ਦੇ ਰਖਵਾਲੇ ਮਹਾਨ ਸ਼ਹੀਦਾਂ ਨੂੰ ਸਿਜਦਾ ਕੀਤਾ ਗਿਆ। ਇਸ ਮੌਕੇ ਭਾਕਿਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਚਾਰ ਸਕੱਤਰ ਤਲਵਿੰਦਰ ਸਿੰਘ ਹੀਰ, ਮਲਕੀਤ ਸਿੰਘ, ਜਤਿੰਦਰ ਸਿੰਘ, ਸੁਖਵਿੰਦਰ ਸਿੰਘ, ਆਕਾਸ਼ ਕਪੂਰ, ਪੱਪੀ ਬੰਗਾ, ਸੁਰਿੰਦਰ ਕੌਰ ਸਹੋਤਾ, ਰਾਜਵਿੰਦਰ ਕੌਰ, ਜਸਪ੍ਰੀਤ ਕੌਰ ਆਦਿ ਹਾਜ਼ਰ ਸਨ।

## ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਲੈ ਕੇ ਲੋਕਾਂ 'ਚ ਡਰ ਤੇ ਸਹਿਮ ਵਾਲਾ ਮਾਹੌਲ

**ਕਪੂਰਥਲਾ (ਮਨਜੀਤ ਮਾਨ)**-ਕਸਬਾ ਕਾਲਾ ਸੰਘਿਆਂ ਤੇ ਆਸ ਪਾਸ ਦੇ ਪਿੰਡਾਂ ਵਿੱਚ ਹਰ ਰੋਜ਼ ਦਿਨ ਦਿਹਾੜੇ ਲੁੱਟਾਂ ਖੋਹਾਂ ਤੇ ਚੋਰੀ ਦੀ ਵਾਰਦਾਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਲੁਟੇਰੇ ਦਿਨ ਦਿਹਾੜੇ ਸ਼ਰੇਆਮ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਕੇ ਸ਼ਰੇਆਮ ਬੇਖੌਫ ਹੋ ਕੇ ਫ਼ਰਾਰ ਹੋ ਜਾਂਦੇ ਹਨ ਤੇ ਕਾਲਾ ਸੰਘਿਆਂ ਪੁਲਿਸ ਕੁੰਭਕਰਨੀ ਨੀਂਦ ਸੁੱਤੀ ਪਈ ਹੈ। ਕਸਬਾ ਕਾਲਾ ਸੰਘਿਆਂ ਚੌਂਕ ਵਿੱਚ ਪੁਲਿਸ ਨਾਕਾ ਨਾ ਹੋਣ ਕਾਰਨ ਤੇ ਇਲਾਕੇ ਵਿੱਚ ਪੁਲਿਸ ਦੀ ਗਸ਼ਤ ਨਾ ਹੋਣ ਕਾਰਨ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ ਤੇ ਲੋਕ ਆਪਣੇ ਘਰਾਂ ਵਿੱਚੋਂ ਨਿਕਲਣ ਤੋਂ ਡਰ ਰਹੇ ਹਨ। ਸ਼ਾਮ ਨੂੰ ਹਨ੍ਹੇਰਾ ਹੁੰਦਿਆਂ ਹੀ ਕਸਬਾ ਕਾਲਾ ਸੰਘਿਆਂ ਵਿੱਚ ਲੋਕਾਂ ਦੇ ਮਨਾਂ ਵਿਚ ਡਰ ਤੇ ਸਹਿਮ ਵਾਲਾ ਮਾਹੌਲ ਬਣ ਜਾਂਦਾ ਹੈ। ਇਲਾਕੇ ਦੇ ਲੋਕਾਂ ਨੇ ਐੱਸ ਐੱਸ ਪੀ ਨੂੰ ਅਪੀਲ ਕਰਦਿਆਂ ਕਿਹਾ ਕਿ ਦਿਨੇ ਤੇ ਰਾਤ ਸਮੇਂ ਪੁਲਿਸ ਗਸ਼ਤ ਵਧਾਈ ਜਾਵੇ ਤੇ ਕਾਲਾ ਸੰਘਿਆਂ ਪੁਲਿਸ ਚੌਂਕੀ ਵਿੱਚ ਹੋਰ ਮੁਲਾਜ਼ਮ ਤਾਇਨਾਤ ਕੀਤੇ ਜਾਣ ਦੀ ਮੰਗ ਕੀਤੀ।

# 15 ਬਦਲਵੇਂ ਦਸਤਾਵੇਜ਼ ਵੋਟਰ ਆਈ ਡੀ ਕਾਰਡ ਦੀ ਗੈਰ-ਮੌਜੂਦਗੀ 'ਚ ਵੋਟ ਪਾਉਣ ਲਈ ਯੋਗ : ਡੀ ਸੀ

**ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)**

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਵੋਟਰਾਂ ਕੋਲ ਵੋਟਰ ਫੋਟੋ ਪਛਾਣ ਪੱਤਰ ਨਾ ਹੋਣ ਦੀ ਸੂਰਤ ਵਿੱਚ ਵੀ ਵੋਟ ਪਾਉਣ ਦਾ ਹੱਕ ਹੈ, ਬਸ਼ਰਤੇ ਉਨ੍ਹਾਂ ਦਾ ਨਾਂਅ ਵਾਰਡ-ਵਾਰ ਵੋਟਰ ਸੂਚੀਆਂ ਵਿੱਚ ਦਰਜ ਹੋਵੇ।ਵੇਰਵੇ ਸਾਂਝੇ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਵੋਟ ਪਾਉਣ ਲਈ ਪਛਾਣ ਦੇ ਸਬੂਤ ਵਜੋਂ 15 ਬਦਲਵੇਂ ਦਸਤਾਵੇਜ਼ਾਂ ਨੂੰ ਮਾਨਤਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਯੋਗ ਵੋਟਰ ਆਧਾਰ ਕਾਰਡ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਫੋਟੋ ਵਾਲਾ ਪੈਨ ਕਾਰਡ, ਮਨਰੇਗਾ ਜੌਬ ਕਾਰਡ, ਰਾਸ਼ਨ ਕਾਰਡ/ਨੀਲਾ ਕਾਰਡ, ਫੋਟੋ ਵਾਲਾ ਅਸਲਾ ਲਾਇਸੈਂਸ, ਫੋਟੋ ਵਾਲੇ ਪੈਨਸ਼ਨ ਦਸਤਾਵੇਜ਼, ਸੁਤੰਤਰਤਾ ਸੈਨਾਨੀ ਪਛਾਣ ਪੱਤਰ, ਬੈਂਕ ਜਾਂ ਡਾਕਖਾਨੇ ਵੱਲੋਂ ਜਾਰੀ ਫੋਟੋ ਵਾਲੀ ਪਾਸਬੁੱਕ, ਕਿਰਤ ਮੰਤਰਾਲੇ ਦੀਆਂ ਸਕੀਮਾਂ ਤਹਿਤ ਜਾਰੀ ਹੈਲਥ ਇੰਸ਼ੋਰੈਂਸ ਸਮਾਰਟ ਕਾਰਡ, ਸੰਸਦ ਮੈਂਬਰਾਂ ਅਤੇ ਵਿਧਾਇਕਾਂ ਨੂੰ ਜਾਰੀ ਅਧਿਕਾਰਤ ਪਛਾਣ ਪੱਤਰ, ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਵੱਲੋਂ ਜਾਰੀ ਯੂ ਡੀ ਆਈ ਡੀ ਕਾਰਡ, ਕੇਂਦਰ/ਰਾਜ ਸਰਕਾਰ ਦੇ ਵਿਭਾਗਾਂ, ਪੀ ਐੱਸ ਯੂ ਜਾਂ ਪਬਲਿਕ ਲਿਮਿਟਿਡ ਕੰਪਨੀਆਂ ਵੱਲੋਂ ਜਾਰੀ ਸਰਵਿਸ ਪਛਾਣ ਪੱਤਰ, ਤੇ ਮਾਨਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਵੱਲੋਂ ਜਾਰੀ ਫੋਟੋ ਪਛਾਣ ਪੱਤਰ ਵਰਗੇ ਦਸਤਾਵੇਜ਼ ਦਿਖਾ ਕੇ ਵੋਟ ਪਾ ਸਕਦੇ ਹਨ। ਔਲਖ ਨੇ ਦੱਸਿਆ ਕਿ ਬੰਗਾ, ਨਵਾਂਸ਼ਹਿਰ ਅਤੇ ਰਾਹੋਂ ਸਮੇਤ ਤਿੰਨ ਨਗਰ ਕੌਂਸਲਾਂ ਦੀਆਂ ਚੋਣਾਂ ਲਈ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਵੋਟਾਂ ਪੈਣਗੀਆਂ, ਜਦਕਿ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।

ਉਨ੍ਹਾਂ ਦੁਹਰਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਨੂੰ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ।ਵੋਟਰਾਂ ਨੂੰ ਲੋਕਤੰਤਰੀ ਪ੍ਰਕਿਰਿਆ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਦੀ ਅਪੀਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਉਨ੍ਹਾਂ ਨੂੰ ਬਿਨਾਂ ਕਿਸੇ ਡਰ, ਦਬਾਅ ਜਾਂ ਲਾਲਚ ਦੇ ਆਪਣੀ ਵੋਟ ਪਾਉਣ ਦੀ ਬੇਨਤੀ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹੇ ਭਰ ਵਿੱਚ ਸ਼ਾਂਤੀਪੂਰਨ ਅਤੇ ਸੁਚਾਰੂ ਢੰਗ ਨਾਲ ਪੋਲਿੰਗ ਕਰਵਾਉਣ ਲਈ ਸਾਰੇ ਲੋੜੀਂਦੇ ਸੁਰੱਖਿਆ ਅਤੇ ਲੌਜਿਸਟਿਕ ਪ੍ਰਬੰਧ ਕੀਤੇ ਗਏ ਹਨ।

# ਪੁਲਸ ਭਰਤੀ ਲਈ ਸ਼ਰੀਰਿਕ ਮਾਪ ਪਰੀਖਣ ਵਿਵਸਥਾਵਾਂ ਦਾ ਨਿਰੀਖਣ ਕਰਨ ਪਹੁੰਚੇ ਨਾਇਬ ਸਿੰਘ ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੈਕਟਰ-3 ਸਥਿਤ ਤਾਊ ਦੇਵੀਲਾਲ ਸਟੇਡੀਅਮ ਵਿੱਚ ਪੁਲਿਸ ਭਰਤੀ ਲਈ ਆਯੋਜਿਤ ਸ਼ਰੀਰਿਕ ਮਾਪ ਪਰੀਖਣ ਵਿੱਚ ਸ਼ਾਮਲ ਉਮੀਦਵਾਰਾਂ ਨਾਲ ਮੁਲਾਕਾਤ ਕਰਕੇ ਉੱਥੇ ਦੀ ਵਿਵਸਥਾਵਾਂ ਦਾ ਨਿਰੀਖਣ ਕੀਤਾ।ਹਰਿਆਣਾ ਕਰਮਚਾਰੀ ਚੌਣ ਕਮੀਸ਼ਨ ਵੱਲੋਂ ਤਾਊ ਦੇਵੀਲਾਲ ਸਟੇਡੀਅਮ ਵਿੱਚ ਪੁਲਿਸ ਕਰਮਿਆਂ ਦੀ ਭਰਤੀ ਪ੍ਰਕਿਰਿਆ ਤਹਿਤ ਉਮੀਦਵਾਰਾਂ ਦੀ ਸ਼ਰੀਰਿਕ ਮਾਪ ਪਰੀਖਣ ਪ੍ਰਕਿਰਿਆ ਆਯੋਜਿਤ ਕੀਤੀ ਜਾ ਰਹੀ ਹੈ।ਮੁੱਖ ਮੰਤਰੀ ਨੇ ਪਰੀਖਿਆ ਵਿੱਚ ਹਿੱਸਾ ਲੈ ਰਹੇ ਉਮੀਦਵਾਰਾਂ ਵਿੱਚ ਪਹੁੰਚ ਕੇ ਉਨ੍ਹਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਨੇ ਉਮੀਦਵਾਰਾਂ ਕੋਲੋਂ ਪ੍ਰਸ਼ਾਸਨ ਵੱਲੋਂ ਕੀਤੀ ਗਈ ਵਿਵਸਥਾਵਾਂ ਬਾਰੇ ਫੀਡਬੈਕ ਵੀ ਲਿਆ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਉਮੀਦਵਾਰਾਂ ਅਤੇ ਉਨ੍ਹਾਂ ਦੇ ਪਰਿਜਨਾ ਦੀ ਸਹੂਲਤ ਲਈ ਸਾਰੇ ਲੋੜਵੰਦ ਪ੍ਰਬੰਧ ਯਕੀਨੀ ਕੀਤੇ ਗਏ ਹਨ ਤਾਂ ਜੋ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਨਾ ਨਾ ਕਰਨਾ ਪਵੇ।

# ਸਾਲਾਨਾ ਜੋੜ ਮੇਲਾ ਕਰਵਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਦਿਹਾਣਾ ਵਿਖੇ ਦਰਬਾਰ ਲੱਖ ਦਾਤਾ ਲਾਲਾਂ ਵਾਲੇ ਪੀਰ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਲੱਖ ਦਾਤਾ ਲਾਲਾਂ ਵਾਲੇ ਪੀਰ ਤੇ ਸਾਈਂ ਅਵਤਾਰ ਸ਼ਾਹ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਮਦਨ ਲਾਲ ਦਿਹਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਵਿਜੈ ਮਾਨ ਕਵਾਲ ਪਾਰਟੀ, ਗਿੱਲ ਸਿਸਟਰ ਐਂਡ ਪਾਰਟੀ, ਦੀਪਕ ਖੋਸਲਾ ਕਵਾਲ ਐਂਡ ਪਾਰਟੀ ਪੀਰਾਂ ਦੀ ਮਹਿਫਲ ਸਜਾਈ। ਇਸ ਮੌਕੇ ਸਲਾਨਾ ਜੋੜ ਮੇਲੇ ਮੌਕੇ ਵੱਖ-ਵੱਖ ਦਰਬਾਰਾ ਤੋਂ ਫੱਕਰ ਫ਼ਕੀਰ ਪੁੱਜ ਕੇ ਹਾਜ਼ਰੀ ਭਰੀ।ਪ੍ਰਬੰਧਕਾਂ ਵੱਲੋਂ ਆਏ ਹੋਏ ਸੰਤ ਮਹਾਂਪੁਰਸ਼, ਫੱਕਰ ਫ਼ਕੀਰਾ ਪ੍ਰਮੁੱਖ ਸਖਸ਼ੀਅਤਾਂ ਅਤੇ ਇਸ ਨੂੰ





ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਸਾਲਾਨਾ ਜੋੜ ਮੇਲੇ ਮੌਕੇ ਇਲਾਕੇ ਭਰ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਸਾਲਾਨਾ ਜੋੜ ਮੇਲੇ ਮੌਕੇ ਚਾਹ ਪਕੌੜੇ ਤੇ ਦਾਤਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

## ਹਿਊਮਨ ਰਾਈਟਸ ਕੌਂਸਲ ਇੰਡੀਆ ਦੇ ਸੋਸ਼ਲ ਪ੍ਰੋਟੈਕਸ਼ਨ ਦੇ ਹਰਮੇਸ਼ ਘੇੜਾ ਜ਼ਿਲ੍ਹਾ ਪ੍ਰਧਾਨ ਬਣੇ



**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**-ਸਿੱਖਿਆ ਵਿਭਾਗ ਵਿੱਚ ਮਾਣਮੱਤੀ ਸੇਵਾਵਾਂ ਦੇਣ ਵਾਲੇ ਤੇ ਵੱਖ-ਵੱਖ ਅਧਿਆਪਕ ਤੇ ਮੁਲਾਜ਼ਮ ਜਥੇਬੰਦੀਆਂ ਦੇ ਸੂਬਾਈ ਆਗੂ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ (ਰਾਜ ਪੁਰਸਕਾਰ ਵਿਜੇਤਾ) ਨੂੰ ਹਿਊਮਨ ਰਾਈਟਸ ਕੌਂਸਲ ਆਫ ਇੰਡੀਆ ਵੱਲੋਂ ਸੋਸ਼ਲ ਪ੍ਰੋਟੈਕਸ਼ਨ ਦਾ ਜ਼ਿਲਾ ਪ੍ਰਧਾਨ ਕਪੂਰਥਲਾ ਲਗਾਇਆ ਗਿਆ।ਇਹ ਨਿਯੁੱਕਤੀ ਪ੍ਰਿੰਸੀਪਲ ਹਰਮੇਸ਼ ਘੇੜਾ ਵੱਲੋਂ ਨਿਭਾਈਆਂ ਸਮਾਜ ਵਿੱਚ ਦਿੱਤੀਆਂ ਸੇਵਾਵਾਂ ਲਈ ਹਿਊਮਨ ਰਾਈਟਸ ਕੌਂਸਲ ਆਫ ਇੰਡੀਆ ਦੇ ਨੈਸ਼ਨਲ ਚੇਅਰਮੈਨ ਵੱਲੋਂ ਕੀਤੀ ਗਈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਹੋਇਆ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਨੇ ਦੱਸਿਆ ਕਿ ਜਲਦੀ ਹੀ ਜ਼ਿਲ੍ਹਾ ਕਪੂਰਥਲਾ ਦੀਆਂ ਚਾਰ ਤਹਿਸੀਲਾਂ ਫਗਵਾੜਾ, ਕਪੂਰਥਲਾ, ਭੁਲੱਥ ਅਤੇ ਸੁਲਤਾਨਪੁਰ ਦੇ ਪ੍ਰਧਾਨਾਂ ਦੀ ਤੇ ਜ਼ਿਲ੍ਹਾ ਬਾਡੀ ਲਈ ਨਿਯੁਕਤੀਆਂ ਕੀਤੀਆਂ ਜਾਣਗੀਆਂ ਅਤੇ ਸਮਾਜ ਦੇ ਗਰੀਬ ਅਤੇ ਲੋੜਵੰਦ ਲੋਕਾਂ ਦੀ ਮਦਦ ਲਈ ਕੌਂਸਲ ਵੱਲੋਂ ਭਲਾਈ ਕਾਰਜਾ ਆਰੰਭੇ ਜਾਣਗੇ ।

## ਹਰਪੋਲ ਸਿੰਘ ਟੂਟੋਮਜ਼ਾਰਾ ਦੇ ਜਨਮ ਦਿਹਾੜੇ ਨੂੰ ਸਮਰਪਤ ਸਮਾਗਮ ਅੱਜ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਨਿਰਮਲ ਕੁਟੀਆ ਟੂਟੋਮਜ਼ਾਰਾ ਜਨਮ ਅਸਥਾਨ ਬ੍ਰਹਮਲੀਨ ਸੰਤ ਬਾਬਾ ਦਲੇਲ ਸਿੰਘ ਮਹਾਰਾਜ ਜੀ ਦੇ ਮੁੱਖ ਸੰਚਾਲਕ ਸੰਤ ਬਾਬਾ ਮੱਖਣ ਸਿੰਘ ਤੇ ਸੰਤ ਬਲਵੀਰ ਸਿੰਘ ਸ਼ਾਸਤਰੀ ਵੱਲੋਂ ਪ੍ਰਾਪਤ ਜਾਣਕਾਰੀ ਅਨੁਸਾਰ ਨਿਰਮਲ ਕੁਟੀਆ ਪਿੰਡ ਟੂਟੋਮਜ਼ਾਰਾ ਵਿਖੇ ਕਾਕਾ ਹਰਪੋਲ ਸਿੰਘ ਇੰਗਲੈਂਡ ਨਿਵਾਸੀ ਦਾ 50ਵਾਂ ਜਨਮ ਦਿਨ 26 ਮਈ ਨੂੰ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਕੁਟੀਆ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਗਏ, ਜਿਨਾਂ ਦੇ ਭੋਗ 26 ਮਈ ਨੂੰ ਸਵੇਰੇ 10 ਵਜੇ ਪੈਣਗੇ। ਪਾਠ ਦੇ ਭੋਗ ਤੋਂ ਬਾਅਦ 12 ਵਜੇ ਤੱਕ ਸੰਤ ਬਲਵੀਰ ਸਿੰਘ ਸ਼ਾਸਤਰੀ ਕਥਾ ਕੀਰਤਨ ਕਰਨਗੇ, ਉਹਨਾਂ ਤੋਂ ਬਾਅਦ ਸੰਤ ਗੁਰਚਰਨ ਸਿੰਘ ਪੰਡਵੇ ਵਾਲੇ ਸੰਗਤਾਂ ਨਾਲ ਧਾਰਮਿਕ ਵਿਚਾਰਾਂ ਸਾਂਝੀਆਂ ਕਰਨਗੇ।ਇਸ ਪ੍ਰੋਗਰਾਮ ਦੀ ਸਮਾਪਤੀ ਉਪਰੰਤ ਕੇਕ ਕੱਟਿਆ ਜਾਵੇਗਾ। ਗੁਰੂ ਕਾ ਲੰਗਰ ਅਤੁੱਟ ਚੱਲੇਗਾ। ਇਸ ਮੌਕੇ ਸੰਤ ਬਾਬਾ ਮੱਖਣ ਸਿੰਘ ਟੂਟੋਮਜਾਰਾ ਤੇ ਸੰਤ ਬਾਬਾ ਬਲਵੀਰ ਸਿੰਘ ਸ਼ਾਸਤਰੀ ਨੇ ਕਾਕਾ ਹਰਪੋਲ ਸਿੰਘ ਜੀ ਦੇ 50ਵੇਂ ਜਨਮ ਦਿਨ ਤੇ ਉਹਨਾਂ ਨੂੰ ਵਧਾਈ ਦਿੱਤੀ ਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ।

## ਗਰਮੀ ਦੇ ਮੱਦੇਨਜ਼ਰ ਸੇਵਾ ਕੇਂਦਰ ਦਾ ਸਮਾਂ ਬਦਲਿਆ

**ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)**-ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਅਤਿ ਦੀ ਪੈ ਰਹੀ ਗਰਮੀ ਦੇ ਮੁੱਦੇ ਨਜ਼ਰ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਜ਼ਿਲ੍ਹੇ ਦੇ ਸਮੂਹ ਸੇਵਾ ਕੇਂਦਰਾਂ ਦਾ ਸਮਾਂ ਬਦਲਿਆ ਗਿਆ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਜ਼ਿਲ੍ਹੇ ਦੇ ਸਮੂਹ ਸੇਵਾ ਕੇਂਦਰ ਸਵੇਰੇ 7:30 ਵਜੇ ਤੋਂ ਦੁਪਹਿਰ 3:30 ਵਜੇ ਤੱਕ ਖੁੱਲੇ ਰਹਿਣਗੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਿਰਧਾਰਿਤ ਸਮੇਂ ਅਨੁਸਾਰ ਸੇਵਾ ਕੇਂਦਰਾਂ ਵਿੱਚ ਜਾ ਕੇ ਕੰਮ ਕਰਵਾਉਣ ਤਾਂ ਜੋ ਉਹਨਾਂ ਨੂੰ ਕਿਸੇ ਕਿਸਮ ਦੀ ਕੋਈ ਪਰੇਸ਼ਾਨ ਪੇਸ਼ ਨਾ ਆਵੇ।

## ਬਜ਼ੁਰਗਾਂ ਲਈ ਸ਼ੁਰੂ ਹੋਵੇਗਾ ਬਿਰਧ ਸੇਵਾ ਤੇ ਸਿਹਤ ਪੋਰਟਲ : ਆਰਤੀ ਸਿੰਘ ਰਾਓ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੀ ਸਿਹਤ, ਮੈਡੀਕਲ ਸਿੱਖਿਆ, ਰਿਸਰਚ ਅਤੇ ਆਯੁਸ਼ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਰਾਜ ਵਿੱਚ ਨਾਗਰਿਕਾਂ, ਖਾਸ ਕਰ ਸੀਨੀਅਰ ਨਾਗਰਿਕਾਂ ਨੂੰ ਬੇਹਤਰ ਅਤੇ ਸਮਗਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਜਲਦ ਹੀ ਦੋ ਵੱਡੀ ਭਲਾਈਕਾਰੀ ਯੋਜਨਾਵਾਂ ਦੀ ਸ਼ੁਰੂਆਤ ਕੀਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਰਾਜ ਸਰਕਾਰ ਬੁਜ਼ੁਰਗਾਂ ਦੇ ਜੀਵਨ ਪੱਧਰ ਨੂੰ ਸੁਧਾਰਣ ਅਤੇ ਉਨ੍ਹਾਂ ਨੂੰ ਸੁਲਭ ਸਿਹਤ ਸੇਵਾਵਾਂ ਦੇਣ ਲਈ ਪੂਰੀ ਤਰ੍ਹਾਂ ਪ੍ਰਤੀਬੱਧ ਹੈ।ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਸੀਨੀਅਰ ਨਾਗਰਿਕਾਂ ਦੇ ਬੇਹਤਰ ਸਿਹਤ ਅਤੇ ਬੇਹਤਰ ਜੀਵਨ ਦੀ ਗੁਣਵੱਤਾ ਯਕੀਨੀ ਕਰਨ ਲਈ ਰਾਜ ਦੇ ਸਾਰੇ ਆਯੁਸ਼ਮਾਨ ਆਰੋਗਿਆ ਮੰਦਰਾਂ ਵਿੱਚ ਹਰ ਹਫ਼ਤੇ ਵੀਰਵਾਰ ਨੂੰ ਵਿਸ਼ੇਸ਼ ਸਿਹਤ ਕੈਂਪ ਆਯੋਜਿਤ ਕੀਤੇ ਜਾਣਗੇ।

# ਸਾਬਕਾ ਡੀ ਆਈ ਜੀ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ



**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**-ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਅੰਦਰ ਆਪਣੀ ਲੋਕ ਪਹੁੰਚ ਨੂੰ ਹੋਰ ਮਜ਼ਬੂਤ ਕਰਨ ਲਈ ਸਾਬਕਾ ਡੀ ਆਈ ਜੀ ਦਲਜੀਤ ਸਿੰਘ ਰਾਣਾ ਵੱਲੋਂ ਗੋਹਲਣੀ ਮੰਡਲ ਦੇ ਵੱਖ-ਵੱਖ ਪਿੰਡਾਂ ਗੋਹਲਣੀ, ਪੱਸੀਵਾਲ, ਭੱਟੋਂ ਅਤੇ ਸੁਖਸਾਲ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ ਤੇ ਆਪਣੇ ਸਮਰਥਨ ਦਾ ਭਰੋਸਾ ਦਿੱਤਾ। ਪਿੰਡਾਂ ਵਿੱਚ ਹੋਈਆਂ ਮੀਟਿੰਗਾਂ ਦੌਰਾਨ ਲੋਕਾਂ ਨੇ ਇਲਾਕੇ ਦੀਆਂ ਸਮੱਸਿਆਵਾਂ ਸਾਬਕਾ ਡੀ ਆਈ ਜੀ ਦਲਜੀਤ ਸਿੰਘ ਰਾਣਾ ਦੇ ਧਿਆਨ ਵਿੱਚ ਲਿਆਂਦੀਆਂ, ਜਿਨ੍ਹਾਂ ਨੂੰ ਉਨ੍ਹਾਂ ਨੇ ਧਿਆਨ ਨਾਲ ਸੁਣਿਆ ।ਇਸ ਮੌਕੇ ਸੰਬੋਧਨ ਕਰਦਿਆਂ ਸਾਬਕਾ ਡੀ ਆਈ ਜੀ ਦਲਜੀਤ ਸਿੰਘ ਰਾਣਾ ਨੇ ਕਿਹਾ ਕਿ ਉਹ ਇਲਾਕੇ ਵਿੱਚ ਬਦਲਾਖੋਰੀ ਦੀ ਸਿਆਸਤ ਨਹੀਂ, ਸਗੋਂ ਸਾਫ ਸੁਥਰੀ ਅਤੇ ਲੋਕ ਹਿਤੈਸ਼ੀ ਸਿਆਸਤ ਕਰਨ ਦੇ ਹੱਕ ਵਿੱਚ ਹਨ। ਉਨ੍ਹਾਂ ਕਿਹਾ ਕਿ ਅੱਜ ਲੋਕ ਪਾਰਟੀਬਾਜ਼ੀ ਅਤੇ ਧੜੇਬੰਦੀ ਕਾਰਨ ਇੱਕ ਦੂਜੇ ਤੋਂ ਦੂਰ ਹੋ ਰਹੇ ਹਨ, ਜਿਸ ਨਾਲ ਸਮਾਜਕ ਭਾਈਚਾਰੇ ਨੂੰ ਨੁਕਸਾਨ ਪਹੁੰਚ ਰਿਹਾ ਹੈ। ਉਨ੍ਹਾਂ ਦਾ ਮਕਸਦ ਲੋਕਾਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਇਕੱਠੇ ਕਰਨਾ ਤੇ ਇਲਾਕੇ ਦੇ ਵਿਕਾਸ ਲਈ ਸਾਂਝੇ ਤੌਰ ਤੇ ਕੰਮ ਕਰਨਾ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਖੇਡ ਮੈਦਾਨਾਂ ਦੀ ਸੰਭਾਲ, ਨੌਜਵਾਨਾਂ ਲਈ ਖੇਡ ਸਮੱਗਰੀ ਅਤੇ ਖੇਡ ਟੂਰਨਾਮੈਂਟ ਕਰਵਾਉਣ ਵਰਗੇ ਉਪਰਾਲਿਆਂ ਨੂੰ ਤਰਜੀਹ ਦਿੱਤੀ ਜਾਵੇਗੀ ਤਾਂ ਜੋ ਨੌਜਵਾਨ ਸਹੀ ਦਿਸ਼ਾ ਵੱਲ ਵਧ ਸਕਣ। ਉਨ੍ਹਾ ਕਿਹਾ ਕਿ ਜੇ ਹਲਕੇ ਦੇ ਲੋਕਾਂ ਨੇ ਮਾਣ ਬਖ਼ਸ਼ਿਆ ਤਾਂ ਉਹਨਾਂ ਦਾ ਮੁੱਖ ਮਕਸਦ ਹਲਕੇ ਦੇ ਵਿਕਾਸ ਕਾਰਜਾਂ ਜਿਸ ਵਿੱਚ ਮੁੱਖ ਤੌਰ ਤੇ ਸਿੱਖਿਆ, ਸਿਹਤ ਅਤੇ ਰੋਜ਼ਗਾਰ ਹੋਵੇਗਾ। ਇਸ ਮੌਕੇ ਕੁਲਦੀਪ ਸਿੰਘ ਸਾਬਕਾ ਸਰਪੰਚ ਭਨਾਮ, ਕੰਵਰ ਪੋਸਵਾਲ ਮੋਜੋਵਾਲ, ਰਾਜਕੁਮਾਰ ਭੱਟੋਂ, ਰਿੰਕੂ ਭੱਟੋ, ਅਰਜਿਤ ਸੈਣੀ ਸੈਹਜੋਵਾਲ, ਰਜਿੰਦਰ ਪਾਲ ਸਿੰਘ ਗੋਹਲਣੀ, ਹਰਪਿੰਦਰ ਸਿੰਘ ਗੋਹਲਣੀ, ਸੰਦੀਪ ਕੁਮਾਰ ਭਾਰਤ ਵਾਜ, ਅਮਨਦੀਪ ਸਿੰਘ, ਲਖਨ ਸੈਣੀ, ਮਨਜੀਤ ਸਿੰਘ, ਅਜਮੇਰ ਸਿੰਘ ਪੱਸੀਵਾਲ, ਬਲਵਿੰਦਰ ਕੁਮਾਰ ਪੱਸੀਵਾਲ, ਪਰਮਿੰਦਰ ਸਿੰਘ ਪੱਸੀਵਾਲ, ਕਰਮ ਚੰਦ ਪੱਸੀਵਾਲ, ਰਜਿੰਦਰ ਸਿੰਘ ਰਾਣਾ, ਬਲਵੀਰ ਸਿੰਘ ਭੀਰੀ, ਰਮਨ ਜੋਤ ਸਿੰਘ ਗੋਨਾ ਸਾਬਕਾ ਸਰਪੰਚ, ਕੈਪਟਨ ਬਹਾਦਰ ਸਿੰਘ ਬਰੂਵਾਲ ,ਦਲੇਰ ਸਿੰਘ, ਪ੍ਰਦੀਪ ਸਿੰਘ ਕਾਲਾ, ਰਿਕੂ ਅੱਤਰੀ, ਦੇਸਰਾਜ ਮੌੜਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਉਕਤ ਪਿੰਡਾਂ ਦੇ ਵਸਨੀਕ ਹਾਜ਼ਰ ਸਨ।

# ਲੋੜਵੰਦਾਂ ਨੂੰ ਭੇਟ ਕੀਤੀ ਵ੍ਹੀਲ ਚੇਅਰ



**ਫਗਵਾੜਾ (ਜਸਵਿੰਦਰ ਢੱਡਾ)**

ਕੇ ਐੱਲ ਚਾਂਦ ਵੈਲਫੇਅਰ ਟਰੱਸਟ ਯੂ ਕੇ ਦੀ ਪੰਜਾਬ ਇਕਾਈ ਵਲੋਂ ਸੂਬਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਬੰਟੀ ਦੀ ਅਗਵਾਈ ਹੇਠ ਅੰਗਹੀਣਾਂ ਦੀ ਸੇਵਾ ਸਹਾਇਤਾ ਦੀ ਲੜੀ ਨੂੰ ਅੱਗੇ ਤੋਰਦੇ ਹੋਏ 2 ਲੋੜਵੰਦਾਂ ਨੂੰ ਵਹੀਲ ਚੇਅਰਾਂ ਭੇਂਟ ਕੀਤੀਆਂ ਗਈਆਂ। ਇਸ ਦੇ ਨਾਲ ਹੀ ਇੱਕ ਲੋੜਵੰਦ ਨੌਜਵਾਨ ਮਰੀਜ ਦੇ ਪਰਿਵਾਰ ਨੂੰ ਇਲਾਜ ਲਈ ਨਗਦ ਰਾਸ਼ੀ ਭੇਂਟ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਗੁਰੂ ਰਵਿਦਾਸ ਟਾਈਗਰ ਫੋਰਸ ਦੇ ਚੇਅਰਮੈਨ ਯਸ਼ ਬਰਨਾ ਤੋਂ ਇਲਾਵਾ ਸਮਾਜ ਸੇਵਕ ਰਮਨ ਨਹਿਰਾ, ਡਾ. ਰਮਨ ਸ਼ਰਮਾ ਅਤੇ ਜਸਵਿੰਦਰ ਸਿੰਘ ਭਗਤਪੁਰਾ ਨੇ ਟਰੱਸਟ ਵਲੋਂ ਅੰਗਹੀਣਾਂ ਤੇ ਮਰੀਜਾਂ ਲਈ ਕੀਤੇ ਜਾ ਰਹੇ ਸੇਵਾ ਕਾਰਜਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸੰਸਥਾ ਸਮਾਜ ਦੇ ਲੋੜਵੰਦ ਵਰਗ ਲਈ ਮਸੀਹਾ ਬਣ ਕੇ ਸਾਹਮਣੇ ਆਈ ਹੈ। ਉਹਨਾਂ ਕਿਹਾ ਕਿ ਸਮਾਜ ਦੇ ਸਮਰੱਥ ਲੋਕਾਂ ਨੂੰ ਵੀ ਅੱਗੇ ਆ ਕੇ ਅਜਿਹੇ ਸੇਵਾ ਕਾਰਜਾਂ ਵਿੱਚ ਆਪਣਾ ਵਢਮੁੱਲਾ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਹਰ ਲੋੜਵੰਦ ਤੱਕ ਮਦਦ ਪਹੁੰਚ ਸਕੇ। ਟਰੱਸਟ ਦੇ ਸੂਬਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਬੰਟੀ ਨੇ ਦੱਸਿਆ ਕਿ ਸਵ. ਸ਼ਿੰਦੋ ਬੰਗੜ ਯੂ ਕੇ ਦੇ ਪਰਵਾਰ ਵਲੋਂ ਪ੍ਰਾਪਤ ਹੋਈ ਆਰਥਕ ਸਹਾਇਤਾ ਦੇ ਨਾਲ ਇਹ ਪ੍ਰੋਜੈਕਟ ਕੀਤੇ ਗਏ ਹਨ ਜਿਸ ਤਹਿਤ ਇੱਕ ਵਹੀਲ ਚੇਅਰ ਮੁਹੱਲਾ ਭਗਤਪੁਰਾ ਅਤੇ ਇੱਕ ਹੋਰ ਵਹੀਲ ਚੇਅਰ ਸੱਚਰਾਂ ਮੁਹੱਲਾ ਦੇ ਲੋੜਵੰਦ ਨੂੰ ਦਿੱਤੀ ਗਈ ਹੈ। ਉਹਨਾਂ ਦੱਸਿਆ ਕਿ ਇੱਕ ਲੋੜਵੰਦ ਪਰਵਾਰ ਦਾ ਨੌਜਵਾਨ ਜਿਸ ਦੇ ਦਿਮਾਗ ਵਿੱਚ ਹਾਦਸੇ ਕਾਰਨ ਸੱਟ ਲੱਗੀ ਹੈ, ਉਸ ਦੇ ਇਲਾਜ ਲਈ 10 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਭੇਟ ਕੀਤੀ ਗਈ ਹੈ। ਇਸ ਉਪਰਾਲੇ ਵਿੱਚ ਆਰਥਕ ਸਹਿਯੋਗ ਦੇ ਲਈ ਸਵ. ਸ਼ਿੰਦੋ ਬੰਗੜ ਯੂ ਕੇ ਦੇ ਪਰਵਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਟਰੱਸਟ ਦੇ ਸੰਸਥਾਪਕ ਕੇ ਐੱਲ ਚਾਂਦ ਦੀ ਅਗਵਾਈ ਹੇਠ ਇਹ ਉਪਰਾਲਾ ਅੱਗੇ ਵੀ ਜਾਰੀ ਰਹੇਗਾ। ਇਸ ਮੌਕੇ ਟਰੱਸਟ ਦੀ ਕੈਸ਼ੀਅਰ ਆਸ਼ਾ ਰਾਣੀ, ਜਸਵਿੰਦਰ ਸਿੰਘ ਠੇਕੇਦਾਰ ਅਕਾਲਗੜ੍ਹ, ਗੁਰਨਾਮ ਪਾਲ ਅਕਾਲਗੜ੍ਹ, ਸ਼ਿੰਗਾਰਾ ਰਾਮ, ਕੈਲਵਿਨ ਚੁੰਬਰ, ਰਾਜਕੁਮਾਰ, ਨੰਦ ਲਾਲ, ਸ਼ਵੇਤਾ, ਜਗਜੀਵਨ ਸਿੰਘ, ਬਲਵੀਰ ਆਬਾਦੀ, ਲਾਡੀ ਗੋਬਿੰਦਪੁਰਾ ਆਦਿ ਹਾਜ਼ਰ ਸਨ।

# ਤਰਕਸ਼ੀਲ ਕਾਫਲੇ 'ਚੋਂ ਵਿਛੜੇ ਸਾਥੀਆਂ ਦੀ ਯਾਦ 'ਚ ਕਰਵਾਇਆ ਨਾਟਕ ਮੇਲਾ




**ਨੰਗਲ (ਸੁਰਜੀਤ ਸਿੰਘ)**

ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ) ਇਕਾਈ ਰੋਪੜ ਦੇ ਮੁਖੀ ਅਸ਼ੋਕ ਕੁਮਾਰ ਨੇ ਦੱਸਿਆ ਕਿ ਗਾਂਧੀ ਮੈਮੋਰੀਅਲ ਨੈਸ਼ਨਲ ਸਕੂਲ ਰੋਪੜ ਵਿਖੇ ਤਰਕਸ਼ੀਲ ਕਾਫਲੇ ਚੋਂ ਵਿਛੜੇ ਸਾਥੀ ਮਾ. ਪ੍ਰੀਤਮ ਕੁਮਾਰ, ਮੋਹਣ ਸਿੰਘ ਡੱਲਾ, ਖੁਸ਼ਮਿੰਦਰ ਸਿੰਘਪੁਰਾ, ਹਰਵਿੰਦਰ ਸਿੰਘ ਫਿਰੋਜ਼ਪੁਰ ਦੀ ਯਾਦ ਵਿੱਚ ਤਰਕਸ਼ੀਲ ਨਾਟਕ ਮੇਲਾ ਕਰਵਾਇਆ ਗਿਆ। ਗਾਂਧੀ ਸਕੂਲ ਦੇ ਪ੍ਰਿੰਸੀਪਲ ਸ੍ਰੀ ਰਵੀਸ਼ੰਕਰ ਜੀ ਦੇ ਉਦਘਾਟਨੀ ਸ਼ਬਦਾ ਨਾਲ ਨਾਟਕ ਮੇਲੇ ਦੀ ਸ਼ੁਰੂਆਤ ਹੋਈ। ਜ਼ੋਨ ਮੁਖੀ ਅਜੀਤ ਪ੍ਰਦੇਸੀ ਨੇ ਤਰਕਸ਼ੀਲ ਕਾਫਲੇ ਚੋਂ ਵਿਛੜੇ ਸਾਥੀਆ ਵੱਲੋਂ ਇਕਾਈ ਰੋਪੜ ਵਿੱਚ ਪਾਏ ਯੋਗਦਾਨ ਦੀ ਪ੍ਰਸ਼ੰਸਾ ਕਰਦਿਆ ਕਿਹਾ ਕਿ ਇਹ ਸਾਥੀ ਤਰਕਸ਼ੀਲ ਵਿਚਾਰਾਂ ਨੂੰ ਲੋਕਾਂ ਨਾਲ ਵਧੀਆ/ਸੁਚੱਜੇ ਢੰਗ ਨਾਲ ਸਾਂਝਾ ਕਰਦੇ ਸੀ ਤੇ ਸਮਾਜ ਵਿੱਚ ਵਾਪਰ ਰਹੀਆ ਘਟਨਾਵਾ ਜਿਵੇ ਕਿ ਘਰਾਂ ਵਿੱਚ ਖੂਨ ਦੇ ਛਿੱਟੇ ਡਿਗਣੇ, ਕੱਪੜਿਆ ਨੂੰ ਅੱਗ ਲੱਗਣੀ, ਕਸਰ ਹੋ ਜਾਣੀ, ਭੂਤ-ਪ੍ਰੇਤ ਦਿਖਣੇ ਆਦਿ ਵਗੈਰਾ ਜਿਹਨਾ ਦੀ ਕੋਈ ਹੋਂਦ ਨਹੀ ਹੈ, ਉਹਨਾ ਬਾਰੇ ਲੋਕਾਂ ਨੂੰ ਤਰਕ ਨਾਲ ਸਮਝਾਉਂਦੇ ਰਹੇ। ਇਕਾਈ ਮੁਖੀ ਅਸ਼ੋਕ ਕੁਮਾਰ ਨੇ ਕਿਹਾ ਕਿ ਤਰਕਸ਼ੀਲ ਕਹਿਣਾ ਸੌਖਾ ਹੈ ਪਰ ਤਰਕਸ਼ੀਲ ਬਣਨਾ ਬੜਾ ਔਖਾ ਹੈ ਪਰ ਹੈ ਮਾਣ ਵਾਲੀ ਗੱਲ। ਉਨ੍ਹਾਂ ਕਿਹਾ ਕਿ ਸਦੀਆ ਪੁਰਾਣੇ ਰਸਮੋ- ਰਿਵਾਜ਼ ਜਿਹਨਾ ਦਾ ਇਨਸਾਨ ਦੀ ਜ਼ਿੰਦਗੀ ਨਾਲ ਕੋਈ ਵਾਸਤਾ ਨਹੀਂ ਹੈ ਉਹਨਾ ਨੂੰ ਛੱਡ ਦੇਣਾ ਚਾਹੀਦਾ ਹੈ। ਵਾਪਰ ਰਹੀਆ ਘਟਨਾਵਾਂ ਪਿੱਛੇ ਕੋਈ ਗੈਬੀ ਸ਼ਕਤੀ ਨਹੀ ਹੁੰਦੀ। ਜਦੋ ਤੱਕ ਅਸੀ ਤਰਕਸ਼ੀਲ ਨਜ਼ਰੀਏ ਅਨੁਸਾਰ ਬਾਰੀਕੀ ਨਾਲ ਜਾਂਚ ਪੜਤਾਲ ਨਹੀਂ ਕਰਦੇ ਉਦੋ ਤੱਕ ਕਿਸੇ ਨਤੀਜੇ ਤੇ ਪਹੁੰਚਣਾ ਬੇ-ਇਨਸਾਫੀ ਹੋਵੇਗੀ। ਚੰਡੀਗੜ੍ਹ ਸਕੂਲ ਆਫ ਡਰਾਮਾ ਟੀਮ ਦੇ ਡਇਰੈਕਟਰ ਇਕੱਤਰ ਸਿੰਘ ਵੱਲੋ ਪੇਸ਼ ਕੀਤੇ ਨਾਟਕ ਮਿੱਟੀ ਰੁਦਨ ਕਰੇ, ਨਾਟਕ ਠੱਗੀ ਤੇ ਕੋਰੀਓਗ੍ਰਾਫੀ ਦੇਸ਼ ਨੂੰ ਚੱਲੋ ਦੀ ਪੇਸ਼ਕਾਰੀ ਵਾਹ ਕਮਾਲ ਸੀ। ਜਸਪਾਲ ਮਾਜਰੀ ਨੇ ਇਨਕਲਾਬੀ ਗੀਤ ਪੇਸ਼ ਕੀਤਾ। ਸਭਿਆਚਾਰ ਵਿਭਾਗ ਮੁਖੀ ਹਰਨੇਕ ਚੱਕ ਕਰਮਾਂ ਨੇ ਸਟੇਜ ਸੰਚਾਲਨ ਦੀ ਭੂਮਿਕਾ ਬਹੁਤ ਵਧੀਆ ਸੁਚੱਜੇ ਢੰਗ ਨਾਲ ਨਿਭਾਈ। ਮਾਨਸਿਕ ਸਿਹਤ ਵਿਭਾਗ ਮੁਖੀ ਅਮਰਨਾਥ ਵੱਲੋ ਨਾਟਕ ਮੇਲੇ ਵਿੱਚ ਇਕੱਤਰ ਮਹਿਮਾਨਾ ਦਾ ਧੰਨਵਾਦ ਕੀਤਾ। ਹਰਜੀਤ ਸਿੰਘ ਐਸ ਡੀ ਓ, ਪਵਨ ਰੱਤੋ, ਅਨਿਲ ਕੁਮਾਰ ਰਿਟਾਇਰਡ ਰੇਜ ਅਫ਼ਸਰ, ਕਾਮਰੇਡ ਪਵਨ ਕੁਮਾਰ ਚੱਕ ਕਰਮਾ, ਇਕਬਾਲ ਬੇਲਾ, ਹਰਵਿੰਦਰ ਸੁਖਰਾਮਪੁਰ, ਬਹਾਦਰ ਪੁਰਖਾਲੀ, ਗੁਰਦੇਵ ਸਿੰਘ ਬਾਗੀ, ਲਖਵਿੰਦਰ ਕੌਰ, ਸੰਜੀਵ ਕੁਮਾਰ, ਸੁਰਜਨ ਸਿੰਘ, ਅਜੇ ਕੁਮਾਰ ਪਾਵਰ ਕਲੋਨੀ, ਹਰਜਿੰਦਰ ਸਿੰਘ ਆਦਿ ਮੈਂਬਰ ਹਾਜ਼ਰ ਸਨ।

# ਸਾਬਕਾ ਡੀ ਆਈ ਜੀ ਨੇ ਕੀਤਾ ਚੌਧਰੀ ਪਰਵਾਰ ਨਾਲ ਦੁੱਖ ਸਾਂਝਾ



**ਭਲਾਣ (ਹਰਭਜਨ ਸਿੰਘ ਢਿੱਲੋਂ)**-ਸਾਬਕਾ ਡੀ ਆਈ ਜੀ ਦਲਜੀਤ ਸਿੰਘ ਰਾਣਾ ਨੇ ਪੱਤਰਕਾਰ ਚੌਧਰੀ ਧਰਮ ਪਾਲ ਦੇ ਨੌਜਵਾਨ ਭਰਾ ਦੀ ਬੇਵਕਤੀ ਹੋਈ ਮੌਤ ਤੇ ਦੁੱਖ ਦਾ ਪ੍ਰਗਟਾਵਾ ਕਰਨ ਉਨ੍ਹਾਂ ਦੇ ਗ੍ਰਿਹ ਪਹੁੰਚੇ । ਇਸ ਮੌਕੇ ਉਨਾਂ ਕਿਹਾ ਕਿ ਪਰਵਾਰ ਦੇ ਮੈਂਬਰ ਦੀ ਇਸ ਤਰ੍ਹਾਂ ਬੇਵਕਤੀ ਮੌਤ ਹੋਣ ਤੇ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ।ਉਹਨਾਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਉਨ੍ਹਾਂ ਨਾਲ ਕੁਲਦੀਪ ਸਿੰਘ ਸਾਬਕਾ ਸਰਪੰਚ ਭਨਾਮ, ਜ਼ਿਲ੍ਹਾ ਮੀਤ ਪ੍ਰਧਾਨ ਕੰਵਰ ਪੋਸਵਾਲ, ਹਰਪਿੰਦਰ ਸਿੰਘ, ਰਜਿੰਦਰ ਸਿੰਘ ਰਾਣਾ, ਬਲਵੀਰ ਸਿੰਘ ਭੀਰੀ, ਰਮਨ ਜੋਤ ਸਿੰਘ ਗੋਨਾ ਸਾਬਕਾ ਸਰਪੰਚ, ਕੈਪਟਨ ਬਹਾਦਰ ਸਿੰਘ ਬਰੂਵਾਲ ,ਦਲੇਰ ਸਿੰਘ, ਪ੍ਰਦੀਪ ਸਿੰਘ ਕਾਲਾ, ਰਿੰਕੂ ਅੱਤਰੀ, ਦੇਸਰਾਜ ਮੌੜਾ, ਹਰਭਜਨ ਸਿੰਘ ਢਿੱਲੋਂ ਆਦਿ ਹਾਜ਼ਰ ਸਨ।

# 'ਆਪ' ਸਰਕਾਰ ਲੋਕਾਂ ਦੀ ਸਰਕਾਰ ਹੈ : ਕੁਲਵੰਤ ਸਿੰਘ

**ਮੋਹਾਲੀ (ਗੁਰਜੀਤ ਬਿੱਲਾ)**

ਮਹਿਲਾਵਾਂ ਸਿੱਖਿਆ ਦੇ ਨਾਲ- ਨਾਲ ਹਰ ਖੇਤਰ ਫਿਰ ਭਾਵੇਂ ਉਹ ਖੇਡਾਂ ਹੋਣ ਜਾਂ ਫਿਰ ਕੋਈ ਹੋਰ ਖੇਤਰ, ਅੱਗੇ ਵੱਧ ਰਹੀਆਂ ਹਨ ਤੇ ਮੁੰਡਿਆਂ ਤੋਂ ਅਗਾਂਹ ਹੋ ਕੇ ਆਪਣਾ, ਆਪਣੇ ਪਰਵਾਰ ਦਾ ਤੇ ਆਪਣੇ ਪੰਜਾਬ ਦਾ ਨਾਂਅ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਰੋਸ਼ਨ ਕਰ ਰਹੀਆਂ ਹਨ। ਇਹ ਗੱਲ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ। ਉਹਨਾਂ ਕਿਹਾ ਕਿ ਮੋਹਾਲੀ ਨਗਰ ਨਿਗਮ ਚੋਣਾਂ ਨੂੰ ਲੈ ਕੇ ਕੁੱਲ 50 ਵਾਰਡਾਂ ਦੇ ਵਿੱਚੋਂ 50 ਪ੍ਰਤੀਸ਼ਤ ਔਰਤਾਂ ਲਈ ਰਾਖਵਾਂਕਰਨ ਹੋਣ ਦੇ ਚਲਦਿਆਂ 25 ਵਾਰਡਾਂ ਵਿੱਚ ਮਹਿਲਾਵਾਂ ਚੋਣ ਲੜ ਹੀ ਰਹੀਆਂ ਹਨ, ਜਦਕਿ ਤਿੰਨ ਤੋਂ ਪੰਜ ਹੋਰ ਮਹਿਲਾਵਾਂ ਜਿੱਤ ਕੇ ਅਗਾਂਹ ਆ ਜਾਣਗੀਆਂ ਤੇ ਮੇਰਾ ਮੰਨਣਾ ਹੈ ਕਿ ਮੋਹਾਲੀ ਕਾਰਪੋਰੇਸ਼ਨ ਦੇ ਹਾਊਸ ਵਿੱਚ 30 ਬੀਬੀਆਂ ਕੌਂਸਲਰ ਅਤੇ 20 ਪੁਰਸ਼ ਹੋਣਗੇ ਅਤੇ ਇਸ ਗੱਲ ਤੋਂ ਇਹ ਗੱਲ ਸਾਫ ਹੈ ਕਿ ਔਰਤਾਂ ਅੱਜ ਹਰ ਖੇਤਰ ਵਿੱਚ ਤਰੱਕੀ ਕਰ ਰਹੀਆਂ ਹਨ, ਜੋ ਕਿ ਬਹੁਤ ਚੰਗੀ ਗੱਲ ਹੈ। ਇਹ ਗੱਲ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ। ਵਿਧਾਇਕ ਕੁਲਵੰਤ ਸਿੰਘ ਮੋਹਾਲੀ ਨਗਰ ਨਿਗਮ ਚੋਣਾਂ ਨੂੰ ਲੈ ਕੇ ਵੱਖ-ਵੱਖ ਵਾਰਡਾਂ ਦੇ ਵਿੱਚ ਰੱਖੀਆਂ ਗਈਆਂ ਚੋਣ ਇਕੱਤਰਤਾਵਾਂ ਨੂੰ ਸੰਬੋਧਨ ਕਰ ਰਹੇ ਸਨ। ਇਹਨਾਂ ਵਾਰਡਾਂ ਦੇ ਵਿੱਚ ਕਮਲਜੀਤ ਕੌਰ ਪਤਨੀ ਨੰਬਰਦਾਰ ਹਰਸੰਗਤ ਸਿੰਘ ਸੁਹਾਣਾ ਵਾਰਡ ਨੰ. 40, ਕੁਲਦੀਪ ਕੌਰ ਪਤਨੀ ਸੁਖਵੀਰ ਸਿੰਘ ਵਾਰਡ ਨੰ. 37, ਹਰਪਾਲ ਸਿੰਘ ਬਰਾੜ ਵਾਰਡ ਨੰ. 50, ਕੁਲਵਿੰਦਰ ਕੌਰ ਪਤਨੀ ਸਤਨਾਮ ਸਿੰਘ ਸਰਪੰਚ ਵਾਰਡ ਨੰ. 49 ਸ਼ਾਮਿਲ ਹਨ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਆਮ ਲੋਕਾਂ ਦੀ ਬਿਹਤਰੀ ਅਤੇ ਭਲਾਈ ਦੇ ਲਈ ਵੱਡੇ ਪੱਧਰ ਤੇ ਸਕੀਮਾਂ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ।



ਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕੁਲਦੀਪ ਸਿੰਘ ਸਮਾਣਾ, ਗੁਰਪਾਲ ਸਿੰਘ ਗਰੇਵਾਲ, ਹਰਪਾਲ ਸਿੰਘ ਬਰਾੜ, ਅਮਰਜੀਤ ਸਿੰਘ ਸਿੱਧੂ,ਸੁਰਿੰਦਰ ਸਿੰਘ ਰੋਡਾ, ਰੁਪਿੰਦਰ ਸਿੰਘ ਰੂਪਾ, ਜਗਦੀਸ਼ ਸਿੰਘ ਗਿੱਲ, ਬਲਦੇਵ ਸਿੰਘ ਗਿੱਲ, ਬਲਵਿੰਦਰ ਸਿੰਘ, ਪ੍ਰੇਮ ਸਿੰਘ, ਮੇਜਰ ਸਿੰਘ, ਪ੍ਰੈਸ ਸਿੰਘ ਨੰਬਰਦਾਰ, ਸਰਬਜੀਤ ਸਿੰਘ, ਭਪਿੰਦਰ ਸਿੰਘ ਸੋਹਲ, ਲਾਭ ਸਿੰਘ, ਪਰਮਜੀਤ ਸਿੰਘ ਮਾਵੀ, ਸ਼ਰਨਜੀਤ ਕੌਰ ਬਾਲਕ ਪ੍ਰਧਾਨ, ਤਰਲੋਚਨ ਸਿੰਘ ਮਟੌਰ, ਦਲਜੀਤ ਕੌਰ ਕੁੱਕੀ, ਭਿੱਖੀ ਔਲੇਖ ਪ੍ਰਧਾਨ ਰੈਜੀਡੈਂਟ ਵੈਲਫੇਅਰ ਐਸੋਸੀਏਸ਼ਨ, ਅਕਬਿੰਦਰ ਸਿੰਘ ਗੋਸਲ, ਬਲਜੀਤ ਸਿੰਘ ਵਿੱਕੀ, ਰੀਟਾ ਬਲੌਂਗੀ, ਰਾਮ ਕੁਮਾਰ ਰਵੀ, ਸਰਬਜੀਤ ਕੌਰ ਪੰਚ, ਸਮਿੰਦਰ ਕੰਗ ਪੰਚ, ਗਿਰੀ ਨਾਥ ਝਾਅ, ਰਣਜੀਤ ਸੈਣੀ ਵੀ ਹਾਜ਼ਰ ਸਨ।

# ਵਿਰਾਸਤ ਦਾ ਸਰਪ੍ਰਸਤ ਬਣਿਆ ਗਿਆਨ ਭਾਰਤਮ ਮਿਸ਼ਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਨੇ 'ਗਿਆਨ ਭਾਰਤਮ ਮਿਸ਼ਨ' ਤਹਿਤ ਹੁਣ ਤੱਕ ਕੁੱਲ 27,587 ਪਾਂਡੁਲਿਪੀਆਂ ਅਪਲੋਡ ਕੀਤੀਆਂ ਹਨ। ਇਹ ਰਾਜ ਦੀ ਅਮੀਰ ਬੌਧਿਕ, ਸੱਭਿਆਚਾਰਕ ਅਤੇ ਦਸਤਾਵੇਜ਼ੀ ਵਿਰਾਸਤ ਦੀ ਸਰੰਖਣ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੈ।ਰਾਸ਼ਟਰੀ ਪਾਂਡੁਲਿਪੀਆਂ ਸਰਵੇਖਣ ਦੀ ਪ੍ਰਗਤੀ ਦੀ ਸਮੀਖਿਆ ਕਰਦਿਆਂ ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਕਿਹਾ ਕਿ ਪਾਂਡੁਲਿਪੀਆਂ ਦਾ ਸਰੰਖਣ ਸਿਰਫ਼ ਅਭਿਲੇਖੀਕਰਨ ਤੱਕ ਹੀ ਸੀਮਤ ਨਹੀਂ ਹੈ, ਸਗੋਂ ਇਹ ਸਦੀਆਂ ਪੁਰਾਣੇ ਗਿਆਨ, ਪਰੰਪਰਾਵਾਂ ਅਤੇ ਸੱਭਿਆਚਾਰਕ ਮੁੱਲਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਣ ਦਾ ਇੱਕ ਮਹੱਤਵਪੂਰਨ ਯਤਨ ਹੈ। ਉਨ੍ਹਾਂ ਕਿਹਾ ਕਿ ਅਜਿਹੀ ਪਹਿਲ ਭਾਰਤ ਦੀ ਅਮੀਰ ਬੌਧਿਕ ਵਿਰਾਸਤ ਨੂੰ ਸੰਭਾਲਣ ਦੇ ਨਾਲ-ਨਾਲ ਖੋਜਕਾਰਾਂ ਅਤੇ ਵਿਦਵਾਨਾਂ ਲਈ ਇਸ ਨੂੰ ਹੋਰ ਸੁਲਭ ਬਣਾਵੇਗੀ।

# ਪੰਜਾਬ ਦੇ ਸਰਬਪੱਖੀ ਵਿਕਾਸ ਲਈ ਬਸਪਾ ਉਮੀਦਵਾਰਾਂ ਨੂੰ ਜਿਤਾਓ : ਦਲਜੀਤ ਰਾਏ, ਮਨਿੰਦਰ ਸ਼ੇਰਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**

ਬਹੁਜਨ ਸਮਾਜ ਪਾਰਟੀ ਵਲੋਂ ਮੁਕੇਰੀਆਂ ਵਿਖੇ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਜ਼ਿਲਾ ਪ੍ਰਧਾਨ ਦਲਜੀਤ ਰਾਏ, ਪੰਜਾਬ ਸਕੱਤਰ ਮਨਿੰਦਰ ਸ਼ੇਰਪੁਰੀ ਦੀ ਅਗਵਾਈ ਹੇਠ ਚੋਣ ਪ੍ਰਚਾਰ ਮੁਹਿੰਮ ਨੂੰ ਤੇਜ਼ ਕਰਦਿਆਂ ਡੋਰ ਟੂ ਡੋਰ ਪ੍ਰਚਾਰ ਕੀਤਾ ਅਤੇ ਹਾਥੀ ਨਿਸ਼ਾਨ ਤੇ ਮੋਹਰਾਂ ਲਾ ਕੇ ਬਸਪਾ ਉਮੀਦਵਾਰਾਂ ਨੂੰ ਜਿਤਾਉਣ ਦੀ ਅਪੀਲ ਕੀਤੀ। 26 ਮਈ ਨੂੰ ਹੋਣ ਜਾ ਰਹੀਆਂ ਮਿਊਂਸੀਪਲ ਕਮੇਟੀ (ਨਗਰ ਕੌਂਸਲ) ਦੀਆਂ ਚੋਣਾਂ ਨੂੰ ਲੈ ਕੇ ਚੋਣ ਪ੍ਰਚਾਰ ਨੂੰ ਤੇਜ਼ ਕਰਨ ਲਈ ਮੁਕੇਰੀਆਂ ਯੂਨਿਟ ਦੀ ਲੀਡਰਸ਼ਿਪ ਵੀ ਹਾਜ਼ਰ ਸੀ। ਇਸ ਮੌਕੇ ਵਾਰਡ ਦੇ ਲੋਕਾਂ ਨਾਲ ਗੱਲ ਕਰਦਿਆਂ ਦਲਜੀਤ ਰਾਏ,ਮਨਿੰਦਰ ਸ਼ੇਰਪੁਰੀ ਨੇ ਪਾਰਟੀ ਦੇ ਸਮੂਹ ਆਗੂਆਂ, ਵਰਕਰਾਂ ਅਤੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਦਾ ਸਰਬਪੱਖੀ ਵਿਕਾਸ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦਿਵਾਉਣਾ ਬਸਪਾ ਦੀ ਮੁੱਖ ਤਰਜੀਹ ਹੈ। ਉਨਾਂ 'ਪੰਜਾਬ ਸੰਭਾਲੋ ਮੁਹਿੰਮ' ਦਾ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਪੰਜਾਬ ਨੂੰ ਬਚਾਉਣ ਅਤੇ ਸੂਬੇ ਦੇ ਹੱਕਾਂ ਦੀ ਰਾਖੀ ਲਈ ਬਸਪਾ ਦਾ ਮਜ਼ਬੂਤ ਹੋਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਮੁਕੇਰੀਆਂ ਦੇ ਸੂਝਵਾਨ ਵੋਟਰਾਂ ਨੂੰ ਸੱਦਾ ਦਿੱਤਾ ਕਿ ਸ਼ਹਿਰ ਦੇ ਵਿਕਾਸ ਅਤੇ ਖੁਸ਼ਹਾਲੀ ਲਈ ਆਉਣ ਵਾਲੀ 26 ਮਈ ਨੂੰ ਬਹੁਜਨ ਸਮਾਜ ਪਾਰਟੀ ਦੇ ਹੱਕ ਵਿੱਚ ਫਤਵਾ ਦੇਣ ਅਤੇ ਪਾਰਟੀ ਦੇ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਨਗਰ ਕੌਂਸਲ ਵਿੱਚ ਭੇਜਣ। ਇਸ ਮੌਕੇ ਸੁਰਜੀਤ ਮਹਿਮੀ ਪ੍ਰਧਾਨ ਹੁਸ਼ਿਆਰਪੁਰ ਵਿਧਾਨ ਸਭਾ ਅਤੇ ਮੁਕੇਰੀਆਂ ਹਲਕੇ ਦੇ ਆਗੂ ਭਾਰੀ ਗਿਣਤੀ ਵਿੱਚ ਹਾਜ਼ਰ ਸਨ।



# ਮਹਾਂਰਿਸ਼ੀ ਕਸ਼ਯਪ ਜਯੰਤੀ ਦੇ ਮੌਕੇ 'ਤੇ ਰਾਜ ਪੱਧਰੀ ਸਮਾਗਮ ਕਰਵਾਇਆ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਲਾਨ ਕੀਤਾ ਕਿ ਕੈਥਲ ਵਿੱਚ ਮਹਾਰਿਸ਼ੀ ਕਸ਼ਯਪ ਦੇ ਨਾਂਅ 'ਤੇ ਧਰਮਸ਼ਾਲਾ ਬਣਾਉਣ ਲਈ ਸਮਾਜ ਵੱਲੋਂ ਪ੍ਰਸਤਾਵ ਦੇਣ 'ਤੇ ਉਚਿਤ ਸਥਾਨ ਉਪਲਬਧ ਕਰਵਾਇਆ ਜਾਵੇਗਾ ਅਤੇ ਇੰਦਰੀ ਵਿੱਚ ਮਹਾਰਿਸ਼ੀ ਕਸ਼ਯਪ ਦੇ ਨਾਂਅ 'ਤੇ ਚੌਕ ਦਾ ਨਾਮਕਰਨ ਕਰਕੇ ਉੱਥੇ ਮਹਾਰਿਸ਼ੀ ਕਸ਼ਯਪ ਦੀ ਸ਼ਾਨਦਾਰ ਮੂਰਤੀ ਸਥਾਪਿਤ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਕੁਰੂਕਸ਼ੇਤਰ ਯੂਨੀਵਰਸਿਟੀ ਵਿੱਚ ਮਹਾਰਿਸ਼ੀ ਕਸ਼ਯਪ ਦੇ ਨਾਂਅ 'ਤੇ ਚੇਅਰ ਸਥਾਪਿਤ ਕਰਨ ਲਈ ਉਚਿਤ ਫੰਡ ਉਪਲਬਧ ਕਰਵਾਇਆ ਜਾਵੇਗਾ।ਨਾਇਬ ਸਿੰਘ ਸੈਣੀ ਚੰਡੀਗੜ੍ਹ ਵਿੱਚ ਸੰਤ ਕਬੀਰ ਕੁਟੀਰ ਵਿਖੇ ਮਹਾਰਿਸ਼ੀ ਕਸ਼ਯਪ ਜਯੰਤੀ ਦੇ ਮੌਕੇ 'ਤੇ ਆਯੋਜਿਤ ਰਾਜ-ਪੱਧਰੀ ਸਮਾਗਮ ਨੂੰ ਸੰਬੋਧਿਤ ਕਰ ਰਹੇ ਸਨ।ਉਨ੍ਹਾਂ ਮਹਾਰਿਸ਼ੀ ਕਸ਼ਯਪ ਨੂੰ ਨਮਨ ਕਰਦੇ ਹੋਏ ਕਿਹਾ ਕਿ ਮਹਾਰਿਸ਼ੀ ਕਸ਼ਯਪ ਮਹਾਨ ਪਰਉਪਕਾਰੀ ਤੇ ਪ੍ਰਜਾਪਾਲਕ ਸਨ। ਉਨ੍ਹਾਂ ਨੇ ਸਮਾਜ ਨੂੰ ਇੱਕ ਨਵੀਂ ਦਿਸ਼ਾ ਦੇਣ ਲਈ ਸਮ੍ਰਿਤੀ ਗ੍ਰੰਥ ਅਤੇ ਕਸ਼ਯਪ ਸੰਹਿਤਾ ਵਰਗੇ ਮਹਾਨ ਗ੍ਰੰਥਾਂ ਦੀ ਰਚਨਾ ਕੀਤੀ। ਉਨ੍ਹਾਂ ਕਸ਼ਯਪ ਸਮਾਜ ਦੇ ਇਤਿਹਾਸ ਨੂੰ ਗੌਰਵਪੂਰਨ ਦੱਸਦਿਆਂ ਕਿਹਾ ਕਿ ਇਸ ਸਮਾਜ ਨੇ ਰਾਮਾਇਣ ਕਾਲ ਵਿੱਚ ਨਿਸ਼ਾਦ ਵਰਗੇ ਬਲਸ਼ਾਲੀ ਰਾਜੇ ਦਿੱਤੇ। ਰਾਜਾ ਨਿਸ਼ਾਦ ਨੇ ਹੀ ਬਨਵਾਸ ਦੇ ਸਮੇਂ ਪ੍ਰਭੂ ਸ੍ਰੀ ਰਾਮਚੰਦਰ ਨੂੰ ਆਪਣੇ ਇੱਥੇ ਆਸਰਾ ਦਿੱਤਾ ਸੀ। ਭਗਤ ਪ੍ਰਹਿਲਾਦ ਵੀ ਇਸੇ ਸਮਾਜ ਦੀ ਦੇਣ ਹਨ। ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪੰਜ ਪਿਆਰਿਆਂ ਵਿੱਚ ਭਾਈ ਹਿੰਮਤ ਸਿੰਘ ਕਸ਼ਯਪ ਜੀ ਇਸੇ ਸਮਾਜ ਵਿੱਚੋਂ ਸਨ।

# ਹੋਣਹਾਰ ਵਿਦਿਆਰਥੀਆਂ ਦੇ ਸਨਮਾਨ ਲਈ ਸਮਾਰੋਹ ਕਰਵਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਇਲਾਕੇ ਦੀ ਪ੍ਰਮੁੱਖ ਵਿਦਿਅਕ ਸੰਸਥਾ 'ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ' ਡੇਰਾਬੱਸੀ ਵਿਖੇ ਇੱਕ ਵਿਸ਼ੇਸ਼ ਤੇ ਸ਼ਾਨਦਾਰ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਹ ਸਮਾਰੋਹ ਬੋਰਡ ਦੀਆਂ ਦਸਵੀਂ ਤੇ ਬਾਰ੍ਹਵੀਂ ਜਮਾਤ ਦੀਆਂ ਸਾਲਾਨਾ ਪ੍ਰੀਖਿਆਵਾਂ ਵਿੱਚੋਂ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਹਾਸਲ ਕਰਨ ਵਾਲੇ ਅਤੇ ਸਕੂਲ ਦਾ ਨਾਂਅ ਰੌਸ਼ਨ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਨ ਲਈ ਉਚੇਚੇ ਤੌਰ 'ਤੇ ਉਲੀਕਿਆ ਗਿਆ ਸੀ। ਇਸ ਦੌਰਾਨ ਸਕੂਲ ਦੇ ਕੈਂਪਸ ਵਿੱਚ ਹਰ ਪਾਸੇ ਮਾਣ, ਖੁਸ਼ੀ ਅਤੇ ਜਸ਼ਨ ਦਾ ਮਾਹੌਲ ਦੇਖਣ ਨੂੰ ਮਿਲਿਆ, ਜਿੱਥੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਦੇ ਚਿਹਰਿਆਂ 'ਤੇ ਸਫਲਤਾ ਦੀ ਚਮਕ ਸਾਫ਼ ਦਿਖਾਈ ਦੇ ਰਹੀ ਸੀ। ?ਇਸ ਪ੍ਰਭਾਵਸ਼ਾਲੀ ਸਮਾਗਮ ਵਿੱਚ ਸਕੂਲ ਦੀ ਪ੍ਰਬੰਧਕੀ ਕਮੇਟੀ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੀ ਪ੍ਰਧਾਨਗੀ ਸਕੂਲ ਦੇ ਮਾਣਯੋਗ ਚੇਅਰਮੈਨ ਗੁਰਦੀਪ ਸਿੰਘ ਚਹਿਲ ਨੇ ਕੀਤੀ। ਉਨ੍ਹਾਂ ਦੇ ਨਾਲ ਸਕੂਲ ਦੀ ਪ੍ਰਿੰਸੀਪਲ ਡਾ. ਬਸੁੰਧਰਾ, ਸਤਿਕਾਰਯੋਗ ਮੈਨੇਜਮੈਂਟ ਮੈਂਬਰ ਡਾ. ਬਰਖਾਰਾਮ ਅਤੇ ਸਕੂਲ ਦਾ ਸਮੁੱਚਾ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਵਿਸ਼ੇਸ਼ ਰੂਪ ਵਿੱਚ ਹਾਜ਼ਰ ਰਿਹਾ। ਆਏ ਹੋਏ ਮਹਿਮਾਨਾਂ ਦਾ ਸਕੂਲ ਪ੍ਰਸ਼ਾਸਨ ਅਤੇ ਵਿਦਿਆਰਥੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ?ਸਮਾਰੋਹ ਦੌਰਾਨ ਉਨ੍ਹਾਂ ਸਾਰੇ ਹੋਣਹਾਰ ਵਿਦਿਆਰਥੀਆਂ ਨੂੰ ਮੰਚ 'ਤੇ ਬੁਲਾ ਕੇ ਸਨਮਾਨਤ ਕੀਤਾ ਗਿਆ, ਜਿਨ੍ਹਾਂ ਨੇ ਬੋਰਡ ਪ੍ਰੀਖਿਆਵਾਂ ਵਿੱਚ ਮੈਰਿਟ ਸੂਚੀ ਤੇ ਸਰਵੋਤਮ ਅੰਕਾਂ ਵਿੱਚ ਆਪਣਾ ਨਾਂਅ ਦਰਜ ਕਰਵਾਇਆ ਹੈ। ਤਾੜੀਆਂ ਦੀ ਗੂੰਜ ਵਿੱਚ ਚੇਅਰਮੈਨ ਗੁਰਦੀਪ ਸਿੰਘ ਚਹਿਲ, ਪ੍ਰਿੰਸੀਪਲ ਡਾ. ਬਸੁੰਧਰਾ ਅਤੇ ਡਾ. ਬਰਖਾਰਾਮ ਵੱਲੋਂ ਵਿਦਿਆਰਥੀਆਂ ਨੂੰ ਵਿਸ਼ੇਸ਼ ਸਰਟੀਫਿਕੇਟ ਅਤੇ ਯਾਦਗਾਰੀ ਚਿੰਨ੍ਹ (ਟਰਾਫੀਆਂ) ਭੇਟ ਕੀਤੇ ਗਏ।ਮੈਨੇਜਮੈਂਟ ਮੈਂਬਰ ਡਾ. ਬਰਖਾਰਾਮ ਨੇ ਵੀ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।




# ਸਾਲਾਨਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)**

ਦਰਬਾਰ ਪੰਜ ਪੀਰ ਸਰਕਾਰ ਪਿੰਡ ਲੰਗੇਰੀ-ਲੱਖਪੁਰ ਵਿਖੇ ਸਾਲਾਨਾ ਜੋੜ ਮੇਲਾ ਗੱਦੀ ਨਸ਼ੀਨ ਬਾਬਾ ਬਿੱਲੇ ਸ਼ਾਹ ਦੀ ਰਹਿਨੁਮਾਈ, ਗ੍ਰਾਮ ਪੰਚਾਇਤ ਲੰਗੇਰੀ, ਗ੍ਰਾਮ ਪੰਚਾਇਤ ਲੱਖਪੁਰ ਤੇ ਐਨ ਆਰ ਆਈ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।



ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਝੰਡੇ ਦੀ ਰਸਮ ਅਦਾ ਕੀਤੀ ਗਈ। ਸ਼ਾਮ ਨੂੰ ਮਹਿੰਦੀ ਦੀ ਰਸਮ ਅਦਾ ਕੀਤੀ ਗਈ ਉਪਰੰਤ ਕਵਾਲ ਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਮੇਲੇ ਦੇ ਦੂਸਰੇ ਦਿਨ ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਬਲਰਾਜ ਬਿਲਗਾ, ਕੌਰ ਸਿਸਟਰਜ਼, ਲੋਵਿਸ਼ ਚੌਹਾਨ, ਕੇ ਐਸ ਮਹਿਮੀ-ਸੋਨੀਆ ਮਹਿਮੀ, ਸਾਬਰੀ ਸਾਬ ਆਦਿ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਇੰਟਰਨੈਸ਼ਨਲ ਆਵਾਜ਼ ਬਲਰਾਜ ਬਿਲਗਾ ਨੇ ਧਾਰਮਿਕ ਤੇ ਸੱਭਿਆਚਾਰ ਗੀਤਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਗੱਦੀ ਨਸ਼ੀਨ ਬਾਬਾ ਬਿੱਲੇ ਸ਼ਾਹ ਤੇ ਪ੍ਰਬੰਧਕਾਂ ਵੱਲੋਂ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ।ਇਸ ਮੌਕੇ ਬਾਬਾ ਬਿੱਲੇ ਸ਼ਾਹ, ਸਾਈਂ ਸੁਖਵੀਰ ਸ਼ਾਹ ਕਾਦਰੀ ਗੱਦੀ ਨਸ਼ੀਨ ਬਾਬਾ ਲੱਖ ਦਾਤਾ ਦਰਬਾਰ ਲੰਗੇਰੀ, ਬਾਬਾ ਅਮਰਜੀਤ, ਬਾਬਾ ਰੋਸ਼ਨ ਸ਼ਾਹ ਕਾਦਰੀ, ਬਾਬਾ ਦਲਵੀਰ ਚੰਦ ਲੰਗੇਰੀ, ਸੰਤ ਬੀਬੀ ਹਰਜੀਤ ਕੌਰ, ਬਾਬਾ ਗੁਰਨਾਮ ਦਾਸ, ਦਵਿੰਦਰ ਕੁਮਾਰ, ਸ੍ਰੀ ਰਾਮ ਜੀ, ਰਾਮ ਕ੍ਰਿਸ਼ਨ, ਜਸਵਿੰਦਰ ਸਿੰਘ ਰਾਣੂ, ਮਨਜਿੰਦਰ ਸਿੰਘ, ਸਰਪੰਚ ਅਮਨਦੀਪ ਸਿੰਘ ਲੰਗੇਰੀ, ਸਰਪੰਚ ਜਗਨਨਾਥ ਲੱਖਪੁਰ, ਸੋਹਣ ਸਿੰਘ ਸਾਧਪੁਰੀ ਨੰਬਰਦਾਰ, ਹਿਰਦੇਜੀਤ ਸਿੰਘ ਸਾਧਪੁਰੀ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਡਾ. ਇਸ਼ਾਂਕ ਕੁਮਾਰ ਨੇ 600 ਲਾਭਪਾਤਰੀ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**

ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਨੂੰ ਮਹੱਤਵਪੂਰਨ ਰਾਹਤ ਪ੍ਰਦਾਨ ਕਰਦੇ ਹੋਏ ਅਤੇ ਭੋਜਨ ਸੁਰੱਖਿਆ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਚੱਬੇਵਾਲ ਵਿਧਾਨ ਸਭਾ ਹਲਕੇ ਵਿੱਚ ਪੰਜਾਬ ਸਰਕਾਰ ਦੀ ਮਹੱਤਵਪੂਰਨ 'ਮੇਰੀ ਰਸੋਈ ਯੋਜਨਾ' ਦੀ ਸ਼ੁਰੂਆਤ ਕੀਤੀ, ਜਿਸ ਵਿੱਚ ਪਿੰਡ ਚੱਬੇਵਾਲ ਅਤੇ ਅਜਨੋਹਾ ਦੇ ਲਗਭਗ 600 ਲਾਭਪਾਤਰੀ ਪਰਵਾਰਾਂ ਨੂੰ ਮੁਫਤ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਵਿਧਾਇਕ ਨੇ ਚੱਬੇਵਾਲ ਵਿੱਚ ਲਗਭਗ 250 ਅਤੇ ਅਜਨੋਹਾ ਵਿੱਚ 350 ਲਾਭਪਾਤਰੀ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ। ਉਨ੍ਹਾਂ ਦੱਸਿਆ ਕਿ ਹਲਕੇ ਦੇ ਸਾਰੇ ਯੋਗ ਲਾਭਪਾਤਰੀਆਂ ਨੂੰ 30 ਜੂਨ ਤੱਕ ਇਸ ਯੋਜਨਾ ਦਾ ਲਾਭ ਪਹੁੰਚਦਾ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਚੱਬੇਵਾਲ ਪੰਜਾਬ ਦੇ ਚੋਣਵੇਂ ਹਲਕਿਆਂ ਦੇ ਸਮੂਹ ਵਿੱਚ ਸ਼ਾਮਲ ਹੋ ਗਿਆ ਹੈ ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਹਾਲ ਹੀ ਵਿੱਚ ਸ਼ੁਰੂ ਕੀਤੀ ਗਈ ਇਸ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨਾ ਸ਼ੁਰੂ ਹੋ ਗਿਆ ਹੈ।ਇਸ ਮੌਕੇ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ 'ਮੇਰੀ ਰਸੋਈ ਯੋਜਨਾ' ਦਾ ਉਦੇਸ਼ ਗਰੀਬ ਅਤੇ ਮੱਧ ਵਰਗੀ ਪਰਵਾਰਾਂ 'ਤੇ ਵਧ ਰਹੇ ਰਸੋਈ ਖਰਚਿਆਂ ਦੇ ਬੋਝ ਨੂੰ ਘਟਾਉਣਾ ਅਤੇ ਔਰਤਾਂ ਅਤੇ ਬੱਚਿਆਂ ਨੂੰ ਬਿਹਤਰ ਪੋਸ਼ਣ ਪ੍ਰਦਾਨ ਕਰਨਾ ਹੈ। ਇਸ ਯੋਜਨਾ ਦੇ ਤਹਿਤ, ਹਰੇਕ ਲਾਭਪਾਤਰੀ ਪਰਿਵਾਰ ਨੂੰ ਇੱਕ ਵਿਸ਼ੇਸ਼ ਰਾਸ਼ਨ ਕਿੱਟ ਮਿਲੇਗੀ ਜਿਸ ਵਿੱਚ 2 ਕਿਲੋ ਛੋਲਿਆਂ ਦੀ ਦਾਲ, 2 ਕਿਲੋ ਖੰਡ, 1 ਕਿਲੋ ਆਇਓਡੀਨ ਵਾਲਾ ਨਮਕ, 200 ਗ੍ਰਾਮ ਹਲਦੀ ਅਤੇ 1 ਲੀਟਰ ਸਰ੍ਹੋਂ ਦਾ ਤੇਲ ਹੋਵੇਗਾ। ਇਹ ਕਿੱਟਾਂ ਸਾਲ ਵਿੱਚ ਚਾਰ ਵਾਰ ਯੋਗ ਪਰਿਵਾਰਾਂ ਨੂੰ ਵੰਡੀਆਂ ਜਾਣਗੀਆਂ।ਉਨ੍ਹਾਂ ਕਿਹਾ, 'ਇਹ ਯੋਜਨਾ ਸਿਰਫ਼ ਰਾਸ਼ਨ ਵੰਡ ਤੱਕ ਹੀ ਸੀਮਿਤ ਨਹੀਂ ਹੈ, ਸਗੋਂ ਵਧਦੀ ਮਹਿੰਗਾਈ ਦੇ ਵਿਚਕਾਰ ਪਰਵਾਰਾਂ ਨੂੰ ਸਨਮਾਨ ਅਤੇ ਪੋਸ਼ਣ ਸੁਰੱਖਿਆ ਪ੍ਰਦਾਨ ਕਰਨ ਦੀ ਕੋਸ਼ਿਸ਼ ਹੈ।' ਇਸ ਮੌਕੇ ਕਈ ਪਾਰਟੀ ਅਧਿਕਾਰੀ, ਵਲੰਟੀਅਰ, ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਕਮੇਟੀ ਮੈਂਬਰ, ਸਰਪੰਚ, ਪੰਚ ਅਤੇ ਵੱਡੀ ਗਿਣਤੀ ਵਿੱਚ ਲਾਭਪਾਤਰੀ ਮੌਜੂਦ ਸਨ।

# ਨਗਰ ਕੌਂਸਲ ਚੋਣਾਂ ਲਈ ਪੋਲਿੰਗ ਪਾਰਟੀਆਂ ਰਵਾਨਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੀਆਂ ਚੋਣਾਂ ਨੂੰ ਲੈ ਕੇ ਪ੍ਰਸ਼ਾਸਨ ਵੱਲੋਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਉਪ ਮੰਡਲ ਮੈਜਿਸਟ੍ਰੇਟ ਸੁਖਪਾਲ ਸਿੰਘ ਨੇ ਦੱਸਿਆ ਕਿ ਕੁੱਲ 13 ਵਾਰਡਾਂ ਵਿੱਚੋਂ 12 ਵਾਰਡਾਂ ਵਿੱਚ 26 ਮਈ ਨੂੰ ਵੋਟਿੰਗ ਕਰਵਾਈ ਜਾਵੇਗੀ, ਜਦੋਂਕਿ ਇੱਕ ਵਾਰਡ ਵਿੱਚ ਕੌਂਸਲਰ ਦੀ ਚੋਣ ਨਿਰਵਿਰੋਧ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸ਼ਾਂਤੀਪੂਰਨ ਢੰਗ ਨਾਲ ਅੰਜਾਮ ਦੇਣ ਲਈ ਹਰ ਪੱਖ ਤੋਂ ਯੋਗ ਬੰਦੋਬਸਤ ਕੀਤੇ ਗਏ ਹਨ।ਰਿਟਰਨਿੰਗ ਅਫਸਰ ਸੰਦੀਪ ਕੁਮਾਰ ਨੇ ਦੱਸਿਆ ਕਿ ਵੋਟਿੰਗ ਲਈ ਪੋਲਿੰਗ ਪਾਰਟੀਆਂ ਨੂੰ ਰਵਾਨਾ ਕਰ ਦਿੱਤਾ ਗਿਆ ਹੈ ਤੇ ਸਾਰੇ ਪੋਲਿੰਗ ਬੂਥਾਂ 'ਤੇ ਜ਼ਰੂਰੀ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਹਰ ਬੂਥ 'ਤੇ ਸੁਰੱਖਿਆ ਪ੍ਰਬੰਧਾਂ ਦੇ ਨਾਲ-ਨਾਲ ਵੋਟਰਾਂ ਦੀ ਸਹੂਲਤ ਲਈ ਪੀਣ ਵਾਲਾ ਪਾਣੀ, ਬੈਠਕ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਯਕੀਨੀ ਬਣਾਈਆਂ ਗਈਆਂ ਹਨ।ਐੱਸ ਡੀ ਐੱਮ ਤੇ ਤਹਿਸੀਲਦਾਰ ਕਮ ਰਿਟਰਨਿੰਗ ਅਫਸਰ ਵੱਲੋਂ ਪੋਲਿੰਗ ਪਾਰਟੀਆਂ ਨੂੰ ਚੋਣ ਪ੍ਰਕਿਰਿਆ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪੂਰੀ ਪਾਲਣਾ ਕਰਨ ਅਤੇ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾਉਣ। ਇਸ ਤੋਂ ਇਲਾਵਾ, ਕਿਸੇ ਵੀ ਅਸਧਾਰਣ ਸਥਿਤੀ ਨਾਲ ਨਿਪਟਣ ਲਈ ਵੀ ਪੋਲਿੰਗ ਸਟਾਫ ਨੂੰ ਤਿਆਰ ਰਹਿਣ ਲਈ ਕਿਹਾ ਗਿਆ ਹੈ।ਪ੍ਰਸ਼ਾਸਨ ਵੱਲੋਂ ਚੋਣਾਂ ਦੌਰਾਨ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਵੀ ਵਿਸ਼ੇਸ਼ ਇੰਤਜ਼ਾਮ ਕੀਤੇ ਗਏ ਹਨ। ਪੁਲਿਸ ਅਤੇ ਹੋਰ ਸੁਰੱਖਿਆ ਏਜੰਸੀਆਂ ਨੂੰ ਤਾਇਨਾਤ ਕੀਤਾ ਗਿਆ ਹੈ ਤਾਂ ਜੋ ਵੋਟਿੰਗ ਦੌਰਾਨ ਕਿਸੇ ਵੀ ਤਰ੍ਹਾਂ ਦੀ ਗੜਬੜ ਨਾ ਹੋਵੇ। ਸੰਵੇਦਨਸ਼ੀਲ ਇਲਾਕਿਆਂ 'ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾਵੇਗੀ ਅਤੇ ਉੱਥੇ ਵਾਧੂ ਫੋਰਸ ਤਾਇਨਾਤ ਕੀਤੀ ਗਈ ਹੈ।



# ਤਲਵੰਡੀ ਪੁਲ ਚੌਕ ਤੋਂ ਐੱਮ ਐੱਲ ਏ ਰਾਣਾ ਨੇ ਸਮਾਪਤ ਕੀਤਾ ਧਰਨਾ, ਪ੍ਰਸ਼ਾਸਨ ਦਾ ਕੀਤਾ ਧੰਨਵਾਦ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸੁਲਤਾਨਪੁਰ ਲੋਧੀ ਵਿੱਚ ਹੋਏ ਸਿਆਸੀ ਟਕਰਾਅ ਤੋਂ ਬਾਅਦ ਸ਼ੁਰੂ ਹੋਇਆ ਵਿਵਾਦ ਹੁਣ ਕੁਝ ਹੱਦ ਤੱਕ ਠੰਢਾ ਪੈਂਦਾ ਨਜ਼ਰ ਆ ਰਿਹਾ ਹੈ। ਥਾਣਾ ਸੁਲਤਾਨਪੁਰ ਲੋਧੀ ਅੱਗੇ ਸ਼ੁਰੂ ਕੀਤਾ ਗਿਆ ਧਰਨਾ ਬਾਅਦ ਵਿੱਚ ਤਲਵੰਡੀ ਪੁੱਲ ਚੌਂਕ ਵਿਖੇ ਸ਼ਿਫਟ ਕਰ ਦਿੱਤਾ ਗਿਆ ਸੀ, ਜਿਸ ਨੂੰ ਹੁਣ ਸਮਾਪਤ ਕਰ ਦਿੱਤਾ ਗਿਆ ਹੈ।

ਧਰਨਾ ਸਮਾਪਤ ਕਰਨ ਮੌਕੇ ਹਲਕਾ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਕਿਹਾ ਕਿ ਉਹ ਆਪਣੇ ਨੌਜਵਾਨ ਸਾਥੀਆਂ ਨਾਲ ਹੋ ਰਹੀ ਧੱਕੇਸ਼ਾਹੀ ਦੇ ਵਿਰੋਧ ਵਿੱਚ ਸੜਕਾਂ 'ਤੇ ਉਤਰੇ ਸਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਅਤੇ ਪ੍ਰਸ਼ਾਸਨ ਨਾਲ ਹੋਈ ਗੱਲਬਾਤ ਤੋਂ ਬਾਅਦ ਧਰਨਾ ਖਤਮ ਕਰਨ ਦਾ ਫੈਸਲਾ ਲਿਆ ਗਿਆ ਹੈ। ਰਾਣਾ ਨੇ ਕਿਹਾ ਕਿ ਉਹ ਪ੍ਰਸ਼ਾਸਨ ਦਾ ਧੰਨਵਾਦ ਕਰਦੇ ਹਨ ਜਿਨ੍ਹਾਂ ਵੱਲੋਂ ਮਾਮਲੇ ਨੂੰ ਗੰਭੀਰਤਾ ਨਾਲ ਸੁਣਿਆ ਗਿਆ ਤੇ ਨਿਰਪੱਖ ਜਾਂਚ ਦਾ ਭਰੋਸਾ ਦਿੱਤਾ ਗਿਆ।ਉਧਰ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਨੇ ਵੀ ਮਾਮਲੇ 'ਤੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਗੰਦੀ ਸਿਆਸਤ ਕਾਰਨ ਕੁਝ ਨੌਜਵਾਨ ਗੁਮਰਾਹ ਹੋ ਗਏ ਹਨ ਅਤੇ ਹੁਣ ਉਹਨਾਂ ਦੇ ਮਾਪਿਆਂ ਦਾ ਦਰਦ ਦੇਖਿਆ ਨਹੀਂ ਜਾ ਰਿਹਾ। ਉਹਨਾਂ ਕਿਹਾ ਕਿ ਰਾਜਨੀਤੀ ਤੋਂ ਉੱਪਰ ਉੱਠ ਕੇ ਮਨੁੱਖਤਾ ਦੇ ਆਧਾਰ 'ਤੇ ਸੋਚਣ ਦੀ ਲੋੜ ਹੈ।ਸੱਜਣ ਚੀਮਾ ਨੇ ਪ੍ਰਸ਼ਾਸਨ ਨੂੰ ਬੇਨਤੀ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਜਲਦ ਤੋਂ ਜਲਦ ਰਿਹਾ ਕੀਤਾ ਜਾਵੇ ਤਾਂ ਜੋ ਸ਼ਹਿਰ ਦਾ ਮਾਹੌਲ ਸ਼ਾਂਤ ਰਹੇ ਅਤੇ ਚੋਣਾਂ ਅਮਨ-ਅਮਾਨ ਨਾਲ ਹੋ ਸਕਣ।

# ਨਿਰੰਕਾਰੀ ਮਹਿਲਾ ਸੰਤ ਸਮਾਗਮ ਕਰਵਾਇਆ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਡੇਰਾ ਬੱਸੀ ਦੇ ਸੰਤ ਨਿਰੰਕਾਰੀ ਸਤਿਸੰਗ ਭਵਨ ਵਿੱਚ ਇੱਕ ਵਿਸ਼ਾਲ ਨਿਰੰਕਾਰੀ ਮਹਿਲਾ ਸੰਤ ਸਮਾਗਮ ਦਾ ਆਯੋਜਨ ਕੀਤਾ ਗਿਆ। ਸੰਯੋਜਕ ਪੱਧਰ ਦੇ ਇਸ ਸਮਾਗਮ ਵਿੱਚ ਡੇਰਾ ਬੱਸੀ ਬਰਾਂਚ ਤੋਂ ਇਲਾਵਾ ਜੀਰਕਪੁਰ, ਲਾਲੜੂ, ਦੱਪਰ, ਮੁਬਾਰਿਕਪੁਰ, ਭਾਂਖਰਪੁਰ ਅਤੇ ਸਮਗੌਲੀ ਬਰਾਂਚਾਂ ਦੀਆਂ ਸ਼ਰਧਾਲੂ ਭੈਣਾਂ ਨੇ ਵੀ ਉਤਸ਼ਾਹਪੂਰਵਕ ਭਾਗ ਲਿਆ। ਸਮਾਗਮ ਦੌਰਾਨ ਵੱਖ-ਵੱਖ ਭਾਸ਼ਾਵਾਂ ਅਤੇ ਰਵਾਇਤੀ ਪਹਿਰਾਵੇ ਵਿੱਚ ਮੌਜੂਦ ਭੈਣਾਂ ਨੇ ਭਗਤੀ ਭਰੇ ਗੀਤਾਂ, ਸਕਿੱਟਾਂ ਅਤੇ ਵਿਚਾਰਾਂ ਨਾਲ, ਜਿਸ ਦੇ ਲਈ ਉਹ ਪਿਛਲੇ ਕਈ ਦਿਨਾਂ ਤੋਂ ਤਿਆਰੀਆਂ ਕਰ ਰਹੀਆਂ ਸਨ, ਨਿਰਾਕਾਰ ਪ੍ਰਮਾਤਮਾ ਦੇ ਗੁਣਾਂ ਦਾ ਸੁੰਦਰ ਵਰਨਣ ਕੀਤਾ ਅਤੇ ਵਾਤਾਵਰਨ ਨੂੰ ਭਗਤੀਮਈ ਬਣਾ ਦਿੱਤਾ।ਮੁੱਖ ਸਟੇਜ ਤੋਂ ਸੇਵਾ ਕਰਦੇ ਹੋਏ ਮੋਹਾਲੀ ਤੋਂ ਆਏ ਭੈਣ ਸੁਰਿੰਦਰ ਕੈਲੇ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਬ੍ਰਹੰਮ-ਗਿਆਨ ਦੁਆਰਾ ਮਨੁੱਖਤਾ ਨੂੰ ਅਗਿਆਨਤਾ ਦੇ ਹਨੇਰੇ ਵਿੱਚੋਂ ਕੱਢ ਕੇ ਗਿਆਨ ਦੀ ਰੌਸ਼ਨੀ ਵਿੱਚ ਲੈ ਕੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸੇਵਾ, ਸਿਮਰਨ ਅਤੇ ਸਤਿਸੰਗ ਨਾਲ ਜੁੜ ਕੇ ਭਗਤੀ ਨੂੰ ਮਜਬੂਤ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਨੇ ਵੱਖ-ਵੱਖ ਸੱਭਿਆਚਾਰਾਂ ਤੇ ਵਿਚਾਰਧਾਰਾਵਾਂ ਨੂੰ ਜੋੜ ਕੇ ਪਿਆਰ ਅਤੇ ਭਾਈਚਾਰੇ ਦਾ ਇੱਕ ਸੁੰਦਰ ਗੁਲਦਸਤਾ ਬਣਾਇਆ ਹੈ, ਜੋ ਕਿ ਪੂਰੇ ਸੰਸਾਰ ਲਈ ਇੱਕ ਮਿਸਾਲ ਬਣ ਗਿਆ ਹੈ।ਇਸ ਤੋਂ ਪਹਿਲਾਂ ਡੇਰਾ ਬੱਸੀ ਦੀ ਸੰਯੋਜਕ ਭੈਣ ਗੁਰਚਰਨ ਕੌਰ ਨੇ ਇਸ ਸਮਾਗਮ ਵਿੱਚ ਹਿੱਸਾ ਲੈਣ ਵਾਲੀਆਂ ਸਮੂਹ ਸ਼ਰਧਾਲੂ ਭੈਣਾਂ ਅਤੇ ਪ੍ਰਚਾਰਕ ਭੈਣ ਸੁਰਿੰਦਰ ਕੈਲੇ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਨਿਰੰਕਾਰੀ ਮਿਸ਼ਨ ਪਿਆਰ, ਭਗਤੀ ਅਤੇ ਆਪਸੀ ਸਤਿਕਾਰ ਦਾ ਸੰਦੇਸ਼ ਫੈਲਾ ਰਿਹਾ ਹੈ। ਮਹਿਲਾ ਸਮਾਗਮ ਵਿੱਚ ਭੈਣਾਂ ਦਾ ਅਨੁਸ਼ਾਸ਼ਨ ਤੇ ਸਮਰਪਣ ਸਤਿਗੁਰੂ ਦੀਆਂ ਸਿੱਖਿਆਵਾਂ ਦੀ ਇੱਕ ਜਿਊਂਦੀ ਜਾਗਦੀ ਉਦਾਹਰਣ ਹੈ।



# ਮੂੰਹ-ਖੁਰ ਦੀ ਬੀਮਾਰੀ ਤੋਂ ਬਚਾਅ ਲਈ ਪਸ਼ੂਆਂ ਦੇ ਕੀਤੇ ਜਾ ਰਹੇ ਟੀਕਾਕਰਨ ਦੀ ਸਮੀਖਿਆ

**ਜਲੰਧਰ (ਸੁਰਿੰਦਰ ਕੁਮਾਰ)**-ਪਸ਼ੂ ਪਾਲਣ ਵਿਭਾਗ ਦੇ ਤਹਿਸੀਲ ਨਕੋਦਰ ਤੇ ਸ਼ਾਹਕੋਟ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਮੀਟਿੰਗ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਜਲੰਧਰ ਡਾ. ਰਾਮ ਮੂਰਤੀ ਦੀ ਅਗਵਾਈ ਹੇਠ ਤੇ ਸੀਨੀਅਰ ਵੈਟਰਨਰੀ ਅਫ਼ਸਰ ਡਾ. ਅਮਨਦੀਪ ਤੇ ਡਾ. ਜਗਜੀਤ ਸਿੰਘ ਦੀ ਦੇਖ-ਰੇਖ ਹੇਠ ਕੀਤੀ ਗਈ।ਪਸ਼ੂ ਹਸਪਤਾਲ ਨਕੋਦਰ ਵਿਖੇ ਹੋਈ ਮੀਟਿੰਗ ਵਿੱਚ ਪਸ਼ੂ ਪਾਲਣ ਵਿਭਾਗ ਜਲੰਧਰ ਵਲੋਂ ਪਸ਼ੂਆਂ ਨੂੰ ਮੂੰਹ ਖੁਰ ਦੀ ਬੀਮਾਰੀ ਤੋਂ ਬਚਾਉਣ ਲਈ ਕੀਤੇ ਜਾ ਰਹੇ ਟੀਕਾਕਰਨ ਦੀ ਸਮੀਖਿਆ ਕੀਤੀ ਅਤੇ ਇਸ ਕਾਰਜ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਕਿਹਾ ਗਿਆ।ਮੀਟਿੰਗ ਵਿੱਚ ਸੰਭਾਵੀ ਹੜ੍ਹਾਂ ਵਰਗੀ ਕਿਸੇ ਵੀ ਸਥਿਤੀ ਦੌਰਾਨ ਪਸ਼ੂ ਧਨ ਦੇ ਬਚਾਅ ਤੇ ਸਿਹਤ ਸੰਭਾਲ ਸਬੰਧੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਜਾਰੀ ਹਦਾਇਤਾਂ ਤੋਂ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਜਾਣੂ ਕਰਵਾਇਆ ਗਿਆ ਅਤੇ ਵੈਟਰਨਰੀ ਟੀਮਾਂ ਦਾ ਗਠਨ ਕੀਤਾ ਗਿਆ।ਇਸ ਮੀਟਿੰਗ ਵਿੱਚ ਡਾ. ਰਾਮ ਮੂਰਤੀ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਕੰਟਰੋਲ ਰੂਮ ਸਥਾਪਤ ਕੀਤਾ ਜਾਵੇਗਾ, ਜਿਸ ਦੇ ਨੋਡਲ ਅਫ਼ਸਰ ਡਾ. ਕੁਲਵਿੰਦਰ ਸਿੰਘ ਸਹਾਇਕ ਡਾਇਰੈਕਟਰ ਪਸ਼ੂ ਪਾਲਣ ਜਲੰਧਰ ਹੋਣਗੇ।ਇਸ ਮੀਟਿੰਗ ਵਿੱਚ ਵੈਟਰਨਰੀ ਅਫਸਰ ਡਾ. ਆਤਮਾ ਸਿੰਘ, ਡਾ. ਐੱਚ ਐੱਸ ਬੱਤਰਾ, ਡਾ. ਅਜੈ ਕੁਮਾਰ, ਡਾ. ਮੁਕੇਸ਼ ਕੁਮਾਰ, ਡਾ. ਗੁਲਸ਼ਨ ਵੀ ਓ ਸ਼ਾਹਕੋਟ, ਡਾ. ਮੇਜਰ ਸਿੰਘ, ਡਾ. ਹਰਸਿਮਰਨ ਸਿੰਘ, ਡਾ. ਦੀਪਕ ਕੁਮਾਰ, ਵੈਟਰਨਰੀ ਇੰਸਪੈਕਟਰ ਬਲਜਿੰਦਰ ਸਿੰਘ, ਰਮਨ ਕੁਮਾਰ, ਸ਼ਹਿਲ ਸ਼ਰਮਾ ਤੇ ਹਰਮਨਦੀਪ ਸਿੰਘ ਵੀ ਮੌਜੂਦ ਸਨ।

# ਭਲਵਿੰਦਰ ਕੌਰ ਨੇ ਸੰਗਤਾਂ ਨੂੰ ਮੇਲੇ ਦੀ ਦਿੱਤੀ ਵਧਾਈ

**ਗੁਰਾਇਆ (ਬਿੰਦਰ ਸੁੰਮਨ)**

ਹਜ਼ਰਤ ਮੀਰਾਂ ਗੌਸ ਪਾਕ ਗਿਆਰਵੀਂ ਵਾਲੀ ਸਰਕਾਰ ਦਰਬਾਰ ਸਖੀ ਸੁਲਤਾਨ ਲੱਖ ਦਾਤਾ ਪੀਰ (ਮੁਕਾਮ) ਰਜਿ: ਹਜ਼ਰਤ ਸਾਈਂ ਮੰਗਤੇ ਸ਼ਾਹ ਜੀ (ਪਾਸਲੇ ਵਾਲੀ ਸਰਕਾਰ) ਪਿੰਡ ਪਾਸਲਾ ਵਿਖੇ ਸਾਲਾਨਾ ਜੋੜ ਮੇਲਾ ਗੱਦੀ ਨਸ਼ੀਨ ਸਾਂਈ ਜਸਵੀਰ ਸ਼ਾਹ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਤਿੰਨ ਦਿਨ ਚੱਲੇ ਇਸ ਸਲਾਨਾ ਜੋੜ ਮੇਲੇ ਦੇ ਪਹਿਲੇ ਦਿਨ ਚਿਰਾਗ ਰੋਸ਼ਨ ਅਤੇ ਮਹਿੰਦੀ ਦੀ ਅਦਾ ਰਸਮ ਕੀਤੀ ਗਈ। ਮੇਲੇ ਦੇ ਦੂਜੇ ਦਿਨ ਝੰਡੇ ਦੀ ਰਸਮ ਅਦਾ ਕੀਤੀ ਗਈ ਰਾਤ ਸਮੇਂ ਮਹਿਫਲ ਦਾ ਆਗਾਜ਼ ਕੀਤਾ ਗਿਆ ਜਿਸ ਵਿੱਚ ਸਰਦਾਰ ਅਲੀ ਤੇ ਪ੍ਰਵੇਜ਼ ਆਲਮ ਤੋਂ ਇਲਾਵਾ ਹੋਰ ਕਲਾਕਾਰਾਂ ਨੇ ਦਰਬਾਰ ਤੇ ਹਾਜ਼ਰੀ ਭਰੀ। ਮੇਲੇ ਦੇ ਤੀਜੇ ਅਤੇ ਆਖਰੀ ਦਿਨ ਗਾਇਕ ਬੂਟਾ ਮੁਹੰਮਦ ਤੋ ਇਲਾਵਾ ਹੋਰ ਕਲਾਕਾਰਾ ਨੇ ਆਪੋ ਆਪਣੇ ਗੀਤਾਂ ਨਾਲ ਦਰਬਾਰ ਤੇ ਹਾਜ਼ਰੀ ਲਗਵਾਈ। ਇਸ ਮੇਲੇ ਵਿੱਚ ਜ਼ਿਲਾ ਪ੍ਰੀਸ਼ਦ ਬੰਡਾਲਾ ਜੋਨ ਤੋ ਕਾਂਗਰਸ ਪਾਰਟੀ ਦੇ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਭਲਵਿੰਦਰ ਕੌਰ (ਸੰਗ ਢੇਸੀਆਂ) ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਦਰਬਾਰ ਤੇ ਮੱਥਾ ਟੇਕਿਆ ਤੇ ਸਮੂਹ ਸੰਗਤਾਂ ਨੂੰ ਇਸ ਮੇਲੇ ਦੀ ਵਧਾਈ ਦਿੱਤੀ। ਇਸ ਮੌਕੇ ਦਰਬਾਰ ਦੇ ਗੱਦੀ ਨਸ਼ੀਨ ਸਾਂਈ ਜਸਵੀਰ ਸ਼ਾਹ ਵਲੋਂ ਮੈਂਬਰ ਜ਼ਿਲਾ ਪ੍ਰੀਸ਼ਦ ਭਲਵਿੰਦਰ ਕੌਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਕਾਂਗਰਸ ਪਾਰਟੀ ਪੰਜਾਬ ਦੇ ਯੂਥ ਆਗੂ ਮਨਪ੍ਰੀਤ ਸਿੰਘ ਚੱਡਾ (ਸੰਗ ਢੇਸੀਆਂ), ਡਾ: ਚਮਕੌਰ ਪਾਸਲਾ, ਯੂਥ ਆਗੂ ਨਰੇਸ਼ ਕੁਮਾਰ ਸੂਰਜਾ, ਯੂਥ ਆਗੂ ਜੱਗੀ ਢੰਡਾ, ਯੂਥ ਆਗੂ ਪ੍ਰਿੰਸ ਦੁਸਾਂਝ, ਯੂਥ ਆਗੂ ਅਰੁਣ ਸੰਗ ਢੇਸੀਆਂ ਵੀ ਹਾਜ਼ਰ ਸਨ।



# ਸਨਾਤਨ ਧਰਮ 'ਚ ਜਾਤ-ਪਾਤ ਦੇ ਵਿਤਕਰੇ ਲਈ ਕੋਈ ਥਾਂ ਨਹੀਂ : ਪ੍ਰਮੋਦ ਕੁਮਾਰ

**ਬਲਾਚੌਰ (ਜਸਵਿੰਦਰ ਬੈਂਸ )**

ਸਰਵ ਸਮਾਜ ਸਮਰਸਤਾ ਸਮਿਤੀ ਪੰਜਾਬ ਜੋ ਕਿ ਪਿਛਲੇ ਕਈ ਸਾਲਾਂ ਤੋਂ ਸਮਾਜ ਵਿੱਚ ਆਪਸੀ ਭਾਈਚਾਰਾ ਅਤੇ ਸਦਭਾਵਨਾ ਸਥਾਪਤ ਕਰਨ ਲਈ ਨਿਰੰਤਰ ਯਤਨਸ਼ੀਲ ਹੈ, ਵੱਲੋਂ ਬਲਾਚੌਰ ਦੇ ਨਜ਼ਦੀਕੀ ਪਿੰਡ ਮਹਿੰਦੀਪੁਰ ਦੇ ਇਤਿਹਾਸਕ ਸ਼ਿਵ ਮੰਦਰ ਵਿਖੇ ਇੱਕ ਵਿਸ਼ੇਸ਼ 'ਸਮਾਜਿਕ ਸਦਭਾਵਨਾ ਗੋਸ਼ਠੀ' ਦਾ ਆਯੋਜਨ ਕੀਤਾ ਗਿਆ। ਮੰਚ ਸੰਚਾਲਕ ਪਰਮਜੀਤ ਰੱਤੇਵਾਲੀਆ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਉਹਨਾਂ ਦੀ ਜਾਣ ਪਹਿਚਾਨ ਕਰਵਾਈ ।ਇਸ ਗੋਸ਼ਠੀ ਵਿੱਚ ਸ਼ਹਿਰ ਦੀਆਂ ਅਲੱਗ ਅਲੱਗ ਬਰਾਦਰੀਆਂ ਦੇ ਮੋਹਤਵਰ ਨੁਮਾਇੰਦਿਆਂ ਨੇ ਭਾਗ ਲਿਆ। ਸਮਾਜਿਕ ਅਤੇ ਧਾਰਮਿਕ ਕੁਰੀਤੀਆਂ ਨੂੰ ਦੂਰ ਕਰਨ ਤੇ ਆਪਸੀ ਸਾਂਝ ਨੂੰ ਮਜ਼ਬੂਤ ਕਰਨ 'ਤੇ ਗੰਭੀਰ ਚਰਚਾ ਹੋਈ।ਸਮਿਤੀ ਦੇ ਸਹਿਯੋਗ ਨਾਲ ਹੁਣ ਤੱਕ 'ਸਾਂਝੀਵਾਲਤਾ ਯਾਤਰਾ ਸਤਿਗੁਰੂ ਦੇ ਧਾਮ ਤੋਂ ਮੀਰਾ ਚਲੀ' ਤੇ 'ਭਗਵਾਨ ਵਾਲਮੀਕਿ ਅਖੰਡ ਜੋਤੀ ਯਾਤਰਾ' ਵਰਗੇ ਕਈ ਸਫਲ ਅਤੇ ਵੱਡੇ ਪ੍ਰੋਗਰਾਮ ਆਯੋਜਿਤ ਕੀਤੇ ਜਾ ਚੁੱਕੇ ਹਨ, ਜਿਨ੍ਹਾਂ ਨੇ ਸਮਾਜ ਨੂੰ ਇੱਕਜੁੱਟ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ।ਇਸ ਮੀਟਿੰਗ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸਮਾਜਿਕ ਸਦਭਾਵਨਾ ਕਮੇਟੀ ਪੰਜਾਬ ਦੇ ਮੈਂਬਰ ਪ੍ਰਮੋਦ ਕੁਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਨਾਤਨ ਧਰਮ ਵਿੱਚ ਜਾਤ-ਪਾਤ ਦੇ ਵਿਤਕਰੇ ਲਈ ਕੋਈ ਥਾਂ ਨਹੀਂ ਹੈ ਅਤੇ ਨਾ ਹੀ ਅਜਿਹਾ ਕੋਈ ਵਿਤਕਰਾ ਕੀਤਾ ਜਾਣਾ ਚਾਹੀਦਾ ਹੈ। ਗੋਸ਼ਟੀ ਵਿੱਚ ਆਏ ਸ਼ਹਿਰ ਨਿਵਾਸੀਆਂ ਵਿੱਚੋਂ ਸੋਮਨਾਥ ਤਕਲਾ, ਪੁਸ਼ਪ ਕੁਮਾਰ ਰਾਣਾ, ਸਰਵਣ ਕੁਮਾਰ, ਡਾਕਟਰ ਸੁਨੀਲ ਪਾਠਕ, ਰਾਣਾ ਰਣਦੀਪ ਕੌਸ਼ਲ , ਨਵੀਨ ਸੰਦੇਸ਼ ਆਦਿ ਨੇ ਆਪਣੇ ਵਿਚਾਰ ਰੱਖੇ। ਅਖੀਰ ਵਿੱਚ ਜਗਦੀਸ਼ ਕਪਿਲ ਨੇ ਆਏ ਹੋਏ ਮੁਖ ਮਹਿਮਾਨਾ, ਪਤਵੰਤੇ ਸੱਜਣਾਂ ਅਤੇ ਸ਼ਿਵ ਮੰਦਰ ਮਹਿੰਦੀਪੁਰ ਕਮੇਟੀ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਸਮਾਜ ਨੂੰ ਇੱਕਜੁੱਟ ਕਰਨ ਵਾਲੇ ਅਜਿਹੇ ਸਦਭਾਵਨਾ ਭਰੇ ਪ੍ਰੋਗਰਾਮ ਉਲੀਕਣ ਦਾ ਪ੍ਰਣ ਲਿਆ। ਇਸ ਮੌਕੇ ਸਨਾਤਨ ਧਰਮ ਸਭਾ ਬਲਾਚੌਰ ਦੇ ਪ੍ਰਧਾਨ ਸੁਰਿੰਦਰ ਪਨੇਸਰ ਜਨਰਲ ਸਕੱਤਰ ਗਗਨਦੀਪ ਸਿੰਘ, ਸ਼ੇਖਰਪਾਲ ਬੈਂਸ, ਸ਼ਿੰਗਾਰਾ ਰਾਮ, ਬਲਵੰਤ ਕਿਸ਼ੋਰ,ਨਵੀਨ ਸੰਦੇਸ਼, ਵਰਿੰਦਰ ਕੁਮਾਰ, ਹਰੀ ਪਾਲ ਕਲਸੀ, ਪਰਵਿੰਦਰ ਸਿੰਘ (ਲਾਲੀ) ਸੰਜੀਵ ਕੁਮਾਰ, ਰਸ਼ਪਾਲ ਸਿੰਘ ,ਪ੍ਰਵੀਨ ਕੁਮਾਰ, ਸੁਰਿੰਦਰ ਕੁਮਾਰ ਰਾਣਾ , ਅਮਰਜੀਤ ਸਿੰਘ ਹਰੀਸ਼ ਕੁਮਾਰ, ਸਰਵਣ ਕੁਮਾਰ, ਅਰਿੰਦਰ ਸਿੰਘ, ਮਹਿੰਦਰ ਪਾਲ, ਬਲਦੇਵ ਭਾਟੀਆ, ਗਿਆਨ ਚੰਦ, ਰਾਜੀਵ ਆਨੰਦ, ਡਾ.ਰਕੇਸ਼, ਭੁਪਿੰਦਰ ਰਾਣਾ, ਰਾਜੇਸ਼ ਕੁਮਾਰ (ਰਾਜੂ), ਪ੍ਰਵੀਨ ਕੁਮਾਰ, ਜਤਿੰਦਰ ਕੁਮਾਰ, ਬਲਵਿੰਦਰ ਸਿੰਘ, ਲੋਕੇਸ਼ ਜੋਸ਼ੀ, ਰਵੀਪਾਲ, ਅਨਿਲ ਸ਼ਰਮਾ, ਮਨੋਹਰ ਲਾਲ ਆਨੰਦ, ਰਾਮ ਲਾਲ ਭਾਟੀਆ, ਮੋਹਨ ਲਾਲ ਓਹਰੀ, ਮਦਨ ਲਾਲ ਚੋਪੜਾ, ਭੂਸ਼ਣ ਸ਼ਰਮਾ ਆਦਿ ਹਾਜ਼ਰ ਰਹੇ।



# ਵਿਦਿਆਰਥੀਆਂ ਲਈ ਲੀਡ ਲਾਈਕ ਏ ਲੈਜੇਂਡ ਵਰਕਸ਼ਾਪ ਕਰਵਾਈ

**ਮੁਹਾਲੀ (ਗੁਰਜੀਤ ਬਿੱਲਾ)**-ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਲਈ ਆਰ ਬੀ ਯੂ ਦੇ ਆਡੀਟੋਰੀਅਮ ਵਿਖੇ 'ਲੀਡ ਲਾਈਕ ਏ ਲੈਜੈਂਡ: ਲੈਸਨਜ਼ ਫਰਾਮ ਹਿਸਟਰੀਜ਼ ਗ੍ਰੇਟੈਸਟ ਮਾਈਂਡਜ਼' ਸਿਰਲੇਖ ਵਾਲਾ ਇੱਕ ਬਹੁਤ ਹੀ ਪ੍ਰੇਰਨਾਦਾਇਕ ਤੇ ਇੰਟਰਐਕਟਿਵ ਸੈਸ਼ਨ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਇਤਿਹਾਸ ਦੀਆਂ ਮਹਾਨ ਸ਼ਖ਼ਸੀਅਤਾਂ ਤੋਂ ਲਏ ਗਏ ਲੀਡਰਸ਼ਿਪ ਸਬਕਾਂ ਨਾਲ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਨੂੰ ਨਿੱਜੀ ਅਤੇ ਪੇਸ਼ੇਵਰ ਵਿਕਾਸ ਲਈ ਵਿਹਾਰਕ ਕਦਰਾਂ-ਕੀਮਤਾਂ ਨਾਲ ਲੈਸ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਵਾਈਸ ਪ੍ਰੈਜ਼ੀਡੈਂਟ ਜੈਸਿਕਾ ਦੁੱਗਲ ਬਾਹਰਾ ਅਤੇ ਸਰੋਤ ਵਿਅਕਤੀ, ਸੰਜੀਵ ਕੁਮਾਰ ਸਿੰਘ ਦੇ ਸਵਾਗਤ ਨਾਲ ਹੋਈ। ਡਾਇਰੈਕਟਰ ਪ੍ਰਿੰਸੀਪਲ ਡਾ. ਅਭਿਲਾਸ਼ਾ ਸਿੰਘ ਨੇ ਮਹਿਮਾਨਾਂ ਨੂੰ ਸਤਿਕਾਰ ਤੇ ਪ੍ਰਸ਼ੰਸਾ ਦੇ ਪ੍ਰਤੀਕ ਵਜੋਂ ਪੌਦੇ ਲਗਾ ਕੇ ਸਨਮਾਨਤ ਕੀਤਾ। ਸੰਜੀਵ ਕੇ ਸਿੰਘ, ਗਰੁੱਪ ਸੀ ਐੱਚ ਆਰ ਓ ਨੇ ਸੈਸ਼ਨ ਦਾ ਸੰਚਾਲਨ ਕੀਤਾ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ, ਡਾ. ਅਭਿਲਾਸ਼ਾ ਸਿੰਘ ਨੇ ਪ੍ਰਸਿੱਧ ਇਤਿਹਾਸਕ ਨੇਤਾਵਾਂ ਦੀਆਂ ਪ੍ਰੇਰਨਾਦਾਇਕ ਉਦਾਹਰਨਾਂ ਸਾਂਝੀਆਂ ਕੀਤੀਆਂ ਅਤੇ ਦੂਰਦਰਸ਼ੀ, ਲਚਕੀਲਾਪਣ, ਇਮਾਨਦਾਰੀ, ਹਮਦਰਦੀ ਅਤੇ ਨੈਤਿਕ ਲੀਡਰਸ਼ਿਪ ਦੀ ਮਹੱਤਤਾ ਨੂੰ ਉਜਾਗਰ ਕੀਤਾ। ਆਪਣੇ ਕਾਰਪੋਰੇਟ ਤਜ਼ਰਬਿਆਂ ਤੋਂ ਸਿੱਖਦੇ ਹੋਏ, ਉਹਨਾਂ ਦੱਸਿਆ ਕਿ ਕਿਵੇਂ ਇਤਿਹਾਸਕ ਬੁੱਧੀ ਆਧੁਨਿਕ ਲੀਡਰਸ਼ਿਪ ਤੇ ਕਾਰਜ ਸਥਾਨ ਦੀਆਂ ਚੁਣੌਤੀਆਂ ਨਾਲ ਨਜਿੱਠਣ ਵਿੱਚ ਨੌਜਵਾਨ ਮਨਾਂ ਨੂੰ ਮਾਰਗਦਰਸ਼ਨ ਕਰ ਸਕਦੀ ਹੈ।ਇਸ ਸੈਸ਼ਨ ਵਿੱਚ ਇੱਕ ਦਿਲਚਸਪ ਸਵਾਲ-ਜਵਾਬ ਦੌਰ ਵੀ ਸੀ ਜਿੱਥੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ ਤੇ ਲੀਡਰਸ਼ਿਪ ਹੁਨਰ, ਕਰੀਅਰ ਵਿਕਾਸ, ਕਾਰਜ ਸਥਾਨ ਸੱਭਿਆਚਾਰ ਅਤੇ ਅਸਫਲਤਾਵਾਂ ਨੂੰ ਸੰਭਾਲਣ ਬਾਰੇ ਚਰਚਾ ਕੀਤੀ।



# ਐੱਨ ਪੀ ਐੱਸ ਕਰਮਚਾਰੀਆਂ ਨੇ 28 ਦੇ ਰੋਸ ਮੁਜ਼ਾਹਰੇ ਦੀਆਂ ਤਿਆਰੀਆਂ ਵਿੱਢੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪੰਜਾਬ ਦੇ 2004 ਤੋਂ ਬਾਅਦ ਭਰਤੀ ਐੱਨ ਪੀ ਐੱਸ ਕਰਮਚਾਰੀਆਂ ਨੇ ਸਮੇਂ ਦੀ ਮੰਗ ਨੂੰ ਮੁੱਖ ਰੱਖਦਿਆਂ ਲੰਬੇ ਸਮੇਂ ਤੋਂ ਇਸ ਮੁੱਦੇ ਤੇ ਸੰਘਰਸ਼ ਕਰ ਰਹੀਆਂ ਤਿੰਨ ਜਥੇਬੰਦੀਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ, ਸੀ ਪੀ ਐੱਫ ਕਰਮਚਾਰੀ ਯੂਨੀਅਨ ਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਦੇ ਆਗੂਆਂ ਜਸਵੀਰ ਸਿੰਘ ਤਲਵਾੜਾ, ਸੁਖਜੀਤ ਸਿੰਘ ਤੇ ਗੁਰਜੰਟ ਕੋਕਰੀ ਨੇ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੰਚ ਦੇ ਬੈਨਰ ਹੇਠ ਸਰਕਾਰ ਵਿਰੁੱਧ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਸਰਕਾਰ ਪੁਰਾਣੀ ਪੈਨਸ਼ਨ ਬਹਾਲੀ ਦੇ ਆਪਣੇ ਚੋਣ ਵਾਅਦੇ ਤੋਂ ਮੁਨਕਰ ਹੋ ਗਈ ਹੈ ਤੇ ਚਾਰ ਸਾਲ ਬੀਤ ਜਾਣ ਬਾਅਦ ਵੀ ਆਪਣਾ ਹੀ ਪੁਰਾਣੀ ਪੈਨਸ਼ਨ ਬਹਾਲੀ ਦਾ 18 ਨਵੰਬਰ 2022 ਦਾ ਨੋਟੀਫਿਕੇਸ਼ਨ ਲਾਗੂ ਕਰਨਾ ਭੁੱਲ ਗਈ ਹੈ। ਰੋਸ ਵੱਜੋਂ ਮੰਚ ਨੇ ਫੈਸਲਾ ਕੀਤਾ ਹੈ ਕਿ 28 ਮਈ ਨੂੰ ਸਰਕਾਰ ਖਿਲਾਫ ਪ੍ਰਦਰਸ਼ਨ ਕਰਨਗੇ।4 ਜੁਲਾਈ ਨੂੰ ਮੋਗਾ ਵਿਖੇ ਕਨਵੈਨਸ਼ਨ ਕੀਤੀ ਜਾਵੇਗੀ ਤੇ ਇਸ ਕਨਵੈਨਸ਼ਨ ਵਿੱਚ ਮੁੱਖ ਮੰਤਰੀ ਤੇ ਵਿੱਤ ਮੰਤਰੀ ਨੂੰ ਵਿਸ਼ੇਸ਼ ਸੱਦਾ ਦਿੱਤਾ ਜਾਵੇਗਾ। ਜੇਕਰ ਮੁੱਖ ਮੰਤਰੀ ਇਸ ਕਨਵੈਨਸ਼ਨ ਵਿੱਚ ਨਾ ਆਏ ਤਾਂ 23 ਅਗਸਤ ਨੂੰ ਪਿੰਡ ਸਤੌਜ ਵਿਖੇ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੰਚ ਵਲੋਂ ਮਹਾਰੈਲੀ ਕੀਤੀ ਜਾਵੇਗੀ ਜਿਸ ਸਬੰਧੀ ਕਰਮਚਾਰੀਆਂ ਨੇ ਆਪਣੀਆਂ ਬਲਾਕ ਪੱਧਰੀ ਤੋਂ ਤਿਆਰੀਆਂ ਵਿੱਢ ਦਿੱਤੀਆਂ ਹਨ। ਇਸ ਮੌਕੇ ਤੇ ਅਜੀਤਪਾਲ ਸਿੰਘ ਜਸੋਵਾਲ, ਜਸਵਿੰਦਰ ਸਿੰਘ ਜੱਸਾ, ਲਖਵਿੰਦਰ ਸਿੰਘ ਭੌਰ, ਜਰਨੈਲ ਸਿੰਘ ਪੱਟੀ, ਵਰਿੰਦਰ ਵਿੱਕੀ, ਸੱਤ ਪ੍ਰਕਾਸ਼, ਕਰਮਜੀਤ ਸਿੰਘ ਤਾਮਕੋਟ, ਜਗਸੀਰ ਸਿੰਘ ਸਹੋਤਾ, ਬਿਕਰਮਜੀਤ ਸਿੰਘ ਕੱਦੋਂ, ਨਿਰਮਲ ਸਿੰਘ ਮੋਗਾ, ਰਣਬੀਰ ਸਿੰਘ ਢੰਡੇ, ਟਹਿਲ ਸਿੰਘ ਸਰਾਭਾ, ਬਲਵਿੰਦਰ ਸਿੰਘ ਲੋਧੀਪੁਰ, ਸਰਬਜੀਤ ਸਿੰਘ ਸੰਗਰੂਰ, ਹਿੰਮਤ ਸਿੰਘ ਪਟਿਆਲਾ, ਸੰਜੀਵ ਧੂਤ, ਜਗਸੀਰ ਸਿੰਘ ਗਿੱਲ, ਪਰਮਿੰਦਰਪਾਲ ਸਿੰਘ, ਗੁਰਮੀਤ ਸਿੰਘ ਡਾਬਾ, ਲਵਪ੍ਰੀਤ ਸਿੰਘ ਰੋੜਾਂਵਾਲੀ, ਹਾਕਮ ਖਨੌੜਾ, ਕੁਲਦੀਪ ਵਾਲੀਆ, ਵੇਦ ਰਾਜ ਜਲੰਧਰੀ ਆਦਿ ਹਾਜ਼ਰ ਸਨ।



# ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ : ਹਰਚੰਦ ਬਰਸਟ

**ਸਮਾਣਾ (ਗੁਰਪਿਆਰ ਸਿੰਘ ਬੱਲ)**- ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਹਰ ਨਾਗਰਿਕ

**● ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ**

ਨੂੰ ਬਿਨਾਂ ਕਿਸੇ ਭੇਦਭਾਵ ਦੇ ਸੁਵਿਧਾਵਾਂ ਪ੍ਰਦਾਨ ਕਰਨਾ ਸਰਕਾਰ ਦੀ ਪਹਿਲੀ ਤਰਜੀਹ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵ ਸ੍ਰ. ਹਰਚੰਦ ਸਿੰਘ ਬਰਸਟ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ ਪੰਜਾਬ ਤੇ ਚੇਅਰਮੈਨ ਪੰਜਾਬ ਮੰਡੀ ਬੋਰਡ ਵੱਲੋਂ ਸਮਾਣਾ ਦਫ਼ਤਰ ਵਿਖੇ ਲੋਕ ਮਿਲਣੀ ਦੌਰਾਨ ਕੀਤਾ ਗਿਆ। ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ ਦਫ਼ਤਰ ਵਿਖੇ ਲੋਕ ਮਿਲਣੀ ਦੌਰਾਨ ਵੱਖ-ਵੱਖ ਪਿੰਡਾਂ ਤੇ ਸ਼ਹਿਰ ਤੋਂ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਤੇ ਪਾਰਟੀ ਵਲੰਟੀਅਰਾਂ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਲੋਕਾਂ ਵੱਲੋਂ ਸ੍ਰ. ਬਰਸਟ ਨੂੰ ਆਪਣੀਆਂ ਸਮੱਸਿਆਵਾਂ ਤੇ ਮੁੱਦਿਆਂ ਤੋਂ ਜਾਣੂ ਕਰਵਾਇਆ ਗਿਆ, ਜਿਸ ਨੂੰ ਸ੍ਰ. ਬਰਸਟ ਵੱਲੋਂ ਬੜੇ ਹੀ ਧਿਆਨ ਨਾਲ ਸੁਣਿਆ ਗਿਆ ਅਤੇ ਮੌਕੇ 'ਤੇ ਹੀ ਉਨ੍ਹਾਂ ਦਾ ਨਿਪਟਾਰਾ ਕੀਤਾ ਗਿਆ।ਸ੍ਰ. ਬਰਸਟ ਨੇ ਕਿਹਾ ਕਿ ਲੋਕ ਮਿਲਣੀ ਦਾ ਮੁੱਖ ਉਦੇਸ਼ ਆਮ ਲੋਕਾਂ ਦੀਆਂ



ਸਮੱਸਿਆਵਾਂ ਨੂੰ ਨੇੜੇ ਤੋਂ ਸਮਝਣਾ ਤੇ ਉਨ੍ਹਾਂ ਦਾ ਤੁਰੰਤ ਹੱਲ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲੋਕ ਪੱਖੀ ਕੰਮ ਕੀਤੇ ਜਾ ਰਹੇ ਹਨ, ਜਿਸ ਦੇ ਸਦਕਾ ਅੱਜ ਪੰਜਾਬ ਤਰੱਕੀ ਦੀ ਰਾਹ 'ਤੇ ਅੱਗੇ ਵੱਧ ਰਿਹਾ ਹੈ।ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚਾਰ ਸਾਲਾਂ ਦੌਰਾਨ ਆਪਣੀਆਂ ਸਾਰਿਆਂ ਗਰੰਟੀਆਂ ਪੂਰੀਆਂ ਕੀਤੀ ਗਈਆਂ ਹਨ।ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।ਸੂਬਾ ਸਰਕਾਰ ਦੀਆਂ ਨੀਤੀਆਂ, ਪ੍ਰਸ਼ਾਸਨਿਕ ਸੁਧਾਰਾਂ ਤੋਂ ਲੈ ਕੇ ਭ੍ਰਿਸ਼ਟਾਚਾਰ ਨੂੰ ਨੱਥ ਪਾਉਣਾ ਤੇ ਹਰ ਵਰਗ ਦੀ ਭਲਾਈ ਵਾਸਤੇ ਲਏ ਗਏ ਫੈਸਲਿਆਂ ਤੋਂ ਆਮ ਲੋਕ ਬਹੁਤ ਖੁਸ਼ ਹਨ। ਇਸ ਮੌਕੇ ਦਰਬਾਰਾ ਸਿੰਘ ਤੁੱਲੇਵਾਲ ਬਲਾਕ ਸਮੰਤੀ ਮੈਂਬਰ, ਅਵਤਾਰ ਸਿੰਘ ਸਰਪੰਚ ਸਾਧੂਗੜ੍ਹ, ਸੋਮ ਚੰਦ ਸੋਨੀ ਸਰਪੰਚ ਤਰਖਾਨਮਾਜਰਾ, ਨਰਿੰਦਰ ਸਿੰਘ ਸਰਪੰਚ ਬਰਸਟ, ਲਛਮਣ ਸਿੰਘ ਸਰਪੰਚ ਬਦਨਪੁਰ, ਜੀਤ ਸਿੰਘ ਸਰਪੰਚ ਸੰਗਤਪੁਰਾ, ਰਾਜਵੀਰ ਸਿੰਘ ਸਰਪੰਚ ਬਲਮਗੜ੍ਹ, ਡਾ. ਹਰਮੇਸ਼ ਸਹਿਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

# ਕੇਂਦਰ ਨੇ ਤੇਲ ਕੀਮਤਾਂ 'ਚ ਵਾਧਾ ਕਰਕੇ ਆਮ ਲੋਕਾਂ ਦਾ ਗਲਾ ਘੁੱਟਿਆ : ਏਕਤਾ ਡਕੌਂਦਾ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਰਾਮਪੁਰਾ ਵੱਲੋਂ ਭਰਵੀਂ ਮੀਟਿੰਗ ਪ੍ਰਧਾਨ ਸਰਦੂਲ ਸਿੰਘ ਰਾਮਨਿਵਾਸ ਦੀ ਪ੍ਰਧਾਨਗੀ ਹੇਠ ਪਿੰਡ ਰਾਮਪੁਰਾ ਵਿਖੇ ਕੀਤੀ ਗਈ। ਮੀਟਿੰਗ ਵਿੱਚ ਬਲਾਕ ਅਧੀਨ ਪੈਂਦੀਆਂ ਇਕਾਈਆਂ ਦੇ ਪ੍ਰਧਾਨ ਤੇ ਵਰਕਰ ਵੀ ਸ਼ਾਮਲ ਹੋਏ। ਬਲਾਕ ਆਗੂ ਜਗਦੀਸ਼ ਸਿੰਘ ਰਾਮਪੁਰਾ ਤੇ ਸੁਖਜਿੰਦਰ ਸਿੰਘ ਸੁੱਖੀ ਨੇ ਦੱਸਿਆ ਕਿ ਮੀਟਿੰਗ ਵਿੱਚ ਹਾੜ੍ਹੀ ਦੇ ਸੀਜ਼ਨ ਦੌਰਾਨ ਪਿੰਡ ਇਕਾਈਆਂ ਵੱਲੋਂ ਇਕੱਤਰ ਕੀਤੇ ਫੰਡ ਸਬੰਧੀ ਵਿਸ਼ਾਲ ਵਿਚਾਰ ਵਟਾਂਦਰੇ ਉਪਰੰਤ ਇਕਾਈਆਂ ਵੱਲੋਂ ਰਿਪੋਰਟ ਪੇਸ਼ ਕੀਤੀ ਗਈ, ਜਿਸ 'ਤੇ ਬਲਾਕ ਕਮੇਟੀ ਨੇ ਤਸੱਲੀ ਪ੍ਰਗਟ ਕੀਤੀ। ਆਗੂਆਂ ਨੇ ਰੋਸ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧਾ ਕਰਕੇ ਆਮ ਲੋਕਾਂ ਦਾ ਗਲਾ ਘੁੱਟਿਆ ਹੈ ਤੇ ਮਹਿੰਗਾਈ ਕਾਰਨ ਇਨ੍ਹਾਂ ਵਸਤਾਂ ਨੂੰ ਆਮ ਆਦਮੀ ਦੀ ਪਹੁੰਚ ਤੋਂ ਦੂਰ ਕਰ ਦਿੱਤਾ ਹੈ ਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਪਟਰੋਲ/ਡੀਜ਼ਲ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ ਤੇ ਆਗੂਆਂ ਨੇ ਚਿੰਤਾ ਜ਼ਾਹਰ ਕਰਦਿਆਂ ਇਹ ਵੀ ਕਿਹਾ ਕਿ ਲੋਕਾਂ ਦੇ ਰੋਜ਼ਾਨਾ ਵਰਤਨ ਵਾਲੀਆਂ ਚੀਜ਼ਾਂ ਜਿਵੇਂ ਘਿਉ, ਦਾਲਾਂ, ਆਟਾ, ਸਾਬਣ ਤੇ ਕੱਪੜਾ ਆਦਿ ਦੀਆਂ ਵਧ ਰਹੀਆਂ



ਕੀਮਤਾਂ ਨੇ ਲੋਕਾਂ ਦਾ ਜਿਉਣਾ ਦੁੱਭਰ ਕਰ ਦਿੱਤਾ ਹੈ ਅਤੇ ਸਿੱਖਿਆ ਤੇ ਸਿਹਤ ਸਹੂਲਤਾਂ ਵੀ ਮਹਿੰਗੀਆਂ ਹੋਣ ਕਰਕੇ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਗਈਆਂ ਹਨ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਵਧ ਰਹੀ ਬੇਲਗਾਮ ਮਹਿੰਗਾਈ ਨੂੰ ਨੱਥ ਜਾਵੇ। ਇਸ ਮੌਕੇ ਪਿੰਡ ਇਕਾਈ ਪ੍ਰਧਾਨ ਜੰਟਾ ਸਿੰਘ, ਹੇਮ ਰਾਜ ਬਾਲਿਆਂਵਾਲੀ, ਪਰਮਜੀਤ ਸਿੰਘ ਪੰਮੀ ਰਾਮਪੁਰਾ, ਮਲਕੀਤ ਸਿੰਘ ਖੋਖਰ, ਗੁਰਮੇਲ ਸਿੰਘ ਝੰਡੂਕੇ, ਮਿੱਠੂ ਸਿੰਘ ਰਾਮਨਿਵਾਸ ਆਦਿ ਹਾਜ਼ਰ ਸਨ।

# ਖਿਆਲੀ 'ਚ ਝੋਨੇ ਦੀ ਸਿੱਧੀ ਬਿਜਾਈ ਸੰਬੰਧੀ ਕਿਸਾਨ ਜਾਗਰੂਕਤਾ ਕੈਂਪ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਪਿੰਡ ਖਿਆਲੀ ਵਿਖੇ ਝੋਨੇ ਦੀ ਸਿੱਧੀ ਬਿਜਾਈ, ਨਦੀਨਾਂ ਦੀ ਰੋਕਥਾਮ, ਕੀੜੇ-ਮਕੌੜਿਆਂ ਤੇ ਬਿਮਾਰੀਆਂ ਤੋਂ ਬਚਾਅ ਸਬੰਧੀ ਪਿੰਡ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਖੇਤੀ ਮਾਹਰਾਂ ਨੇ ਕਿਸਾਨਾਂ ਨੂੰ ਵਿਗਿਆਨਕ ਖੇਤੀ ਤਰੀਕਿਆਂ ਤੇ ਪਾਣੀ ਦੀ ਸੰਭਾਲ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਡਾ. ਜਰਨੈਲ ਸਿੰਘ, ਖੇਤੀਬਾੜੀ ਅਫ਼ਸਰ ਮਹਿਲ ਕਲਾਂ ਨੇ ਕਿਸਾਨਾਂ ਨੂੰ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਤੇ ਖੇਤੀ ਮਸ਼ੀਨਰੀ ਦਾ ਸੁਚੱਜਾ ਉਪਯੋਗ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਮਾਨਸੂਨ ਤੇ ਧਰਤੀ ਹੇਠਲੇ ਪਾਣੀ ਦੇ ਘਟਦੇ ਪੱਧਰ ਨੂੰ ਧਿਆਨ ਵਿੱਚ ਰੱਖਦਿਆਂ ਕਿਸਾਨ 17 ਜੂਨ ਤੋਂ ਪਹਿਲਾਂ ਕੱਦੂ ਵਾਲਾ ਝੋਨਾ ਨਾ ਲਗਾਉਣ।ਉਨ੍ਹਾਂ ਕਿਸਾਨਾਂ ਨੂੰ ਖੇਤੀਬਾੜੀ ਮਾਹਰਾਂ ਦੀਆਂ ਸਿਫ਼ਾਰਸ਼ਾਂ ਅਨੁਸਾਰ ਹੀ ਖੇਤੀ ਕਰਨ ਦੀ ਅਪੀਲ ਕੀਤੀ।ਖੇਤੀਬਾੜੀ ਵਿਕਾਸ ਅਫ਼ਸਰ ਮਹਿਲ ਕਲਾਂ ਡਾ. ਜਸਮੀਨ ਸਿੰਘ ਸਿੱਧੂ ਨੇ ਝੋਨੇ ਦੀ ਸਿੱਧੀ ਬਿਜਾਈ ਦੇ ਵਿਗਿਆਨਕ ਢੰਗ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਵਿਧੀ ਲਈ ਤਰ-ਵੱਤਰ ਖੇਤ, ਦਰਮਿਆਨੀ ਤੋਂ ਭਾਰੀ ਜ਼ਮੀਨ ਤੇ ਸਵੇਰੇ ਜਾਂ ਸ਼ਾਮ ਵੇਲੇ ਬਿਜਾਈ ਸਭ ਤੋਂ ਉਚਿਤ ਰਹਿੰਦੀ ਹੈ।ਉਨ੍ਹਾਂ ਦੱਸਿਆ ਕਿ ਇਸ ਤਰੀਕੇ ਨਾਲ 15 ਤੋਂ 20 ਫੀਸਦੀ ਤੱਕ ਪਾਣੀ ਦੀ ਬੱਚਤ ਸੰਭਵ ਹੈ।ਉਨ੍ਹਾਂ ਕਿਸਾਨਾਂ ਨੂੰ ਨਦੀਨਾਂ ਦੀ ਸਹੀ ਪਛਾਣ ਕਰਨ ਉਪਰੰਤ ਹੀ ਸਿਫਾਰਸ਼ੀ ਨਦੀਨਾਸ਼ਕਾਂ ਦੀ ਵਰਤੋਂ ਕਰਨ ਦੀ ਸਲਾਹ ਦਿੰਦਿਆਂ ਕਿਹਾ ਕਿ ਬਿਜਾਈ ਤੋਂ ਤੁਰੰਤ ਬਾਅਦ ਇੱਕ ਲੀਟਰ ਪੈਂਡੀਮੈਥਾਲੀਨ ਤੇ 100 ਗ੍ਰਾਮ ਸਾਥੀ ਦਵਾਈ ਨੂੰ 200 ਲੀਟਰ ਪਾਣੀ ਵਿੱਚ



ਘੋਲ ਕੇ ਛਿੜਕਾਅ ਕੀਤਾ ਜਾਵੇ। ਇਸ ਮੌਕੇ ਹਰਪਾਲ ਸਿੰਘ ਏ.ਐੱਸ.ਆਈ. ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਪੋਰਟਲ ਦੀ ਆਖਰੀ ਮਿਤੀ ਵਧਾ ਕੇ 30 ਜੂਨ ਕਰ ਦਿੱਤੀ ਗਈ ਹੈ।ਉਨ੍ਹਾਂ ਕਿਸਾਨਾਂ ਨੂੰ ਆਪਣੀ ਡੀਟੇਲ ਪੋਰਟਲ 'ਤੇ ਰਜਿਸਟਰ ਕਰਵਾਉਣ ਤੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਖੇਤੀਬਾੜੀ ਵਿਭਾਗ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ।ਕੈਂਪ ਦੌਰਾਨ ਖੇਤੀਬਾੜੀ ਮਾਹਿਰਾਂ ਦੀ ਟੀਮ ਵਿੱਚ ਜਸਵਿੰਦਰ ਸਿੰਘ ਏ.ਟੀ.ਐੱਮ., ਕੁਲਦੀਪ ਸਿੰਘ ਬੇਲਦਾਰ, ਕਿਸਾਨ ਰਾਜਾ ਰਾਮ, ਹਰਬੰਸ ਸਿੰਘ, ਨਰੇਸ਼ ਕੁਮਾਰ, ਕੁਲਵੰਤ ਸਿੰਘ, ਅੰਗਰੇਜ਼ ਸਿੰਘ, ਮੱਖਣ ਸਿੰਘ, ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਮੰਗਾਂ ਨੂੰ ਲੈ ਕੇ ਵਿਸ਼ਾਲ ਝੰਡਾ ਮਾਰਚ

**ਸਮਰਾਲਾ (ਸੁਰਜੀਤ ਸਿੰਘ)**- ਪੰਜਾਬ ਸਰਕਾਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਦੇ ਸੱਦੇ 'ਤੇ ਸਮਰਾਲਾ ਮੰਡਲ ਅਧੀਨ ਵੱਖ ਵੱਖ ਮੁਲਾਜ਼ਮ ਤੇ ਪੈਨਸ਼ਨਰਾਂ ਦੀਆਂ ਜਥੇਬੰਦੀਆਂ ਵੱਲੋਂ ਨਗਰ ਕੌਂਸਲ ਦੀਆਂ ਹੋ ਰਹੀਆਂ ਚੋਣਾਂ ਵਿੱਚ ਸਰਕਾਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਨਾਂਹਪੱਖੀ



ਰਵੱਈਏ ਖਿਲਾਫ ਸ਼ਹਿਰ ਵਿੱਚ ਪ੍ਰਭਾਵਸ਼ਾਲੀ ਝੰਡਾ ਮਾਰਚ ਕੀਤਾ ਗਿਆ।ਇਹ ਝੰਡਾ ਮਾਰਚ ਸ਼ਹਿਰ ਦੇ ਹਰ ਗਲੀ ਤੇ ਮੁਹੱਲੇ ਵਿਚ 'ਨੋ ਡੀ ਏ, ਨੋ ਵੋਟ' ਦਾ ਸੰਦੇਸ਼ ਲੈ ਕੇ ਗਿਆ ਕਿ ਸਰਕਾਰ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨ ਰਹੀ।ਇਸ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਮਹਿੰਗਾਈ ਭੱਤੇ ਦੇ ਬਕਾਇਆ 30 ਜੂਨ 2026 ਤੱਕ ਦੇਣ ਦੇ ਮਾਨਯੋਗ ਹਾਈਕੋਰਟ ਦੇ ਫੈਸਲੇ ਖਿਲਾਫ ਸਰਕਾਰ ਵੱਲੋਂ ਦੋ ਰਵੀਜ਼ਨ ਪਟੀਸ਼ਨਰਾਂ ਪਾਉਣਾ ਸਰਕਾਰ ਦੇ ਮੁਲਾਜ਼ਮ ਵਿਰੋਧੀ ਹੋਣ ਦਾ ਸਬੂਤ ਹੈ।ਇਸੇ ਤਰ੍ਹਾਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਦੇ ਬਾਵਜੂਦ 1.01.2016 ਤੋਂ ਪਹਿਲਾਂ ਰਿਟਾਇਰ ਹੋਏ ਮੁਲਾਜ਼ਮਾਂ ਦੀ ਪੈਨਸ਼ਨ ਰੀਵਾਈਜ਼ 2.59 ਦੇ ਗੁਣਾਂਕ ਦੀ ਥਾਂ ਜਬਰੀ 2.45 ਨਾਲ ਕੀਤੀ ਜਾ ਰਹੀ ਹੈ।ਪੇ ਸਕੇਲਾਂ ਦਾ ਦੂਜਾ ਹਿੱਸਾ 23 ਨੰ, ਭੱਤੇ ਬੰਦ ਕੀਤੇ ਹੋਏ ਹਨ, ਨਹੀਂ ਦਿੱਤੇ ਜਾ ਰਹੇ।ਪੁਰਾਣੀ ਪੈਨਸ਼ਨ ਸਕੀਮ ਨਹੀਂ ਲਾਗੂ ਕੀਤੀ ਜਾ ਰਹੀ।ਕੱਚੇ, ਆਊਟ ਸੋਰਸਿੰਗ ਮੁਲਾਜ਼ਮ ਪੱਕੇ ਨਹੀਂ ਕੀਤੇ ਜਾ ਰਹੇ।ਪੁਰਾਣੇ ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ ਨਵੇਂ ਸਾਮਰਾਜੀ ਪੱਖੀਂ ਲੇਬਰ ਕੋਡ ਲਾਗੂ ਕੀਤੇ ਜਾ ਰਹੇ ਹਨ।

ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਨਾਲ ਗੱਲਬਾਤ ਦਾ ਰਾਹ ਸਰਕਾਰ ਵੱਲੋਂ ਬੰਦ ਕੀਤਾ ਗਿਆ ਹੈ।ਇਸ ਲਈ ਸਾਂਝੇ ਫਰੰਟ 2027 ਦੀਆਂ ਅਸੈਂਬਲੀ ਚੋਣਾਂ ਤੱਕ ਲਗਾਤਾਰ ਸੰਘਰਸ਼ ਪ੍ਰੋਗਰਾਮ ਉਲੀਕੇ ਹੋਏ ਹਨ।ਬੁਲਾਰਿਆਂ ਨੇ ਸਮੁੱਚੇ ਪੰਜਾਬ ਦੇ ਸਰਕਾਰੀ ਕਰਮਚਾਰੀਆਂ ਤੇ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨਦੀ, ਉਦੋਂ ਤੱਕ ਆਮ ਆਦਮੀ ਪਾਰਟੀ ਦਾ ਵੋਟਾਂ ਵਿੱਚ ਵਿਰੋਧ ਕੀਤਾ ਜਾਵੇਗਾ।ਇਸ ਮੌਕੇ ਝੰਡਾ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਮੁਲਾਜ਼ਮ ਤੇ ਪੈਨਸ਼ਨਰਜ਼ ਸ਼ਾਮਲ ਸਨ।

# ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਵੱਲੋਂ ਅਗਲੇ ਤਿੱਖੇ ਸੰਘਰਸ਼ਾਂ ਦੀ ਤਿਆਰੀ

## 28 ਤੋਂ ਪਰਵਾਰਾਂ ਸਮੇਤ ਦਫ਼ਤਰਾਂ ਅੱਗੇ ਲਗਾਤਾਰ ਧਰਨੇ ਦੇਣ ਦਾ ਐਲਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਬੈਨਰ ਹੇਠ ਵੱਖ-ਵੱਖ ਸਰਕਾਰੀ ਵਿਭਾਗਾਂ ਦੀਆਂ ਜਥੇਬੰਦੀਆਂ ਨੇ ਪ੍ਰਤਾਪ ਚੌਕ ਸਥਿਤ ਪਾਣੀ ਵਾਲੀ ਟੈਂਕੀ 'ਤੇ ਇਕ ਅਹਿਮ ਸੂਬਾ ਪੱਧਰੀ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਅਗਲੇ ਸੰਘਰਸ਼ਾਂ ਦੀ ਰੂਪ-ਰੇਖਾ ਉਲੀਕਦਿਆਂ ਐਲਾਨ ਕੀਤਾ ਗਿਆ ਕਿ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੇ ਜਾਣ ਦੇ ਰੋਸ ਵਜੋਂ 28 ਮਈ 2026 ਤੋਂ ਸਮੂਹ ਠੇਕਾ ਮੁਲਾਜ਼ਮ ਆਪਣੇ ਪਰਵਾਰਾਂ ਤੇ ਬੱਚਿਆਂ ਸਮੇਤ ਆਪਣੇ-ਆਪਣੇ ਵਿਭਾਗਾਂ ਦੇ ਦਫ਼ਤਰਾਂ ਅੱਗੇ ਲਗਾਤਾਰ ਧਰਨੇ ਦੇਣਗੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਆਗੂਆਂ ਵਰਿੰਦਰ ਸਿੰਘ ਮੋਮੀ, ਜਗਰੂਪ ਸਿੰਘ ਲਹਿਰਾ, ਗੁਰਵਿੰਦਰ ਸਿੰਘ ਪੰਨੂੰ ਤੇ ਹੋਰਨਾਂ ਨੇ ਕਿਹਾ ਕਿ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸਰਕਾਰ ਵੀ ਪਿਛਲੀਆਂ ਸਰਕਾਰਾਂ ਵਾਂਗ ਲਾਰੇ-ਲੱਪੇ ਲਾ ਰਹੀ ਹੈ। ਸਾਢੇ ਚਾਰ ਸਾਲਾਂ ਦਾ ਕਾਰਜਕਾਲ ਬੀਤ ਜਾਣ ਦੇ ਬਾਵਜੂਦ ਆਊਟਸੋਰਸਡ, ਇਨਲਿਸਟਮੈਂਟ, ਕੰਪਨੀਆਂ ਤੇ ਸੁਸਾਇਟੀਆਂ



ਰਾਹੀਂ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ ਲਈ ਕੋਈ ਠੋਸ ਨੀਤੀ ਨਹੀਂ ਬਣਾਈ ਗਈ। ਉਲਟਾ ਮੁਲਾਜ਼ਮਾਂ ਦੀ ਏਕਤਾ ਨੂੰ ਤੋੜਨ ਲਈ ਵੱਖ-ਵੱਖ ਵਿਭਾਗਾਂ ਵਿੱਚ ਮੁਲਾਜ਼ਮ-ਦੋਖੀ ਪਾਲਸੀਆਂ ਭੇਜੀਆਂ ਜਾ ਰਹੀਆਂ ਹਨ। ਮੋਰਚੇ ਦੀਆਂ ਮੁੱਖ ਮੰਗਾਂ ਸਮੂਹ ਸਰਕਾਰੀ ਵਿਭਾਗਾਂ ਦੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕੀਤਾ ਜਾਵੇ। ਸਾਰੇ ਠੇਕਾ ਮੁਲਾਜ਼ਮਾਂ ਨੂੰ ਪਹਿਲ ਤੇ ਤਜ਼ਰਬੇ ਦੇ ਆਧਾਰ 'ਤੇ ਪੱਕਾ ਕਰਨ ਲਈ ਇੱਕੋ ਜਿਹੀ ਮੁਲਾਜ਼ਮ ਪੱਖੀ ਨੀਤੀ ਬਣੇ। ਲੇਬਰ ਕਾਨਫਰੰਸ ਦੇ ਫਾਰਮੂਲੇ ਮੁਤਾਬਿਕ ਘੱਟੋ-ਘੱਟ ਉਜ਼ਰਤਾਂ ਤੈਅ ਕੀਤੀਆਂ ਜਾਣ। ਸੇਵਾ ਕਾਲ ਦੌਰਾਨ ਮੌਤ ਜਾਂ ਨਕਾਰਾ ਹੋਣ 'ਤੇ ਪਰਿਵਾਰ ਨੂੰ ਸਰਕਾਰੀ ਨੌਕਰੀ, ਪੈਨਸ਼ਨ ਤੇ ਯੋਗ ਮੁਆਵਜ਼ਾ ਮਿਲੇ। ਇਸ ਤੋਂ ਇਲਾਵਾ ਆਗੂਆਂ ਨੇ ਵੇਰਕਾ ਮਿਲਕ ਤੇ ਕੈਟਲ ਫੀਡ ਪਲਾਂਟਾਂ ਦੇ ਸੰਘਰਸ਼ੀ ਮੁਲਾਜ਼ਮਾਂ ਨੂੰ ਨੌਕਰੀ ਤੋਂ ਫ਼ਾਰਗ ਕਰਨ ਦੇ ਫੈਸਲੇ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰ ਡੰਡੇ ਦੇ ਜ਼ੋਰ ਨਾਲ ਮੁਲਾਜ਼ਮਾਂ ਦੀ ਆਵਾਜ਼ ਨੂੰ ਦਬਾ ਨਹੀਂ ਸਕਦੀ ਤੇ ਇਸ ਮਨਸੂਬੇ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।

## ਚੌਥਾ 'ਗੁਰਮੁਖ ਸਿੰਘ ਸਹਿਗਲ ਨਾਵਲ ਪੁਰਸਕਾਰ' ਪ੍ਰੋ. ਕਿਰਪਾਲ ਕਜ਼ਾਕ ਦੇ ਨਾਵਲ 'ਇਤਿ ਕਥਾ' ਨੂੰ

**ਭੀਖੀ (ਗੁਰਿੰਦਰ ਸਿੰਘ ਔਲਖ)**- ਪੰਜਾਬੀ ਦੇ ਉੱਘੇ ਤੇ ਵਿਲੱਖਣ ਨਾਵਲਕਾਰ ਗੁਰਮੁਖ ਸਿੰਘ ਸਹਿਗਲ ਜੀ ਦੀ ਯਾਦ ਵਿੱਚ ਬਣਾਏ 'ਗੁਰਮੁਖ ਸਿੰਘ ਸਹਿਗਲ ਯਾਦਗਾਰੀ ਮੰਚ' ਵੱਲੋਂ 2023 ਤੋਂ ਸ਼ੁਰੂ ਕੀਤੇ ਗਏ 'ਗੁਰਮੁਖ ਸਿੰਘ ਸਹਿਗਲ ਨਾਵਲ ਪੁਰਸਕਾਰ' ਲਈ ਇਸ ਵਾਰ ਨਾਵਲਕਾਰ ਕਿਰਪਾਲ ਕਜ਼ਾਕ ਦੇ ਨਾਵਲ 'ਇਤਿ ਕਥਾ' ਨੂੰ ਚੁਣਿਆ ਗਿਆ ਹੈ।ਪੁਰਸਕਾਰ ਵਿੱਚ ਸਨਮਾਨ ਚਿੰਨ੍ਹ, ਕਿਤਾਬਾਂ ਦਾ ਸੈੱਟ ਤੇ 11000/- ਦੀ ਸਨਮਾਨ ਰਾਸ਼ੀ ਭੇਟ ਕੀਤੀ ਜਾਵੇਗੀ। 'ਮੰਚ' ਦੇ ਕਾਮਿਆਂ ਸਤਪਾਲ ਭੀਖੀ ਤੇ ਜਸਪ੍ਰੀਤ ਸਿੰਘ ਜਗਰਾਓਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਵਲਾਂ ਦੀ ਪੜ੍ਹਤ ਤੇ ਪੰਜਾਬੀ ਦੇ ਵਿਦਵਾਨ ਲੇਖਕਾਂ, ਆਲੋਚਕਾਂ ਤੇ ਪਾਠਕਾਂ ਦੀ ਸਾਂਝੀ ਰਾਇ ਦੇ ਆਧਾਰ 'ਤੇ ਅੰਤਿਮ ਚੋਣ ਕਮੇਟੀ ਵੱਲੋਂ 'ਇਤਿ ਕਥਾ' ਨਾਵਲ ਨੂੰ



ਸਰਬਸੰਮਤੀ ਨਾਲ ਚੁਣ ਲਿਆ ਗਿਆ।ਜ਼ਿਕਰਯੋਗ ਹੈ ਕਿ ਕਿਰਪਾਲ ਕਜ਼ਾਕ ਪੰਜਾਬੀ ਦੇ ਪ੍ਰਬੁੱਧ ਤੇ ਪ੍ਰਤੀਬੱਧ ਗਲਪਕਾਰ ਤੇ ਖੋਜਕਾਰ ਹਨ।ਪੰਜਾਬੀ ਕਹਾਣੀ ਤੇ ਸੱਭਿਆਚਾਰਕ ਖੋਜਕਾਰੀ ਵਿੱਚ ਉਨ੍ਹਾਂ ਦਾ ਕਾਰਜ ਮਿਸਾਲੀ ਹੈ।ਹੁਣ ਤੱਕ ਉਨ੍ਹਾਂ ਦੇ ਕਈ ਕਹਾਣੀ ਸੰਗ੍ਰਹਿ, ਖੋਜ ਪੁਸਤਕਾਂ ਤੇ ਅਨੁਵਾਦਿਤ ਪੁਸਤਕਾਂ ਛਪ ਚੁੱਕੀਆਂ ਹਨ। 'ਇਤਿ ਕਥਾ' ਉਨ੍ਹਾਂ ਦਾ ਪਲੇਠਾ ਨਾਵਲ ਹੈ।

## 30 ਦੀ ਬਰਨਾਲਾ ਸੂਬਾਈ ਕਨਵੈਨਸ਼ਨ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**- ਮਲੋਟ ਵਿਖੇ ਲੋਕ ਮੋਰਚਾ ਪੰਜਾਬ ਇਕਾਈ ਦੀ ਇੱਕ ਅਹਿਮ ਮੀਟਿੰਗ ਬਿਜਲੀ ਘਰ ਵਿਖੇ ਹੋਈ, ਜਿਸ ਵਿੱਚ 30 ਮਈ ਨੂੰ ਬਰਨਾਲਾ ਵਿਖੇ ਹੋਣ ਵਾਲੀ ਸੂਬਾਈ ਕਨਵੈਨਸ਼ਨ ਦੀਆਂ ਤਿਆਰੀਆਂ ਸਬੰਧੀ ਵਿਚਾਰ-ਚਰਚਾ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਦੀਪ ਸਿੰਘ ਖੁੱਡੀਆਂ ਨੇ ਕਿਹਾ ਕਿ ਕਨਵੈਨਸ਼ਨ ਦੌਰਾਨ ਲੋਕਾਂ ਦੇ ਅਸਲ



ਮੁੱਦਿਆਂ ਨੂੰ ਉਭਾਰਿਆ ਜਾਵੇਗਾ ਤੇ ਫਿਰਕੂ, ਫਾਸ਼ੀ ਤੇ ਸਾਮਰਾਜੀ ਨੀਤੀਆਂ ਖਿਲਾਫ ਆਵਾਜ਼ ਬੁਲੰਦ ਕੀਤੀ ਜਾਵੇਗੀ।ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਦੀ ਮੋਦੀ ਸਰਕਾਰ ਅਮਰੀਕੀ ਸਾਮਰਾਜੀ ਨੀਤੀਆਂ ਨੂੰ ਲਾਗੂ ਕਰ ਰਹੀ ਹੈ, ਜਿਸ ਕਾਰਨ ਮਹਿੰਗਾਈ ਤੇ ਊਰਜਾ ਸੰਕਟ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੀ ਲੋਕ ਸੰਘਰਸ਼ਾਂ ਨੂੰ ਦਬਾਉਣ ਲਈ ਜਾਬਰ ਕਦਮ ਚੁੱਕ ਰਹੀ ਹੈ।ਮੀਟਿੰਗ ਦੌਰਾਨ ਭਾਰਤ-ਅਮਰੀਕਾ ਵਪਾਰ ਸਮਝੌਤਾ ਰੱਦ ਕਰਨ, ਨਿੱਜੀਕਰਨ ਰੋਕਣ, ਕਾਲੇ ਕਾਨੂੰਨ ਖਤਮ ਕਰਨ ਤੇ ਗ੍ਰਿਫਤਾਰ ਬੁੱਧੀਜੀਵੀਆਂ ਤੇ ਮਜ਼ਦੂਰ ਆਗੂਆਂ ਨੂੰ ਰਿਹਾਅ ਕਰਨ ਦੀ ਮੰਗ ਕੀਤੀ ਗਈ।ਆਗੂਆਂ ਨੇ ਲੋਕਾਂ ਨੂੰ ਇਕੱਠੇ ਹੋ ਕੇ ਲੋਕ ਹੱਕਾਂ ਲਈ ਸੰਘਰਸ਼ ਤੇਜ਼ ਕਰਨ ਦਾ ਸੱਦਾ ਦਿੱਤਾ।

# ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਥਾਣਾ ਆਰਿਫ ਕੇ ਤੇ ਥਾਣਾ ਮੱਲਾਂਵਾਲਾ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਦੋ ਵਿਅਕਤੀਆਂ ਨੂੰ 9 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਆਰਿਫ ਕੇ ਦੇ ਇੰਸਪੈਕਟਰ ਬਲਰਾਜ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਇੱਟਾਂ ਵਾਲੇ ਰਸਤੇ ਬਸਤੀ ਰਾਮ ਲਾਲ ਤੋਂ ਬੰਨ੍ਹ ਦਰਿਆ ਬਸਤੀ ਰਾਮ ਲਾਲ ਨੂੰ ਜਾ ਰਹੀ ਸੀ ਤਾਂ ਬੰਨ੍ਹ ਵੱਲੋਂ ਸਾਹਮਣੇ ਤੋਂ ਇਕ ਮੋਨਾ ਨੌਜਵਾਨ ਲਖਵੀਰ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਪਿੰਡ ਚੁਗੱਤੇ ਵਾਲਾ ਪੈਦਲ ਆਉਂਦਾ ਵਿਖਾਈ ਦਿੱਤਾ, ਜਿਸ ਨੂੰ ਸ਼ੱਕ ਦੀ ਬਿਨਾਹ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਮੱਲਾਂਵਾਲਾ ਪੁਲਸ ਦੇ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਵਾ ਚੈਕਿੰਗ ਲਈ ਇਲਾਕੇ ਵਿਚ ਰਵਾਨਾ ਸੀ ਤਾਂ ਇਸ ਦੌਰਾਨ ਸ਼ੱਕ ਦੀ ਬਿਨਾਹ 'ਤੇ ਤੀਰਥ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਬਸਤੀ ਚੰਦੇਵਾਲੀ, ਕਾਮਲ ਵਾਲਾ ਖੁਰਦ ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

# ਪਾਵਰਕਾਮ ਪੈਨਸ਼ਨਰ ਐਸੋਸੀਏਸ਼ਨ ਸਰਕਲ ਮੁਕਤਸਰ ਦੀ ਚੋਣ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**- ਪਾਵਰਕਾਮ ਪੈਨਸ਼ਨਰ ਐਸੋਸੀਏਸ਼ਨ ਸ੍ਰੀ ਮੁਕਤਸਰ ਸਾਹਿਬ ਸਰਕਲ ਦੇ ਕੁਝ ਅਹੁਦੇ ਕੁਝ ਕਾਰਨਾਂ ਕਰਕੇ ਖਾਲੀ ਹੋ ਗਏ ਸਨ, ਉਨ੍ਹਾਂ ਦੀ ਚੋਣ ਸਰਕਲ ਪ੍ਰਧਾਨ ਜੋਗਿੰਦਰ ਸਿੰਘ ਮੱਲਣ ਦੀ ਦੇਖ ਰੇਖ ਹੇਠ ਹੋਈ।ਇਸ ਚੋਣ 'ਚ ਸ਼ੰਕਰ ਦਾਸ ਅਬੋਹਰ ਸੀਨੀਅਰ ਮੀਤ ਪ੍ਰਧਾਨ, ਹਰੀ ਕ੍ਰਿਸ਼ਨ ਫਾਜ਼ਿਲਕਾ ਮੀਤ ਪ੍ਰਧਾਨ ਤੇ ਹਰਜੀਤ ਸਿੰਘ ਗੁੜੀ ਸੰਘਰ ਸਕੱਤਰ ਸਰਬ ਸੰਮਤੀ ਨਾਲ ਚੁਣੇ ਗਏ।ਚੁਣੇ ਹੋਏ ਅਹੁਦੇਦਾਰਾਂ ਨੂੰ ਸਰਕਲ ਪ੍ਰਧਾਨ ਤੇ ਡੈਲੀਗੇਟ ਸਾਥੀਆਂ ਵੱਲੋਂ ਵਧਾਈ ਦਿੱਤੀ ਗਈ। ਚੁਣੇ ਹੋਏ ਆਹੁਦੇਦਾਰਾਂ ਨੇ ਇਮਾਨਦਾਰੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ। ਉਪਰੰਤ ਸਰਕਲ ਪ੍ਰਧਾਨ ਵੱਲੋਂ ਸਟੇਟ ਕਮੇਟੀ ਦੇ ਪ੍ਰੋਗਰਾਮ ਤੇ ਸੰਘਰਸ਼ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਬਾਰੇ ਚਾਨਣਾ ਪਾਇਆ ਗਿਆ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਜਦੋਂ ਦੀ ਸੱਤਾ 'ਚ ਆਈ ਹੈ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਕੋਈ ਵੀ ਮੰਗ ਲਾਗੂ ਨਹੀਂ ਕੀਤੀ ਅਤੇ ਨਾ ਹੀ ਕੋਈ ਜਥੇਬੰਦੀ ਨਾਲ ਗੱਲਬਾਤ ਕੀਤੀ



ਹੈ, ਵਾਰ-ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਮੰਗਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ।

ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਡੀਏ ਨਾ ਦਿੱਤਾ, 2.59 ਦੇ ਗੁਣਾਂਕ ਨਾਲ ਪੈਨਸ਼ਨ 'ਚ ਸੋਧ ਨਾ ਕੀਤੀ, ਡੀਏ ਦਾ ਬਕਾਇਆ ਨਾ ਦਿੱਤਾ, 200 ਰੁਪਏ ਜਜ਼ੀਆ ਟੈਕਸ ਕੱਟਣਾ ਬੰਦ ਨਾ ਕੀਤਾ ਆਦਿ ਮੰਗਾਂ ਲਾਗੂ ਨਾ ਕੀਤੀਆਂ ਤਾਂ 26 ਮਈ 2026 ਨਗਰ ਨਿਗਮ/ ਨਗਰ ਕੌਂਸਲ ਐੱਮ ਸੀ ਦੀਆਂ ਚੋਣਾਂ 'ਚ ਪੰਜਾਬ ਸਰਕਾਰ ਆਮ ਆਦਮੀ ਪਾਰਟੀ ਦੀਆਂ ਲੋਕ ਮਾਰੂ ਨੀਤੀਆਂ ਦੀ ਪੋਲ ਖੋਲ੍ਹੀ ਜਾਵੇਗੀ।ਜੇਕਰ ਪੰਜਾਬ ਸਰਕਾਰ ਨੇ ਫਿਰ ਵੀ ਮੰਗਾਂ ਲਾਗੂ ਨਾ ਕੀਤੀਆਂ, ਡੀਏ ਨਾ ਦਿੱਤਾ ਤਾਂ ਆਉਣ ਵਾਲੇ ਸਮੇਂ 'ਚ ਤਿੱਖੇ ਸੰਘਰਸ਼ ਕੀਤੇ ਜਾਣਗੇ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਚੋਣ ਅਜਲਾਸ 'ਚ ਰਾਧਾ ਕ੍ਰਿਸ਼ਨ, ਸ਼ਿਵਦੀਪ ਸਿੰਘ ਬਰਾੜ, ਮੋੜਾ ਸਿੰਘ ਸਾਰੇ ਸਰਕਲ ਆਗੂ ਨੱਥਾ ਸਿੰਘ, ਬਲਰਾਜ ਮੱਕੜ, ਸ਼ਮਸ਼ੇਰ ਸਿੰਘ, ਸਾਧੂ ਰਾਮ ਸ਼ਰਮਾ, ਬੂਟਾ ਸਿੰਘ, ਅਮਰਜੀਤ ਪਾਲ ਸ਼ਰਮਾ, ਸੁੰਦਰ ਲਾਲ, ਦਿਲਾਵਰ ਸਿੰਘ, ਹਰਭਜਨ ਲਾਲ ਚੌਧਰੀ, ਰੰਗਾ ਸਿੰਘ, ਰਜਿੰਦਰ ਕੁਮਾਰ ਤੇ ਵੱਡੀ ਗਿਣਤੀ 'ਚ ਡੈਲੀਗੇਟ ਸਾਥੀ ਸ਼ਾਮਲ ਸਨ।

# ਵੋਟਰ ਆਪਣੀ ਪਛਾਣ ਲਈ ਹੋਰ 15 ਦਸਤਾਵੇਜ਼ ਦੀ ਵੀ ਕਰ ਸਕਣਗੇ ਵਰਤੋਂ : ਜ਼ਿਲ੍ਹਾ ਚੋਣ ਅਫਸਰ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ-2026 ਲਈ ਵੋਟਰਾਂ ਦੀ ਪਛਾਣ ਸੰਬੰਧੀ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ 26 ਮਈ ਨੂੰ ਪੈਣ ਵਾਲੀਆਂ ਵੋਟਾਂ ਲਈ ਵੋਟਰ ਆਪਣੀ ਪਛਾਣ ਲਈ ਇਲੈਕਟੋਰਲ ਫੋਟੋ ਆਈਡੈਂਟਿਟੀ ਕਾਰਡ ਤੋਂ ਇਲਾਵਾ ਹੋਰ ਵਿਕਲਪਿਕ ਦਸਤਾਵੇਜ਼ ਵੀ ਵਰਤ ਸਕਣਗੇ।ਉਨ੍ਹਾਂ ਦੱਸਿਆ ਕਿ ਜਿਨ੍ਹਾਂ ਵੋਟਰਾਂ ਕੋਲ ਈਪਿਕ ਕਾਰਡ ਉਪਲਬਧ ਹੈ, ਉਹ ਆਪਣੇ ਕਾਰਡ ਰਾਹੀਂ ਵੋਟ ਪਾ ਸਕਣਗੇ। ਇਸ ਤੋਂ ਇਲਾਵਾ ਜਿਨ੍ਹਾਂ ਵੋਟਰਾਂ ਕੋਲ ਈਪਿਕ ਕਾਰਡ ਨਹੀਂ ਹੈ, ਉਹ ਆਧਾਰ ਕਾਰਡ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਫੋਟੋ ਵਾਲਾ ਪੈਨ ਕਾਰਡ, ਮਗਨਰੇਗਾ ਜਾਬ ਕਾਰਡ, ਰਾਸ਼ਨ



ਕਾਰਡ/ਨੀਲਾ ਕਾਰਡ, ਫੋਟੋ ਸਮੇਤ ਆਰਮਜ਼ ਲਾਇਸੈਂਸ, ਪੈਨਸ਼ਨ ਦਸਤਾਵੇਜ਼, ਆਜ਼ਾਦੀ ਘੁਲਾਟੀਏ ਪਛਾਣ ਪੱਤਰ, ਬੈਂਕ ਜਾਂ ਡਾਕਖਾਨੇ ਦੀ ਫੋਟੋ ਵਾਲੀ ਪਾਸਬੁੱਕ, ਮਜ਼ਦੂਰੀ ਮੰਤਰਾਲੇ ਵੱਲੋਂ ਜਾਰੀ ਹੈਲਥ ਇੰਸ਼ੋਰੈਂਸ ਸਮਾਰਟ ਕਾਰਡ, ਸੰਸਦ ਮੈਂਬਰਾਂ ਅਤੇ ਵਿਧਾਇਕਾਂ ਨੂੰ ਜਾਰੀ ਸਰਕਾਰੀ ਪਛਾਣ ਪੱਤਰ, ਯੂਨੀਕ ਡਿਸਏਬਿਲਟੀ ਆਈ ਡੀ ਕਾਰਡ (ਯੂ ਡੀ ਆਈ ਡੀ), ਕੇਂਦਰ/ਰਾਜ ਸਰਕਾਰ, ਪੀ ਐੱਸ ਯੂ ਜਾਂ ਪਬਲਿਕ ਲਿਮਟਿਡ ਕੰਪਨੀਆਂ ਵੱਲੋਂ ਜਾਰੀ ਸਰਵਿਸ ਆਈ ਡੀ ਕਾਰਡ ਅਤੇ ਮਾਨਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਵੱਲੋਂ ਜਾਰੀ ਵਿਦਿਆਰਥੀ ਪਛਾਣ ਪੱਤਰ ਦੀ ਵਰਤੋਂ ਕਰ ਸਕਦੇ ਹਨ। ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵੋਟਿੰਗ ਵਾਲੇ ਦਿਨ ਆਪਣੇ ਨਾਲ ਲਾਜ਼ਮੀ ਪਛਾਣ ਦਸਤਾਵੇਜ਼ ਜ਼ਰੂਰ ਲੈ ਕੇ ਆਉਣ ਤਾਂ ਜੋ ਕਿਸੇ ਕਿਸਮ ਦੀ ਅਸੁਵਿਧਾ ਤੋਂ ਬਚਿਆ ਜਾ ਸਕੇ।

## ਕਰਿਆਨਾ ਸਟੋਰ ਨੂੰ ਅਚਾਨਕ ਅੱਗ, ਲੱਖਾਂ ਦਾ ਸਮਾਨ ਸੜਿਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਪਿੰਡ ਸਹੌਰ ਵਿਖੇ ਵੈਕਟਰ ਕਰਿਆਨਾ ਸਟੋਰ 'ਚ ਅਚਾਨਕ ਬਿਜਲੀ ਸਪਲਾਈ ਦੀ ਤਾਰ ਦੇ ਸ਼ਾਰਟ ਸਰਕਟ ਨਾਲ ਲੱਗੀ ਭਿਆਨਕ ਅੱਗ ਨੇ ਲੱਖਾਂ ਰੁਪਏ ਦਾ ਕਰਿਆਨਾ ਸਮਾਨ, ਫਰਿਜ, ਅਲਮਾਰੀਆਂ, ਕੰਪਿਊਟਰ ਕੰਡੇ ਅਤੇ ਨਗਦੀ ਅੱਗ ਦੀ ਭੇਟ ਚੜ੍ਹ ਗਏ। ਪੀੜਤ ਦੁਕਾਨਦਾਰ ਮੇਹਰ ਚੰਦ ਸਹੌਰ ਨੇ ਦੱਸਿਆ ਕਿ ਅੱਜ ਸਵੇਰੇ ਕਰੀਬ ਚਾਰ ਵਜੇ ਪਿੰਡ ਦੇ ਇੱਕ ਵਿਅਕਤੀ ਨੇ ਦੁਕਾਨ ਵਿੱਚੋਂ ਧੂੰਆਂ ਨਿਕਲਣ ਬਾਰੇ ਦੱਸਿਆ। ਜਦੋਂ ਉਹ ਮੌਕੇ 'ਤੇ ਪਹੁੰਚੇ ਤਾਂ ਅੱਗ ਤੇਜ਼ੀ ਨਾਲ ਫੈਲਣ ਕਾਰਨ ਮਿੰਟਾਂ 'ਚ ਹੀ ਦੁਕਾਨ ਦਾ ਵੱਡਾ ਹਿੱਸਾ ਅੱਗ ਦੀ ਭੇਟ ਚੜ੍ਹ ਗਿਆ। ਗੰਭੀਰ ਸਥਿਤੀ ਨੂੰ ਵੇਖਦਿਆਂ ਤੁਰੰਤ ਗੁਰੂਘਰ



ਦੇ ਸਪੀਕਰ ਤੋਂ ਗੰਥੀ ਨੇ ਘਟਨਾ ਸੰਬੰਧੀ ਲੋਕਾਂ ਨੂੰ ਸੂਚਿਤ ਕੀਤਾ। ਪਤਾ ਲੱਗਦਿਆਂ ਹੀ ਤੁਰੰਤ ਇਕੱਠੇ ਹੋਏ ਪਿੰਡ ਵਾਸੀਆਂ ਨੇ ਅੱਗ 'ਤੇ ਕਾਬੂ ਪਾਉਣ ਲਈ ਜੱਦੋ ਜਹਿਦ ਕੀਤੀ। ਇਸ ਦੌਰਾਨ ਅੱਗ ਬੁਝਾਊ ਵਿਭਾਗ ਦੀ ਫਾਇਰ ਬ੍ਰਿਗੇਡ ਗੱਡੀ ਵੀ ਮੌਕੇ 'ਤੇ ਪਹੁੰਚੀ ਅਤੇ ਕਰਮਚਾਰੀਆਂ ਨੇ ਕਾਫੀ ਮਿਹਨਤ ਨਾਲ ਅੱਗ 'ਤੇ ਕਾਬੂ ਪਾ ਕੇ ਨੇੜਲੇ ਘਰਾਂ ਦਾ ਹੋਰ ਵੱਡਾ ਨੁਕਸਾਨ ਹੋਣ ਤੋਂ ਬਚਾਅ ਲਿਆ। ਵੱਖ-ਵੱਖ ਆਗੂਆਂ ਨੇ ਪੰਜਾਬ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਅੱਗ ਨਾਲ ਹੋਏ ਭਾਰੀ ਨੁਕਸਾਨ ਦਾ ਯੋਗ ਮੁਆਵਜ਼ਾ ਦਿੱਤਾ ਜਾਵੇ।

# ਵੋਟਰ ਸੂਚੀਆਂ ਦੀ ਸੁਧਾਈ ਨੂੰ ਪਾਰਦਰਸ਼ੀ ਬਣਾਉਣ ਲਈ ਸਿਆਸੀ ਪਾਰਟੀਆਂ ਦਾ ਸਹਿਯੋਗ ਜ਼ਰੂਰੀ : ਪੂਨਮ ਸਿੱਧੂ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)**- ਭਾਰਤ ਚੋਣ ਕਮਿਸ਼ਨ ਨਵੀਂ ਦਿੱਲੀ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਵਿਸ਼ੇਸ਼ ਸੁਧਾਈ) ਦਾ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਹੈ। ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਚੋਣ ਤਹਿਸੀਲਦਾਰ ਪੂਨਮ ਸਿੱਧੂ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਚੋਣ ਤਹਿਸੀਲਦਾਰ ਨੇ ਹਾਜ਼ਰ ਸਿਆਸੀ ਨੁਮਾਇੰਦਿਆਂ ਨੂੰ ਸਪੈਸ਼ਲ ਇੰਟੈਂਸਿਵ ਰਵੀਜ਼ਨ ਦੇ ਸ਼ਡਿਊਲ ਅਤੇ ਨਵੀਆਂ



ਹਦਾਇਤਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਦੀ ਸੁਧਾਈ ਦੀ ਇਸ ਮਹੱਤਵਪੂਰਨ ਪ੍ਰਕਿਰਿਆ ਨੂੰ ਪੂਰੀ ਪਾਰਦਰਸ਼ਤਾ ਨਾਲ ਨੇਪਰੇ ਚਾੜ੍ਹਨ ਲਈ ਰਾਜਨੀਤਿਕ ਪਾਰਟੀਆਂ ਦੀ ਸ਼ਮੂਲੀਅਤ ਅਤੇ ਸਹਿਯੋਗ ਬਹੁਤ ਜ਼ਰੂਰੀ ਹੈ।ਰਾਜਨੀਤਿਕ ਪਾਰਟੀਆਂ ਦੇ ਬੂਥ ਲੈਵਲ ਏਜੰਟ (ਬੀ.ਐੱਲ.ਏ.), ਬੂਥ ਲੈਵਲ ਅਫ਼ਸਰਾਂ (ਬੀ.ਐੱਲ.ਓ.) ਨਾਲ ਮਿਲ ਕੇ ਵੋਟਰ ਸੂਚੀ ਨੂੰ ਬਿਲਕੁਲ ਸਹੀ ਅਤੇ ਦਰੁਸਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਉਨ੍ਹਾ ਸਮੂਹ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਜਲਦੀ ਤੋਂ ਜਲਦੀ ਆਪਣੇ ਬੂਥ ਲੈਵਲ ਏਜੰਟ ਨਿਯੁਕਤ ਕਰਨ ਤਾਂ ਜੋ ਇਸ ਮੁਹਿੰਮ ਦੌਰਾਨ ਬੀ.ਐਲ.ਓਜ਼ ਨੂੰ ਪੂਰਨ ਸਹਿਯੋਗ ਮਿਲ ਸਕੇ। ਮੀਟਿੰਗ ਵਿੱਚ ਸ਼ਾਮਲ ਹੋਏ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਵੱਲੋਂ ਚੋਣ ਪ੍ਰਸ਼ਾਸਨ ਨੂੰ ਭਰੋਸਾ ਦਿੱਤਾ ਗਿਆ ਕਿ ਉਹ ਜਲਦ ਹੀ ਆਪਣੇ ਬੀ.ਐੱਲ.ਏ. ਨਿਯੁਕਤ ਕਰਕੇ ਸੂਚੀ ਸਾਂਝੀ ਕਰ ਦੇਣਗੇ।ਇਸ ਅਹਿਮ ਮੀਟਿੰਗ ਵਿੱਚ ਕਮਿਊਨਿਸਟ ਪਾਰਟੀ ਆਫ਼ ਇੰਡੀਆ (ਮਾਰਕਸਵਾਦੀ) ਵੱਲੋਂ ਠਾਕਰ ਸਿੰਘ ਤੇ ਸੁਖਮੰਦਰ ਸਿੰਘ ਅਤੇ ਬਹੁਜਨ ਸਮਾਜ ਪਾਰਟੀ (ਬਸਪਾ) ਵੱਲੋਂ ਮਨਜੀਤ ਸਿੰਘ ਤੇ ਅਰਜਨ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਰੋਟਰੀ ਕਲੱਬ ਵੱਲੋਂ ਐਮਰਜੈਂਸੀ ਖ਼ੂਨਦਾਨ ਕੈਂਪ, 101 ਯੂਨਿਟ ਖ਼ੂਨ ਕੀਤਾ ਇਕੱਠਾ

**ਭਵਾਨੀਗੜ੍ਹ (ਰਾਜ ਖੁਰਮੀ)** ਸਮਾਜ ਸੇਵਾ ਤੇ ਮਨੁੱਖਤਾ ਦੀ ਭਲਾਈ ਲਈ ਹਮੇਸ਼ਾ ਅੱਗੇ ਰਹਿਣ ਵਾਲੇ ਰੋਟਰੀ ਕਲੱਬ ਭਵਾਨੀਗੜ੍ਹ ਵੱਲੋਂ ਰਹਿਬਰ ਹਸਪਤਾਲ ਵਿਖੇ 76ਵਾਂ ਐਮਰਜੈਂਸੀ ਖ਼ੂਨਦਾਨ ਕੈਂਪ ਬਹੁਤ ਹੀ ਸਫਲਤਾਪੂਰਵਕ ਲਗਾਇਆ ਗਿਆ।ਕੈਂਪ ਵਿੱਚ ਕੁੱਲ 124 ਨੌਜਵਾਨਾਂ ਨੇ ਆਪਣੀ ਰਜਿਸਟ੍ਰੇਸ਼ਨ ਕਰਵਾਈ, ਜਿਨ੍ਹਾਂ ਵਿੱਚੋਂ ਡਾਕਟਰੀ ਜਾਂਚ ਤੋਂ ਬਾਅਦ 101 ਸਿਹਤਮੰਦ ਦਾਨੀਆਂ ਨੇ ਸਵੈ-ਇੱਛਾ ਨਾਲ ਖ਼ੂਨ ਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।ਅੱਤ ਦੀ ਗਰਮੀ ਤੇ ਮਿਊਂਸਪਲ ਚੋਣਾਂ ਦੇ ਮਾਹੌਲ ਕਾਰਨ ਬਲੱਡ ਬੈਂਕਾਂ ਵਿੱਚ ਚੱਲ ਰਹੀ ਖ਼ੂਨ ਦੀ ਭਾਰੀ ਕਮੀ ਦੇ ਸਮੇਂ ਲਗਾਇਆ ਗਿਆ ਇਹ ਕੈਂਪ ਲੋੜਵੰਦ ਮਰੀਜ਼ਾਂ ਲਈ ਵੱਡੀ ਰਾਹਤ ਸਾਬਿਤ ਹੋਇਆ।ਇਸ ਮੌਕੇ ਕਲੱਬ ਦੇ ਸਾਬਕਾ ਗਵਰਨਰ ਧਰਮਵੀਰ ਗਰਗ ਤੇ ਕਲੱਬ ਪ੍ਰਧਾਨ ਈਸ਼ਵਰ ਵਾਂਸਲ ਨੇ ਖ਼ੂਨਦਾਨੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਖ਼ੂਨਦਾਨ ਹੀ ਮਹਾਂਦਾਨ ਹੈ ਤੇ ਕਿਸੇ ਦੀ ਜਾਨ ਬਚਾਉਣ ਤੋਂ ਵੱਡੀ ਕੋਈ ਸੇਵਾ ਨਹੀਂ



ਹੋ ਸਕਦੀ।ਉਨ੍ਹਾਂ ਦੱਸਿਆ ਕਿ ਕਲੱਬ ਵੱਲੋਂ ਇਸ ਸਾਲ ਦੌਰਾਨ ਲਗਾਇਆ ਗਿਆ ਇਹ 6ਵਾਂ ਮੈਗਾ ਕੈਂਪ ਸੀ ਤੇ ਹੁਣ ਤੱਕ ਵੱਖ-ਵੱਖ ਕੈਂਪਾਂ ਰਾਹੀਂ ਕਰੀਬ 800 ਯੂਨਿਟ ਖ਼ੂਨ ਇਕੱਠਾ ਕੀਤਾ ਜਾ ਚੁੱਕਾ ਹੈ।

ਕੈਂਪ ਦੌਰਾਨ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਤੋਂ ਪਹੁੰਚੀ ਡਾਕਟਰਾਂ ਤੇ ਪੈਰਾ-ਮੈਡੀਕਲ ਸਟਾਫ਼ ਦੀ ਟੀਮ ਵੱਲੋਂ ਖ਼ੂਨ ਇਕੱਠਾ ਕਰਨ ਦੀ ਸੇਵਾ ਨਿਭਾਈ ਗਈ।ਇਸ ਦੇ ਨਾਲ ਹੀ ਰਹਿਬਰ ਇੰਸਟੀਚਿਊਟ ਦੇ ਵਿਦਿਆਰਥੀਆਂ, ਮੈਨੇਜਮੈਂਟ ਤੇ ਸਟਾਫ ਨੇ ਵੀ ਪੂਰੇ ਉਤਸ਼ਾਹ ਤੇ ਸੇਵਾ ਭਾਵਨਾ ਨਾਲ ਕੈਂਪ ਨੂੰ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ।ਕੈਂਪ ਦੀ ਸਫਲਤਾ ਵਿੱਚ ਗਊਸ਼ਾਲਾ ਸੇਵਾ ਨਾਲ ਜੁੜੇ ਸੰਜੀਵ ਜੀ ਤੇ ਉਨ੍ਹਾਂ ਦੀ ਟੀਮ, ਮਾਸਟਰ ਰਾਜਵੀਰ, ਮਾਸਟਰ ਦੀਪਕ ਕਾਂਸਲ, ਚਿਰਾਗ ਮਿੱਤਲ, ਪ੍ਰਦੇਸ਼ ਗਰਗ, ਧਰੁਵ ਸਿੰਗਲਾ, ਪੰਕਜ ਗਰਗ ਤੇ ਮਿੰਟੂ ਤੂਰ ਵੱਲੋਂ ਵੀ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਇਸ ਮੌਕੇ ਕਲੱਬ ਦੇ ਸੈਕਟਰੀ ਅਮਿਤ ਸਿੰਗਲਾ, ਰਾਜਿੰਦਰ ਕੁਮਾਰ, ਸੰਜੇ ਗਰਗ, ਉਮੇਸ਼ ਪਾਹਵਾ ਤੇ ਭਗਵੰਤ ਸਿੰਘ ਸਮੇਤ ਕਲੱਬ ਦੇ ਸਮੂਹ ਮੈਂਬਰ ਮੌਜੂਦ ਰਹੇ।ਕੈਂਪ ਦੇ ਅੰਤ ਵਿੱਚ ਸਾਰੇ ਖ਼ੂਨਦਾਨੀਆਂ ਨੂੰ ਰਿਫ੍ਰੈਸ਼ਮੈਂਟ ਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।

# ਗਰਮੀ ਕਾਰਨ ਪੰਜਾਬ ਦੇ ਸੇਵਾ ਕੇਂਦਰ ਹੁਣ ਸਵੇਰੇ 7:30 ਵਜੇ ਖੁੱਲ੍ਹਣਗੇ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)** : ਸੂਬੇ ਵਿੱਚ ਲਗਾਤਾਰ ਵਧ ਰਹੇ ਤਾਪਮਾਨ ਤੇ ਭਿਆਨਕ ਗਰਮੀ ਦੀ ਲਹਿਰ (ਲੂ) ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਹੂਲਤ ਲਈ ਇੱਕ ਅਹਿਮ ਫੈਸਲਾ ਲਿਆ ਗਿਆ ਹੈ।ਸਰਕਾਰ ਨੇ ਰਾਜ ਦੇ ਸਾਰੇ ਸੇਵਾ ਕੇਂਦਰਾਂ ਦੇ ਖੁੱਲ੍ਹਣ ਤੇ ਬੰਦ ਹੋਣ ਦੇ ਸਮੇਂ ਵਿੱਚ ਤਬਦੀਲੀ ਕਰ ਦਿੱਤੀ ਹੈ।ਹੁਣ ਸੇਵਾ ਕੇਂਦਰ ਆਪਣੇ ਪੁਰਾਣੇ ਸਮੇਂ ਸਵੇਰੇ 9:00 ਵਜੇ ਦੀ ਬਜਾਏ ਸਵੇਰੇ 7:30 ਵਜੇ ਖੁੱਲ੍ਹਣਗੇ ਤੇ ਦੁਪਹਿਰ 3:30 ਵਜੇ ਬੰਦ ਹੋ ਜਾਣਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਫ਼ਰੀਦਕੋਟ ਸ੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਮੌਜੂਦਾ ਗਰਮੀ ਦੇ ਮੌਸਮ ਨੂੰ ਵੇਖਦਿਆਂ ਪੰਜਾਬ ਸਰਕਾਰ ਵੱਲੋਂ ਇਹ ਕਦਮ ਚੁੱਕਿਆ ਗਿਆ ਹੈ ਤਾਂ ਜੋ ਦੂਰ-ਦੁਰਾਡਿਓਂ ਆਉਣ ਵਾਲੇ ਨਾਗਰਿਕਾਂ ਨੂੰ ਦੁਪਹਿਰ ਦੀ ਤਿੱਖੀ ਧੁੱਪ ਤੇ ਲੂ ਤੋਂ ਬਚਾਇਆ ਜਾ ਸਕੇ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹੁਣ ਬਦਲੇ ਹੋਏ ਸਮੇਂ ਅਨੁਸਾਰ ਹੀ ਸੇਵਾ ਕੇਂਦਰਾਂ ਵਿੱਚ ਪਹੁੰਚ ਕੇ ਸਰਕਾਰੀ ਸੇਵਾਵਾਂ ਦਾ ਲਾਭ ਉਠਾਉਣ।

# ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਵੱਲ ਲੋਕਾਂ ਦਾ ਰੁਝਾਨ ਵਧਿਆ : ਭੁੱਲਰ



**ਫਿਰੋਜ਼ਪੁਰ (ਗੁਰਬਚਨ ਸਿੰਘ)**- ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੀਆਂ ਨੀਤੀਆਂ ਤੇ ਕਿਸਾਨ ਹੱਕਾਂ ਲਈ ਚੱਲ ਰਹੀ ਲੜਾਈ ਕਾਰਨ ਲੋਕਾਂ ਦਾ ਰੁਝਾਨ ਲਗਾਤਾਰ ਜਥੇਬੰਦੀ ਵੱਲ ਵੱਧ ਰਿਹਾ ਹੈ।ਇਹ ਪ੍ਰਗਟਾਵਾ ਜ਼ਿਲ੍ਹਾ ਯੂਥ ਆਗੂ ਲਖਵਿੰਦਰ ਸਿੰਘ ਭੁੱਲਰ ਨੇ ਪਿੰਡ ਹੱਸਤੀਵਾਲਾ ਵਿਖੇ ਹੋਏ ਇਕਾਈ ਗਠਨ ਸਮਾਗਮ ਦੌਰਾਨ ਕੀਤਾ।ਇਹ ਇਕੱਠ ਜ਼ਿਲ੍ਹਾ ਫਿਰੋਜ਼ਪੁਰ ਦੇ ਮੀਤ ਪ੍ਰਧਾਨ ਪ੍ਰਕਮਜੀਤ ਸਿੰਘ ਭੁੱਲਰ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਕਮੇਟੀ ਮੈਂਬਰ ਗੁਰਮੀਤ ਸਿੰਘ ਘੋੜੇਚੱਕ, ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਵਿਰਕ, ਬਲਾਕ ਪ੍ਰਧਾਨ ਮਮਦੋਟ ਸੁੱਖਵਿੰਦਰ ਸਿੰਘ ਸੰਧੂ ਤੇ ਗੁਰਪ੍ਰੀਤ ਸਿੰਘ ਭੁੱਲਰ ਮਬੋਕੇ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਪਿੰਡ ਹੱਸਤੀਵਾਲਾ ਇਕਾਈ ਦਾ ਗਠਨ ਕਰਦਿਆਂ ਪਰਵਿੰਦਰ ਸਿੰਘ ਸੋਢੀ (ਕਾਲਾ) ਨੂੰ ਇਕਾਈ ਪ੍ਰਧਾਨ, ਬਲਜਿੰਦਰ ਸਿੰਘ ਸੋਢੀ ਨੂੰ ਸੀਨੀਅਰ ਮੀਤ ਪ੍ਰਧਾਨ, ਪ੍ਰਤਾਪ ਸਿੰਘ ਸੰਧੂ ਨੂੰ ਮੀਤ ਪ੍ਰਧਾਨ, ਸਤਨਾਮ ਸਿੰਘ ਸੋਢੀ ਨੂੰ ਖਜ਼ਾਨਚੀ, ਨਿਸ਼ਾਨ ਸਿੰਘ ਵਿਰਦੀ ਨੂੰ ਪ੍ਰੈੱਸ ਸਕੱਤਰ ਤੇ ਦਲਬੀਰ ਸਿੰਘ ਸੋਢੀ ਨੂੰ ਮੁੱਖ ਸਕੱਤਰ ਨਿਯੁਕਤ ਕੀਤਾ ਗਿਆ।ਇਸ ਮੌਕੇ ਹਰਪ੍ਰੀਤ ਸਿੰਘ ਭਲਾ, ਪ੍ਰਗਟ ਸੋਢੀ, ਬਾਬਾ ਸਤਨਾਮ, ਗੁਰਮੇਲ ਸਿੰਘ ਸਿੱਧੂ, ਗੋਰਾ ਸੋਢੀ, ਕਰਨ ਸੋਢੀ, ਸਰਾਜ ਗਰੇਵਰ, ਵਿਜੈ ਬੇਰੀ, ਬਾਬਾ ਕਾਲਾ ਭੱਟੀ, ਪੀਂਦਾ ਭਲਾ, ਵਾਰਿਆਮ ਢਿੱਲੋਂ, ਬਲਵਿੰਦਰ ਸੋਢੀ, ਗਗਨਦੀਪ ਸਿੰਘ, ਜਸਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਪੰਚਾਇਤ ਮੈਂਬਰ ਹਾਜ਼ਰ ਸਨ।

# ਪੰਜਾਬੀ 'ਵਰਸਿਟੀ ਵਿਖੇ ਮਹਾਰਾਜਾ ਦਲੀਪ ਸਿੰਘ ਦੇ ਜੀਵਨ ਨਾਲ ਜੁੜੇ ਇਤਿਹਾਸਕ ਪਹਿਲੂਆਂ ਬਾਰੇ ਖੋਜ ਕਾਰਜ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੀ ਖੋਜਾਰਥੀ ਡਾ. ਸਤਵੀਰ ਕੌਰ ਵੱਲੋਂ ਮਹਾਰਾਜਾ ਦਲੀਪ ਸਿੰਘ ਦੇ ਜੀਵਨ ਨਾਲ਼ ਜੁੜੇ ਇਤਿਹਾਸਕ ਪਹਿਲੂਆਂ 'ਤੇ ਕੀਤੇ ਗਏ ਖੋਜ ਕਾਰਜ ਦੌਰਾਨ ਅਹਿਮ ਨਤੀਜੇ ਸਾਹਮਣੇ ਆਏ ਹਨ।ਸੈਂਟਰ ਫਾਰ ਡਿਸਟੈਂਸ ਐਂਡ ਆਨਲਾਈਨ ਐਜੂਕੇਸ਼ਨ ਤੋਂ ਡਾ. ਗੁਰਪ੍ਰੀਤ ਕੌਰ ਬਰਾੜ ਦੀ ਨਿਗਰਾਨੀ ਹੇਠ ਮੁਕੰਮਲ ਹੋਏ ਇਸ ਖੋਜ ਕਾਰਜ ਸਬੰਧੀ ਇੱਕ ਅਹਿਮ ਖੋਜ-ਪੱਤਰ ਪੰਜਾਬੀ ਯੂਨੀਵਰਸਿਟੀ ਦੇ ਵੱਕਾਰੀ ਰੈਫਰੀਡ ਜਰਨਲ 'ਖੋਜ ਪੱਤ੍ਰਿਕਾ' (ਅੰਕ 87) ਵਿੱਚ ਵੀ ਪ੍ਰਕਾਸ਼ਿਤ ਹੋਇਆ ਹੈ।

ਡਾ. ਗੁਰਪ੍ਰੀਤ ਕੌਰ ਬਰਾੜ ਨੇ ਦੱਸਿਆ ਕਿ ਇਹ ਖੋਜ ਕਾਰਜ ਮੁੱਖ ਰੂਪ ਵਿੱਚ ਇਸ ਗੱਲ ਨੂੰ ਜਾਣਨ ਵਿੱਚ ਰੁਚਿਤ ਸੀ ਕਿ ਕਿਵੇਂ ਮਹਾਰਾਜਾ ਦਲੀਪ ਸਿੰਘ ਨੂੰ ਪਹਿਲਾਂ ਇਤਿਹਾਸ ਵਿੱਚ ਅਣਗੌਲ਼ਿਆਂ ਕੀਤਾ ਗਿਆ ਤੇ ਫਿਰ ਇੱਕ ਸਮੇਂ ਬਾਅਦ ਕਿਵੇਂ ਉਹ ਇਕਦਮ ਚਰਚਾ ਦਾ ਵਿਸ਼ਾ ਬਣਨਾ ਸ਼ੁਰੂ ਹੋਏ ਅਤੇ ਫ਼ਿਲਮ ਤੋਂ ਲੈ ਕੇ ਨਾਵਲ ਵਰਗੀਆਂ ਸਾਹਿਤਕ ਵਿਧਾਵਾਂ ਰਾਹੀਂ ਉਨ੍ਹਾਂ ਨੂੰ ਨਾਇਕ ਵਜੋਂ ਉਭਾਰਿਆ

**● ਮਹਾਰਾਜਾ ਦਲੀਪ ਸਿੰਘ ਦੀ ਅਸਲ ਤੇ ਸਿਰਜਿਤ ਪਛਾਣ ਦੇ ਸੰਕਟ ਨਾਲ ਵਿਸ਼ੇਸ਼ ਤਰ੍ਹਾਂ ਦਾ ਲਗਾਓ ਮਹਿਸੂਸ ਕਰਦਾ ਹੈ ਪਰਵਾਸ ਹੰਢਾਉਂਦਾ ਪੰਜਾਬੀ ਬੰਦਾ**

ਗਿਆ। ਉਨ੍ਹਾਂ ਦੱਸਿਆ ਕਿ ਇਹ ਪੜਚੋਲਣ ਦਾ ਯਤਨ ਕੀਤਾ ਗਿਆ ਕਿ ਕਿਵੇਂ ਪਰਵਾਸ ਹੰਢਾਉਂਦੇ ਪੰਜਾਬੀ ਮਨੁੱਖ ਨੇ ਆਪਣੀ ਅਸਲ ਪਛਾਣ ਤੇ ਓਪਰੇ ਸਮਾਜਾਂ ਵਿੱਚ ਮਜਬੂਰੀਵੱਸ ਬਣੀ ਸਿਰਜਿਤ ਪਛਾਣ ਦੇ ਦਵੰਦ ਨੂੰ ਮਹਾਰਾਜਾ ਦਲੀਪ ਸਿੰਘ ਦੀ ਪਛਾਣ ਦੇ ਸੰਕਟ ਨਾਲ ਜੋੜ ਕੇ ਵੇਖਦਿਆਂ ਉਨ੍ਹਾਂ ਨਾਲ ਵਿਸ਼ੇਸ਼ ਤਰ੍ਹਾਂ ਦਾ ਲਗਾਓ ਮਹਿਸੂਸ ਕਰਨਾ ਸ਼ੁਰੂ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਅਧਿਐਨ ਰਾਹੀਂ ਮਹਾਰਾਜਾ ਦਲੀਪ ਸਿੰਘ ਨੂੰ ਮਹਿਜ਼ ਇੱਕ ਇਤਿਹਾਸਕ ਪਾਤਰ ਵਜੋਂ ਨਹੀਂ, ਸਗੋਂ ਉਸ ਦੇ ਦੁਆਲੇ ਬੁਣੇ ਗਏ ਵੱਖ-ਵੱਖ 'ਬਿਰਤਾਂਤਾਂ' ਦੇ ਆਰ-ਪਾਰ ਵੇਖਣ ਦੀ



ਕੋਸ਼ਿਸ਼ ਕੀਤੀ ਗਈ ਹੈ।ਖੋਜ ਵਿੱਚ ਦੱਸਿਆ ਗਿਆ ਹੈ ਕਿ ਕਿਵੇਂ ਬਸਤੀਵਾਦੀ (ਅੰਗਰੇਜ਼ੀ) ਹਾਕਮਾਂ ਨੇ ਆਪਣੇ ਹਿੱਤਾਂ ਲਈ ਦਲੀਪ ਸਿੰਘ ਨੂੰ ਇੱਕ 'ਈਸਾਈ ਜੈਂਟਲਮੈਨ' ਵਜੋਂ ਪੇਸ਼ ਕੀਤਾ, ਜਦਕਿ ਦੂਜੇ ਪਾਸੇ ਪੰਜਾਬੀ ਚੇਤਨਾ ਵਿੱਚ ਉਹ 'ਤ੍ਰਾਸਦਿਕ ਨਾਇਕ' ਵਜੋਂ ਉੱਭਰੇ।ਇੱਕ ਸਮੇਂ ਬਾਅਦ ਪੰਜਾਬੀ ਚੇਤਨਾ ਨੇ ਕਿਵੇਂ ਉਨ੍ਹਾਂ ਨਾਲ਼ ਵਿਸ਼ੇਸ਼ ਤਰ੍ਹਾਂ ਦਾ ਲਗਾਓ, ਜੁੜਾਅ, ਇਕਮਿਕਤਾ ਮਹਿਸੂਸ ਕਰਦਿਆਂ ਉਨ੍ਹਾਂ ਦੇ ਅਸਲ ਯਥਾਰਥ ਨੂੰ ਨੇੜਿਓਂ ਮਹਿਸੂਸਿਆ ਤੇ ਜਾਣਿਆ।ਉਨ੍ਹਾਂ ਕਿਹਾ ਕਿ ਇਹ ਖੋਜ ਸਿੱਖ ਰਾਜ ਦੇ ਪਤਨ ਤੋਂ ਬਾਅਦ ਪੰਜਾਬੀ ਪਛਾਣ ਦੇ ਸੰਕਟ ਤੇ ਉਸਾਰੀ ਦੀਆਂ ਵੱਖ-ਵੱਖ ਪਰਤਾਂ ਨੂੰ ਬਾਖ਼ੂਬੀ ਫੋਲਦੀ ਤੇ ਪੜਚੋਲਦੀ ਹੈ।

ਖੋਜਾਰਥੀ ਡਾ. ਸਤਵੀਰ ਕੌਰ ਨੇ ਕਿਹਾ ਕਿ ਇਤਿਹਾਸਕ ਦਸਤਾਵੇਜ਼ਾਂ ਦੇ ਨਾਲ-ਨਾਲ ਫ਼ਿਲਮ ਤੇ ਸਾਹਿਤਕ ਰਚਨਾਵਾਂ ਦਾ ਤੁਲਨਾਤਮਕ ਅਧਿਐਨ ਕਰਦਿਆਂ ਇਹ ਸਿੱਧ ਕੀਤਾ ਹੈ ਕਿ ਕਿਵੇਂ ਸੱਤਾ ਤੇ ਰਾਜਨੀਤੀ ਕਿਸੇ ਪਾਤਰ ਦੇ ਅਕਸ ਨੂੰ ਲੋੜ ਅਨੁਸਾਰ ਸਿਰਜਦੀ ਜਾਂ ਵਿਗਾੜਦੀ ਹੈ।ਉਨ੍ਹਾਂ ਦੱਸਿਆ ਕਿ ਇਸ ਖੋਜ ਦਾ ਮੁੱਖ ਮਕਸਦ ਇਹ ਪਛਾਣਨਾ ਵੀ ਸੀ ਕਿ ਮਹਾਰਾਜਾ ਦਲੀਪ ਸਿੰਘ ਬਾਰੇ ਲਿਖੇ ਗਏ ਸਾਹਿਤ ਤੇ ਇਤਿਹਾਸ ਦੀ ਸਿਰਜਣਾ ਵਿੱਚ ਕਿਹੜੀਆਂ ਧਿਰਾਂ ਕੰਮ ਕਰ ਰਹੀਆਂ ਸਨ।ਉਨ੍ਹਾਂ ਦੱਸਿਆ ਕਿ ਇਹ ਵੇਖਣ ਦੀ ਕੋਸ਼ਿਸ਼ ਕੀਤੀ ਹੈ ਗਈ ਕਿ ਜਨਮ ਤੋਂ ਲੈ ਕੇ ਮੌਤ ਤੱਕ ਤੇ ਉਸ ਤੋਂ ਬਾਅਦ ਅੱਜ ਦੇ ਦੌਰ ਤੱਕ, ਦਲੀਪ ਸਿੰਘ ਨੂੰ ਵੱਖ-ਵੱਖ ਸਮਿਆਂ 'ਤੇ ਕਿਵੇਂ ਵੱਖ-ਵੱਖ ਰੂਪਾਂ ਵਿੱਚ ਸਿਰਜਿਆ ਗਿਆ।ਉਨ੍ਹਾਂ ਦੱਸਿਆ ਕਿ ਇਸ ਅਧਿਐਨ ਰਾਹੀਂ ਵਿਜ਼ੂਅਲ ਕਲਚਰ ਤੇ ਟੈਕਸਟ ਦੇ ਆਪਸੀ ਸਬੰਧਾਂ ਨੂੰ ਵੀ ਪੜਚੋਲਿਆ ਗਿਆ ਹੈ, ਜੋ ਪੰਜਾਬੀ ਖੋਜ ਦੇ ਖੇਤਰ ਵਿੱਚ ਇੱਕ ਨਵਾਂ ਕਦਮ ਹੈ।ਉਨ੍ਹਾਂ ਦੱਸਿਆ ਕਿ ਇਹ ਸਮਝਣ ਦੀ ਕੋਸ਼ਿਸ਼ ਕੀਤੀ ਗਈ ਹੈ ਕਿ ਇਤਿਹਾਸ ਦੇ ਪਾਤਰਾਂ ਦੇ ਅਕਸ ਨੂੰ ਬਦਲਣਾ ਕਿਸੇ ਕੌਮ ਦੀ ਪਛਾਣ ਨਾਲ਼ ਕਿਵੇਂ ਜੁੜਿਆ ਹੁੰਦਾ ਹੈ ਤੇ ਕਿਸ ਤਰ੍ਹਾਂ ਇਹ ਇੱਕ ਦੂਜੇ 'ਤੇ ਅਸਰਅੰਦਾਜ਼ ਹੁੰਦੇ ਹਨ।

ਉਪ-ਕੁਲਪਤੀ ਨੇ ਖੋਜਾਰਥੀ ਤੇ ਨਿਗਰਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਖੋਜ ਕਾਰਜ ਸਾਡੇ ਮਾਣਮੱਤੇ ਇਤਿਹਾਸ ਦੇ ਇੱਕ ਸੰਵੇਦਨਸ਼ੀਲ ਅਧਿਆਇ ਨੂੰ ਨਵੀਂ ਰੌਸ਼ਨੀ ਵਿੱਚ ਪੇਸ਼ ਕਰਦਾ ਹੈ।ਉਨ੍ਹਾਂ ਕਿਹਾ ਕਿ ਮਹਾਰਾਜਾ ਦਲੀਪ ਸਿੰਘ ਦੇ ਬਿਰਤਾਂਤ ਰਾਹੀਂ ਪੰਜਾਬੀ ਮਾਨਸਿਕਤਾ ਨੂੰ ਸਮਝਣ ਪੱਖੋਂ ਵੀ ਇਹ ਕਾਰਜ ਵਿਸ਼ੇਸ਼ ਅਹਿਮੀਅਤ ਰੱਖਦਾ ਹੈ।

# ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਖੇਡਾਂ ਸਭ ਤੋਂ ਵੱਡਾ ਹਥਿਆਰ : ਢਿੱਲੋਂ

## ਪੰਜੇਟਾ 'ਚ ਪਹਿਲਾ ਕੁਸ਼ਤੀ ਦੰਗਲ ਕਰਵਾਇਆ

**ਸਨੌਰ (ਰਜਿੰਦਰ ਸਿੰਘ ਥਿੰਦ)**- ਹਲਕਾ ਸਨੌਰ ਵਿਖੇ ਮੀਡੀਆ ਕਲੱਬ ਹਲਕਾ ਸਨੌਰ ਦੇ ਸੀਨੀਅਰ ਮੀਤ ਪ੍ਰਧਾਨ ਤੇ ਉੱਘੇ ਸਮਾਜ ਸੇਵੀ ਰਵਿੰਦਰ ਸਿੰਘ ਪੰਜੇਟਾ ਵੱਲੋਂ ਚਲਾਈ ਮੁਹਿੰਮ ਆਓ ਹਮਲਾ ਮਾਰੀਏ ਆਪਣੇ ਪਿੰਡ ਦੀ ਨੌਜਵਾਨੀ ਨੂੰ ਸੰਭਾਲੀਏ ਤਹਿਤ ਪਹਿਲਾ ਵਿਸ਼ਾਲ ਕੁਸ਼ਤੀ ਦੰਗਲ ਕਰਵਾਇਆ ਗਿਆ, ਜਿਸ ਵਿੱਚ ਦੂਰ-ਦੂਰ ਤੋਂ ਆਏ ਭਲਵਾਨਾਂ ਨੇ ਆਪਣੇ ਜੌਹਰ ਦਿਖਾਏ। ਇਸ ਵਿਸ਼ੇਸ਼ ਸਮਾਗਮ ਵਿੱਚ ਆਮ ਆਦਮੀ ਪਾਰਟੀ ਪਟਿਆਲਾ ਦੇ ਲੋਕ ਸਭਾ ਇੰਚਾਰਜ ਤੇ ਪੰਜਾਬ ਐਗਰੋ ਫੂਡ ਕਾਰਪੋਰੇਸ਼ਨ ਲਿਮਟਿਡ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਦੇ ਨਾਲ ਵਾਈਸ ਚੇਅਰਮੈਨ ਪੰਜਾਬ ਇੰਦਰਜੀਤ ਸਿੰਘ ਸੰਧੂ, ਉੱਘੇ ਸਮਾਜ ਸੇਵੀ ਰਾਕੇਸ਼ ਬੱਗਾ, ਰਾਜ ਕੁਮਾਰ ਰਾਣਾ, ਰਜਿੰਦਰ ਸਿੰਘ ਵਿਰਕ, ਹਰਸਿਮਰਤ ਸਿੰਘ ਸ਼ੈਰੀ ਰਿਆੜ, ਮਨਿੰਦਰ ਸਿੰਘ ਚੀਮਾ ਭਲਵਾਨ ਅਤੇ ਯਾਦਵਿੰਦਰ ਸਿੰਘ ਚੀਮਾ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਕੁਸ਼ਤੀ ਦੰਗਲ ਦੀ ਸ਼ੁਰੂਆਤ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਤੇ ਇੰਦਰਜੀਤ



ਸਿੰਘ ਸੰਧੂ ਵੱਲੋਂ ਕੀਤੀ ਗਈ।ਇਸ ਮੌਕੇ ਚੇਅਰਮੈਨ ਢਿੱਲੋਂ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਖੇਡਾਂ ਸਭ ਤੋਂ ਵੱਡਾ ਹਥਿਆਰ ਹਨ।ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਖੇਡ ਮੇਲੇ ਅਤੇ ਪੁਰਾਤਨ ਖੇਡਾਂ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ।ਇੰਦਰਜੀਤ ਸੰਧੂ ਨੇ ਕਿਹਾ ਕਿ ਪੰਜਾਬ ਦੀਆਂ ਪੁਰਾਤਨ ਖੇਡਾਂ ਜਿਵੇਂ ਕਬੱਡੀ, ਕੁਸ਼ਤੀਆਂ, ਰੱਸਾਕੱਸੀ ਆਦਿ ਅੱਜ ਅਲੋਪ ਹੋ ਰਹੀਆਂ ਹਨ, ਜਿਸ ਕਾਰਨ ਨੌਜਵਾਨ ਖੇਡਾਂ ਤੋਂ ਦੂਰ ਹੋ ਕੇ ਨਸ਼ਿਆਂ ਵੱਲ ਵੱਧ ਰਹੇ ਹਨ।ਉਨ੍ਹਾਂ ਮੰਗ ਕੀਤੀ ਕਿ ਸਰਕਾਰ ਹਰ ਪਿੰਡ ਦੇ ਖੇਡ ਕਲੱਬਾਂ ਨੂੰ ਗ੍ਰਾਂਟ ਜਾਰੀ ਕਰੇ ਤਾਂ ਜੋ ਪਿੰਡ ਪੱਧਰ 'ਤੇ ਖੇਡ ਮੁਕਾਬਲੇ ਕਰਵਾਏ ਜਾ ਸਕਣ। ਇਸ ਦੌਰਾਨ ਪਹੁੰਚੇ ਮਹਿਮਾਨਾਂ ਦਾ ਸਨਮਾਨ ਸਾਬਕਾ ਸਰਪੰਚ ਦਵਿੰਦਰ ਸਿੰਘ, ਗਗਨਦੀਪ ਸਿੰਘ, ਮਨਜੋਤ ਖਟਕੜ, ਰਾਮ ਸਿੰਘ, ਬਲਜੀਤ ਸਿੰਘ, ਜਗਤਾਰ ਸਿੰਘ ਤਾਰਾ, ਅਮਰਿਕ ਸਿੰਘ, ਬਚਿੱਤਰ ਸਿੰਘ, ਲਖਵੀਰ ਸਿੰਘ ਤੇ ਪਰਮਜੀਤ ਸਿੰਘ ਵੱਲੋਂ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਖੇਡ ਪ੍ਰੇਮੀ ਹਾਜ਼ਰ ਸਨ।

# ਪੰਜਾਬ ਸਰਕਾਰ ਮਿੱਲ ਮਾਲਕੀ ਬਦਲਣ ਦਾ ਨੋਟੀਫਿਕੇਸ਼ਨ ਵਾਪਸ ਲਵੇ: ਕਿਸਾਨ ਆਗੂ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਸੰਯੁਕਤ ਕਿਸਾਨ ਮੋਰਚਾ ਜ਼ਿਲਾ ਤਰਨ ਤਾਰਨ ਵਿੱਚ ਕੰਮ ਕਰਦੀਆਂ ਵੱਖ ਵੱਖ ਕਿਸਾਨ ਜਥੇਬੰਦੀਆਂ ਅਤੇ ਖੰਡ ਮਿੱਲ ਬਚਾਓ ਮੋਰਚਾ ਸ਼ੇਰੋ ਵੱਲੋਂ ਦਿਨ-ਰਾਤ ਦਾ ਪੱਕਾ ਮੋਰਚਾ ਪੰਜਵੇਂ ਦਿਨ ਵੀ ਜਾਰੀ ਰਿਹਾ।

ਮੋਰਚੇ ਨੂੰ ਸੰਬੋਧਨ ਕਰਦਿਆਂ ਹੋਇਆਂ ਸੰਯੁਕਤ ਕਿਸਾਨ ਮੋਰਚਾ ਸੂਬਾਈ ਆਗੂ ਹਰਜਿੰਦਰ ਸਿੰਘ ਟਾਂਡਾ, ਮਹਾਂਬੀਰ ਸਿੰਘ ਗਿੱਲ, ਕੁਲਦੀਪ ਸਿੰਘ ਮਾਣੋਚਾਹਲ, ਨਛੱਤਰ ਸਿੰਘ ਪੰਨੂੰ, ਤਰਸੇਮ ਸਿੰਘ ਲੁਹਾਰ, ਜੱਸਾ ਸਿੰਘ ਕੱਦਗਿਲ ਆਦਿ ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਬੇਹੱਦ ਧੱਕੇਸ਼ਾਹੀ ਨਾਲ ਕਿਸਾਨਾਂ ਦੇ ਸ਼ੇਅਰਾਂ ਨਾਲ ਬਣੀ ਸੰਪਤੀ ਦੀ ਮਾਲਕੀ ਬਦਲਣ ਦੀ ਕੋਸ਼ਿਸ਼ ਕਰ ਰਹੀ ਹੈ ਜਿਸ ਦਾ ਕਿਸਾਨ ਵੱਡੀ ਪੱਧਰ 'ਤੇ ਵਿਰੋਧ ਕਰਦੇ ਹਨ ਅਤੇ ਕਿਸੇ ਕੀਮਤ 'ਤੇ ਵੀ ਮਿਲਦੀ ਮਾਲਕੀ ਨੂੰ ਬਦਲਣ ਨਹੀਂ ਦਿੱਤਾ ਜਾਏਗਾ।

ਇਸ ਮੌਕੇ ਬੋਲਦਿਆਂ ਵੱਖ-ਵੱਖ ਕਿਸਾਨ ਆਗੂਆਂ ਅਤੇ ਸਹਿਕਾਰੀ ਖੰਡ ਮਿੱਲ ਸ਼ੇਰੋ ਬਚਾਓ ਮੋਰਚਾ ਦੇ ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਧੱਕੇਸ਼ਾਹੀ ਨਾਲ ਸਾਡੀ ਸੰਪਤੀ ਪੁੱਡਾ ਦੀ ਕਾਲੋਨੀ ਇਸ ਤਰ੍ਹਾਂ ਧੱਕੇ ਨਾਲ ਤਬਦੀਲ ਨਹੀਂ ਕਰ ਸਕਦੀ।ਅਸੀਂ ਇਸਦਾ ਹਰ ਹਾਲਤ ਵਿੱਚ ਵਿਰੋਧ ਕਰਦੇ ਰਹਾਂਗੇ।

ਅੱਜ ਦੇ ਧਰਨੇ ਵਿੱਚ ਹੋਰਨਾਂ ਤੋ ਇਲਾਵਾ ਬਲਕਾਰ ਸਿੰਘ ਵਡੋਹਾ, ਦਵਿੰਦਰ ਸੋਹਲ, ਜੱਸਾ ਸਿੰਘ ਕੱਦਗਿਲ, ਰਤਨ ਸਿੰਘ ਸਿੰਘ ਢੰਡ, ਪਰਮਜੀਤ ਸਿੰਘ, ਸੁਖਦੇਵ ਸਿੰਘ ਤੁੜ, ਜਗੀਰ ਸਿੰਘ, ਐੱਮਪੀ ਸਿੰਘ, ਦਿਲਬਾਗ ਸਿੰਘ, ਸਤਨਾਮ ਸਿੰਘ, ਸਕੱਤਰ ਸਿੰਘ ਖੇਲਾ, ਜਥੇਦਾਰ ਸੰਤੋਖ ਸਿੰਘ ਘੜਕਾ, ਸੁਖਬਾਜ ਸਿੰਘ ਸਿੱਧੂ, ਮਿਹਰ ਸਿੰਘ ਸਖੀਰਾ ਬੀਕੇਯੂ ਉਗਰਾਹਾਂ, ਸੁਖਚੈਨ ਸਿੰਘ ਸਰਹਾਲੀ ਖੁਰਦ, ਬਲਕਾਰ ਸਿੰਘ ਜੰਡੋਕੇ, ਖਜਾਨ ਸਿੰਘ ਸਰਪੰਚ, ਜਗਜੀਤ ਸਿੰਘ ਕਾਦੀਆਂ, ਰਣਜੀਤ ਸਿੰਘ ਕਾਦੀਆਂ, ਕੁਲਦੀਪ ਸਿੰਘ ਮਾਣੋਚਾਹਲ, ਸਕੱਤਰ ਮਾਣੋਚਾਹਲ, ਅਨੋਖ ਸਿੰਘ ਕਾਹਲਵਾਂ, ਮਹੀ ਪਾਲ ਸਿੰਘ ਠੱਠੀਆਂ ਮਹੰਤਾ, ਸੁਖਵਿੰਦਰ ਸਿੰਘ ਪ੍ਰਧਾਨ ਸ਼ੇਰੋਂ, ਕਾਰਜ ਸਿੰਘ ਕੈਰੋਂ, ਗੁਰਦਿਆਲ ਸਿੰਘ ਵਰਨਾਲਾ, ਗੁਰਨਾਮ ਸਿੰਘ ਤੂਤ ਅਤੇ ਪਿੰਡ ਵਾਸੀਆਂ ਵੱਲੋਂ ਅਮਰੀਕ ਸਿੰਘ ਫੌਜੀ, ਬਲਦੇਵ ਸਿੰਘ, ਗੁਰਪ੍ਰੀਤ ਸਿੰਘ, ਕਸ਼ਮੀਰ ਸਿੰਘ ਅਤੇ ਸਤਨਾਮ ਸਿੰਘ ਆਦਿ ਕਿਸਾਨਾਂ ਨੇ ਸੰਬੋਧਨ ਕੀਤਾ।

## ਹੀਟ ਵੇਵ ਦੌਰਾਨ ਅੱਖਾਂ ਦੇ ਮਰੀਜ਼ਾਂ ਦੀ ਗਿਣਤੀ ਵਧੀ : ਡਾ. ਬਿਕਰਮਜੀਤ ਸਿੰਘ



ਬਿਆਸ (ਰੱਖੜਾ) ਗਰਮੀਆਂ ਦੇ ਦਿਨਾਂ 'ਚ ਹੀਟ ਵੇਵ ਨਾਲ ਅੱਖਾਂ ਦੇ ਮਰੀਜ਼ਾਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ। ਅੱਖਾਂ ਦੇ ਮਾਹਰ ਡਾਕਟਰ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਹੀਟ ਵੇਵ ਦੇ ਨਾਲ ਅੱਖਾਂ ਦੀਆਂ ਕਈ ਤਰ੍ਹਾਂ ਦੀਆਂ ਬਿਮਾਰੀਆਂ ਦੇਖਣ ਨੂੰ ਮਿਲ ਰਹੀਆਂ ਹਨ।ਲਾਲਗੀ, ਖਾਰਸ਼ ਅਤੇ ਅੱਖਾਂ 'ਚ ਹਲਕਾ ਦਰਦ ਆਮ ਹੀ ਗਰਮੀਆਂ 'ਚ ਦੇਖਿਆ ਜਾਂਦਾ ਹੈ, ਇਸ ਦਾ ਤੁਰੰਤ ਡਾਕਟਰੀ ਇਲਾਜ ਹੋਣਾ ਜ਼ਰੂਰੀ ਹੈ। ਕਿਸੇ ਵੀ ਲੋਕਲ ਜਾਂ ਨੀਮ-ਹਕੀਮ ਕੋਲੋਂ ਦਵਾਈਆਂ ਨਹੀਂ ਲੈਣੀਆਂ ਚਾਹੀਦੀਆਂ।

ਅੱਖਾਂ 'ਤੇ ਪਾਣੀ ਦੇ ਛਿੱਟੇ ਨਹੀਂ ਮਾਰਨੇ ਚਾਹੀਦੇ, ਕਿਉਂਕਿ ਪਾਣੀ ਵਿੱਚ ਕਈ ਤਰ੍ਹਾਂ ਦੇ ਬੈਕਟੀਰੀਆ ਪਾਏ ਜਾਂਦੇ ਹਨ, ਇਸ ਦੀ ਜਗ੍ਹਾ ਬਰਫ ਦੇ ਟੁਕੜੇ ਨੂੰ ਕਿਸੇ ਸਾਫ ਕੱਪੜੇ 'ਚ ਲੈ ਕੇ ਅੱਖਾਂ ਨੂੰ ਹਲਕੀ ਟਕੋਰ ਕੀਤੀ ਜਾ ਸਕਦੀ ਹੈ। ਦੁਪਹਿਰ 12 ਤੋਂ 4 ਵਜੇ ਤੱਕ ਬਾਹਰ ਨਾ ਨਿਕਲਿਆ ਜਾਵੇ, ਅਤਿ ਜ਼ਰੂਰੀ ਹੋਵੇ ਤਾਂ ਐਨਕਾਂ ਦੀ ਵਰਤੋਂ ਕੀਤੀ ਜਾਵੇ।

# ਕੰਡਿਆਲੀ ਤਾਰ ਤੋਂ ਪਾਰ ਜ਼ਮੀਨਾਂ ਦੇ ਮੁਆਵਜ਼ੇ 'ਚ ਦੇਰੀ ਕਾਰਨ ਕਿਸਾਨਾਂ 'ਚ ਭਾਰੀ ਰੋਸ

## * 28 ਮਈ ਤੱਕ ਭੁਗਤਾਨ ਨਾ ਹੋਣ 'ਤੇ 29 ਮਈ ਨੂੰ ਵੱਡੇ ਧਰਨੇ ਦੀ ਚੇਤਾਵਨੀ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਕੰਡਿਆਲੀ ਤਾਰ ਤੋਂ ਪਾਰ ਸਥਿਤ ਜ਼ਮੀਨਾਂ ਦੇ ਮੁਆਵਜ਼ੇ ਦੀ ਰਕਮ ਖਾਤਿਆਂ ਵਿੱਚ ਨਾ ਪੈਣ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਸ ਮਾਮਲੇ ਨੂੰ ਲੈ ਕੇ ਪੰਜਾਬ ਬਾਰਡਰ ਏਰੀਆ ਕਿਸਾਨ ਯੂਨੀਅਨ ਵੱਲੋਂ ਸਮੂਹ ਕਿਸਾਨਾਂ ਨੂੰ ਨਾਲ ਲੈ ਕੇ ਤਹਿਸੀਲ ਕੰਪਲੈਕਸ ਭਿੱਖੀਵਿੰਡ ਵਿਖੇ ਇਕੱਤਰਤਾ ਕੀਤੀ ਗਈ।ਇਸ ਦੌਰਾਨ ਕਿਸਾਨਾਂ ਨੇ ਨਾਇਬ ਤਹਿਸੀਲਦਾਰ ਭਿੱਖੀਵਿੰਡ 'ਤੇ ਸੁਣਵਾਈ ਨਾ ਕਰਨ ਦੇ ਦੋਸ਼ ਲਗਾਉਂਦਿਆਂ ਐੱਸਡੀਐੱਮ ਭਿੱਖੀਵਿੰਡ ਅਤੇ ਨਾਇਬ ਤਹਿਸੀਲਦਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਕਿਸਾਨਾਂ ਦਾ ਕਹਿਣਾ ਸੀ ਕਿ ਉਨ੍ਹਾਂ ਨੂੰ ਮੁਆਵਜ਼ਾ ਦੇਣ ਦੇ ਲਗਾਤਾਰ ਝੂਠੇ ਦਿਲਾਸੇ ਦਿੱਤੇ ਜਾ ਰਹੇ ਹਨ, ਜਦਕਿ ਮੁਆਵਜ਼ੇ ਦੀ ਰਕਮ ਜਾਰੀ ਕਰਨ ਲਈ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਜਾ ਰਹੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਬਾਰਡਰ ਏਰੀਆ ਕਿਸਾਨ ਯੂਨੀਅਨ ਦੇ ਸੂਬਾ ਵਾਈਸ ਪ੍ਰਧਾਨ ਸੁਰਜੀਤ ਸਿੰਘ ਭੂਰਾ ਅਤੇ ਵਾਈਸ ਪ੍ਰਧਾਨ ਅੰਗਰੇਜ਼ ਸਿੰਘ ਡੱਲ ਨੇ ਦੱਸਿਆ ਕਿ ਪਹਿਲਾਂ ਪੰਜਾਬ ਸਰਕਾਰ ਵੱਲੋਂ ਕੰਡਿਆਲੀ ਤਾਰ ਤੋਂ ਪਾਰਲੀਆਂ ਜ਼ਮੀਨਾਂ ਦਾ ਮੁਆਵਜ਼ਾ ਜਾਰੀ ਨਹੀਂ ਕੀਤਾ ਜਾ ਰਿਹਾ ਸੀ,ਜਿਸ ਕਾਰਨ ਕਿਸਾਨਾਂ ਨੂੰ ਮਾਣਯੋਗ ਅਦਾਲਤ ਦਾ ਦਰਵਾਜ਼ਾ ਖੜਕਾਉਣਾ ਪਿਆ।ਉਨ੍ਹਾਂ ਕਿਹਾ ਕਿ ਅਦਾਲਤੀ ਹਦਾਇਤਾਂ ਤੋਂ ਬਾਅਦ ਸਰਕਾਰ ਵੱਲੋਂ ਮੁਆਵਜ਼ੇ ਦੀ ਰਕਮ ਜਾਰੀ ਕੀਤੀ ਗਈ ਹੈ ਅਤੇ ਬਲਾਕ ਭਿੱਖੀਵਿੰਡ ਅਧੀਨ ਆਉਂਦੇ ਨੌਂ ਪਿੰਡ ਨਾਰਲੀ,ਖਾਲੜਾ, ਬੇਹਕੱਲਾ, ਗਿੱਲਪਨ, ਕਲਸੀਆਂ ਖੁਰਦ, ਡੱਲ, ਵਾਂ ਤਾਰਾ ਸਿੰਘ, ਰਾਜੋਕੇ ਵਨ, ਰਾਜੋਕੇ ਟੂ ਅਤੇ ਠੱਠੀ ਜੈਮਲ ਸਿੰਘ ਦੇ ਕਿਸਾਨਾਂ ਨਾਲ ਸੰਬੰਧਿਤ ਰਕਮ ਨਾਇਬ ਤਹਿਸੀਲਦਾਰ ਭਿੱਖੀਵਿੰਡ ਦੇ ਖਾਤੇ ਵਿੱਚ ਪਹੁੰਚ ਚੁੱਕੀ ਹੈ।ਆਗੂਆਂ ਨੇ ਦੋਸ਼ ਲਗਾਇਆ ਕਿ ਕਈ ਵਾਰ ਦਫ਼ਤਰਾਂ ਦੇ ਚੱਕਰ ਲਗਾਉਣ ਦੇ ਬਾਵਜੂਦ ਕਿਸਾਨਾਂ ਨੂੰ ਕੋਈ ਇਨਸਾਫ਼ ਨਹੀਂ ਮਿਲ ਰਿਹਾ। ਉਨ੍ਹਾਂ ਕਿਹਾ ਕਿ ਸਾਲ 2015 ਤੋਂ ਮੁਆਵਜ਼ੇ ਦੀ ਬਕਾਇਆ ਰਕਮ ਕਿਸਾਨਾਂ ਦੇ ਖਾਤਿਆਂ ਵਿੱਚ ਪੈ ਰਹੀ ਹੈ, ਪਰੰਤੂ ਪ੍ਰਸ਼ਾਸਨ ਜਾਣ-ਬੁੱਝ ਕੇ ਮਾਮਲੇ ਨੂੰ ਲਟਕਾ ਰਿਹਾ ਹੈ। ਕਿਸਾਨ ਆਗੂਆਂ ਨੇ ਇਹ ਵੀ ਦੋਸ਼ ਲਗਾਇਆ ਕਿ ਨਗਰ ਪੰਚਾਇਤ ਭਿੱਖੀਵਿੰਡ ਚੋਣਾਂ ਦਾ ਬਹਾਨਾ ਬਣਾ ਕੇ ਕਿਸਾਨਾਂ ਨੂੰ ਹੋਰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਕਿਸਾਨਾਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 28 ਮਈ ਤੱਕ ਸਮੂਹ ਕਿਸਾਨਾਂ ਦੇ ਮੁਆਵਜ਼ੇ ਦੀ ਰਕਮ ਉਨ੍ਹਾਂ ਦੇ ਖਾਤਿਆਂ ਵਿੱਚ ਨਾ ਪਾਈ ਗਈ ਤਾਂ 29 ਮਈ ਨੂੰ ਤਹਿਸੀਲ ਕੰਪਲੈਕਸ ਭਿੱਖੀਵਿੰਡ ਵਿੱਚ ਵੱਡੇ ਪੱਧਰ 'ਤੇ ਧਰਨਾ ਪ੍ਰਦਰਸ਼ਨ ਕਰਕੇ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਗਟਾਇਆ ਜਾਵੇਗਾ।

ਉਧਰ, ਜਦੋਂ ਇਸ ਸੰਬੰਧੀ ਤਹਿਸੀਲਦਾਰ ਭਿੱਖੀਵਿੰਡ ਸੁਰਿੰਦਰ ਕੁਮਾਰ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਕਿਸੇ ਵੀ ਤਰ੍ਹਾਂ ਦੀ ਟਿੱਪਣੀ ਕਰਨ ਤੋਂ ਇਨਕਾਰ ਕਰਦਿਆਂ ਕਿਹਾ ਕਿ ਉਹ ਇਸ ਵੇਲੇ ਚੋਣ ਡਿਊਟੀ ਵਿੱਚ ਵਿਅਸਥ ਹਨ।

# ਤਾਣਾ ਭਰਤੀ ਵਰਕਰਜ਼ ਯੂਨੀਅਨ ਵੱਲੋਂ ਮਹਿੰਗਾਈ ਖ਼ਿਲਾਫ਼ ਰੋਸ ਪ੍ਰਦਰਸ਼ਨ 19 ਤੇ 20 ਜੂਨ ਨੂੰ

## * 30 ਮਈ ਨੂੰ ਮਨਾਇਆ ਜਾਵੇਗਾ ਸੀਟੂ ਦਾ ਸਥਾਪਨਾ ਦਿਵਸ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਤਾਣਾ ਭਰਤੀ ਵਰਕਰਜ਼ ਯੂਨੀਅਨ (ਸੀਟੂ) ਅੰਮ੍ਰਿਤਸਰ ਦੀ ਅਹਿਮ ਮੀਟਿੰਗ ਇੱਥੋਂ ਦੇ 'ਸੀਟੂ' ਦਫ਼ਤਰ ਵਿਚ ਕਾਮਰੇਡ ਅਸ਼ੋਕ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਜਥੇਬੰਦੀ ਦੀ ਮਜ਼ਬੂਤੀ ਤੇ ਭਵਿੱਖੀ ਸੰਘਰਸ਼ ਦੀ ਰੂਪ-ਰੇਖਾ ਤਿਆਰ ਕਰਦਿਆਂ ਕਈ ਅਹਿਮ ਫੈਸਲੇ ਲਏ ਗਏ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਸੁੱਚਾ ਸਿੰਘ ਅਜਨਾਲਾ ਅਤੇ ਪ੍ਰਧਾਨ ਕਾਮਰੇਡ ਅਸ਼ੋਕ ਕੁਮਾਰ ਨੇ ਕਿਹਾ ਕਿ ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਜਲਦੀ ਹੀ ਇਲਾਕਾ ਵਾਰ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਜਾਵੇਗਾ।ਉਨ੍ਹਾਂ ਐਲਾਨ ਕੀਤਾ ਕਿ 30 ਮਈ ਨੂੰ ਸੀਟੂ ਦਾ ਸਥਾਪਨਾ ਦਿਵਸ ਮੁੱਖ ਦਫ਼ਤਰ ਵਿਚ ਬੜੇ ਉਤਸ਼ਾਹ ਨਾਲ ਮਨਾਇਆ ਜਾਵੇਗਾ, ਜਿਸ ਵਿਚ ਵੱਖ-ਵੱਖ ਇਲਾਕਿਆਂ ਤੋਂ ਵੱਡੀ ਗਿਣਤੀ ਵਿਚ ਵਰਕਰ ਸ਼ਮੂਲੀਅਤ ਕਰਨਗੇ। ਕਾਮਰੇਡ ਅਸ਼ੋਕ ਕੁਮਾਰ ਨੇ ਦੱਸਿਆ ਕਿ ਕੇਂਦਰ ਤੇ ਰਾਜ ਸਰਕਾਰ ਦੀਆਂ ਜਨ-ਵਿਰੋਧੀ ਨੀਤੀਆਂ, ਲਗਾਤਾਰ ਵਧ ਰਹੀ ਮਹਿੰਗਾਈ ਅਤੇ ਪੁਰਾਣੇ ਕਿਰਤ ਕਾਨੂੰਨਾਂ ਨੂੰ ਬਹਾਲ ਕਰਵਾਉਣ ਲਈ ਆਮ ਜਨਤਾ ਨੂੰ ਲਾਮਬੰਦ ਕੀਤਾ ਜਾਵੇਗਾ। ਇਸ ਸਬੰਧੀ 19 ਜੂਨ ਨੂੰ ਚਿੱਟੀ ਕੋਠੀ ਤੇ 20 ਜੂਨ ਨੂੰ ਢੱਪਈ ਰੋਡ ਨੇੜੇ ਰੇਲਵੇ ਫਾਟਕ ਵਿਖੇ ਰੋਸ ਪ੍ਰਦਰਸ਼ਨ ਕਰਕੇ ਸਰਕਾਰ ਵਿਰੁੱਧ ਮੋਰਚਾ ਖੋਲ੍ਹਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਰੈਲੀਆਂ ਦਾ ਮੁੱਖ ਮਕਸਦ ਆਮ ਲੋਕਾਂ ਵਿਚ ਜਾਗਰੂਕਤਾ ਪੈਦਾ ਕਰਕੇ ਤਿੱਖਾ ਤੇ ਨਿਰਣਾਇਕ ਸੰਘਰਸ਼ ਸ਼ੁਰੂ ਕਰਨਾ ਹੈ। ਇਸ ਮੌਕੇ ਭਰਾਤਰੀ ਜਥੇਬੰਦੀਆਂ ਵੱਲੋਂ ਪਹੁੰਚੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਜਸਬੀਰ ਸਿੰਘ ਝਬਾਲ ਨੇ ਵਰਕਰਾਂ ਦੇ ਇਸ ਸੰਘਰਸ਼ ਨੂੰ ਪੂਰਨ ਸਮਰਥਨ ਦੇਣ ਦਾ ਵਿਸ਼ਵਾਸ ਦਿਵਾਇਆ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਕਾਮਰੇਡ ਕਿਰਪਾ ਰਾਮ, ਸੂਰਜ, ਬਲਬੀਰ ਸਿੰਘ, ਜਸਵੰਤ ਸਿੰਘ, ਮੁਕੇਸ਼ ਕੁਮਾਰ ਤੇ ਕਰਨ ਸਮੇਤ ਕਈ ਪ੍ਰਮੁੱਖ ਆਗੂ ਤੇ ਵਰਕਰ ਹਾਜ਼ਰ ਸਨ।

## ਮੀਟਰ ਰੀਡਰ ਤੇ ਸੁਪਰਵਾਈਜ਼ਰ ਪੱਕੇ ਕੀਤੇ ਜਾਣ : ਯੂਨੀਅਨ ਆਗੂ



ਚੋਹਲਾ ਸਾਹਿਬ (ਰਮਨ ਚੱਢਾ)-ਪੀ ਐੱਸ ਪੀ ਸੀ ਐੱਲ ਦੀ ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਗਰੁੱਪ ਦੇ ਸੂਬਾ ਪ੍ਰਧਾਨ ਗੁਰਭੇਜ ਸਿੰਘ ਢਿੱਲੋਂ ਡਵੀਜ਼ਨ ਪ੍ਰਧਾਨ ਮੰਗਲ ਸਿੰਘ ਸਭਰਾ, ਸਬ ਡਵੀਜ਼ਨ ਪ੍ਰਧਾਨ ਨਿਰਮਲ ਸਿੰਘ ਮੁੰਡਾ ਪਿੰਡ, ਜਨਰਲ ਸਕੱਤਰ ਜਸਵਿੰਦਰ ਸਿੰਘ ਠੱਟਾ, ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਰਾ ਨੇ ਪੰਜਾਬ ਸਰਕਾਰ ਪਾਸੋਂ ਪਾਵਰਕਾਮ ਮਹਿਕਮੇਂ ਅੰਦਰ ਵੱਖ-ਵੱਖ ਕੰਪਨੀਆਂ ਰਾਹੀਂ ਆਊਟਸੋਰਸ 'ਤੇ ਕੰਮ ਕਰਦੇ ਮੀਟਰ ਰੀਡਰਾਂ ਅਤੇ ਸੁਪਰਵਾਈਜ਼ਰਾਂ ਨੂੰ ਪੱਕੇ ਕਰਨ ਦੀ ਮੰਗ ਕੀਤੀ ਹੈ। ਇਸ ਸਬੰਧੀ ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਗਰੁੱਪ ਅਤੇ ਸਾਂਝਾ ਧੜਾ ਦੇ ਆਗੂਆਂ ਨੇ ਕਿਹਾ ਕਿ ਪਾਵਰਕਾਮ ਇੱਕ ਮਹੱਤਵਪਰਨ ਅਦਾਰਾ ਹੈ, ਇੱਥੇ ਹਰ ਰੋਜ਼ ਬਿੱਲਾਂ ਦੇ ਰੂਪ ਵਿੱਚ ਕਰੋੜਾਂ ਰੁਪਏ ਦਾ ਰੈਵੀਨਿਊ ਮਾਲੀਆ ਇਕੱਠਾ ਹੁੰਦਾ ਹੈ ਜਿਸ ਵਿੱਚ ਮੀਟਰ ਰੀਡਰਾਂ ਦਾ ਅਹਿਮ ਯੋਗਦਾਨ ਹੈ।

ਗੱਲਬਾਤ ਕਰਦਿਆਂ ਜਸਵਿੰਦਰ ਸਿੰਘ ਠੱਟਾ ਨੇ ਦੱਸਿਆ ਕਿ ਆਊਟਸੋਰਸ ਕਾਮੇ ਕਈ ਦਹਾਕਿਆਂ ਤੋਂ ਨਿਗੂਣੀਆਂ ਤਨਖਾਹਾਂ ਤੇ ਕੰਮ ਕਰ ਰਹੇ ਹਨ ਜਿਨ੍ਹਾਂ ਨੂੰ ਘੱਟੋ-ਘੱਟ ਉਜਰਤ ਵੀ ਨਹੀਂ ਦਿੱਤੀ ਜਾ ਰਹੀ। ਇਨ੍ਹਾਂ ਆਗੂਆਂ ਨੇ ਪਾਵਰਕਾਮ ਦੇ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਠੇਕੇਦਾਰੀ ਸਿਸਟਮ ਨੂੰ ਖਤਮ ਕਰਕੇ ਮੀਟਰ ਰੀਡਰਾਂ ਅਤੇ ਸੁਪਰਵਾਈਜ਼ਰਾਂ ਨੂੰ ਮਹਿਕਮੇ ਵਿਚ ਸ਼ਾਮਿਲ ਕਰਕੇ ਮਹਿਕਮੇ ਅੰਦਰ ਪੱਕਾ ਕੀਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਉਜਰਤ ਦਾ ਕਾਨੂੰਨ ਲਾਗੂ ਕੀਤਾ ਜਾਵੇ ਅਤੇ ਪੱਕੇ ਕਰਮਚਾਰੀਆਂ ਵਾਲੀਆਂ ਸਾਰੀਆਂ ਸਹੂਲਤਾਂ ਦਿੱਤੀਆਂ ਜਾਣ।

# ਭੱਠਾ ਮਜ਼ਦੂਰ ਯੂਨੀਅਨ ਵੱਲੋਂ 29 ਨੂੰ ਮੁਕੰਮਲ ਹੜਤਾਲ ਦਾ ਐਲਾਨ



ਬਟਾਲਾ (ਤਰਲੋਕ ਬੱਗਾ)-ਆਲ ਇੰਡੀਆ ਸੈਂਟਰਲ ਕੌਂਸਲ ਆਫ ਟ੍ਰੇਡ ਯੂਨੀਅਨਜ਼ (ਏਕਟੂ) ਨਾਲ ਸਬੰਧਿਤ ਭੱਠਾ ਮਜ਼ਦੂਰ ਯੂਨੀਅਨ ਨੇ ਜ਼ਿਲੇ ਭਰ ਦੇ ਭੱਠਿਆਂ ਉਪਰ 29 ਮਈ ਨੂੰ ਮੁਕੰਮਲ ਹੜਤਾਲ ਕਰਨ ਦਾ ਫੈਸਲਾ ਲਿਆ ਹੈ ।ਇਹ ਫੈਸਲਾ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰੇਮ ਮਸੀਹ ਸੋਨਾ ਦੀ ਪ੍ਰਧਾਨਗੀ ਹੇਠ ਮੀਟਿੰਗ ਕਰਨ ਪਿੱਛੋਂ ਲਿਆ ਗਿਆ ਹੈ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆ ਜ਼ਿਲ੍ਹਾ ਸਕੱਤਰ ਫੂਲ ਚੰਦ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲੀ ਮਈ ਨੂੰ ਸੱਦੇ ਗਏ ਸਪੈਸ਼ਲ ਵਿਧਾਨ ਸਭਾ ਸੈਸ਼ਨ ਵਿੱਚ ਪੰਜਾਬ ਦੇ ਵਰਕਰਾਂ ਦੀ ਮਜ਼ਦੂਰੀ ਵਿੱਚ 15 ਫੀਸਦੀ ਵਾਧਾ ਕਰਨ ਦਾ ਐਲਾਨ ਕੀਤਾ ਸੀ,ਜਿਸ ਸਬੰਧੀ 26 ਦਿਨ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ ਅਤੇ ਨਾ ਹੀ ਪਹਿਲੀ ਮਾਰਚ 2026 ਨੂੰ ਮਹਿੰਗਾਈ ਭੱਤੇ ਵਿੱਚ ਹੋਣ ਵਾਲਾ ਵਾਧਾ ਸਰਕਾਰ ਵੱਲੋਂ ਭੇਜਿਆ ਗਿਆ ਹੈ, ਜਿਸ ਕਾਰਨ ਪੰਜਾਬ ਦੇ ਲੱਖਾਂ ਭੱਠਾ ਮਜ਼ਦੂਰ ਬੇਹਦ ਗੁੱਸੇ ਵਿੱਚ ਹਨ।ਆਗੂਆਂ ਨੇ ਕਿਹਾ ਕਿ ਇਸ ਸਬੰਧੀ ਸਹਾਇਕ ਕਿਰਤ ਕਮਿਸ਼ਨਰ ਬਟਾਲਾ ਤੇ ਭੱਠਾ ਮਾਲਕਾਂ ਦੀ ਐਸੋਸੀਏਸ਼ਨ ਨਾਲ ਯੂਨੀਅਨ ਦੀ ਮੀਟਿੰਗ ਵੀ ਕੀਤੀ ਗਈ ਸੀ ਜਿਸ ਵਿਚ ਯੂਨੀਅਨ ਵੱਲੋਂ ਮੰਗ ਕੀਤੀ ਗਈ ਸੀ ਕਿ ਸਰਕਾਰ ਦਾ ਘੱਟੋ-ਘੱਟ ਮਜ਼ਦੂਰੀ ਦੇ ਵਾਧੇ ਦਾ ਨੋਟੀਫਿਕੇਸ਼ਨ ਆਉਣ ਅਤੇ ਮਹਿੰਗਾਈ ਭਤੇ ਦਾ ਵਾਧਾ ਜਾਰੀ ਹੋਣ ਉਪਰੰਤ ਭੱਠਾ ਮਾਲਕ ਉਸ ਨੂੰ ਲਾਗੂ ਕਰਨ ਲਈ ਪਬੰਧ ਹੋਣਗੇ, ਇਸ ਦਾ ਲਿਖਤੀ ਸਮਝੌਤਾ ਕੀਤਾ ਜਾਵੇ, ਪਰ ਇਸ ਸਮਝੌਤੇ ਨੂੰ ਲਿਖਤ ਬੰਦ ਕਰਾਉਣ ਬਾਬਤ ਸਹਾਇਕ ਕਿਰਤ ਕਮਿਸ਼ਨ ਬਟਾਲਾ ਵੱਲੋਂ ਮਾਲਕਾਂ ਉਪਰ ਕੋਈ ਦਬਾਅ ਪਾਉਣ ਦੀ ਬਜਾਏ ਢਿੱਲ ਮੱਠ ਦਾ ਰਵਈਆ ਅਖਤਿਆਰ ਕੀਤਾ ਗਿਆ ਹੈ, ਜਿਸ ਕਾਰਨ ਕੋਈ ਸਮਝੌਤਾ ਨਹੀਂ ਹੋ ਸਕਿਆ।ਆਗੂਆਂ ਕਿਹਾ ਕਿ ਜ਼ਿਲ੍ਹੇ ਦੇ ਕਰੀਬ 5 ਦਰਜਨ ਭੱਠਿਆਂ ਉਪਰ 90 ਫੀਸਦੀ ਵਰਕਰ ਪ੍ਰਵਾਸੀ ਹਨ ਅਤੇ ਸਖਤ ਗਰਮੀ ਪੈਣ ਕਰਕੇ ਇਹ ਵਰਕਰ ਮਜ਼ਦੂਰੀ ਦਾ ਕੰਮ ਬੰਦ ਕਰਕੇ ਆਪਣੇ ਪ੍ਰਾਤਾਂ ਨੂੰ ਵਾਪਸ ਜਾਣ ਦੀ ਤਿਆਰੀ ਵਿਚ ਹਨ।ਜੇਕਰ ਕਿਰਤ ਵਿਭਾਗ ਵਲੋਂ ਭੱਠਾ ਮਾਲਕਾਂ ਦੀ ਐਸੋਸੀਏਸ਼ਨ ਨਾਲ ਲਿਖਤੀ ਸਮਝੌਤਾ ਕਰਵਾ ਦਿੱਤਾ ਜਾਂਦਾ ਤਾਂ ਨਵੇਂ ਸੀਜ਼ਨ ਵਿੱਚ ਇਸ ਸਮਝੌਤੇ ਤਹਿਤ ਵਰਕਰ ਆਪਣੇ ਬਕਾਏ ਹਾਸਲ ਕਰ ਸਕਦੇ ਹਨ।ਆਗੂਆਂ ਕਿਹਾ ਕਿ ਬੀਤੇ ਸਾਲਾਂ ਵਿਚ ਸਹਾਇਕ ਕਿਰਤ ਕਮਿਸ਼ਨ, ਮਾਲਕਾ ਅਤੇ ਮਜ਼ਦੂਰ ਯੂਨੀਅਨ ਦਰਮਿਆਨ ਇਸ ਰੂਪ ਵਿੱਚ ਹੀ ਸਮਝੌਤੇ ਕਰਵਾਉਂਦੇ ਰਹੇ ਹਨ।ਮੀਟਿੰਗ ਵਿੱਚ ਕਾਮਰੇਡ ਗੁਰਮੀਤ ਸਿੰਘ ਬਖਤਪੁਰ, ਬਚਨ ਸਿੰਘ ਬੋਪਾਰਾਏ, ਬਸ਼ੀਰ ਗਿੱਲ, ਰਾਜੂ ਬਟਾਲਾ, ਜੋਗਿੰਦਰ ਪਾਲ ਲੇਹਲ ਅਤੇ ਜੀਤ ਲਾਲ ਸ਼ਾਮਲ ਸਨ।

# ਨਗਰ ਨਿਗਮ ਤੇ ਨਗਰ ਕੌਂਸਲ ਦੀਆਂ ਚੋਣਾਂ ਅੱਜ; ਵੋਟ ਜ਼ਰੂਰ ਪਾਓ: ਡਿਪਟੀ ਕਮਿਸ਼ਨਰ



ਧਾਰੀਵਾਲ, (ਮਨਦੀਪ ਵਿੱਕੀ)-ਡਿਪਟੀ ਕਮਿਸ਼ਨਰ-ਕਮ-ਜ਼ਿਲਾ ਚੋਣ ਅਫਸਰ ਗੁਰਦਾਸਪੁਰ ਆਦਿਤਿਆ ਉਪਲ ਦੀ ਅਗਵਾਈ ਹੇਠ 26 ਮਈ ਨੂੰ ਨਗਰ ਨਿਗਮ ਬਟਾਲਾ, ਨਗਰ ਕੌਂਸਲ ਧਾਰੀਵਾਲ, ਫਤਿਹਗੜ੍ਹ ਚੂੜੀਆਂ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਪੈ ਰਹੀਆਂ ਵੋਟਾਂ ਦੀ ਤਿਆਰੀ ਮੁਕੰਮਲ ਕਰ ਲਈ ਗਈ ਹੈ।ਇਸ ਮੌਕੇ ਗੱਲ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫਸਰ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਆਦਿਤਿਆ ਉਪਲ ਦੀ ਅਗਵਾਈ ਹੇਠ ਨਗਰ ਨਿਗਮ ਬਟਾਲਾ ਤੇ ਨਗਰ ਕੌਂਸਲਾਂ ਦੀਆਂ ਚੋਣਾਂ ਨਿਰਪੱਖ ਅਤੇ ਸ਼ਾਂਤੀਪੂਰਵਕ ਢੰਗ ਨਾਲ ਮੁਕੰਮਲ ਕੀਤੀਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਕੱਲ ਵੋਟਾਂ ਸਬੰਧੀ ਵੱਖ-ਵੱਖ ਪੋਲਿੰਗ ਬੂਥਾਂ ਲਈ ਪੋਲਿੰਗ ਪਾਰਟੀਆਂ ਰਵਾਨਾ ਹੋ ਗਈਆਂ ਹਨ।ਉਨ੍ਹਾਂ ਨੇ ਅੱਗੇ ਦੱਸਿਆ ਕਿ ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਚੋਣਾਂ ਪੂਰੀ ਤਰਾਂ ਨਿਰਪੱਖ ਅਤੇ ਆਜ਼ਾਦ ਮਾਹੌਲ ਵਿੱਚ ਕਰਵਾਈਆਂ ਜਾਣਗੀਆਂ।ਸਾਰੇ ਪੋਲਿੰਗ ਬੂਥਾਂ ਉਪਰ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਅਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਅਮਨ ਸ਼ਾਂਤੀ ਦਾ ਮਾਹੌਲ ਖਰਾਬ ਕਰਨ ਦੀ ਇਜ਼ਾਜਤ ਨਹੀਂ ਦਿੱਤੀ ਜਾਵੇਗੀ।ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਲਾਲਚ ਜਾਂ ਡਰ-ਭੈਅ ਦੇ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਜ਼ਰੂਰ ਕਰਨ।ਵੋਟਾਂ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ।ਉਨ੍ਹਾਂ ਕਿਹਾ ਕਿ ਵੋਟਰਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਸਾਡੇ ਲੋਕਤੰਤਰ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਲੋਕ ਆਪਣੀ ਇੱਛਾ ਅਨੁਸਾਰ ਆਪਣੀ ਸਰਕਾਰ ਚੁਣਨਗੇ।

ਜ਼ਿਕਰਯੋਗ ਹੈ ਕਿ ਬਟਾਲਾ ਨਗਰ ਨਿਗਮ ਦੇ 50 ਵਾਰਡ, 122 ਪੋਲਿੰਗ ਬੂਥ ਅਤੇ 1 ਲੱਖ 18 ਹਜ਼ਾਰ 422 ਵੋਟਰ ਹਨ।ਧਾਰੀਵਾਲ ਨਗਰ ਕੌਂਸਲ ਦੇ 13 ਵਾਰਡ, 14 ਬੂਥ ਅਤੇ 12473 ਵੋਟਰ ਹਨ। ਸ੍ਰੀ ਹਰਗੋਬਿੰਦਪੁਰ ਸਾਹਿਬ ਨਗਰ ਕੌਂਸਲ ਦੇ 11 ਵਾਰਡ, 11 ਪੋਲਿੰਗ ਬੂਥ ਅਤੇ 7041 ਵੋਟਰ ਹਨ ਅਤੇ ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਦੇ 13 ਵਾਰਡ, 17 ਪੋਲਿੰਗ ਬੂਥ ਅਤੇ 14821 ਵੋਟਰ ਹਨ।

## ਮਜੀਠਾ ਦੀਆਂ 13 ਹੀ ਵਾਰਡਾਂ 'ਚ ਆਪ ਦੀ ਜਿੱਤ ਪੱਕੀ: ਜਗਦੀਸ਼ ਸਹਿਜ਼ਾਦਾ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਮਜੀਠਾ ਦੀਆਂ ਨਗਰ ਨਿਗਮ ਦੀਆਂ ਚੋਣਾਂ ਦੌਰਾਨ ਵਾਰਡ ਨੰਬਰ ਤਿੰਨ ਦੇ ਇੰਚਾਰਜ ਅਤੇ ਹਲਕਾ ਮਜੀਠਾ ਦੇ ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੂੰ ਅਤੇ ਵਰਕਰਾਂ ਨੂੰ ਪਾਰਟੀ ਦੇ ਕੀਤੇ ਕਾਰਜਾਂ ਦੌਰਾਨ ਮਜੀਠੇ ਦੇ ਵੋਟਰਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਜਿਸ ਸਦਕਾ ਨਗਰ ਨਿਗਮ ਦੀਆਂ ਚੋਣਾਂ 'ਚ 13 ਦੀਆਂ 13 ਵਾਰਡਾਂ ਵਿੱਚ ਆਮ ਆਦਮੀ ਪਾਰਟੀ ਦੀ ਹਲਕਾ ਮਜੀਠਾ ਵਿੱਚ ਜਿੱਤ ਪੱਕੀ ਹੈ।

ਇਸ ਮੌਕੇ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ, ਜੋਗਾ ਸਿੰਘ, ਸਰਪੰਚ ਫੱਤੂਭੀਲਾ, ਬਲਾਕ ਪ੍ਰਧਾਨ ਗੁਰਜੰਟ ਸਿੰਘ ਅਤੇ ਨਵਜੋਤ ਸਿੰਘ ਜੋਤਾ ਹਾਜ਼ਰ ਸਨ।

## ਮੋਦੀ ਸਰਕਾਰ ਦੀਆਂ ਨੀਤੀਆਂ ਕਿਸਾਨਾਂ, ਪੰਜਾਬ ਤੇ ਆਮ ਜਨਤਾ ਦੇ ਖ਼ਿਲਾਫ਼: ਧਾਲੀਵਾਲ



ਅੰਮ੍ਰਿਤਸਰ/ਚੰਡੀਗੜ੍ਹ (ਜਸਬੀਰ ਸਿੰਘ ਪੱਟੀ)-ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਪੈਟਰੋਲ-ਡੀਜ਼ਲ ਦੀਆਂ ਲਗਾਤਾਰ ਵਧ ਰਹੀਆਂ ਕੀਮਤਾਂ ਨੂੰ ਲੈ ਕੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ।ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਸਰਕਾਰ ਦੀਆਂ ਨੀਤੀਆਂ ਕਿਸਾਨਾਂ, ਪੰਜਾਬ ਅਤੇ ਆਮ ਜਨਤਾ ਦੇ ਖ਼ਿਲਾਫ਼ ਹਨ, ਜਿਸ ਕਾਰਨ ਬਾਲਣ ਦੀਆਂ ਵਧਦੀਆਂ ਕੀਮਤਾਂ ਨੇ ਆਮ ਆਦਮੀ ਦਾ ਲੱਕ ਤੋੜ ਦਿੱਤਾ ਹੈ।ਸੋਮਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਧਾਲੀਵਾਲ ਨੇ ਕਿਹਾ ਕਿ ਉਨ੍ਹਾਂ ਨੇ ਪਹਿਲਾਂ ਹੀ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਧਣ ਦੀ ਚੇਤਾਵਨੀ ਦਿੱਤੀ ਸੀ, ਜੋ ਹੁਣ ਸੱਚ ਸਾਬਤ ਹੋ ਰਹੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਦੀਆਂ ਅੰਤਰਰਾਸ਼ਟਰੀ ਵਪਾਰ ਨੀਤੀਆਂ ਅਤੇ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਵਾਲੇ ਫੈਸਲੇ ਹੀ ਦੇਸ਼ ਦੀ ਜਨਤਾ ਲਈ ਮਹਿੰਗੇ ਬਾਲਣ ਦਾ ਕਾਰਨ ਬਣ ਰਹੇ ਹਨ।ਧਾਲੀਵਾਲ ਨੇ ਦੱਸਿਆ ਕਿ ਕਿਸਾਨਾਂ ਦੀਆਂ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) ਵਿੱਚ ਮਾਮੂਲੀ ਵਾਧਾ ਕੀਤਾ ਗਿਆ ਹੈ, ਜਦੋਂ ਕਿ ਡੀਜ਼ਲ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਕਰ ਦਿੱਤਾ ਗਿਆ ਹੈ। ਇਸ ਨਾਲ ਖੇਤੀ ਦੀ ਲਾਗਤ ਹੋਰ ਵਧ ਜਾਵੇਗੀ।ਉਨ੍ਹਾਂ ਖਦਸ਼ਾ ਪ੍ਰਗਟਾਇਆ ਕਿ ਮਹਿੰਗੇ ਬਾਲਣ ਦਾ ਸਿੱਧਾ ਅਸਰ ਸਬਜ਼ੀਆਂ, ਰੋਜ਼ਾਨਾ ਦੀਆਂ ਵਸਤੂਆਂ ਅਤੇ ਟ੍ਰਾਂਸਪੋਰਟ ਦੇ ਖਰਚਿਆਂ ਤੇ ਪਵੇਗਾ, ਜਿਸ ਨਾਲ ਆਮ ਅਤੇ ਮੱਧ ਵਰਗ ਦੇ ਪਰਿਵਾਰਾਂ ਦੀਆਂ ਮੁਸ਼ਕਲਾਂ ਵਧਣਗੀਆਂ।ਆਗਾਮੀ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਉਨ੍ਹਾਂ ਦਾਅਵਾ ਕੀਤਾ ਕਿ ਜਨਤਾ ਹੁਣ ਭਾਜਪਾ ਦੀਆਂ ਨੀਤੀਆਂ ਨੂੰ ਸਮਝ ਚੁੱਕੀ ਹੈ ਅਤੇ ਚੋਣਾਂ ਵਿੱਚ ਇਸ ਦਾ ਯੋਗ ਜਵਾਬ ਦੇਵੇਗੀ।ਉਨ੍ਹਾਂ ਭਾਜਪਾ ਆਗੂਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਭਾਜਪਾ ਆਗੂ ਵੈਟ ਘੱਟ ਕਰਨ ਦੀ ਗੱਲ ਤਾਂ ਕਰਦੇ ਹਨ, ਪਰ ਇਹ ਨਹੀਂ ਦੱਸਦੇ ਕਿ ਕੇਂਦਰ ਸਰਕਾਰ ਨੇ ਬਾਲਣ 'ਤੇ ਕਿੰਨਾ ਭਾਰੀ ਟੈਕਸ ਲਗਾਇਆ ਹੋਇਆ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਤੇਲ ਕੰਪਨੀਆਂ ਅਤੇ ਕੇਂਦਰ ਸਰਕਾਰ ਦੀਆਂ ਨੀਤੀਆਂ ਕਾਰਨ ਹੀ ਜਨਤਾ 'ਤੇ ਵਾਧੂ ਆਰਥਿਕ ਬੋਝ ਪੈ ਰਿਹਾ ਹੈ।

## 12 ਨਵੇਂ ਵਿਆਹੇ ਜੋੜਿਆਂ ਨੂੰ ਡਾ. ਵੇਰਕਾ ਸਮੇਤ ਸੰਤਾਂ-ਮਹਾਪੁਰਸ਼ਾਂ ਨੇ ਦਿੱਤਾ ਅਸ਼ੀਰਵਾਦ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਗੁਰਦੁਆਰਾ ਅਗੰਮਗੜ੍ਹ ਸਾਹਿਬ ਤਰਸਿੱਕਾ ਵਿਖੇ ਬਾਬਾ ਆਲਾ ਸਿੰਘ ਦੀ ਯਾਦ 'ਚ ਹਰ ਸਾਲ ਦੀ ਤਰ੍ਹਾਂ ਸਾਲਾਨਾ ਮੇਲਾ ਕਰਵਾਇਆ ਗਿਆ ਅਤੇ 12 ਜੋੜਿਆਂ ਦੇ ਸਮੂਹਿਕ ਵਿਆਹ ਕੀਤੇ ਗਏ, ਜਿਸ ਵਿਚ ਸੰਤਾਂ-ਮਹਾਪੁਰਸ਼ਾਂ ਤੋਂ ਇਲਾਵਾ ਹਲਕਾ ਜੰਡਿਆਲਾ ਗੁਰੂ ਦੇ ਸਾਬਕਾ ਵਿਧਾਇਕ ਡਾ. ਦਲਬੀਰ ਸਿੰਘ ਵੇਰਕਾ, ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਤੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ, ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੇਵ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅਤੇ ਬਿਕਰਮਜੀਤ ਸਿੰਘ ਕੋਟਲਾ ਵੀ ਜੋੜਿਆਂ ਨੂੰ ਆਸ਼ੀਰਵਾਦ ਦੇਣ ਪਹੁੰਚੇ ।ਸਮਾਗਮ ਦੇ ਪ੍ਰਬੰਧਕ ਬਾਬਾ ਬਾਬਾ ਅਜੈਬ ਸਿੰਘ, ਬਾਬਾ ਬਲਵੰਤ ਸਿੰਘ ਵੱਲੋਂ ਆਏ ਹੋਏ ਆਗੂਆਂ ਤੇ ਮਹਾਪੁਰਸ਼ਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾਕਟਰ ਵੇਰਕਾ ਅਤੇ ਸੰਤ ਬਾਬਾ ਸੱਜਣ ਸਿੰਘ ਨੇ ਕਿਹਾ ਕਿ ਸੰਤਾਂ ਮਹਾਂਪੁਰਸ਼ਾਂ ਦੇ ਦਿਨ ਦਿਹਾੜੇ ਮਨਾਏ ਜਾਣੇ ਸਾਡੀ ਸਭਿਅਤ ਦਾ ਹਿੱਸਾ ਹੈ। ਸੰਤਾਂ ਮਹਾਂਪੁਰਸ਼ਾਂ ਵੱਲੋਂ ਸਮਾਜ ਦੀ ਭਲਾਈ ਲਈ ਕੀਤੇ ਹੋਏ ਕੰਮ ਹਮੇਸ਼ਾ ਯਾਦ ਰੱਖੇ ਜਾਂਦੇ ਹਨ ਜਿਸ ਤਰ੍ਹਾਂ ਸੰਤ ਬਾਬਾ ਆਲਾ ਸਿੰਘ ਜੀ ਸਮਾਜ ਦੀ ਭਲਾਈ ਲਈ ਕੰਮ ਕਰਦੇ ਰਹੇ ਹਨ, ਉਸੇ ਹੀ ਤਰ੍ਹਾਂ ਸੰਤ ਬਾਬਾ ਅਜੈਬ ਸਿੰਘ ਤੇ ਇਨ੍ਹਾਂ ਦੀ ਟੀਮ ਕਰ ਰਹੀ ਹੈ ਜੋ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਹੋਰਨਾ ਤੋਂ ਇਲਾਵਾ ਰਣਜੀਤ ਸਿੰਘ ਦੁਧਾਲਾ ਕਾਨੂੰਗੋ, ਹਰਜੀਤ ਸਿੰਘ ਗੋਲੂ, ਸਰਪੰਚ ਜਗਦੀਪ ਸਿੰਘ ਤਰਸਿੱਕਾ, ਇੰਜੀਨੀਅਰ ਬਲਰਾਜ ਸਿੰਘ ਤਰਸਿਕਾ, ਸੰਦੀਪ ਸਿੰਘ ਏਆਰ, ਸਮਾਜ ਸੇਵੀ ਆਗੂ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿਕਾ, ਸੁਰਜੀਤ ਸਿੰਘ ਸੇਠ, ਬਾਬਾ ਹਰਬੰਸ ਸਿੰਘ, ਭਾਈ ਲਛਮਣ ਸਿੰਘ, ਸਤਨਾਮ ਸਿੰਘ ਮੈਂਬਰ ਪੰਚਾਇਤ, ਸੁਖਵਿੰਦਰ ਸਿੰਘ ਭੀਲੋਵਾਲ ਆਦਿ ਨੇ ਵੀ ਸੰਗਤਾਂ 'ਚ ਹਾਜ਼ਰੀ ਲਵਾਈ ਤੇ ਨਵ-ਵਿਆਹੇ ਜੋੜਿਆਂ ਨੂੰ ਆਸ਼ੀਰਵਾਦ ਦਿੱਤਾ।

## ਪਠਾਨਕੋਟ ਤੇ ਸੁਜਾਨਪੁਰ 'ਚ 26 ਤੇ 29 ਨੂੰ ਡਰਾਈ ਡੇਅ

**ਪਠਾਨਕੋਟ (ਦਵਿੰਦਰ ਸਿੰਘ)**-ਰਾਜ ਚੋਣ ਕਮਿਸ਼ਨਰ ਪੰਜਾਬ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ ਪੰਜਾਬ ਵਿੱਚ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ 26 ਮਈ ਨੂੰ ਕਰਵਾਈਆਂ ਜਾ ਰਹੀਆਂ ਹਨ।ਚੋਣਾਂ ਨੂੰ ਅਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਸੰਪੰਨ ਕਰਵਾਉਣ ਲਈ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਹਿਮ ਫੈਸਲਾ ਲਿਆ ਗਿਆ ਹੈ।ਜ਼ਿਲ੍ਹਾ ਮੈਜਿਸਟਰੇਟ ਪਠਾਨਕੋਟ ਡਾ. ਪੱਲਵੀ ਨੇ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਤੇ ਰੂਲ 135-ਸੀ ਆਫ ਰੀਪ੍ਰਿਜ਼ੈਂਟੇਸ਼ਨ ਆਫ ਦੀ ਪੀਪਲਜ਼ ਐਕਟ 1951 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਨਗਰ ਨਿਗਮ ਪਠਾਨਕੋਟ ਅਤੇ ਨਗਰ ਕੌਂਸਲ ਸੁਜਾਨਪੁਰ ਦੀਆਂ ਚੋਣਾਂ ਦੇ ਮੱਦੇਨਜ਼ਰ 26 ਮਈ (ਵੋਟਿੰਗ ਦਿਵਸ) ਅਤੇ 29 ਮਈ (ਗਿਣਤੀ ਦਿਵਸ) ਨੂੰ ਡਰਾਈ ਡੇਅ ਐਲਾਨ ਕੀਤਾ ਹੈ।ਇਸ ਹੁਕਮ ਅਨੁਸਾਰ ਨਗਰ ਨਿਗਮ ਪਠਾਨਕੋਟ ਅਤੇ ਨਗਰ ਕੌਂਸਲ ਸੁਜਾਨਪੁਰ ਦੀ ਹਦੂਦ ਅੰਦਰ ਦੇਸ਼ੀ ਅਤੇ ਅੰਗਰੇਜ਼ੀ ਸ਼ਰਾਬ ਦੇ ਠੇਕੇ, ਹੋਟਲ, ਰੈਸਟੋਰੈਂਟ, ਕਲੱਬ, ਬੀਅਰ ਬਾਰ, ਅਹਾਤਿਆਂ ਅਤੇ ਹੋਰ ਉਹ ਸਥਾਨ ਜਿੱਥੇ ਸ਼ਰਾਬ ਵੇਚਣ ਜਾਂ ਪੀਣ ਦੀ ਕਾਨੂੰਨੀ ਇਜਾਜ਼ਤ ਹੈ, ਉਥੇ ਸ਼ਰਾਬ ਦੀ ਵਿਕਰੀ, ਪੀਣ-ਪਿਲਾਉਣ ਅਤੇ ਸਟੋਰ ਕਰਨ 'ਤੇ ਪੂਰੀ ਤਰ੍ਹਾਂ ਪਾਬੰਦੀ ਰਹੇਗੀ।ਜ਼ਿਲ੍ਹਾ ਪ੍ਰਸ਼ਾਸਨ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਚੋਣ ਪ੍ਰਕਿਰਿਆ ਨੂੰ ਸ਼ਾਂਤੀਪੂਰਨ ਅਤੇ ਸੁਚੱਜੇ ਢੰਗ ਨਾਲ ਮੁਕੰਮਲ ਕਰਵਾਉਣ ਲਈ ਪ੍ਰਸ਼ਾਸਨ ਦਾ ਸਹਿਯੋਗ ਕੀਤਾ ਜਾਵੇ।

## ਸਾਬਕਾ ਕੌਂਸਲਰ ਸੁਨੀਲ ਦੱਤ ਦੀ ਸਾਥੀਆਂ ਸਮੇਤ ਆਮ ਆਦਮੀ ਪਾਰਟੀ 'ਚ ਸ਼ਮੂਲੀਅਤ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੀਨਾਨਗਰ ਸ਼ਹਿਰ ਅੰਦਰ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਤਗੜਾ ਹੁੰਗਾਰਾ ਮਿਲਿਆ ਜਦੋਂ ਵਾਰਡ ਨੰਬਰ 4 ਦੇ ਸਾਬਕਾ ਕੌਂਸਲਰ ਸੁਨੀਲ ਦੱਤ ਨੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ 'ਤੇ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਪਾਰਟੀ ਅੰਦਰ ਉਨ੍ਹਾਂ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ।ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਦੀਨਾਨਗਰ ਸ਼ਹਿਰ ਅੰਦਰ ਆਮ ਆਦਮੀ ਪਾਰਟੀ ਦਾ ਕਾਫਲਾ ਲਗਾਤਾਰ ਲੰਮਾ ਹੁੰਦਾ ਜਾ ਰਿਹਾ ਹੈ ਅਤੇ ਇਹ ਮਜ਼ਬੂਤੀ ਨਗਰ ਕੌਂਸਲ ਚੋਣਾਂ ਵਿਚ ਆਮ ਆਦਮੀ ਪਾਰਟੀ ਲਈ ਵੱਡੀ ਜਿੱਤ ਦਾ ਰਾਹ ਪੱਧਰਾ ਕਰੇਗੀ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦਿਨੋਂ ਦਿਨ ਵਧਦੀ ਲੋਕਪ੍ਰਿਅਤਾ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਕਾਰਨ ਲੋਕ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਚ ਸ਼ਾਮਲ ਹੋ ਰਹੇ ਹਨ।ਇਸ ਮੌਕੇ ਬਲਾਕ ਪ੍ਰਧਾਨ ਕੈਪਟਨ ਰਾਮ ਸਰੂਪ, ਸਾਰਥਕ ਮਹਾਜਨ, ਮਨਿੰਦਰ ਅਤੇ ਪਵਨ ਕੁਮਾਰ ਵੀ ਮੌਜੂਦ ਸਨ।

## ਵੋਟਿੰਗ ਵਾਲੇ ਕਰਮਚਾਰੀਆਂ ਲਈ ਤਨਖਾਹ ਸਮੇਤ ਛੁੱਟੀ ਦਾ ਐਲਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਸਰਕਾਰ ਦੇ ਕਿਰਤ ਵਿਭਾਗ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਪੰਜਾਬ ਵਿੱਚ ਹੋਣ ਵਾਲੀਆਂ ਮਿਊਂਸੀਪਲ ਚੋਣਾਂ-2026 ਦੇ ਮੱਦੇਨਜ਼ਰ 26 ਮਈ (ਮੰਗਲਵਾਰ) ਨੂੰ ਰਜਿਸਟਰਡ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਵਿੱਚ ਕੰਮ ਕਰਦੇ ਉਨਾਂ ਕਰਮਚਾਰੀਆਂ ਨੂੰ ਤਨਖਾਹ ਸਮੇਤ ਛੁੱਟੀ ਦਿੱਤੀ ਜਾਵੇਗੀ, ਜੋ ਆਪਣੇ-ਆਪਣੇ ਮਿਊਂਸੀਪਲ ਕਾਰਪੋਰੇਸ਼ਨ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ ਹੱਦ ਅੰਦਰ ਵੋਟਰ ਵਜੋਂ ਦਰਜ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਇਹ ਫੈਸਲਾ ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਐਸਟੈਬਲਿਸ਼ਮੈਂਟ ਐਕਟ, 1958 ਦੀ ਧਾਰਾ 10 ਦੀ ਉਪ-ਧਾਰਾ 1 ਅਧੀਨ ਅਧਿਕਾਰਾਂ ਦਾ ਪ੍ਰਯੋਗ ਕਰਦਿਆਂ ਲਿਆ ਗਿਆ ਹੈ ਤਾਂ ਜੋ ਕਰਮਚਾਰੀ ਆਪਣੇ ਵੋਟ ਦਾ ਸੁਤੰਤਰ ਤੌਰ 'ਤੇ ਇਸਤੇਮਾਲ ਕਰ ਸਕਣ।ਉਨ੍ਹਾਂ ਕਿਹਾ ਕਿ ਨੋਟੀਫਿਕੇਸ਼ਨ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ 24 ਮਈ ਤੋਂ 30 ਮਈ ਦੇ ਦਰਮਿਆਨ ਆਉਣ ਵਾਲੀ ਹਫਤਾਵਾਰੀ ਛੁੱਟੀ ਦੀ ਥਾਂ 26 ਮਈ ਨੂੰ ਕਲੋਜ਼ਡ ਡੇ ਨਹੀਂ ਮੰਨਿਆ ਜਾਵੇਗਾ।ਪੰਜਾਬ ਸਰਕਾਰ ਨੇ ਸਾਰੇ ਸੰਬੰਧਿਤ ਅਦਾਰਿਆਂ ਅਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਇਸ ਹੁਕਮ ਦੀ ਪਾਲਣਾ ਯਕੀਨੀ ਬਣਾਈ ਜਾਵੇ।

## ਸਮਾਂ ਬਦਲਣ ਤੋਂ ਬਾਅਦ ਪਹਿਲੇ ਦਿਨ ਮੁਲਾਜ਼ਮ ਸਮੇਂ ਸਿਰ ਪੁੱਜੇ ਦਫਤਰ : ਏ ਡੀ ਸੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਵਧਦੀ ਗਰਮੀ ਨੂੰ ਦੇਖਦੇ ਹੋਏ ਸਰਕਾਰੀ ਦਫਤਰਾਂ ਦਾ ਸਮਾਂ 25 ਮਈ ਤੋਂ ਸਵੇਰੇ 7:30 ਵਜੇ ਤੋਂ ਦੁਪਿਹਰ 1:30 ਵਜੇ ਤੱਕ ਕਰ ਦਿੱਤਾ ਗਿਆ ਸੀ, ਜਿਸ ਦੇ ਮੱਦੇਨਜ਼ਰ ਅੱਜ ਪਹਿਲੇ ਦਿਨ ਸਾਰੇ ਅਧਿਕਾਰੀ ਅਤੇ ਕਰਮਚਾਰੀ ਸਮੇਂ ਸਿਰ ਦਫਤਰਾਂ ਵਿਖੇ ਪੁੱਜ ਗਏ ਸਨ।ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਰੁਪਿੰਦਰ ਪਾਲ ਸਿੰਘ ਵੱਲੋਂ ਸਵੇਰੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸਥਿਤ ਵੱਖ-ਵੱਖ ਦਫਤਰਾਂ ਦਾ ਦੌਰਾ ਕਰਕੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਹਾਜ਼ਰੀ ਨੂੰ ਚੈੱਕ ਵੀ ਕੀਤਾ ਗਿਆ।ਦਫਤਰਾਂ ਦੇ ਬਦਲੇ ਸਮੇਂ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਅੱਜ ਪਹਿਲੇ ਦਿਨ ਹੀ ਮੁਲਾਜ਼ਮ ਆਪਣੀ ਡਿਊਟੀ ਨੂੰ ਸਮਝਦੇ ਹੋਏ ਸਮੇਂ ਸਿਰ ਆਪਣੀਆਂ ਸੀਟਾਂ ਤੇ ਪਹੁੰਚ ਗਏ ਸਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਅਗਲੇ ਹੁਕਮਾਂ ਤੱਕ ਸਰਕਾਰੀ ਦਫਤਰਾਂ ਦਾ ਸਮਾਂ ਸਵੇਰੇ 7:30 ਵਜੇ ਤੋਂ ਦੁਪਹਿਰ 1:30 ਵਜੇ ਤੱਕ ਰਹੇਗਾ ਅਤੇ ਸਾਰੇ ਅਧਿਕਾਰੀ ਅਤੇ ਕਰਮਚਾਰੀ ਇਨਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ।ਉਨ੍ਹਾਂ ਕਿਹਾ ਕਿ ਸਰਕਾਰੀ ਦਫਤਰਾਂ ਵਿੱਚ ਲੇਟਲਤੀਫੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜੇਕਰ ਕੋਈ ਕਰਮਚਾਰੀ ਲੇਟ ਆਉਂਦਾ ਪਾਇਆ ਗਿਆ ਤਾਂ ਉਸ ਵਿਰੁੱਧ ਅਨੁਸ਼ਾਸ਼ਨੀ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸੇ ਤਰ੍ਹਾਂ ਹੀ ਸੇਵਾ ਕੇਂਦਰਾਂ ਦਾ ਸਮਾਂ ਵੀ ਸਵੇਰੇ 7:30 ਵਜੇ ਤੋਂ ਲੈ ਕੇ ਬਾ:ਦੁ: 3:30 ਵਜੇ ਤੱਕ ਨਿਰਧਾਰਤ ਕੀਤਾ ਗਿਆ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਦਫਤਰੀ ਸਮੇਂ ਦੌਰਾਨ ਆਪਣਾ ਕਰਵਾਉਣ ਲਈ ਪਹੁੰਚ ਕਰਨ ਅਤੇ ਜੇਕਰ ਉਨ੍ਹਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਜਾਵੇ।

## ਦਿਨੇਸ਼ ਬੱਸੀ ਨੇ ਸ਼ੇਰਗਿੱਲ ਨੂੰ ਕੀਤਾ ਸਨਮਾਨਿਤ



ਛੇਹਰਟਾ, (ਮਨੋਜ ਕੁਮਾਰ) : ਸੀਨੀਅਰ ਕਾਂਗਰਸੀ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਦਿਨੇਸ਼ ਬੱਸੀ ਵੱਲੋਂ ਯੂਥ ਕਾਂਗਰਸ ਦੇ ਸਮੇਂ ਤੋਂ ਉਨ੍ਹਾਂ ਦੇ ਪੁਰਾਣੇ ਸਾਥੀ ਕੌਂਸਲਰ ਜਸਵਿੰਦਰ ਸ਼ੇਰਗਿੱਲ ਨੂੰ ਕਾਂਗਰਸ ਐੱਸ.ਸੀ. ਬੋਰਡ ਦਾ ਵਾਈਸ ਚੇਅਰਮੈਨ ਨਿਯੁਕਤ ਹੋਣ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਿਨੇਸ਼ ਬੱਸੀ ਨੇ ਮੂੰਹ ਮਿੱਠਾ ਕਰਵਾ ਕੇ ਜਸਵਿੰਦਰ ਸ਼ੇਰਗਿੱਲ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ। ਦਿਨੇਸ਼ ਬੱਸੀ ਨੇ ਕਿਹਾ ਕਿ ਜਸਵਿੰਦਰ ਸ਼ੇਰਗਿੱਲ ਹਮੇਸ਼ਾ ਤੋਂ ਹੀ ਪਾਰਟੀ ਦੇ ਸਮਰਪਿਤ, ਇਮਾਨਦਾਰ ਤੇ ਮਿਹਨਤੀ ਵਰਕਰ ਰਹੇ ਹਨ। ਉਨ੍ਹਾਂ ਨੇ ਯੂਥ ਕਾਂਗਰਸ ਤੋਂ ਲੈ ਕੇ ਅੱਜ ਤਕ ਹਰ ਮੰਚ 'ਤੇ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਤਨਦੇਹੀ ਨਾਲ ਕੰਮ ਕੀਤਾ ਹੈ। ਦਿਨੇਸ਼ ਬੱਸੀ ਨੇ ਵਿਸ਼ਵਾਸ ਪ੍ਰਗਟਾਇਆ ਕਿ ਸ਼ੇਰਗਿੱਲ ਪਾਰਟੀ ਦੀਆਂ ਉਮੀਦਾਂ 'ਤੇ ਖਰਾ ਉਤਰਨਗੇ। ਇਸ ਮੌਕੇ ਨਰਿੰਦਰ ਲਵ, ਰਾਜ, ਰਾਜਬੀਰ, ਮੰਗਾ ਤੇ ਸਾਗਰ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਾਰੇ ਸਾਥੀਆਂ ਵੱਲੋਂ ਜਸਵਿੰਦਰ ਸ਼ੇਰਗਿੱਲ ਨੂੰ ਸਨਮਾਨਿਤ ਕਰਦੇ ਹੋਏ ਨਵੀਂ ਜ਼ਿੰਮੇਵਾਰੀ ਲਈ ਮੁਬਾਰਕਾਂ ਤੇ ਸ਼ੁੱਭ ਕਾਮਨਾਵਾਂ ਦਿੱਤੀਆਂ ਗਈਆਂ।

# ਆਊਟਸੋਰਸ ਮੀਟਰ ਰੀਡਰ ਤੇ ਸੁਪਰਵਾਈਜ਼ਰ ਹੜਤਾਲ 'ਤੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਬੀਤੇ ਕਈ ਸਾਲਾਂ ਤੋਂ ਪਾਵਰਕਾਮ ਵਿਭਾਗ 'ਚ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਆਊਟਸੋਰਸ ਰੀਡਰਾਂ ਤੇ ਸੁਪਰਵਾਈਜ਼ਰਾਂ ਨੇ ਸੇਵਾਵਾਂ ਰੈਗੂਲਰ ਕਰਵਾਉਣ ਦੀ ਮੰਗ ਨੂੰ ਲੈ ਕੇ ਕੰਮ-ਕਾਜ ਬੰਦ ਕਰ ਦਿੱਤਾ ਹੈ।ਪਾਰਵਕਾਮ ਆਊਟਸੋਰਸ ਸਪੋਟ ਬਿਲਿੰਗ ਮੀਟਰ ਰੀਡਰ ਯੂਨੀਅਨ (ਪੰਜਾਬ) ਨੇ ਪੀਐੱਸਪੀਸੀਐੱਲ ਦੇ ਡਾਇਰੈਕਟਰ ਐਡਮਿਨਿਸਟ੍ਰੇਸ਼ਨ ਨੂੰ ਮੰਗ ਪੱਤਰ ਭੇਜਦਿਆਂ ਆਊਟਸੋਰਸ ਮੁਲਾਜ਼ਮਾਂ ਨੂੰ ਤੁਰੰਤ ਪੱਕੇ ਕਰਨ ਦੀ ਮੰਗ ਕੀਤੀ ਹੈ।

ਮੰਗ ਪੱਤਰ ਵਿੱਚ ਯੂਨੀਅਨ ਨੇ ਵਿਭਾਗ ਦੇ ਉੱਚ-ਅਧਿਕਾਰੀਆਂ ਨੂੰ ਆਊਟਸੋਰਸਿੰਗ ਬੰਦ ਕਰ ਕੇ ਠੇਕਾ ਮੁਲਾਜ਼ਮਾਂ ਲਈ ਵਿਭਾਗ ਵਿੱਚ ਪੱਕੀ ਨੌਕਰੀ ਦੀ ਵਿਵਸਥਾ ਕਰਨ ਦੀ ਮੰਗ ਕੀਤੀ ਹੈ।ਮੰਗ ਪੱਤਰ ਵਿੱਚ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਕੇ ਅੱਧ ਵਿਚਕਾਰ ਲਟਕਾਉਣ ਦਾ ਵੀ ਜ਼ਿਕਰ ਕੀਤਾ ਗਿਆ ਹੈ।ਯੂਨੀਅਨ ਨੇ ਮੰਗ ਪੱਤਰ ਵਿੱਚ ਮੁਲਾਜ਼ਮਾਂ ਨੂੰ ਤਨਖਾਹਾਂ ਸਮੇਂ ਸਿਰ ਨਾ ਮਿਲਣ ਸਮੇਤ ਅਨੇਕਾਂ ਧੱਕੇਸ਼ਾਹੀਆਂ ਦਾ ਜ਼ਿਕਰ ਕੀਤਾ ਹੈ।ਜ਼ਿਕਰਯੋਗ ਹੈ ਕਿ ਮੀਟਰ ਰੀਡਰਾਂ ਤੇ ਸੁਪਰਵਾਈਜ਼ਰਾਂ ਦੇ ਹੜਤਾਲ 'ਤੇ ਜਾਣ ਨਾਲ ਵਿਭਾਗ ਦੇ ਕੰਮ-ਕਾਜ ਬੁਰੀ ਤਰ੍ਹਾਂ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ।ਇਨ੍ਹਾਂ ਮੁਲਜ਼ਮਾਂ ਦੀ ਹੜਤਾਲ ਕਾਰਨ ਲੋਕਾਂ ਨੂੰ ਬਿੱਲ ਸਹੀ ਸਮੇਂ 'ਤੇ ਨਹੀਂ ਮਿਲਣਗੇ ਤੇ ਅਜਿਹਾ ਹੋਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਵੇਗਾ।

## ਫਤਿਹਾਬਾਦ ਵਿਖੇ ਸਬਜ਼ੀ ਵੇਚਣ ਵਾਲਿਆਂ ਵੱਲੋਂ ਫੁੱਟਪਾਥ 'ਤੇ ਕਬਜ਼ਾ



ਖਡੂਰ ਸਾਹਿਬ (ਸਰਬਜੀਤ ਸਿੰਘ ਸੰਧਾ)-ਕਸਬਾ ਫਤਿਹਾਬਾਦ ਵਿਖੇ ਬੱਸ ਅੱਡੇ ਦੇ ਨਜ਼ਦੀਕ ਸਬਜ਼ੀ ਦੀਆਂ ਦੁਕਾਨਾਂ ਵਾਲਿਆਂ ਵੱਲੋਂ ਫੁੱਟਪਾਥ 'ਤੇ ਕਬਜ਼ਾ ਕੀਤਾ ਹੋਇਆ ਹੈ ਜਦ ਕਿ ਬੀਤੇ ਦਿਨ ਟ੍ਰੈਫਿਕ ਪੁਲਸ ਵੱਲੋਂ ਰੇਹੜੀਆਂ ਵਾਲੇ ਗਰੀਬ ਸਬਜ਼ੀ ਤੇ ਫਰੂਟ ਵੇਚਣ ਵਾਲਿਆਂ ਨੂੰ ਬਜ਼ਾਰ ਵਿਚ ਚੱਲ ਫਿਰ ਕੇ ਆਪਣਾ ਸਾਮਾਨ ਵੇਚਣ ਦੀ ਨਸੀਹਤ ਦਿੱਤੀ ਸੀ ਪ੍ਰੰਤੂ ਸਬਜ਼ੀਆਂ ਦੀਆਂ ਦੁਕਾਨਾਂ ਵੱਲੋਂ ਪੂਰਾ ਫੁੱਟਪਾਥ ਮੱਲੇ ਜਾਣਾ ਪਤਾ ਨਹੀਂ ਕਿਉਂ ਟ੍ਰੈਫਿਕ ਪੁਲਸ ਦੇ ਧਿਆਨ ਵਿਚ ਨਹੀਂ ਆ ਰਿਹਾ।

ਜ਼ਿਕਰਯੋਗ ਹੈ ਕਿ ਰਹੇੜੀਆਂ ਵਾਲੇ ਦੁਕਾਨਾਂ ਵਾਲਿਆਂ ਨਾਲੋਂ ਸਸਤੀਆਂ ਸਬਜ਼ੀਆਂ ਤੇ ਫਰੂਟ ਵੇਚਦੇ ਹਨ ਪਰ ਪੁਲਸ ਵੱਲੋਂ ਉਨ੍ਹਾਂ ਖਿਲਾਫ ਹੀ ਸਖ਼ਤੀ ਕਰਨਾ ਅਤੇ ਦੁਕਾਨਦਾਰਾਂ ਦੇ ਕਬਜ਼ਿਆਂ ਵੱਲ ਨਿਗ੍ਹਾ ਨਾ ਮਾਰਨਾ ਸਵਾਲਾਂ ਦਾ ਸਵਾਲ ਹੈ।ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਇਨ੍ਹਾਂ ਸਬਜ਼ੀ ਅਤੇ ਫਰੂਟ ਤੇ ਹੋਰਨਾਂ ਦੁਕਾਨਦਾਰਾਂ ਵੱਲੋਂ ਕੀਤੇ ਨਜਾਇਜ਼ ਕਬਜ਼ਿਆਂ ਕਰਕੇ ਬਜ਼ਾਰ ਵਿਚ ਸੜਕ 'ਤੇ ਹੀ ਰਾਹਗੀਰਾਂ ਵੱਲੋਂ ਕਾਰਾਂ ਖੜੀਆਂ ਕੀਤੀਆਂ ਜਾਂਦੀਆਂ ਹਨ ਜਿਸ ਕਰਕੇ ਸਕੂਲਾਂ ਦੀਆਂ ਬੱਚਿਆਂ ਵਾਲੀਆਂ ਬੱਸਾਂ ਨੂੰ ਬਜ਼ਾਰ ਵਿਚ ਟ੍ਰੈਫਿਕ ਜਾਮ ਵਿਚ ਫਸਣਾ ਪੈਂਦਾ ਹੈ।

ਦੇਖਣਾ ਹੋਵੇਗਾ ਕਿ ਗਰੀਬ ਰੇਹੜੀਆਂ ਵਾਲਿਆਂ ਖ਼ਿਲਾਫ਼ ਸਖ਼ਤੀ ਕਰਨ ਵਾਲੀ ਟ੍ਰੈਫਿਕ ਪੁਲਸ ਫੁੱਟਪਾਥਾਂ ਉਪਰ ਨਜਾਇਜ਼ ਕਬਜ਼ੇ ਕਰਨ ਵਾਲੇ ਇਨ੍ਹਾਂ ਸਬਜ਼ੀ ਦੀਆਂ ਦੁਕਾਨਾਂ ਵਾਲਿਆਂ ਖ਼ਿਲਾਫ਼ ਕੀ ਕਾਰਵਾਈ ਅਮਲ ਵਿੱਚ ਲਿਆਉਂਦੀ ਹੈ।

## ਸਕੂਲ ਤੇ ਧਾਰਮਿਕ ਅਸਥਾਨਾਂ ਨੇੜੇ ਗੋਦਾਮ ਬਣਾਉਣ ਦੇ ਵਿਰੋਧ 'ਚ ਪੰਚਾਇਤਾਂ ਨੇ ਏ ਡੀ ਸੀ ਨੂੰ ਸੌਂਪਿਆ ਮੰਗ ਪੱਤਰ



ਅਟਾਰੀ (ਸਤਬੀਰ ਸਿੰਘ ਭੀਲ)-ਬਾਬਾ ਸੋਹਣ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਕਨਾ ਕਲਾਂ ਦੇ ਬਿਲਕੁਲ ਨਜ਼ਦੀਕ ਪਿੰਡ ਮਾਲੂਵਾਲ ਦੀ ਜ਼ਮੀਨ 'ਤੇ ਬਣ ਰਹੇ ਗੋਦਾਮ ਦਾ ਇਲਾਕਾ ਵਾਸੀਆਂ ਨੇ ਸਖ਼ਤ ਵਿਰੋਧ ਕੀਤਾ ਹੈ।ਇਸ ਸਬੰਧੀ ਪਿੰਡ ਮਾਲੂਵਾਲ, ਭਕਨਾ ਕਲਾਂ ਤੇ ਨੱਥੂਪੁਰਾ ਦੀਆਂ ਪੰਚਾਇਤਾਂ, ਸਮੂਹ ਇਲਾਕਾ ਨਿਵਾਸੀਆਂ ਤੇ ਕਿਸਾਨ ਜਥੇਬੰਦੀਆਂ ਵੱਲੋਂ ਏਡੀਸੀ ਨੂੰ ਮੰਗ ਪੱਤਰ ਸੌਂਪਿਆ ਗਿਆ।ਸਰਪੰਚਾਂ, ਪੰਚਾਇਤ ਮੈਂਬਰਾਂ ਤੇ ਕਿਸਾਨ ਆਗੂਆਂ ਨੇ ਦੱਸਿਆ ਕਿ ਜਿੱਥੇ ਗੋਦਾਮ ਬਣਾਇਆ ਜਾ ਰਿਹਾ ਹੈ, ਉਹ ਥਾਂ ਕਈ ਪੱਖਾਂ ਤੋਂ ਅਢੁੱਕਵੀਂ ਹੈ ਕਿਉਂਕਿ ਗੋਦਾਮ ਸਕੂਲ ਦੇ ਬਹੁਤ ਨੇੜੇ ਹੈ, ਗੋਦਾਮਾਂ ਨੂੰ ਆਉਣ ਵਾਲੇ ਭਾਰੀ ਟਰੱਕਾਂ ਕਾਰਨ ਸਕੂਲ ਆਉਣ-ਜਾਣ ਵਾਲੇ ਬੱਚਿਆਂ ਨੂੰ ਰੋਜ਼ ਭਾਰੀ ਮੁਸ਼ਕਲਾਂ ਤੇ ਹਾਦਸਿਆਂ ਦਾ ਖ਼ਤਰਾ ਬਣਿਆ ਰਹੇਗਾ। ਇਹ ਪ੍ਰਸਤਾਵਿਤ ਗੋਦਾਮ ਮਹਾਨ ਗ਼ਦਰੀ ਬਾਬਾ ਸੋਹਣ ਸਿੰਘ ਭਕਨਾ ਦੀ ਯਾਦਗਾਰ ਦੇ ਵੀ ਨਜ਼ਦੀਕ ਹੈ।ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸ਼ਰਧਾਲੂਆਂ ਤੇ ਸੈਲਾਨੀਆਂ ਨੂੰ ਟ੍ਰੈਫਿਕ ਤੇ ਪ੍ਰਦੂਸ਼ਣ ਕਾਰਨ ਪਰੇਸ਼ਾਨੀ ਹੋਵੇਗੀ।ਆਵਾਜਾਈ ਠੱਪ ਹੋਣ ਦਾ ਵੀ ਡਰ ਬਣਿਆ ਰਹੇਗਾ। ਇਹ ਰੋਡ ਬੀੜ ਬਾਬਾ ਬੁੱਢਾ ਸਾਹਿਬ ਜੀ ਦੇ ਦਰਸ਼ਨਾਂ ਲਈ ਜਾਂਦੀ ਮੁੱਖ ਸੜਕ ਹੈ ਜਿੱਥੋਂ ਰੋਜ਼ਾਨਾ ਹਜ਼ਾਰਾਂ ਸੰਗਤਾਂ ਲੰਘਦੀਆਂ ਹਨ।ਗੋਦਾਮ ਬਣਨ ਨਾਲ ਟਰੱਕਾਂ ਦੀ ਆਵਾਜਾਈ ਵੱਧੇਗੀ ਤੇ ਸੰਗਤਾਂ ਨੂੰ ਮੁਸ਼ਕਲ ਆਵੇਗੀ।ਪਿੰਡ ਮਾਲੂਵਾਲ, ਭਕਨਾ ਕਲਾਂ ਤੇ ਨੱਥੂਪੁਰਾ ਤਿੰਨਾਂ ਪਿੰਡਾਂ ਦੀ ਵੱਸੋਂ ਵੀ ਇਸ ਗੋਦਾਮ ਦੇ ਬਹੁਤ ਨੇੜੇ ਹੈ। ਗੋਦਾਮ ਦੇ 24 ਘੰਟੇ ਚੱਲਣ ਵਾਲੇ ਕੰਮ ਕਾਰਨ ਲੋਕਾਂ ਦਾ ਘਰੋਂ ਬਾਹਰ ਨਿਕਲਣਾ ਵੀ ਮੁਸ਼ਕਲ ਹੋ ਜਾਵੇਗਾ।ਪਿੰਡ ਮਾਲੂਵਾਲ ਦੀ ਸ਼ਮਸ਼ਾਨ ਘਾਟ ਵੀ ਪ੍ਰਸਤਾਵਿਤ ਥਾਂ ਦੇ ਬਿਲਕੁਲ ਨਜ਼ਦੀਕ ਹੈ, ਜੋ ਸਮਾਜਿਕ ਤੇ ਧਾਰਮਿਕ ਨਜ਼ਰੀਏ ਤੋਂ ਸਹੀ ਨਹੀਂ।ਮੰਗ ਪੱਤਰ ਰਾਹੀਂ ਜਥੇਬੰਦੀਆਂ ਤੇ ਪੰਚਾਇਤਾਂ ਨੇ ਪ੍ਰਸ਼ਾਸਨ ਤੋਂ ਗੋਦਾਮ ਦਾ ਕੰਮ ਤੁਰੰਤ ਰੋਕਣ ਦੀ ਮੰਗ ਕੀਤੀ ਹੈ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇ ਪ੍ਰਸ਼ਾਸਨ ਨੇ ਜਲਦ ਕਾਰਵਾਈ ਨਾ ਕੀਤੀ ਤਾਂ ਆਉਣ ਵਾਲੇ ਦਿਨਾਂ 'ਚ ਵੱਡੇ ਪੱਧਰ 'ਤੇ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

ਇਸ ਮੌਕੇ ਪ੍ਰਧਾਨ ਬਲਜਿੰਦਰ ਸਿੰਘ ਸਭਰਾ, ਸਰਪੰਚ ਅਵਤਾਰ ਸਿੰਘ ਮਾਲੂਵਾਲ, ਹਰਪ੍ਰੀਤ ਸਿੰਘ ਗਿੱਲ, ਕਿਸਾਨ ਆਗੂ ਭੁਪਿੰਦਰ ਸਿੰਘ ਸੰਧੂ, ਪ੍ਰਧਾਨ ਹਰਜੀਤ ਸਿੰਘ ਮਾਲੂਵਾਲ, ਗੁਰਦੀਪ ਸਿੰਘ ਗਿੱਲ, ਲਖਬੀਰ ਸਿੰਘ, ਸੁੱਖਵਿੰਦਰ ਸਿੰਘ ਸੁੱਖ, ਭਿੰਦਰ ਸਿੰਘ ਗਿੱਲ, ਸਰਪੰਚ ਬਲਦੇਵ ਸਿੰਘ, ਬਾਬਾ ਪ੍ਰੀਤਮ ਸਿੰਘ, ਗੁਰਨਾਮ ਸਿੰਘ ਨੱਥੂਪੁਰਾ, ਪ੍ਰਧਾਨ ਸ਼ਮਸ਼ੇਰ ਸਿੰਘ ਸ਼ੇਰਾ ਭਕਨਾ, ਸਰਪੰਚ ਗੁਰਦੀਪ ਸਿੰਘ ਭਕਨਾ, ਇੰਦਰਜੀਤ ਸਿੰਘ ਭਕਨਾ ਖੁਰਦ, ਪ੍ਰਗਟ ਸਿੰਘ, ਗੁਰਸੇਵਕ ਸਿੰਘ, ਹੀਰਾ ਸਿੰਘ ਮਾਲੂਵਾਲ, ਗੁਰਪਾਲ ਸਿੰਘ, ਗੁਰਪ੍ਰੀਤ ਸਿੰਘ, ਸੁਖਜੀਤ ਸਿੰਘ, ਨਿਰਮਲ ਸਿੰਘ, ਜਸ਼ਨ ਸਿੰਘ, ਮਨਜੀਤ ਸਿੰਘ, ਰਘਬੀਰ ਸਿੰਘ ਆਦਿ ਆਗੂ ਤੇ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।ਲੋਕਾਂ ਦਾ ਕਹਿਣਾ ਹੈ ਕਿ ਉਹ ਵਿਕਾਸ ਦੇ ਖਿਲਾਫ ਨਹੀਂ ਪਰ ਵਿੱਦਿਅਕ ਤੇ ਧਾਰਮਿਕ ਅਸਥਾਨਾਂ ਦੀ ਪਵਿੱਤਰਤਾ ਭੰਗ ਨਹੀਂ ਹੋਣ ਦੇਣਗੇ।

## ਨਗਰ ਕੌਂਸਲ ਨੰਗਲ ਦੇ 19 ਵਾਰਡਾਂ ਲਈ ਵੋਟਾਂ ਅੱਜ



ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)-ਨਗਰ ਕੌਂਸਲ ਨੰਗਲ ਦੇ 19 ਵਾਰਡਾਂ ਲਈ 26 ਮਈ ਨੂੰ ਵੋਟਿੰਗ ਪ੍ਰਕਿਰਿਆ ਮੁਕੰਮਲ ਹੋ ਜਾਵੇਗੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐੱਸ ਡੀ ਐੱਮ ਸਚਿਨ ਪਾਠਕ ਨੇ ਦੱਸਿਆ ਕਿ ਚੋਣਾਂ ਨੂੰ ਸੁਚਾਰੂ ਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਪ੍ਰਸ਼ਾਸਨ ਵੱਲੋਂ ਮੁਕੰਮਲ ਤਿਆਰੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਵੋਟਰ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰਨ।

ਰਿਟਰਨਿੰਗ ਅਫਸਰ ਮੇਜਰ ਡਾ.ਸੁਮਿਤ ਢਿੱਲੋਂ ਨੇ ਦੱਸਿਆ ਕਿ 19 ਵਾਰਡਾਂ ਵਿੱਚ ਕੁੱਲ 36 ਪੋਲਿੰਗ ਬੂਥ ਬਣਾਏ ਗਏ ਹਨ, ਜਿਨ੍ਹਾਂ ਵਿੱਚੋਂ 12 ਬੂਥ ਸੰਵੇਦਨਸ਼ੀਲ ਅਤੇ 24 ਨਾਰਮਲ ਕੈਟਾਗਰੀ ਵਿੱਚ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਵੋਟਿੰਗ ਜਾਰੀ ਰਹੇਗੀ ਅਤੇ ਹਰ ਬੂਥ 'ਤੇ ਪੂਰੀ ਸੁਰੱਖਿਆ ਅਤੇ ਸਹੂਲਤਾਂ ਦਾ ਖਿਆਲ ਰੱਖਿਆ ਗਿਆ ਹੈ।ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਅੰਜਾਮ ਦੇਣ ਲਈ ਐੱਸ ਡੀ ਐੱਮ, ਤਹਿਸੀਲਦਾਰ ਕਮ ਰਿਟਰਨਿੰਗ ਅਫਸਰ ਅਤੇ ਸਹਾਇਕ ਰਿਟਰਨਿੰਗ ਅਫਸਰਾਂ ਦੀ ਮੌਜੂਦਗੀ ਵਿੱਚ ਪੋਲਿੰਗ ਪਾਰਟੀਆਂ ਨੂੰ ਰਵਾਨਾ ਕੀਤਾ ਗਿਆ। ਪੋਲਿੰਗ ਪਾਰਟੀਆਂ ਨੂੰ ਚੋਣ ਸੰਬੰਧੀ ਹਰ ਹਦਾਇਤ ਬਾਰੇ ਜਾਣੂ ਕਰਵਾਇਆ ਗਿਆ ਹੈ ਤਾਂ ਜੋ ਵੋਟਿੰਗ ਦੌਰਾਨ ਕਿਸੇ ਵੀ ਕਿਸਮ ਦੀ ਦਿੱਕਤ ਪੈਦਾ ਨਾ ਹੋਵੇ।

## ਭਾਜਪਾ ਦੀਆਂ ਨੀਤੀਆਂ ਨੇ ਆਮ ਆਦਮੀ ਤੇ ਕਿਸਾਨਾਂ ਦਾ ਲੱਕ ਤੋੜਿਆ : ਪਵਨ ਟੀਨੂੰ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੀਨੀਅਰ ਆਗੂ ਤੇ ਆਦਮਪੁਰ ਦੇ ਹਲਕਾ ਇੰਚਾਰਜ ਪਵਨ ਟੀਨੂੰ ਨੇ ਪੈਟਰੋਲ-ਡੀਜ਼ਲ ਦੀਆਂ ਲਗਾਤਾਰ ਵਧ ਰਹੀਆਂ ਕੀਮਤਾਂ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ। ਉਹਨਾਂ ਦੋਸ਼ ਲਾਇਆ ਕਿ ਭਾਜਪਾ ਸਰਕਾਰ ਦੀਆਂ ਨੀਤੀਆਂ ਕਿਸਾਨਾਂ, ਪੰਜਾਬ ਅਤੇ ਆਮ ਜਨਤਾ ਦੇ ਵਿਰੁੱਧ ਹਨ, ਜਿਸ ਕਾਰਨ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਆਮ ਆਦਮੀ ਦੀ ਆਰਥਿਕ ਸਥਿਤੀ 'ਤੇ ਡੂੰਘਾ ਅਸਰ ਪੈ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਪਾਲ ਸਿੰਘ ਤੇ ਤਰਨਦੀਪ ਸਿੰਘ ਵੀ ਮੌਜੂਦ ਸਨ।ਪਵਨ ਟੀਨੂੰ ਨੇ ਕਿਹਾ ਕਿ ਜਦੋਂ ਭਾਜਪਾ ਵਿਰੋਧੀ ਧਿਰ ਵਿੱਚ ਸੀ, ਉਦੋਂ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਿੱਚ ਮਾਮੂਲੀ ਵਾਧੇ 'ਤੇ ਵੀ ਵੱਡੇ-ਵੱਡੇ ਪ੍ਰਦਰਸ਼ਨ ਕੀਤੇ ਜਾਂਦੇ ਸਨ, ਪਰ ਹੁਣ ਲਗਾਤਾਰ ਕੀਮਤਾਂ ਵਧਣ ਦੇ ਬਾਵਜੂਦ ਭਾਜਪਾ ਆਗੂਆਂ ਦੀ ਚੁੱਪ ਸਮਝ ਤੋਂ ਬਾਹਰ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਸ ਦਿਨਾਂ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਕਾਫ਼ੀ ਵਾਧਾ ਹੋਇਆ ਹੈ। ਇਸ ਦੇ ਨਾਲ ਹੀ ਘਰੇਲੂ ਤੇ ਕਮਰਸ਼ੀਅਲ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਧਣ ਨਾਲ ਮਹਿੰਗਾਈ ਸਿਖਰ 'ਤੇ ਪਹੁੰਚ ਗਈ ਹੈ।ਉਨ੍ਹਾਂ ਕਿਹਾ ਕਿ ਮਹਿੰਗਾਈ ਨੇ ਆਮ ਆਦਮੀ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਨੇ ਭਾਜਪਾ ਆਗੂਆਂ ਰਵਨੀਤ ਬਿੱਟੂ, ਅਸ਼ਵਨੀ ਸ਼ਰਮਾ ਅਤੇ ਸੁਨੀਲ ਜਾਖੜ 'ਤੇ ਵੀ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਪਹਿਲਾਂ ਇਹ ਆਗੂ ਹਰ ਮੁੱਦੇ 'ਤੇ ਬਿਆਨ ਦਿੰਦੇ ਸਨ, ਪਰ ਜਿਵੇਂ ਹੀ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਧਣੀਆਂ ਸ਼ੁਰੂ ਹੋਈਆਂ, ਉਨ੍ਹਾਂ ਦੇ ਮੂੰਹੋਂ ਇੱਕ ਸ਼ਬਦ ਵੀ ਨਹੀਂ ਨਿਕਲਿਆ।ਉਨ੍ਹਾਂ ਦੋਸ਼ ਲਾਇਆ ਕਿ ਪੱਛਮੀ ਬੰਗਾਲ ਚੋਣਾਂ ਖ਼ਤਮ ਹੁੰਦੇ ਹੀ ਕੇਂਦਰ ਸਰਕਾਰ ਨੇ ਮਹਿੰਗਾਈ ਦਾ ਬੋਝ ਜਨਤਾ 'ਤੇ ਪਾ ਦਿੱਤਾ। ਭਾਜਪਾ ਨੂੰ ਲੱਗਦਾ ਹੈ ਕਿ ਦੇਸ਼ ਦਾ ਆਮ ਵਰਗ ਉਸ ਦੀ ਜੇਬ ਵਿੱਚ ਹੈ ਤੇ ਉਹ ਜਨਤਾ 'ਤੇ ਕਿਸੇ ਵੀ ਤਰ੍ਹਾਂ ਦਾ ਆਰਥਿਕ ਬੋਝ ਪਾ ਸਕਦੀ ਹੈ। ਪਵਨ ਟੀਨੂੰ ਨੇ ਕਿਹਾ ਕਿ 26 ਮਈ ਨੂੰ ਪੰਜਾਬ ਵਿੱਚ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਹੋਣ ਜਾ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਨਤਾ ਇਸ ਚੋਣ ਵਿੱਚ ਭਾਜਪਾ ਨੂੰ ਕਰਾਰਾ ਜਵਾਬ ਦੇਵੇ ਅਤੇ ਮਹਿੰਗਾਈ ਤੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਆਪਣਾ ਲੋਕਤੰਤਰੀ ਫ਼ੈਸਲਾ ਸੁਣਾਵੇ।

## ਬਦਲੇ ਸਮੇਂ ਅਨੁਸਾਰ ਦਫਤਰ ਪਹੁੰਚੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ



**ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**

ਪੰਜਾਬ ਸਰਕਾਰ ਵੱਲੋਂ ਮੌਜੂਦਾ ਸਮੇਂ ਪੈ ਰਹੀ ਗਰਮੀ ਦੇ ਮੱਦੇਨਜ਼ਰ ਸੋਮਵਾਰ ਤੋਂ ਦਫ਼ਤਰਾਂ ਦੇ ਤਬਦੀਲ ਕੀਤੇ ਸਮੇਂ ਅਨੁਸਾਰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਮੂਹ ਅਧਿਕਾਰੀਆਂ ਨੇ ਸੋਮਵਾਰ ਸਵੇਰੇ ਸਾਢੇ 7 ਵਜੇ ਆਪਣੇ ਦਫ਼ਤਰੀ ਕੰਮਾਂ ਦੀ ਸ਼ੁਰੂਆਤ ਕੀਤੀ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਦਫ਼ਤਰਾਂ ਦੇ ਬਦਲੇ ਸਮੇਂ ਅਨੁਸਾਰ ਅੱਜ ਵਾਂਗ ਰੋਜ਼ਾਨਾ ਸਵੇਰੇ ਸਮੇਂ ਦੀ ਪਾਬੰਦਗੀ ਨੂੰ ਬਰਕਰਾਰ ਰੱਖਦਿਆਂ ਆਪੋ-ਆਪਣੇ ਦਫ਼ਤਰਾਂ ਵਿਚ ਪਹੁੰਚਣ ਦੀ ਤਾਕੀਦ ਕੀਤੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਰੇ ਦਫ਼ਤਰਾਂ ਦੇ ਸੰਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਨਿਰਦੇਸ਼ ਦਿੱਤੇ ਜਾ ਚੁੱਕੇ ਹਨ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਬਦਲੇ ਸਮੇਂ ਅਨੁਸਾਰ ਆਪਣੀ ਮੌਜੂਦਗੀ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਲੋੜੀਂਦੀਆਂ ਸੇਵਾਵਾਂ ਪਹਿਲਾਂ ਵਾਂਗ ਤੈਅ ਸਮੇਂ ਵਿਚ ਮੁਹੱਈਆ ਹੋਣਗੀਆਂ ਅਤੇ ਦਫ਼ਤਰਾਂ ਦਾ ਸਟਾਫ਼ ਸਵੇਰੇ ਸਾਢੇ 7 ਵਜੇ ਆਪਣੀਆਂ ਸੀਟਾਂ 'ਤੇ ਮੌਜੂਦ ਰਹੇਗਾ। ਸੋਮਵਾਰ ਤੋਂ ਦਫ਼ਤਰਾਂ ਦਾ ਸਮਾਂ ਸਵੇਰੇ 7:30 ਵਜੇ ਤੋਂ ਦੁਪਹਿਰ 1:30 ਵਜੇ ਤੱਕ ਰਹੇਗਾ।

## ਗੁਰੂ ਨਾਨਕ 'ਵਰਸਿਟੀ ਕਾਲਜ ਦੇ ਵਿਦਿਆਰਥੀਆਂ ਨੇ ਬੀ ਵੌਕ ਦੇ ਨਤੀਜਿਆਂ 'ਚ ਮੱਲਾਂ ਮਾਰੀਆਂ



**ਜਲੰਧਰ (ਕਮਲਜੀਤ ਥਾਬਲਕੇ)**

ਗੁਰੂ ਨਾਨਕ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਦੇ ਬੀ.ਵੌਕ (ਈ-ਕਾਮਰਸ ਐਂਡ ਡਿਜ਼ਿਟਲ ਮਾਰਕੀਟਿੰਗ) ਸਮੈਸਟਰ-ਤੀਜਾ ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਮੈਰਿਟ ਸੂਚੀ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਇਹ ਸਭ ਕੁਝ ਡਾ. ਨਵਜੋਤ ਵੱਲੋਂ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਅਕਾਦਮਿਕ ਪ੍ਰੇਰਣਾ, ਅਨੁਸ਼ਾਸਨ ਅਤੇ ਨਿਰੰਤਰ ਮਾਰਗਦਰਸ਼ਨ ਦਾ ਨਤੀਜਾ ਹੈ ਕਿ ਕਾਲਜ ਦੇ ਵਿਦਿਆਰਥੀ ਲਗਾਤਾਰ ਯੂਨੀਵਰਸਿਟੀ ਪੱਧਰ 'ਤੇ ਆਪਣੀ ਮੌਜੂਦਗੀ ਦਰਜ ਕਰਵਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ ਨਵਜੋਤ ਨੇ ਦੱਸਿਆ ਕਿ ਹਰਸ਼ਦੀਪ ਕੌਰ ਨੇ 8.55 ਐੱਸ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਤੀਜਾ ਤੇ ਕਾਲਜ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਕਾਸ਼ਵੀ ਗਰਗ ਨੇ 7.73 ਐੱਸ ਜੀ ਪੀ ਏ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚ ਅੱਠਵਾਂ ਅਤੇ ਕਾਲਜ ਵਿੱਚ ਦੂਜਾ ਸਥਾਨ ਹਾਸਲ ਕੀਤਾ, ਜਦਕਿ ਸਿਧੀਮਾ ਨੇ 7.64 ਐੱਸ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਨੌਂਵਾਂ ਅਤੇ ਕਾਲਜ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਪ੍ਰੋ. ਡਾ. ਨਵਜੋਤ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਿੱਖਿਆ ਸਿਰਫ਼ ਡਿਗਰੀ ਹਾਸਲ ਕਰਨ ਦਾ ਸਾਧਨ ਨਹੀਂ, ਸਗੋਂ ਵਿਅਕਤੀ ਦੇ ਚਰਿੱਤਰ ਅਤੇ ਭਵਿੱਖ ਦੀ ਨਿਰਮਾਣ-ਪ੍ਰਕਿਰਿਆ ਹੈ। ਉਨ੍ਹਾਂ ਕਿਹਾ ਕਿ ਕਾਲਜ ਦਾ ਮਕਸਦ ਵਿਦਿਆਰਥੀਆਂ ਨੂੰ ਆਧੁਨਿਕ ਅਤੇ ਗੁਣਵੱਤਾਪੂਰਨ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਵੀ ਹੈ। ਉਨ੍ਹਾਂ ਅੱਗੇ ਕਿਹਾ ਕਿ ਕਾਲਜ ਹਮੇਸ਼ਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਰਿਹਾ ਹੈ ਤੇ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਉੱਚੀਆਂ ਮੰਜ਼ਿਲਾਂ ਤੱਕ ਪਹੁੰਚਾਉਣ ਲਈ ਹਰ ਸੰਭਵ ਯਤਨ ਜਾਰੀ ਰਹਿਣਗੇ। ਕਾਲਜ ਦੇ ਅਧਿਆਪਕਾਂ ਨੇ ਵੀ ਇਸ ਉਪਲਬਧੀ ਨੂੰ ਡਾ. ਨਵਜੋਤ ਦੀ ਦੂਰਦਰਸ਼ੀ ਸੋਚ ਤੇ ਸਿੱਖਿਆ ਪ੍ਰਤੀ ਸਮਰਪਣ ਦਾ ਨਤੀਜਾ ਕਰਾਰ ਦਿੱਤਾ।

## ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਵੱਲੋਂ ਡਿਪਟੀ ਕਮਿਸ਼ਨਰ ਸਨਮਾਨਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ (ਰਜਿ.) ਪੰਜਾਬ, ਇੰਡੀਆ ਦੇ ਇੱਕ ਉੱਚ ਪੱਧਰੀ ਵਫ਼ਦ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਐਸੋਸੀਏਸ਼ਨ ਦੇ ਪੰਜਾਬ ਪ੍ਰਧਾਨ ਪ੍ਰਿੰ. ਬਲਵੀਰ ਸਿੰਘ ਸੈਣੀ, ਜੁਆਇੰਟ ਸਕੱਤਰ (ਇੰਡੀਆ) ਤਰਸੇਮ ਦੀਵਾਨਾ ਅਤੇ ਵਾਈਸ ਚੇਅਰਮੈਨ ਪੰਜਾਬ ਗੁਰਬਿੰਦਰ ਸਿੰਘ ਪਲਾਹਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ (ਰਜਿ.) ਪੰਜਾਬ, ਇੰਡੀਆ ਦੇ ਵਫ਼ਦ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਦੁਸ਼ਾਲਾ ਭੇਂਟ ਕਰਕੇ ਸਨਮਾਨਤ ਕੀਤਾ ਗਿਆ। ਇਸੇ ਦੌਰਾਨ ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ (ਰਜਿ.) ਪੰਜਾਬ, ਇੰਡੀਆ ਦੇ ਅਹੁਦੇਦਾਰਾਂ ਨੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨਾਲ ਮੁਲਾਕਾਤ ਦੌਰਾਨ ਮੀਡੀਆ ਕਰਮੀਆਂ ਦੀ ਕਾਰਗੁਜ਼ਾਰੀ ਨੂੰ ਹੋਰ ਬੇਹਤਰ ਬਣਾਉਣ ਲਈ ਐਸੋਸੀਏਸ਼ਨ ਵੱਲੋਂ ਕਰਵਾਏ ਸੈਮੀਨਾਰ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ। ਉਨ੍ਹਾਂ ਨੂੰ ਇਸ ਸੈਮੀਨਾਰ ਵਿੱਚੋਂ ਨਿਕਲ ਕੇ ਸਾਹਮਣੇ ਆਏ ਨੁਕਤਿਆਂ 'ਤੇ ਭਰਪੂਰ ਚਰਚਾ ਕੀਤੀ ਅਤੇ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਕੁੱਝ ਮੁੱਦਿਆਂ ਉੱਪਰ ਸਹਿਯੋਗ ਦੀ ਅਪੀਲ ਕੀਤੀ । ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਸੋਸੀਏਸ਼ਨ ਦੇ ਆਗੂਆਂ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਕੀਤੇ ਜਾ ਰਹੇ ਸਾਰਥਕ ਯਤਨਾਂ ਅਤੇ ਮੀਡੀਆ ਜਗਤ ਨਾਲ ਬਿਹਤਰ ਤਾਲਮੇਲ ਰੱਖਣ ਲਈ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦਾ ਸਨਮਾਨ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਇਸ ਸਨਮਾਨ ਲਈ ਪੂਰੀ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਐਸੋਸੀਏਸ਼ਨ ਵੱਲੋਂ ਕਰਵਾਏ ਸੈਮੀਨਾਰ ਨੂੰ ਇੱਕ ਉਸਾਰੂ ਕਦਮ ਦੱਸਦਿਆਂ ਇਸ ਦੌਰਾਨ ਉਠਾਏ ਗਏ ਨੁਕਤਿਆਂ ਤੇ ਮੁੱਦਿਆਂ ਉੱਪਰ ਆਪਣੀ ਸਹਿਮਤੀ ਜਤਾਉਂਦਿਆਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਤੇ ਨਾਲ ਹੀ ਹੁਸ਼ਿਆਰਪੁਰ ਜ਼ਿਲ੍ਹੇ ਦੀ ਤਰੱਕੀ ਲਈ ਮੀਡੀਆ ਦੇ ਸਹਿਯੋਗ ਨੂੰ ਬੇਹੱਦ ਅਹਿਮ ਦੱਸਿਆ।

## ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਧਾ ਕੇ ਭਾਜਪਾ ਨੇ ਜਨਤਾ ਨੂੰ ਫਿਰ ਦਿੱਤਾ ਮਹਿੰਗਾਈ ਦਾ ਤੋਹਫ਼ਾ : ਬਲਤੇਜ ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਪੈਟਰੋਲ-ਡੀਜ਼ਲ ਦੀਆਂ ਅਸਮਾਨ ਛੂਹ ਰਹੀਆਂ ਕੀਮਤਾਂ ਨੂੰ ਲੈ ਕੇ ਭਾਜਪਾ 'ਤੇ ਤਿੱਖਾ ਹਮਲਾ ਬੋਲਿਆ ਹੈ। ਪੰਨੂ ਨੇ ਕਿਹਾ ਕਿ ਦੇਸ਼ ਦੇ ਲੋਕਾਂ ਨੂੰ ਭਾਜਪਾ ਨੇ ਅੱਜ ਫਿਰ ਮਹਿੰਗਾਈ ਦਾ ਤੋਹਫ਼ਾ ਦੇ ਦਿੱਤਾ ਹੈ। ਕੇਂਦਰ ਸਰਕਾਰ ਨੇ ਇੱਕ ਵਾਰ ਫਿਰ ਡੀਜ਼ਲ ਦੀਆਂ ਕੀਮਤਾਂ ਵਿੱਚ 2.71 ਰੁਪਏ ਅਤੇ ਪੈਟਰੋਲ ਵਿੱਚ 2.61 ਰੁਪਏ ਪ੍ਰਤੀ ਲੀਟਰ ਦਾ ਵੱਡਾ ਵਾਧਾ ਕਰ ਦਿੱਤਾ ਹੈ।ਉਨ੍ਹਾਂ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਪਿਛਲੇ ਮਹਿਜ਼ 10 ਦਿਨਾਂ ਦੇ ਅੰਦਰ ਹੀ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ 7.50 ਰੁਪਏ ਪ੍ਰਤੀ ਲੀਟਰ ਦਾ ਵੱਡਾ ਵਾਧਾ ਕੀਤਾ ਜਾ ਚੁੱਕਾ ਹੈ। ਭਾਜਪਾ ਦੀਆਂ ਇਹ ਲੋਕ-ਵਿਰੋਧੀ ਨੀਤੀਆਂ ਨਾ ਸਿਰਫ਼ ਸਾਡੀ ਕਿਸਾਨੀ ਲਈ ਘਾਤਕ ਹਨ, ਬਲਕਿ ਵਪਾਰ ਜਗਤ ਦਾ ਵੀ ਲੱਕ ਤੋੜ ਰਹੀਆਂ ਹਨ। ਅੱਜ ਦੇਸ਼ ਦਾ ਹਰ ਆਮ ਆਦਮੀ ਇਸ ਲੱਕ-ਤੋੜ ਮਹਿੰਗਾਈ ਦੇ ਬੋਝ ਹੇਠ ਦੱਬਿਆ ਗਿਆ ਹੈ।ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ 'ਤੇ ਨਿਸ਼ਾਨਾ ਸਾਧਦਿਆਂ ਬਲਤੇਜ ਪੰਨੂ ਨੇ ਸਵਾਲ ਕੀਤਾ ਕਿ ਜਾਖੜ ਆਖਰ ਕਿਸ ਮੂੰਹ ਨਾਲ ਨਗਰ ਨਿਗਮ ਚੋਣਾਂ ਵਿੱਚ ਭਾਜਪਾ ਲਈ ਵੋਟਾਂ ਮੰਗ ਰਹੇ ਹਨ? ਜਾਖੜ ਨੂੰ ਪੰਜਾਬ ਅਤੇ ਦੇਸ਼ ਦੀ ਜਨਤਾ ਨੂੰ ਜਵਾਬ ਦੇਣਾ ਚਾਹੀਦਾ ਹੈ ਕਿ ਬੀਤੇ ਕੁਝ ਦਿਨਾਂ ਵਿੱਚ ਪੈਟਰੋਲ-ਡੀਜ਼ਲ ਦੇ ਦਾਮ 7.50 ਰੁਪਏ ਵਧਾਉਣ ਤੋਂ ਬਾਅਦ ਉਨ੍ਹਾਂ ਕੋਲ ਅਜਿਹੀ ਕਿਹੜੀ ਉਪਲਬਧੀ ਹੈ, ਜਿਸ ਨੂੰ ਲੈ ਕੇ ਉਹ ਪੰਜਾਬ ਦੇ ਲੋਕਾਂ ਵਿੱਚ ਜਾ ਰਹੇ ਹਨ। ਪੰਜਾਬ ਦੀ ਜਨਤਾ ਇਸ ਧੋਖੇ ਨੂੰ ਚੰਗੀ ਤਰ੍ਹਾਂ ਸਮਝਦੀ ਹੈ ਅਤੇ ਉਹ ਇਸ ਲੁੱਟ ਖ਼ਿਲਾਫ਼ ਚੋਣਾਂ ਵਿੱਚ ਭਾਜਪਾ ਨੂੰ ਉਸ ਦੀ ਸਹੀ ਜਗ੍ਹਾ ਦਿਖਾਏਗੀ।



## ਪੰਜਾਬ 'ਚ ਹਾਈ-ਰਿਸਕ ਡਿਲਿਵਰੀ ਤੇ ਨਵਜਾਤ ਸ਼ਿਸ਼ੂ ਸਿਹਤ ਸੇਵਾਵਾਂ ਨੂੰ ਮਜ਼ਬੂਤੀ ਮਿਲੀ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਵਿੱਚ ਭਗਵੰਤ ਮਾਨ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਰਾਹੀਂ ਹਾਈ-ਰਿਸਕ ਗਰਭਾਵਸਥਾ ਅਤੇ ਨਵਜਾਤ ਸ਼ਿਸ਼ੂ ਸਿਹਤ ਸੇਵਾਵਾਂ ਨੂੰ ਖਾਸ ਤੌਰ 'ਤੇ ਮਜ਼ਬੂਤੀ ਮਿਲ ਰਹੀ ਹੈ। ਇਹ ਯੋਜਨਾ ਜਟਿਲ ਪ੍ਰਸਵ ਅਤੇ ਗੰਭੀਰ ਤੌਰ 'ਤੇ ਬੀਮਾਰ ਨਵਜਾਤ ਸ਼ਿਸ਼ੂਆਂ ਦੇ ਇਲਾਜ ਨੂੰ ਪਰਵਾਰਾਂ ਲਈ ਬਿਨਾਂ ਕਿਸੇ ਆਰਥਿਕ ਬੋਝ ਦੇ ਆਸਾਨ ਬਣਾ ਰਹੀ ਹੈ।ਭਾਰਤ ਦੇ ਰਾਸ਼ਟਰੀ ਪਰਿਵਾਰ ਸਿਹਤ ਸਰਵੇਖਣ (ਨੇਸ਼ਨਲ ਫੈਮਿਲੀ ਹੈਲਥ ਸਰਵੇ-5) 'ਤੇ ਆਧਾਰਿਤ ਇੱਕ ਮਹੱਤਵਪੂਰਨ ਅਧਿਐਨ ਅਨੁਸਾਰ ਦੇਸ਼ ਵਿੱਚ ਲਗਭਗ ਹਰ ਦੋ ਵਿੱਚੋਂ ਇੱਕ ਗਰਭਾਵਸਥਾ ਹਾਈ-ਰਿਸਕ ਸ਼੍ਰੇਣੀ ਵਿੱਚ ਆਉਂਦੀ ਹੈ ਕਾਰਣ ਜਿਵੇਂ ਕਿ ਸਿੱਖਿਆ ਦੀ ਘਾਟ, ਗਰੀਬੀ, ਦੋ ਗਰਭਾਂ ਦੇ ਵਿਚਕਾਰ ਘੱਟ ਅੰਤਰਾਲ, ਪਿਛਲੀਆਂ ਪ੍ਰਸਵ ਜਟਿਲਤਾਵਾਂ ਤੇ ਪਹਿਲਾਂ ਹੋਈਆਂ ਸਿਜੇਰੀਅਨ ਡਿਲਿਵਰੀਆਂ ਮਾਂ ਅਤੇ ਬੱਚੇ ਦੋਵਾਂ ਲਈ ਜੋਖਮ ਪੈਦਾ ਕਰਦੀਆਂ ਹਨ।ਰਾਜ ਸਿਹਤ ਏਜੰਸੀ ਤੋਂ ਪ੍ਰਾਪਤ ਅਧਿਕਾਰਕ ਅੰਕੜਿਆਂ ਅਨੁਸਾਰ 25 ਮਈ ਤੱਕ ਯੋਜਨਾ ਦੇ ਤਹਿਤ ਮਾਤਰਤਵ ਅਤੇ ਨਵਜਾਤ ਸੰਭਾਲ ਦੇ ਕੁੱਲ 7,300 ਮਾਮਲਿਆਂ ਵਿੱਚ ਇਲਾਜ ਪ੍ਰਦਾਨ ਕੀਤਾ ਗਿਆ, ਜਿਸ 'ਤੇ ਲਗਭਗ 7.04 ਕਰੋੜ ਦਾ ਖ਼ਰਚ ਹੋਇਆ। ਇਨ੍ਹਾਂ ਵਿੱਚ 5,300 ਹਾਈ-ਰਿਸਕ ਸਿਜੇਰੀਅਨ ਡਿਲਿਵਰੀਆਂ ਸ਼ਾਮਲ ਹਨ, ਜਿਨ੍ਹਾਂ 'ਤੇ 6.37 ਕਰੋੜ ਖ਼ਰਚ ਕੀਤੇ ਗਏ।

## ਏ ਜੀ ਆਈ ਕ੍ਰਿਕਟ ਐਕਸੀਲੈਂਸ ਸੈਂਟਰ 'ਚ ਪ੍ਰੈਕਟਿਸ ਸੈਸ਼ਨ ਕਰਵਾਇਆ



**ਜਲੰਧਰ (ਰਾਜੇਸ਼ ਥਾਪਾ)**

ਜਲੰਧਰ ਡਿਸਟ੍ਰਿਕਟ ਕ੍ਰਿਕਟ ਐਸੋਸੀਏਸ਼ਨ ਦੇ ਕੋਚ ਦੀ ਬੇਨਤੀ 'ਤੇ ਏ ਜੀ ਆਈ ਗਲੋਬਲ ਸਕੂਲ ਦੇ ਖੇਡ ਮੈਦਾਨ ਵਿੱਚ ਬਣੇ ਨਵੇਂ ਏ ਜੀ ਆਈ ਕ੍ਰਿਕਟ ਐਕਸੀਲੈਂਸ ਸੈਂਟਰ ਵਿੱਚ ਰਾਜ ਦੀਆਂ ਜੂਨੀਅਰ ਕੁੜੀ ਕ੍ਰਿਕਟਰਾਂ ਲਈ ਚਾਰ ਘੰਟਿਆਂ ਦਾ ਪ੍ਰੀ-ਇਨਾਗਰੇਸ਼ਨ ਪ੍ਰੈਕਟਿਸ ਸੈਸ਼ਨ ਸਫਲਤਾਪੂਰਵਕ ਕਰਵਾਇਆ ਗਿਆ।ਇਸ ਖਾਸ ਪ੍ਰੈਕਟਿਸ ਸੈਸ਼ਨ ਵਿੱਚ ਰਾਜ ਭਰ ਤੋਂ ਲਗਭਗ ਤੀਹ ਹੋਣਹਾਰ ਜੂਨੀਅਰ ਕੁੜੀ ਕ੍ਰਿਕਟਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਹ ਸੈਸ਼ਨ ਤਜਰਬੇਕਾਰ ਰਾਸ਼ਟਰੀ ਪੱਧਰ ਦੇ ਕ੍ਰਿਕਟ ਕੋਚ ਤੇ ਮਾਹਿਰਾਂ ਦੀ ਦੇਖ-ਰੇਖ ਹੇਠ ਕਰਵਾਇਆ ਗਿਆ।ਖਿਡਾਰੀਆਂ ਦੇ ਕਈ ਮਾਪਿਆਂ ਨੇ ਵੀ ਸੈਂਟਰ ਦਾ ਦੌਰਾ ਕੀਤਾ ਤੇ ਆਧੁਨਿਕ ਸਹੂਲਤਾਂ, ਅਨੁਸ਼ਾਸਿਤ ਮਾਹੌਲ ਅਤੇ ਸ਼ਾਨਦਾਰ ਖੇਡ ਢਾਂਚਾ ਵੇਖ ਕੇ ਖ਼ੁਸ਼ੀ ਅਤੇ ਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਨੇ ਖਾਸ ਕਰਕੇ ਕੁੜੀਆਂ ਦੀ ਸੁਰੱਖਿਆ ਲਈ ਕੀਤੇ ਮਜ਼ਬੂਤ ਸੁਰੱਖਿਆ ਪ੍ਰਬੰਧਾਂ ਅਤੇ ਸ਼ਾਂਤ ਮਾਹੌਲ ਦੀ ਬਹੁਤ ਸਰਾਹਨਾ ਕੀਤੀ।ਰਾਜ ਦੀਆਂ ਜੂਨੀਅਰ ਕੁੜੀ ਕ੍ਰਿਕਟਰਾਂ ਨੇ ਵੀ ਕ੍ਰਿਕਟ ਐਕਸੀਲੈਂਸ ਸੈਂਟਰ ਦੀਆਂ ਉੱਚ ਪੱਧਰੀ ਸਹੂਲਤਾਂ ਅਤੇ ਸੁਰੱਖਿਅਤ ਮਾਹੌਲ ਦੀ ਪ੍ਰਸ਼ੰਸਾ ਕੀਤੀ।

## ਮੇਹਰ ਚੰਦ ਪੋਲੀਟੈਕਨਿਕ ਵਿਖੇ ਦਾਖਲੇ ਲਈ ਰਜਿਸਟਰੇਸ਼ਨ ਸ਼ੁਰੂ

**ਜਲੰਧਰ (ਸ਼ੈਲੀ ਐਲਬਰਟ)**

ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਤੇ ਪੰਜਾਬ ਦੇ ਹੋਰ ਦੂਜੇ ਬਹੁਤਕਨੀਕੀ ਕਾਲਜਾਂ ਵਿੱਚ ਐਡਮਿਸ਼ਨ ਲੈਣ ਲਈ ਪਹਿਲੇ ਰਾਂਉਡ ਦੀ ਕਾਂਉਸਲਿੰਗ 15 ਮਈ ਤੋਂ ਸ਼ੁਰੂ ਹੋ ਗਈ ਹੈ।ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਪਹਿਲੇ ਗੇੜ ਦੀ ਆਨਲਾਈਨ ਰੈਜਿਸਟ੍ਰੇਸ਼ਨ 15 ਜੂਨ ਤੋਂ 9 ਜੂਨ ਤੱਕ ਚਲੇਗੀ ਅਤੇ 28 ਜੂਨ ਤੋਂ 10 ਜੂਨ ਤੱਕ ਵਿਦਿਆਰਥੀ ਚੁਆਇਸ ਫਿਲਿਗ ਯਾਨਿ ਆਪਣਾ ਮਨਭਾਉਂਦਾ ਕੋਰਸ ਚੁਣ ਸਕਦੇ ਹਨ , ਜਿਸ ਦਾ ਰਿਜਲਟ 15 ਜੂਨ ਨੂੰ ਆਵੇਗਾ ਤੇ ਸਫਲ ਹੋਏ ਵਿਦਿਆਰਥੀ 15 ਜੂਨ ਤੋਂ 22 ਜੂਨ ਤੱਕ ਸਬੰਧਤ ਕਾਲਜ ਵਿੱਚ ਰਿਪੋਰਟ ਕਰਨਗੇ। ਇਸ ਦੇ ਨਾਲ ਹੀ ਦੂਜੇ ਗੇੜ ਦੀ ਆਨਲਾਈਨ ਰੈਜਿਸਟ੍ਰੇਸ਼ਨ 26 ਜੂਨ ਤੋਂ 6 ਜੁਲਾਈ ਤੱਕ ਚਲੇਗੀ ਤੇ 26 ਜੂਨ ਤੋਂ 7 ਜੁਲਾਈ ਤੱਕ ਵਿਦਿਆਰਥੀ ਆਪਣਾ ਮਨਭਾਉਂਦਾ ਕੋਰਸ ਚੁਣ ਸਕਦੇ ਹਨ , ਜਿਸ ਦਾ ਰਿਜਲਟ 10 ਜੁਲਾਈ ਨੂੰ ਆਵੇਗਾ ਤੇ ਸਫਲ ਹੋਏ ਵਿਦਿਆਰਥੀ 13 ਜੁਲਾਈ ਤੋਂ 20 ਜੁਲਾਈ ਤੱਕ ਸਬੰਧਤ ਕਾਲਜ ਵਿੱਚ ਰਿਪੋਰਟ ਕਰਨਗੇ। ਉਸ ਦੇ ਨਾਲ ਤੀਜੇ ਤੇ ਆਖਰੀ ਗੇੜ ਦੀ ਕਾਂਉਸਲਿੰਗ 27 ਜੁਲਾਈ ਤੋਂ 15 ਅਗਸਤ ਤੱਕ ਚਲੇਗੀ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਕਾਲਜ ਦੀਆਂ ਕਾਫੀ ਸੀਟਾਂ ਤੇ ਰਜਿਸਟਰੇਸ਼ਨ ਪਹਿਲਾਂ ਹੀ ਹੋ ਚੁੱਕੀ ਹੈ। ਇਸ ਲਈ ਦੱਸਵੀ, ਗਿਆਰਵੀਂ ਜਾ ਬਾਰਵੀਂ ਪਾਸ ਵਿਦਿਆਰਥੀ ਛੇਤੀ ਤੋਂ ਛੇਤੀ ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਿਖੇ ਰਿਪੋਰਟ ਕਰਨ। ਇਸ ਕਾਲਜ ਨੂੰ 2025 ਵਿੱਚ ਨੈਸ਼ਨਲ ਐਵਾਰਡ ਮਿਲਿਆ ਹੈ ਤੇ ਇਸਦੇ ਕਈ ਪ੍ਰੋਗਾਮਾਂ ਨੂੰ ਐੱਨ ਬੀਏ ਚਲੋਂ ਐਕਰੀਡੀਟੇਸ਼ਨ ਮਿਲ ਚੁੱਕੀ ਹੈ। ਆਪਣੇ ਕਰੀਅਰ ਨੂੰ ਨਵੇਂ ਆਯਾਮ ਦੇਣ ਲਈ ਮੇਹਰ ਚੰਦ ਪੋਲੀਟੈਕਨਿਕ ਕਾਲਜ ਤੋਂ ਵਧੀਆ ਅਦਾਰਾ ਵਿਦਿਆਰਥੀਆਂ ਲਈ ਮਿਲਣਾ ਮੁਸ਼ਕਿਲ ਹੈ, ਜਿੱਥੇ ਨਾ ਸਿਰਫ ਵਿਦਿਆਰਥੀਆਂ ਨੂੰ ਤਕਨੀਕੀ ਮਾਹਿਰ ਬਣਾਇਆਂ ਜਾਂਦਾ ਹੈ, ਉਹਨਾਂ ਨੂੰ ਇਕ ਬੇਹਤਰੀਨ ਇਨਸਾਨ ਬਨਾਉਣ ਲਈ ਹਰ ਸੰਭਵ ਪ੍ਰਯਾਸ ਕੀਤਾ ਜਾਂਦਾ ਹੈ।



## ਲੇਖਕਾਂ ਤੇ ਸਾਹਿਤਕਾਰਾਂ ਨੂੰ ਸਨਮਾਨਤ ਕਰਨ ਲਈ ਇਨਾਮ ਵੰਡ ਸਮਾਰੋਹ

**ਚੰਡੀਗੜ੍ਹ (ਸੁਰਜੀਤ ਸੁਮਨ)**

ਚੰਡੀਗੜ੍ਹ ਸਾਹਿਤ ਅਕਾਦਮੀ ਵੱਲੋਂ ਰਾਣੀ ਲਕਸ਼ਮੀ ਬਾਈ ਆਡੀਟੋਰਿਅਮ, ਸੈਕਟਰ-38, ਚੰਡੀਗੜ੍ਹ ਵਿੱਚ ਵਰ੍ਹਾ 2024 ਦੌਰਾਨ ਇਨਾਮ ਲਈ ਐਲਾਨੇ ਲੇਖਕਾਂ ਅਤੇ ਸਾਹਿਤਕਾਰਾਂ ਨੂੰ ਸਨਮਾਨਤ ਕਰਨ ਲਈ ਇੱਕ ਵਿਸ਼ਾਲ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਪ੍ਰੋਫੈਸਰ ਰਤਨ ਸਿੰਘ, ਵਾਈਸ ਚਾਂਸਲਰ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਸਨ, ਜਦਕਿ ਸਮਾਗਮ ਦੀ ਅਧਿਆਕਸ਼ਤਾ ਰਾਸ਼ਟਰੀ ਸਾਹਿਤ ਅਕਾਦਮੀ ਦੇ ਅਧਿਆਕਸ਼ ਡਾ. ਮਾਧਵ ਕੌਸ਼ਿਕ ਨੇ ਕੀਤੀ। ਸਮਾਗਮ ਦੇ ਆਰੰਭ ਵਿੱਚ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਚੇਅਰਮੈਨ ਡਾ. ਮਨਮੋਹਨ ਸਿੰਘ ਨੇ ਸਾਰੇ ਮਹਿਮਾਨਾਂ ਤੇ ਸਾਹਿਤਕਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਚੰਡੀਗੜ੍ਹ ਸਾਹਿਤ ਅਕਾਦਮੀ ਸਾਹਿਤ, ਭਾਸ਼ਾ ਅਤੇ ਸਭਿਆਚਾਰ ਦੇ ਵਿਕਾਸ ਲਈ ਨਿਰੰਤਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਾਹਿਤ ਸਮਾਜ ਦਾ ਦਰਪਣ ਹੁੰਦਾ ਹੈ ਅਤੇ ਲੇਖਕ ਆਪਣੀ ਕਲਮ ਰਾਹੀਂ ਸਮਾਜ ਨੂੰ ਨਵੀਂ ਦਿਸ਼ਾ ਦਿੰਦੇ ਹਨ। ਮੁੱਖ ਮਹਿਮਾਨ ਪ੍ਰੋ. ਰਤਨ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਾਹਿਤ ਸਮਾਜ ਦੀ ਆਤਮਾ ਹੈ, ਜੋ ਮਨੁੱਖ ਨੂੰ ਸੰਵੇਦਨਸ਼ੀਲਤਾ, ਸੰਸਕਾਰਾਂ ਅਤੇ ਮਨੁੱਖੀ ਮੁੱਲਾਂ ਨਾਲ ਜੋੜਦਾ ਹੈ। ਰਾਸ਼ਟਰੀ ਸਾਹਿਤ ਅਕਾਦਮੀ ਦੇ ਪ੍ਰਧਾਨ ਡਾ. ਮਾਧਵ ਕੌਸ਼ਿਕ ਨੇ ਆਪਣੇ ਪ੍ਰਧਾਨਗੀ ਸੰਬੋਧਨ ਵਿੱਚ ਕਿਹਾ ਕਿ ਮੌਜੂਦਾ ਸਮੇਂ ਵਿੱਚ ਸਾਹਿਤ ਪ੍ਰਤੀ ਲੋਕਾਂ ਦੀ ਰੁਚੀ ਲਗਾਤਾਰ ਵੱਧ ਰਹੀ ਹੈ, ਜੋ ਸਮਾਜ ਲਈ ਇੱਕ ਸਕਾਰਾਤਮਕ ਸੰਕੇਤ ਹੈ।ਇਸ ਮੌਕੇ 'ਤੇ ਅਕਾਦਮੀ ਦੇ ਉਪ ਪ੍ਰਧਾਨ ਡਾ. ਅਨੀਸ਼ ਗਰਗ ਅਤੇ ਸਕੱਤਰ ਸੁਭਾਸ਼ ਭਾਸਕਰ ਵੀ ਮੌਜੂਦ ਰਹੇ।'ਬੁੱਕ ਆਫ ਦ ਈਅਰ ਅਵਾਰਡ' ਅਧੀਨ ਰਾਜਵੀਰ ਦੇਸ਼ਵਾਲ, ਪ੍ਰੋਫੈਸਰ ਯੋਜਨਾ ਰਾਵਤ, ਵਿਜੈ ਕਪੂਰ, ਲਿਲੀ ਸਵਰਨ, ਬਹਾਦੁਰ ਸਿੰਘ ਗੌਸਲ, ਹਰਬੰਸ ਕੌਰ ਗਿੱਲ, ਪੰਕਜ ਮਾਲਵੀਯ ਅਤੇ ਰਾਜੇਂਦਰ ਨਿਸ਼ੇਸ਼ ਨੂੰ ਯਾਦਗਾਰੀ ਚਿੰਨ੍ਹ ਅਤੇ ਨਗਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਪੁਸਤਕ ਪ੍ਰਕਾਸ਼ਨ ਅਨੁਦਾਨ ਯੋਜਨਾ ਅਧੀਨ ਚੁਣੇ ਗਏ ਲੇਖਕਾਂ ਵਿੱਚ ਪ੍ਰੇਮ ਵਿਜ, ਸ਼ਸ਼ੀ ਪ੍ਰਭਾ, ਧੀਰਜਾ ਸ਼ਰਮਾ, ਪ੍ਰਗਿਆ ਸ਼ਾਰਦਾ, ਮੋਹਨਲਾਲ ਜਾਟ, ਅਲਕਾ ਕਾਂਸਰਾ, ਰਾਜੇਂਦਰ ਧਵਨ, ਬ੍ਰਿਜਭੂਸ਼ਣ, ਮਨੋਜ ਕੁਮਾਰ, ਰਵਿੰਦਰ ਟੰਡਨ, ਹਰਲੀਨ ਕੌਰ, ਦਵਿੰਦਰ ਕੌਰ, ਸਿਮਰਨਜੀਤ ਕੌਰ ਗਰੇਵਾਲ, ਹਰਦੇਵ ਚੌਹਾਨ, ਗੁਰਦਰਸ਼ਨ ਸਿੰਘ ਮਾਵੀ, ਹਰੀਸ਼ ਜੈਨ, ਸੁਭਾਸ਼ ਸ਼ਰਮਾ, ਰਾਜੇਸ਼ ਅਤਰੇ ਅਤੇ ਸਤੀਸ਼ ਥਿੰਡ ਨੂੰ ਅਨੁਦਾਨ ਰਕਮ ਅਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਡਾ. ਅਨੀਸ਼ ਗਰਗ ਨੇ ਸਾਰੇ ਮਹਿਮਾਨਾਂ, ਸਾਹਿਤਕਾਰਾਂ, ਸਨਮਾਨਿਤ ਰਚਨਾਕਾਰਾਂ ਅਤੇ ਮੌਜੂਦ ਸਰੋਤਿਆਂ ਦਾ ਧੰਨਵਾਦ ਕੀਤਾ।



## ਵਿਸ਼ਵ ਤੰਬਾਕੂ ਮੁਕਤੀ ਦਿਵਸ ਮਨਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਸਿਵਲ ਸਰਜਨ ਐਸ.ਏ.ਐਸ. ਨਗਰ (ਮੋਹਾਲੀ) ਡਾ. ਸੰਗੀਤਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡੇਰਾਬੱਸੀ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਧਰਮਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਸਥਾਨਕ ਗੁਰਨਾਮ ਸਿੰਘ ਸੈਣੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਡੇਰਾਬੱਸੀ ਵਿਖੇ 'ਵਿਸ਼ਵ ਤੰਬਾਕੂ ਮੁਕਤੀ ਦਿਵਸ' ਨੂੰ ਸਮਰਪਿਤ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਮਨੋਰਥ ਸਕੂਲੀ ਵਿਦਿਆਰਥੀਆਂ ਅਤੇ ਨੌਜਵਾਨ ਪੀੜ੍ਹੀ ਨੂੰ ਤੰਬਾਕੂ ਅਤੇ ਹੋਰ ਨਸ਼ੀਲੇ ਪਦਾਰਥਾਂ ਦੇ ਸੇਵਨ ਨਾਲ ਸਿਹਤ 'ਤੇ ਪੈਣ ਵਾਲੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਦੇ ਅੰਦਰੂਨੀ ਹੁਨਰ ਨੂੰ ਪਰਖਣ ਅਤੇ ਵਿਸ਼ੇ ਪ੍ਰਤੀ ਸੋਚ ਨੂੰ ਉਭਾਰਨ ਲਈ ਇੱਕ ਵਿਸ਼ੇਸ਼ ਪੋਸਟਰ ਮੇਕਿੰਗ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਸਕੂਲ ਦੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ?ਇਸ ਮੌਕੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਦਿਆਂ ਕੋਟਪਾ ਦੇ ਨੋਡਲ ਅਫ਼ਸਰ ਡਾ. ਰਾਹੁਲ ਮਹਾਜਨ ਨੇ ਸਕੂਲੀ ਬੱਚਿਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਤੰਬਾਕੂ ਦੇ ਸਿਹਤ 'ਤੇ ਪੈਣ ਵਾਲੇ ਘਾਤਕ ਅਸਰਾਂ ਬਾਰੇ ਹੈਰਾਨੀਜਨਕ ਅਤੇ ਚਿੰਤਾਜਨਕ ਅੰਕੜੇ ਸਾਂਝੇ ਕੀਤੇ। ਉਨ੍ਹਾਂ ਬਹੁਤ ਹੀ ਸਰਲ ਪਰ ਪ੍ਰਭਾਵਸ਼ਾਲੀ ਢੰਗ ਨਾਲ ਸਮਝਾਉਂਦਿਆਂ ਕਿਹਾ, 'ਇੱਕ ਸਿੰਗਲ ਸਿਗਰਟ ਮਨੁੱਖੀ ਜ਼ਿੰਦਗੀ ਦੇ ਕੀਮਤੀ 11 ਮਿੰਟ ਨਸ਼ਟ ਕਰ ਦਿੰਦੀ ਹੈ ਤੇ ਸਿਗਰਟ ਦਾ ਇੱਕ ਪੂਰਾ ਪੈਕਟ ਇਨਸਾਨ ਦੀ ਜ਼ਿੰਦਗੀ ਦੇ 3 ਘੰਟੇ 40 ਮਿੰਟ ਨਿਗਲ ਜਾਂਦਾ ਹੈ'। ?ਉਨ੍ਹਾਂ ਅੱਗੇ ਦੱਸਿਆ ਕਿ ਤੰਬਾਕੂ ਅਤੇ ਸਿਗਰਟਨੋਸ਼ੀ ਦੇ ਕਾਰਨ ਦੇਸ਼ ਭਰ ਵਿੱਚ ਹਰ ਘੰਟੇ ਦੌਰਾਨ 137 ਲੋਕ ਆਪਣੀ ਜਾਨ ਗੁਆ ਰਹੇ ਹਨ। ਜੇਕਰ ਵਿਸ਼ਵ ਪੱਧਰ ਦੀ ਗੱਲ ਕੀਤੀ ਜਾਵੇ ਤਾਂ ਦੁਨੀਆ ਵਿੱਚ ਹਰ 6 ਸੈਕੰਡ ਵਿੱਚ ਇੱਕ ਵਿਅਕਤੀ ਦੀ ਮੌਤ ਦਾ ਸਿੱਧਾ ਜਾਂ ਅਸਿੱਧਾ ਕਾਰਨ ਸਿਗਰਟ ਜਾਂ ਤੰਬਾਕੂ ਦਾ ਸੇਵਨ ਹੀ ਬਣ ਰਿਹਾ ਹੈ। ?ਪ੍ਰੋਗਰਾਮ ਦੇ ਅਖੀਰ ਵਿੱਚ ਸਕੂਲ ਵਿਖੇ ਕਰਵਾਏ ਗਏ ਪੋਸਟਰ ਮੇਕਿੰਗ ਮੁਕਾਬਲੇ ਦੇ ਨਤੀਜਿਆਂ ਦਾ ਐਲਾਨ ਕੀਤਾ ਗਿਆ।



## ਮੇਰੀ ਰਸੋਈ ਸਕੀਮ ਤਹਿਤ ਵਿਧਾਇਕ ਨੇ ਰਾਸ਼ਨ ਕਿੱਟਾਂ ਵੰਡੀਆਂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਅਜਨੋਹਾ ਵਿਖੇ ਮੇਰੀ ਰਸੋਈ ਸਕੀਮ ਤਹਿਤ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਵੱਲੋਂ ਰਾਸ਼ਨ ਕਿੱਟ ਵੰਡ ਕੇ ਆਰੰਭਤਾ ਕੀਤੀ ਗਈ। ਇਸ ਮੌਕੇ ਹਲਕਾ ਵਿਧਾਇਕ ਚੱਬੇਵਾਲ ਡਾਕਟਰ ਇਸ਼ਾਂਕ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਹੋਏ ਵਾਅਦੇ ਪੂਰੇ ਕੀਤੇ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਹਨ। ਉਹਨਾਂ ਕਿਹਾ ਹੈ ਕਿ ਸਿਹਤ ਸੁਰੱਖਿਆ ਲਈ 10 ਲੱਖ ਦੇ ਹੈਲਥ ਕਾਰਡ, ਤੀਰਥ ਯਾਤਰਾ, ਰਾਸ਼ਨ ਕਿੱਟ, ਪੰਜਾਬ ਵਿੱਚ ਬਿਜਲੀ ਮੁਫਤ ਅਤੇ ਹੋਰ ਕਈ ਲੋਕ ਭਲਾਈ ਵੱਖ ਵੱਖ ਪ੍ਰੋਜੈਕਟ ਪੰਜਾਬ ਵਿੱਚ ਚੱਲ ਰਹੇ ਹਨ। ਇਸ ਮੌਕੇ ਹਲਕਾ ਵਿਧਾਇਕ ਡਾਕਟਰ ਇਸ਼ਾਂਕ ਕੁਮਾਰ ਹਲਕਾ ਚੱਬੇਵਾਲ ਨੇ ਪਿੰਡ ਚੱਬੇਵਾਲ ਅਤੇ ਪਿੰਡ ਅਜਨੋਹਾ ਵਿਖੇ ਮੇਰੀ ਰਸੋਈ ਸਕੀਮ ਤਹਿਤ ਰਾਸ਼ਨ ਦੀਆਂ ਕਿੱਟਾਂ ਵੰਡ ਕੇ ਆਰੰਭਤਾ ਕੀਤੀ। ਉਨ੍ਹਾਂ ਕਿਹਾ ਕਿ 2027 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੁਬਾਰਾ ਬਣੇਗੀ। ਇਸ ਮੌਕੇ ਡਾਕਟਰ ਇਸ਼ਾਂਤ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਲੋਕਾਂ ਦੀਆਂ ਸਮੱਸਿਆ ਸੁਣੀਆਂ ਤੇ ਉਸ ਨੂੰ ਤੁਰੰਤ ਹੱਲ ਕਰਨ ਦਾ ਭਰੋਸਾ ਦਿੱਤਾ।ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਪੰਜਾਬ ਸਰਕਾਰ ਵੱਲੋਂ ਚੱਲ ਰਹੀਆਂ ਸਕੀਮਾਂ ਸਬੰਧੀ ਲੋਕਾਂ ਨੂੰ ਜਾਣਕਾਰੀ ਦਿੱਤੀ।ਇਸ ਮੌਕੇ ਪਿੰਡ ਵਾਸੀਆਂ ਵੱਲੋਂ ਮੁੱਖ ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਰਪੰਚ ਰਾਜਵਿੰਦਰ ਕੌਰ, ਹਰਕੀਅਤ ਸਿੰਘ ਗੋਰਖਾ, ਜਸਕਰਨ ਸਿੰਘ, ਅਸ਼ੋਕ ਕੁਮਾਰ, ਮਮਤਾ ਰਾਣੀ, ਸੁਖਵਿੰਦਰ ਕੌਰ, ਮੀਨਾ ਕੁਮਾਰੀ , ਬਲਜੀਤ ਕੌਰ, ਸੋਹਣ ਸਿੰਘ, ਮਨਦੀਪ ਸਿੰਘ, ਰਸ਼ਪਾਲ ਸਿੰਘ , ਅਮਰਜੀਤ ਸਿੰਘ,ਮਲਕੀਤ ਸਿੰਘ, ਜਸਵੀਰ ਸਿੰਘ, ਜਸਕਰਨ ਸਿੰਘ ਸੰਨੀ, ਹਰਕੀਰਤ ਸਿੰਘ, ਹਰਦੀਪ ਸਿੰਘ, ਸੁਖਵਿੰਦਰ ਸਿੰਘ, ਗੁਰਮੀਤ ਸਿੰਘ, ਬੁੱਧ ਸਿੰਘ ਆਦਿ ਹਾਜ਼ਰ ਸਨ।



## ਬਿਜਲੀ ਕਾਮਿਆਂ ਵੱਲੋਂ ਪਾਵਰਕਾਮ ਦੇ ਤਾਨਾਸ਼ਾਹੀ ਹੁਕਮਾਂ ਖਿਲਾਫ਼ ਗੇਟ ਰੈਲੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪਾਵਰਕੌਮ ਮੈਨੇਜਮੈਂਟ ਵੱਲੋਂ ਬਿਜਲੀ ਸਪਲਾਈ ਸੁਚਾਰੂ ਬਣਾਉਣ ਲਈ ਮੁਲਾਜ਼ਮਾਂ ਦੀ ਘਾਟ ਅਤੇ ਸਾਜੋ ਸਮਾਨ ਦੀ ਘਾਟ ਦੂਰ ਕਰਨ ਦੀ ਥਾਂ ਬਿਜਲੀ ਮੁਲਾਜ਼ਮਾਂ 'ਤੇ ਥੋਪੇ ਜਾ ਰਹੇ ਤਾਨਾਸ਼ਾਹੀ ਹੁਕਮਾਂ ਖਿਲਾਫ਼ ਜੁਆਇੰਟ ਫੋਰਮ ਦੇ ਸੱਦੇ 'ਤੇ ਉੱਪ ਮੰਡਲ ਦਾਤਾਰਪੁਰ ਵਿਖੇ ਗੇਟ ਰੈਲੀ ਕੀਤੀ ਗਈ। ਇੰਪਲਾਈਜ਼ ਫੈਡਰੇਸ਼ਨ ਦੇ ਉੱਪ ਮੰਡਲ ਪ੍ਰਧਾਨ ਵਿਨੋਦ ਕੁਮਾਰ ਤੇ ਟੀ ਐਸ ਯੂ ਦੇ ਸਕੱਤਰ ਗਣੇਸ਼ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ ਇਸ ਰੈਲੀ ਵਿੱਚ ਟੈਕਨੀਕਲ ਸਰਵਿਸਜ਼ ਯੂਨੀਅਨ (ਟੀ ਐਸ ਯੂ) ਦੇ ਮੰਡਲ ਪ੍ਰਧਾਨ ਜਗਜੀਤ ਸਿੰਘ ਨੇ ਵੀ ਸ਼ਿਰਕਤ ਕੀਤੀ।ਇਸ ਮੌਕੇ ਮੁਲਾਜ਼ਮ ਆਗੂਆਂ ਨੇ ਕਿਹਾ ਕਿ 30 ਅਪ੍ਰੈਲ ਨੂੰ ਪਾਵਰ ਮੈਨੇਜਮੈਂਟ ਨਾਲ ਹੋਈ ਮੀਟਿੰਗ ਵਿੱਚ ਵਿਚਾਰੇ ਮਸਲਿਆਂ ਦੇ 5 ਮਈ ਨੂੰ ਮਿੰਟਸ ਜਾਰੀ ਕਰਨ ਅਤੇ 15 ਮਈ ਨੂੰ ਹੋਈਆਂ ਸਹਿਮਤੀਆਂ ਲਾਗੂ ਕਰਨ ਦਾ ਭਰੋਸਾ ਦਿੱਤਾ ਗਿਆ ਸੀ। ਪਰ ਇਸ ਦੇ ਉਲਟ 20 ਮਈ ਨੂੰ ਮਨਮਰਜ਼ੀ ਵਾਲੇ ਮਿੰਟਸ ਜਾਰੀ ਕੀਤੇ ਗਏ ਹਨ ਅਤੇ ਬਹੁਤ ਹੀ ਮਹੱਤਵਪੂਰਨ ਮਸਲਿਆਂ ਨੂੰ ਲਾਗੂ ਕਰਨ ਦੀ ਬਜਾਏ ਫ਼ਿਰ ਵੱਟੇ ਖਾਤੇ ਪਾ ਦਿੱਤਾ ਹੈ। ਇਸ ਦੇ ਵਿਰੋਧ ਵਿੱਚ ਸਾਂਝੇ ਥੜ੍ਹੇ ਵਲੋਂ 21 ਮਈ ਤੋਂ ਦੁਬਾਰਾ ਵਰਕ ਟੂ ਰੂਲ ਸਮੇਤ ਸਾਰਾ ਸੰਘਰਸ਼ ਸ਼ੁਰੂ ਕੀਤਾ ਹੋਇਆ ਹੈ। ਆਗੂਆਂ ਕਿਹਾ ਕਿ ਪਾਵਰਕੌਮ ਮੈਨੇਜਮੈਂਟ ਮਸਲਿਆਂ ਨੂੰ ਨਿਬੇੜਨ ਦੀ ਬਜਾਏ ਟਕਰਾਅ ਦੀ ਨੀਤੀ 'ਤੇ ਚੱਲ ਕੇ ਫੀਲਡ ਵਿੱਚ ਪਹਿਲਾਂ ਹੀ ਕੰਮ ਦੇ ਬੋਝ ਹੇਠ ਦੱਬੇ ਬਿਜਲੀ ਕਾਮਿਆਂ ਨੂੰ ਹਰਾਸਮੈਂਟ ਕਰਨ ਦੀ ਨੀਤੀ 'ਤੇ ਚੱਲ ਪਈ ਹੈ ਅਤੇ ਮੁਲਾਜ਼ਮਾਂ ਉੱਤੇ ਤਾਨਾਸ਼ਾਹੀ ਹੁਕਮ ਚਾੜ੍ਹੇ ਜਾ ਰਹੇ ਹਨ। ਫੀਲਡ ਵਿੱਚ ਕਰਮਚਾਰੀਆਂ ਨੂੰ ਮੋਬਾਈਲ ਫੋਨ ਜਬਰੀ ਦੇਣ ਖਿਲਾਫ਼ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਸੱਦਾ ਦਿੱਤਾ ਕਿ ਵਰਕ ਟੂ ਰੂਲ ਨੂੰ ਪੂਰੀ ਮਜ਼ਬੂਤੀ ਨਾਲ ਫੀਲਡ ਵਿੱਚ ਲਾਗੂ ਕੀਤਾ ਜਾਵੇ, ਸੱਤ ਜੂਨ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿੱਚ ਰੋਸ ਪ੍ਰਦਰਸ਼ਨ ਕਰਨ ਅਤੇ 16 ਅਤੇ 17 ਜੂਨ ਦੀ ਦੋ ਰੋਜ਼ਾ ਮੁਕੰਮਲ ਹੜਤਾਲ ਕਰਨ ਦੀ ਤਿਆਰੀ ਕੀਤੀ ਜਾਵੇ। ਮੁਲਾਜ਼ਮ ਆਗੂਆਂ ਚੇਤਾਵਨੀ ਦਿੱਤੀ ਕਿ ਜੇਕਰ ਪਾਵਰਕੌਮ ਮੈਨੇਜਮੈਂਟ ਨੇ ਮੁਲਾਜ਼ਮਾਂ ਨੂੰ ਦਿੱਤੇ ਜਾ ਰਹੇ ਤਾਨਾਸ਼ਾਹੀ ਹੁਕਮ ਵਾਪਸ ਨਾ ਲਏ ਤਾਂ ਸੰਘਰਸ਼ ਹੋਰ ਤੇਜ਼ ਕਰ ਦਿੱਤਾ ਜਾਵੇਗਾ। ਇਸ ਮੌਕੇ ਜੂਨੀਅਰ ਇੰਜੀਨੀਅਰ ਕਮਲ ਕਿਸ਼ੋਰ, ਇੰਜੀਨੀਅਰ ਰਾਮ ਅਵਤਾਰ, ਇੰਜੀਨੀਅਰ ਕ੍ਰਿਸ਼ਨ ਕੁਮਾਰ, ਸਤੀਸ਼ ਕੁਮਾਰ, ਨਰਿੰਦਰ ਕੁਮਾਰ, ਅਸ਼ਵਨੀ ਕੁਮਾਰ, ਕੇਵਲ ਸਿੰਘ, ਮੁਨੀਸ਼ ਕੁਮਾਰ, ਦਵਿੰਦਰ ਬਿੰਦੂ, ਸੁਰਜੀਤ ਸਿੰਘ ਆਦਿ ਵੀ ਹਾਜ਼ਰ ਸਨ।

## ਵੋਟਰ ਆਈ ਡੀ ਕਾਰਡ ਦੀ ਗੈਰ-ਮੌਜੂਦਗੀ 'ਚ 15 ਬਦਲਵੇਂ ਦਸਤਾਵੇਜ਼ ਵੋਟ ਪਾਉਣ ਲਈ ਯੋਗ : ਡੀ ਸੀ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀ ਵਰਜੀਤ ਵਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਲਈ 26 ਮਈ 2026 ਨੂੰ ਪੈਣ ਜਾ ਰਹੀਆਂ ਵੋਟਾਂ ਲਈ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਵੋਟਰ ਫੋਟੋ ਸ਼ਨਾਖਤੀ ਕਾਰਡ ਤੋਂ ਇਲਾਵਾ 15 ਹੋਰ ਬਦਲਵੇਂ ਦਸਤਾਵੇਜ਼ਾਂ ਨੂੰ ਪਛਾਣ ਦੇ ਸਬੂਤ ਵਜੋਂ ਮਾਨਤਾ ਦਿੱਤੀ ਗਈ ਹੈ।ਉਨ੍ਹਾਂ ਦੱਸਿਆ ਕਿ ਜਿਨ੍ਹਾਂ ਵੋਟਰਾਂ ਕੋਲ ਵੋਟਰ ਫੋਟੋ ਸ਼ਨਾਖਤੀ ਕਾਰਡ ਨਹੀਂ ਹੈ ਪਰ ਵਾਰਡ ਵਾਈਜ਼ ਵੋਟਰ ਸੂਚੀ ਵਿੱਚ ਨਾਮ ਦਰਜ ਹੈ, ਉਹ ਬਦਲਵੇਂ ਦਸਤਾਵੇਜ਼ ਦਿਖਾ ਕੇ ਵੋਟ ਪਾ ਸਕਦੇ ਹਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਦਸਤਾਵੇਜ਼ਾਂ ਵਿੱਚ ਆਧਾਰ ਕਾਰਡ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਪੈਨ ਕਾਰਡ ਸਮੇਤ ਫੋਟੋ, ਮਗਨਰੇਗਾ ਜਾਬ ਕਾਰਡ, ਰਾਸ਼ਨ ਕਾਰਡ/ਨੀਲਾ ਕਾਰਡ, ਹਥਿਆਰ ਲਾਇਸੈਂਸ ਸਮੇਤ ਫੋਟੋ, ਪੈਨਸ਼ਨ ਦਸਤਾਵੇਜ਼ ਸਮੇਤ ਫੋਟੋ, ਫਰੀਡਮ ਫਾਈਟਰ ਪਹਿਚਾਣ ਕਾਰਡ ਸਮੇਤ ਫੋਟੋ, ਕਿਸੇ ਵੀ ਬੈਂਕ/ਡਾਕਖਾਨੇ ਵਲੋਂ ਜਾਰੀ ਪਾਸ ਬੁੱਕ ਫੋਟੋ ਸਮੇਤ, ਕਿਰਤ ਮੰਤਰਾਲੇ ਦੀ ਸਕੀਮ ਤਹਿਤ ਜਾਰੀ ਹੈਲਥ ਇਨਸ਼ੋਰੈਂਸ ਸਮਾਰਟ ਕਾਰਡ, ਐੱਮ ਪੀਜ਼ ਤੇ ਐੱਮ ਐੱਲ ਏਜ਼ ਨੂੰ ਜਾਰੀ ਆਫੀਸ਼ੀਅਲ ਪਹਿਚਾਣ ਕਾਰਡ, ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰਾਲੇ ਵੱਲੋਂ ਜਾਰੀ ਯੂ.ਡੀ.ਆਈ.ਡੀ. ਕਾਰਡ, ਕੇਂਦਰੀ/ਰਾਜ ਸਰਕਾਰ/ ਪੀ ਐੱਸ ਯੂਜ਼/ ਪਬਲਿਕ ਲਿਮਿਟਿਡ ਕੰਪਨੀਆਂ ਵੱਲੋਂ ਕਰਮਚਾਰੀਆਂ ਨੂੰ ਜਾਰੀ ਸਰਵਿਸ ਪਹਿਚਾਣ ਕਾਰਡ ਸਮੇਤ ਫੋਟੋ ਤੇ ਮਾਨਤਾ ਪ੍ਰਾਪਤ ਵਿੱਦਿਅਕ ਸੰਸਥਾਵਾਂ ਵੱਲੋਂ ਵਿਦਿਆਰਥੀਆਂ ਨੂੰ ਜਾਰੀ ਫੋਟੋ ਪਹਿਚਾਣ ਕਾਰਡ ਸ਼ਾਮਲ ਹਨ ।



## ਸੁਆਣ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)**-ਪਿੰਡ ਖਾਨਖਾਨਾ ਵਿਖੇ ਸੁਆਣ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਪ੍ਰਬੰਧਕ ਕਮੇਟੀ ਅਤੇ ਸਮੂਹ ਸੁਆਣ ਪਰਵਾਰ ਵਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਡੇ ਵਡੇਰਿਆਂ ਦੀ ਪੂਜਾ ਕੀਤੀ ਗਈ।ਦਰਬਾਰ ਤੇ ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਚ ਸੰਗਤਾਂ ਦਰਬਾਰ ਤੇ ਨਤਮਸਤਕ ਹੋਈਆਂ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਵਿੱਕੀ ਬਹਾਦਰਕੇ, ਪਾਲੀ ਭਾਰ ਸਿੰਘਪੁਰਾ, ਚੜਦੀ ਕਲਾ ਸੰਗੀਤਕ ਢਾਡੀ ਜਥਾ ਵਲੋਂ ਸੰਗਤਾਂ ਧਾਰਮਿਕ ਗੀਤਾਂ ਨਾਲ ਨਿਹਾਲ ਕੀਤਾ। ਪ੍ਰਬੰਧਕਾਂ ਵੱਲੋਂ ਕਲਾਕਾਰਾਂ ਦਾਨੀ ਸੱਜਣਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਦਰਬਾਰ ਤੇ ਠੰਡਾ ਮਿੱਠਾ ਜਲ, ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਕਮੇਟੀ ਦੇ ਪ੍ਰਧਾਨ ਮਨਜਿੰਦਰ ਲਾਲ ਸੁਆਣ ਸਰਪੰਚ ਪੰਡੋਰੀ ਨਿੱਝਰਾਂ ਵਲੋਂ ਮੇਲੇ ਦੀਆਂ ਮੁਬਾਰਕਾਂ ਦਿੱਤੀਆਂ ਤੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਧਾਨ ਮਨਜਿੰਦਰ ਲਾਲ ਸੁਆਣ ਸਰਪੰਚ ਪੰਡੋਰੀ ਨਿੱਝਰਾਂ, ਮੀਤ ਪ੍ਰਧਾਨ ਸੁੱਚਾ ਸਿੰਘ, ਖਜਾਨਚੀ ਵਿਜੇ ਕੁਮਾਰ, ਅਮਰਜੀਤ ਰਾਜੂ, ਬਲਵੀਰ ਸਿੰਘ, ਯੋਗਰਾਜ ਜੋਤਾ,ਗੈਰੀ ਦਵਿੰਦਰ ਸੋਨੂੰ, ਭੁਪਿੰਦਰ ਸਿੰਘ, ਪੰਚ ਹਨੀ, ਕੁਲਦੀਪ ਮਾਣਕ, ਮਨੀ, ਅਮਰੀਕ ਚੰਦ, ਸੰਤੋਖ ਰਾਮ, ਵਿਪਨ ਕੁਮਾਰ, ਰੂਪ ਚੰਦ, ਗੋਪੀ ਨਾਹਲਾਂ, ਹਰਬੰਸ ਲਾਲ, ਰਾਕੇਸ਼ ਕੁਮਾਰ, ਸੰਦੀਪ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

## ਸੰਤ ਸਾਧੂ ਰਾਮ ਦੇ ਬਰਸੀ ਸਮਾਗਮ 'ਤੇ ਬਾਬਾ ਗੁਲਾਬ ਸਿੰਘ ਨੇ ਸੰਗਤਾਂ ਨੂੰ ਕੀਤਾ ਨਿਹਾਲ

**ਹੁਸ਼ਿਆਰਪੁਰ (ਓ ਪੀ ਰਾਣਾ)**

ਮਹਾਨ ਤਪੱਸਵੀ, ਬ੍ਰਹਮਲੀਨ ਸੰਤ ਸਾਧੂ ਰਾਮ, ਸੰਤ ਸਵਰਨ ਦਾਸ ਦੇ ਬਰਸੀ ਸਮਾਗਮ ਡੇਰਾ ਬਸੀ ਮਰੂਫ ਵਿਖੇ ਸੰਤ ਕੁਲਦੀਪ ਦਾਸ ਮੈਂਬਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ ਦੀ ਰਹਿਨੁਮਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਵਿਸ਼ਾਲ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਪ੍ਰਸਿੱਧ ਕੀਰਤਨੀਏ ਬਾਬਾ ਗੁਲਾਬ ਸਿੰਘ ਦੇ ਜਥੇ ਨੇ ਬਾਣੀ ਤੇ ਸਤਿਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਨਾਲ ਸਬੰਧਤ ਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲੋਂ ਨਿਹਾਲ ਕੀਤਾ। ਪੰਜਾਬ ਦੇ ਵੱਖ ਵੱਖ ਡੇਰਿਆਂ ਅਤੇ ਸੰਪਰਦਾਵਾਂ ਦੇ ਸੰਤਾਂ ਮਹਾਂਪੁਰਸ਼ਾਂ, ਸਮਾਜਕ ਤੇ ਰਾਜਨੀਤਕ ਆਗੂਆਂ ਤੇ ਬੁੱਧੀਜੀਵੀਆਂ ਅਤੇ ਵੱਡੀ ਗਿਣਤੀ 'ਚ ਸੰਗਤਾਂ ਵੱਲੋਂ ਸਮਾਗਮਾਂ 'ਚ ਸਮੂਲੀਅਤ ਕਰਦਿਆਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਸਰਵਣ ਦਾਸ ਲੁਧਿਆਣਾ ਸੀਨੀ. ਮੀਤ ਪ੍ਰਧਾਨ, ਸੰਤ ਧਰਮਪਾਲ ਸ਼ੇਰਗੜ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਗੁਰਮੀਤ ਦਾਸ, ਸੰਤ ਪਵਨ ਦਾਸ ਤਾਜੇਵਾਲ, ਸੰਤ ਜੋਗਾ ਸਿੰਘ ਸ਼ੇਰਗੜ,ਜਥੇਦਾਰ ਬਾਬਾ ਗੁਰਦੇਵ ਸਿੰਘ ਗੜ੍ਹਦੀਵਾਲਾ, ਭਾਈ ਪਵਿੱਤਰ ਸਿੰਘ, ਭਾਈ ਅੰਮ੍ਰਿਤਪਾਲ ਸਿੰਘ ਅੰਬੋਟਾ, ਭਾਈ ਗੁਰਵਿੰਦਰ ਸਿੰਘ ਸਲਾਵਾੜਾ, ਕਵੀਸ਼ਰੀ ਜਥਾ ਭਾਈ ਬਲਵੀਰ ਸਿੰਘ ਭਾਗੋਵਾਲ, ਕਵੀਸ਼ਰੀ ਜਥਾ ਭਾਈ ਸਰਵਣ ਸਿੰਘ ਨੇ ਸੰਗਤਾਂ ਨੂੰ ਬਾਣੀ ਤੇ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਸਟੇਜ ਸਕੱਤਰ ਦੀ ਸੇਵਾ ਓਮ ਪ੍ਰਕਾਸ਼ ਰਾਣਾ ਨੇ ਬਾਖ਼ੂਬੀ ਨਿਭਾਈ।ਸੰਤ ਕੁਲਦੀਪ ਦਾਸ ਵੱਲੋਂ ਆਏ ਹੋਏ ਸੰਤਾਂ ਮਹਾਂਪੁਰਸ਼ਾਂ, ਸਮਾਜਕ ਤੇ ਰਾਜਨੀਤਕ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਅਤੇ ਧੰਨਵਾਦ ਕੀਤਾ। ਇਸ ਮੌਕੇ ਜਗਦੀਪ ਸਿੰਘ ਯੂ ਐਸ ਏ,ਗੋਲਡੀ ਡੁਬਈ, ਮਨੋਜ ਕੁਮਾਰ ਫ੍ਰਾਂਸ, ਗਿਆਨੀ ਚਮਨ ਸਿੰਘ, ਗਿਆਨੀ ਮੋਹਣ ਸਿੰਘ, ਰਵੀ ਕੁਮਾਰ, ਸਰਬਜੀਤ ਸਿੰਘ ਬਰੋਟੀ, ਦਲਜੀਤ ਸਿੰਘ, ਸਰਪੰਚ ਸੁਰਿੰਦਰ ਕੁਮਾਰ, ਜੋਗਿੰਦਰ ਸਿੰਘ ਸਾਬਕਾ ਸਰਪੰਚ, ਅਨਿਲ ਕੁਮਾਰ, ਅਕਾਸ਼, ਸਾਹਿਲ, ਸੁਖਦੇਵ ਸਿੰਘ ਸਾਉਦੀ ਅਰਬ, ਕੌਂਸਲਰ ਗੁਰਮੀਤ ਸਿੰਘ ਨਲੋਈਆਂ, ਡਾ. ਐਸ ਕੇ ਅਜ਼ਾਦ, ਸੁਖਵਿੰਦਰ ਕੌਰ, ਪਰਮਿੰਦਰ ਕੁਮਾਰੀ, ਪਰਮਜੀਤ ਕੌਰ, ਛਿੰਦੋ, ਸੁਰਜੀਤ ਕੌਰ,ਪਰਮਜੀਤ ਕੌਰ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ।



## ਦਸਵੀਂ ਦਾ ਦਿਹਾੜਾ ਸ਼ਰਧਾ ਨਾਲ ਮਨਾਇਆ

**ਮੁਹਾਲੀ (ਗੁਰਜੀਤ ਬਿੱਲਾ)**

ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਨਾ ਵਿਖੇ ਦਸਵੀਂ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਜਤਿੰਦਰ ਸਿੰਘ ਬੈਂਸ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਭਾਈ ਸੁੱਖਾ ਸਿੰਘ ਅਤੇ ਭਾਈ ਮਹਿਤਾਬ ਸਿੰਘ ਵਲੋਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੀ ਬੇਅਦਬੀ ਕਰਨ ਵਾਲੇ ਮੱਸਾ ਰੰਘੜ ਦਾ ਸਿਰ ਵੱਢ ਕੇ ਨੇਜੇ ਤੇ ਟੰਗ ਕੇ ਲਿਜਾਉਣ ਦਾ ਪ੍ਰਸੰਗ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਣ ਕਰਵਾਇਆ। ਭਾਈ ਸਰਬਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਦਲਬੀਰ ਸਿੰਘ ਜੀ ਤਰਮਾਲਾ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਖੰਡੇ ਬਾਟੇ ਦੀ ਅੰਮ੍ਰਿਤ ਦੀ ਮਹਤਤਾ ਦਸਦੇ ਹੋਏ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਆ। ਇਸ ਤੋਂ ਇਲਾਵਾ ਭਾਈ ਨਿਕੁਲ ਸਿੰਘ ਦੇਹਰਾਦੂਨ ਵਾਲੇ, ਬੀਬੀ ਸਰਬਜੀਤ ਕੌਰ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਮਨਜੋਤ ਸਿੰਘ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਲੁਧਿਆਣਾ, ਭਾਈ ਬੂਟਾ ਸਿੰਘ ਪਟਿਆਲਾ ਵਾਲੇ, ਭਾਈ ਨਿਰਮਲਪ੍ਰੀਤ ਸਿੰਘ ਰਾਜਪੁਰਾ ਵਾਲੇ, ਭਾਈ ਲਖਵਿੰਦਰ ਸਿੰਘ ਅੰਮ੍ਰਿਤਸਰ ਵਾਲੇ, ਸ਼੍ਰੋਮਣੀ ਪ੍ਰਚਾਰਕ ਭਾਈ ਸੰਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ, ਭਾਈ ਦਵਿੰਦਰ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਹਰਬਖ਼ਸ਼ ਸਿੰਘ, ਭਾਈ ਗੁਰਮੀਤ ਸਿੰਘ ਅਤੇ ਭਾਈ ਜਸਵੰਤ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਦਸਵੀਂ ਦਿਹਾੜੇ ਤੇ ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਹਰ ਵਿਭਾਗ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ ।ਇਸ ਦਿਨ ਕਰਵਾਏ ਗਏ ਅੰਮ੍ਰਿਤ ਸੰਚਾਰ ਵਿੱਚ ਵੱਡੀ ਗਿਣਤੀ ਵਿੱਚ ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਗਿਆ ।

